ਕੇਂਦਰ ਸਰਕਾਰ,
ਪੰਜਾਬ ਸਰਕਾਰ,
ਹਰਿਆਣਾ ਸਰਕਾਰ
ਤੋਂ ਹਰ ਤਰ੍ਹਾਂ ਦੇ ਸਰਕਾਰੀ ਇਸ਼ਤਿਹਾਰਾਂ ਲਈ ਮਨਜ਼ੂਰ।
ਇਸ਼ਤਿਹਾਰ ਪ੍ਰਕਾਸ਼ਿਤ ਕਰਵਾਉਣ ਲਈ ਸੰਪਰਕ ਕਰੋ।
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 35ਵਾਂ ਸਾਲ
ਚੰਡੀਗੜ੍ਹ-ਹਰਿਆਣਾ ਐਡੀਸ਼ਨ
CHANDIGARH-HARYANA EDITION
Email - deshpardeshchd@gmail.com
ਮੁੱਖ ਸੰਪਾਦਕ ਸ਼ਸ਼ੀ ਪਾਲ ਜੈਨ
Des Pardes


ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮਹਿਲਾ ਪੱਤਰਕਾਰਾਂ ਦੇ ਸਾਹਸ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ 03

ਸਾਲ 1, ਅੰਕ 239 Ph (Mohali Office) : 0160-2990739; (M) : +91-98156-16078 ਮੰਗਲਵਾਰ, 26 ਮਈ 2026 ( 12 ਜੇਠ, ਨਾਨਕਸ਼ਾਹੀ ਸੰਮਤ 558 ) RNI NO. CHPUN/25/A1263. ਸਫ਼ੇ – 8 ਮੁੱਲ : ₹ 2

## 105 ਨਗਰ ਨਿਗਮ ਤੇ ਕੌਂਸਲ ਲਈ ਵੋਟਿੰਗ ਅੱਜ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬ ਵਿੱਚ 105 ਸ਼ਹਿਰੀ ਨਗਰ ਨਿਗਮ ਤੇ ਕੌਂਸਲ ਲਈ ਵੋਟਿੰਗ 26 ਮਈ ਨੂੰ ਹੋਣੀ ਹੈ, ਅਤੇ ਨਤੀਜੇ 29 ਮਈ ਨੂੰ ਵੋਟਾਂ ਦੀ ਗਿਣਤੀ ਤੋਂ ਬਾਅਦ ਐਲਾਨੇ ਜਾਣਗੇ। ਐਤਵਾਰ ਨੂੰ ਚੋਣ ਪ੍ਰਚਾਰ ਰੁਕ ਗਿਆ; ਨਤੀਜੇ ਵਜੋਂ, ਰੈਲੀਆਂ ਅਤੇ ਜਨਤਕ ਮੀਟਿੰਗਾਂ 'ਤੇ ਹੁਣ ਪਾਬੰਦੀ ਹੈ, ਅਤੇ ਉਮੀਦਵਾਰ ਘਰ-ਘਰ ਪ੍ਰਚਾਰ ਕਰਨਗੇ। ਪੋਲਿੰਗ ਪਾਰਟੀਆਂ ਅੱਜ ਰਵਾਨਾ ਹੋਣ ਵਾਲੀਆਂ ਹਨ। ਇਹ ਚੋਣਾਂ ਪੰਜਾਬ ਵਿੱਚ ਅੱਠ ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਵਿੱਚ ਸੀਟਾਂ ਲਈ ਹੋ ਰਹੀਆਂ ਹਨ। ਇਨ੍ਹਾਂ ਚੋਣਾਂ ਲਈ ਕੁੱਲ 7,555 ਉਮੀਦਵਾਰ ਮੈਦਾਨ ਵਿੱਚ ਹਨ, ਕਿਉਂਕਿ 79 ਉਮੀਦਵਾਰ ਪਹਿਲਾਂ ਹੀ ਬਿਨਾਂ ਵਿਰੋਧ ਚੁਣੇ ਜਾ ਚੁੱਕੇ ਹਨ। ਇਸ ਤੋਂ ਇਲਾਵਾ, 2,393 ਉਮੀਦਵਾਰਾਂ ਨੇ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਲਈਆਂ ਸਨ।



ਇਨ੍ਹਾਂ ਉਮੀਦਵਾਰਾਂ ਵਿੱਚੋਂ, ਸਭ ਤੋਂ ਵੱਧ ਗਿਣਤੀ—1,801—ਸੱਤਾਧਾਰੀ ਆਮ ਆਦਮੀ ਪਾਰਟੀ ਨਾਲ ਸਬੰਧਤ ਹੈ। ਉਨ੍ਹਾਂ ਤੋਂ ਬਾਅਦ ਕਾਂਗਰਸ ਦੇ 1,550 ਉਮੀਦਵਾਰ, ਭਾਰਤੀ ਜਨਤਾ ਪਾਰਟੀਦੇ 1,316, ਸ਼੍ਰੋਮਣੀ ਅਕਾਲੀ ਦਲ ਦੇ 1,251, ਬਹੁਜਨ ਸਮਾਜ ਪਾਰਟੀ ਦੇ 96, 1,528 ਆਜ਼ਾਦ ਅਤੇ ਹੋਰ ਪਾਰਟੀਆਂ ਦੇ 13 ਉਮੀਦਵਾਰ ਹਨ। ਇਹ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਸਾਰੀਆਂ ਰਾਜਨੀਤਿਕ ਪਾਰਟੀਆਂ ਲਈ ਮਹੱਤਵਪੂਰਨ ਮਹੱਤਵ ਰੱਖਦੀਆਂ ਹਨ, ਕਿਉਂਕਿ ਇਹਨਾਂ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ 'ਸੈਮੀਫਾਈਨਲ' ਮੰਨਿਆ ਜਾਂਦਾ ਹੈ। ਸ਼੍ਰੋਮਣੀ ਅਕਾਲੀ ਦਲ ਨੇ ਵੋਟਿੰਗ ਦੇ ਸਮੇਂ ਨੂੰ ਵਧਾਉਣ ਲਈ ਰਾਜ ਚੋਣ ਕਮਿਸ਼ਨ ਨੂੰ ਪਟੀਸ਼ਨ ਦਾਇਰ ਕੀਤੀ ਹੈ। ਅਕਾਲੀ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਵੋਟਿੰਗ ਵਿੰਡੋ ਨੂੰ ਮੌਜੂਦਾ ਸਵੇਰੇ 8:00 ਵਜੇ ਤੋਂ ਸ਼ਾਮ 5:00 ਵਜੇ ਤੱਕ ਵਧਾ ਕੇ ਸਵੇਰੇ 7:00 ਵਜੇ ਤੋਂ ਸ਼ਾਮ 6:00 ਵਜੇ ਤੱਕ ਚਲਾਉਣਾ ਚਾਹੀਦਾ ਹੈ। ਚੀਮਾ ਨੇ ਦਲੀਲ ਦਿੱਤੀ ਕਿ ਰਾਜ ਇਸ ਸਮੇਂ ਗੰਭੀਰ ਗਰਮੀ ਦੀ ਲਹਿਰ ਦਾ ਸਾਹਮਣਾ ਕਰ ਰਿਹਾ ਹੈ, ਜੋ ਵੋਟਰਾਂ ਦੀ ਗਿਣਤੀ 'ਤੇ ਮਾੜਾ ਪ੍ਰਭਾਵ ਪਾ ਸਕਦਾ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਵੋਟਿੰਗ ਦੇ ਸਮੇਂ ਨੂੰ ਦੋ ਘੰਟੇ ਵਧਾਉਣ ਨਾਲ - ਸਵੇਰ ਅਤੇ ਸ਼ਾਮ ਦੇ ਠੰਢੇ ਹਿੱਸਿਆਂ ਵਿੱਚ - ਵੋਟਰਾਂ ਦੀ ਗਿਣਤੀ ਵਿੱਚ ਵਾਧਾ ਹੋਵੇਗਾ। ਇਸ ਤੋਂ ਇਲਾਵਾ, ਉਨ੍ਹਾਂ ਨੇ ਨੋਟ ਕੀਤਾ ਕਿ ਮੌਜੂਦਾ ਸਮਾਂ-ਸਾਰਣੀ ਦਿਹਾੜੀਦਾਰ ਮਜ਼ਦੂਰਾਂ ਲਈ ਢੁਕਵੀਂ ਨਹੀਂ ਹੈ, ਜੋ ਆਪਣੇ ਕੰਮ ਦੇ ਰੁਝੇਵਿਆਂ ਕਾਰਨ ਆਪਣੀ ਵੋਟ ਪਾਉਣ ਵਿੱਚ ਅਸਮਰੱਥ ਹੋ ਸਕਦੇ ਹਨ।

## ਪੰਜਾਬੀ ਮਾਂ ਬੋਲੀ ਤੇ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਸੀਐਮ ਮਾਨ ਦਾ ਸਨਮਾਨ

**ਦੇਸ਼ ਪ੍ਰਦੇਸ਼** ਲੁਧਿਆਣਾ, 25 ਮਈ (ਸਰਬਜੀਤ ਸੂਫ਼ੀ/ਸੂਜਰ) : ਪੰਜਾਬ ਦੇ ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਵੱਲੋਂ ਪੰਜਾਬ ਦੀ ਭਾਸ਼ਾ, ਸਭਿਆਚਾਰ ਅਤੇ ਲੋਕ ਵਿਰਸੇ ਲਈ ਕੀਤੇ ਜਾ ਰਹੇ ਵਿਸ਼ੇਸ਼ ਉਪਰਾਲਿਆਂ ਦੀ ਹਰ ਪੱਖੋਂ ਸਰਾਹਨਾ ਕੀਤੀ ਜਾ ਰਹੀ ਹੈ। ਪੰਜਾਬ ਦੇ ਕਲਾ ਅਤੇ ਸੱਭਿਆਚਾਰ ਪ੍ਰਤੀ ਉਨ੍ਹਾਂ ਦੀ ਸੋਚ ਅਤੇ ਸਮਰਪਣ ਨੂੰ ਦੇਖਦਿਆਂ ਪੰਜਾਬ ਕਲਚਰਲ ਸੋਸਾਇਟੀ ਦੇ ਫਾਊਂਡਰ ਪ੍ਰਧਾਨ ਅਤੇ ਮੀਡੀਆ ਡਾਇਰੈਕਟਰ ਰਵਿੰਦਰ ਸਿੰਘ ਰੰਗੂਵਾਲ ਵੱਲੋਂ ਉਨ੍ਹਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਰਵਿੰਦਰ ਸਿੰਘ ਰੰਗੂਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਪੰਜਾਬੀ ਮਾਂ ਬੋਲੀ, ਪੰਜਾਬੀਅਤ ਅਤੇ ਲੋਕ ਕਲਾਵਾਂ ਨੂੰ ਪ੍ਰਫੁੱਲਤ ਕਰਨ ਲਈ ਲਗਾਤਾਰ ਇਤਿਹਾਸਕ ਫੈਸਲੇ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਸੀਐਮ ਮਾਨ ਦੀ ਅਗਵਾਈ ਹੇਠ



ਪੰਜਾਬ ਵਿੱਚ ਕਲਾਕਾਰਾਂ, ਲੇਖਕਾਂ, ਗਾਇਕਾਂ ਅਤੇ ਸੱਭਿਆਚਾਰਕ ਸੰਸਥਾਵਾਂ ਨੂੰ ਨਵੀਂ ਪਛਾਣ ਅਤੇ ਨਵਾਂ ਮਾਣ ਮਿਲ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਲੋਕ ਵਿਰਸੇ ਨੂੰ ਸੰਭਾਲਣ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਲਈ ਮੁੱਖ ਮੰਤਰੀ ਜੀ ਦੀ ਸੋਚ ਬਹੁਤ ਹੀ ਪ੍ਰੇਰਨਾਦਾਇਕ ਹੈ। ਇਸ ਵਿਸ਼ੇਸ਼ ਮੌਕੇ ਪੰਜਾਬ ਦੇ ਪ੍ਰਸਿੱਧ ਲੋਕ ਗਾਇਕ, ਸਾਬਕਾ ਸੰਸਦ ਮੈਂਬਰ ਅਤੇ ਵਿਧਾਇਕ ਮੁਹੰਮਦ ਸਦੀਕ ਜੀ ਵੀ ਹਾਜ਼ਰ ਰਹੇ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੀ ਖੁਦ ਕਲਾ ਅਤੇ ਸਭਿਆਚਾਰ ਨਾਲ ਜੁੜੇ ਹੋਣ ਕਾਰਨ ਪੰਜਾਬੀ ਕਲਾਕਾਰਾਂ ਦੇ ਦਰਦ ਅਤੇ ਜਜ਼ਬਾਤਾਂ ਨੂੰ ਬਹੁਤ ਨੇੜੇ ਤੋਂ ਸਮਝਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਬਾਕੀ ਸਫ਼ਾ 7 'ਤੇ

## ਦੋ-ਹਰਫ਼ੀ...

### ਪੈਟਰੋਲ-ਡੀਜ਼ਲ ਕੀਮਤਾਂ 'ਚ ਮੁੜ ਹੋਇਆ ਵਾਧਾ, 10 ਦਿਨਾਂ 'ਚ 7 ਰੁਪਏ ਪ੍ਰਤੀ ਲੀਟਰ ਵਧੀਆਂ ਕੀਮਤਾਂ



**ਦੇਸ਼ ਪ੍ਰਦੇਸ਼** ਨਵੀਂ ਦਿੱਲੀ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਭਾਰਤ 'ਚ ਮਹਿੰਗਾਈ ਨਾਲ ਆਮ ਲੋਕਾਂ ਵਿੱਚ ਹਾਹਾਕਾਰ ਮੱਚਣ ਲੱਗੀ ਹੈ। ਭਾਜਪਾ ਦੀ ਕੇਂਦਰ ਸਰਕਾਰ ਨੇ ਸੋਮਵਾਰ ਨੂੰ ਮੁੜ ਦੇਸ਼ ਵਿੱਚ ਤੇਲ ਕੀਮਤਾਂ 'ਚ ਵਾਧਾ ਕਰ ਦਿੱਤਾ ਹੈ। ਸਰਕਾਰ ਦੀਆਂ ਤੇਲ ਕੰਪਨੀਆਂ ਨੇ ਪੈਟਰੋਲ ਦੀ ਕੀਮਤ 2.61 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ ਦੀ ਕੀਮਤ 2.71 ਰੁਪਏ ਪ੍ਰਤੀ ਲੀਟਰ ਵਧਾ ਦਿੱਤੀ। ਇਹ ਪਿਛਲੇ 10 ਦਿਨਾਂ ਵਿੱਚ ਚੌਥੀ ਵਾਰ ਹੈ, ਜਦੋਂ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਹੈ। ਇਹਨਾਂ ਲਗਾਤਾਰ ਵਧਦੀਆਂ ਕੀਮਤਾਂ ਨੇ ਆਮ ਲੋਕਾਂ ਦੀਆਂ ਚਿੰਤਾਵਾਂ ਨੂੰ ਵਧਾ ਦਿੱਤਾ ਹੈ। ਰਾਸ਼ਟਰੀ ਰਾਜਧਾਨੀ ਦਿੱਲੀ ਵਿੱਚ, ਪੈਟਰੋਲ ਦੀਆਂ ਕੀਮਤਾਂ 102.12 ਰੁਪਏ ਪ੍ਰਤੀ ਲੀਟਰ ਤੱਕ ਪਹੁੰਚ ਗਈਆਂ ਹਨ, ਜਦੋਂ ਕਿ ਡੀਜ਼ਲ 95.20 ਰੁਪਏ ਪ੍ਰਤੀ ਲੀਟਰ ਹੈ। ਇਸ ਤੋਂ ਪਹਿਲਾਂ, ਸ਼ਨੀਵਾਰ ਨੂੰ ਵੀ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ 87 ਤੋਂ 91 ਪੈਸੇ ਦਾ ਵਾਧਾ ਕੀਤਾ ਗਿਆ ਸੀ। ਤੇਲ ਦੀਆਂ ਕੀਮਤਾਂ ਵਿੱਚ ਹਾਲ ਹੀ ਵਿੱਚ 15 ਮਈ ਨੂੰ ਪਹਿਲਾ ਵਾਧਾ ਹੋਇਆ ਹੈ। ਉਦੋਂ ਤੋਂ, ਪੈਟਰੋਲ 7.35 ਰੁਪਏ ਪ੍ਰਤੀ ਲੀਟਰ ਅਤੇ ਡੀਜ਼ਲ 7.82 ਰੁਪਏ ਪ੍ਰਤੀ ਲੀਟਰ ਮਹਿੰਗਾ ਹੋ ਗਿਆ ਹੈ। ਇਹ ਕੀਮਤਾਂ ਹੋਰ ਵੀ ਵੱਧ ਸਕਦੀਆਂ ਹਨ। ਇਸ ਵਾਧੇ ਨਾਲ ਹੁਣ ਦਿੱਲੀ ਵਿੱਚ ਡੀਜ਼ਲ, ਜੋ ਪਹਿਲਾਂ 92.49 ਰੁਪਏ ਪ੍ਰਤੀ ਲੀਟਰ ਸੀ, 95.20 ਰੁਪਏ ਪ੍ਰਤੀ ਲੀਟਰ ਹੋ ਗਿਆ, ਇਸੇ ਤਰ੍ਹਾਂ ਪੈਟਰੋਲ ਦੀ ਕੀਮਤ ਜੋ ਪਹਿਲਾਂ 99.51 ਰੁਪਏ ਪ੍ਰਤੀ ਲੀਟਰ ਸੀ, ਅੱਜ 25 ਮਈ ਨੂੰ 102.12 ਰੁਪਏ ਪ੍ਰਤੀ ਲੀਟਰ ਹੋ ਗਈ ਹੈ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ 'ਚ ਡੀਜ਼ਲ 89.47 ਰੁਪਏ ਪ੍ਰਤੀ ਲੀਟਰ ਅਤੇ ਪੈਟਰੋਲ 101.51 ਰੁਪਏ ਪ੍ਰਤੀ ਲੀਟਰ ਹੋ ਗਿਆ ਹੈ। ਹਾਲਾਂਕਿ, ਕੇਂਦਰ ਸਰਕਾਰ ਦੀਆਂ ਤੇਲ ਕੰਪਨੀਆਂ ਵੱਲੋਂ ਇਸ ਦਾ ਠੀਕਰਾ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਅਸਮਾਨ ਛੂਹਦੀਆਂ ਕੀਮਤਾਂ ਅਤੇ ਰੁਪਏ ਦੇ ਮੁੱਲ ਵਿੱਚ ਗਿਰਾਵਟ ਦੇ ਨਤੀਜੇ ਵਜੋਂ ਆਯਾਤ ਲਾਗਤਾਂ ਵਿੱਚ ਵਾਧੇ ਉਪਰ ਸੁੱਟਿਆ ਜਾ ਰਿਹਾ ਹੈ। ਇਹ ਸੰਭਾਵਨਾ ਨਹੀਂ ਹੈ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਹ ਵਾਧਾ ਰੁਕੇਗਾ। ਮਾਹਿਰਾਂ ਅਨੁਸਾਰ, ਆਉਣ ਵਾਲੇ ਦਿਨਾਂ ਵਿੱਚ ਬਾਲਣ ਦੀਆਂ ਕੀਮਤਾਂ ਹੋਰ ਵੀ ਵੱਧ ਸਕਦੀਆਂ ਹਨ। ਇਹ ਇਸ ਲਈ ਹੈ ਕਿਉਂਕਿ ਤੇਲ ਕੰਪਨੀਆਂ ਆਪਣੇ ਨੁਕਸਾਨ ਨੂੰ ਘਟਾਉਣ ਦੀ ਕੋਸ਼ਿਸ਼ ਕਰ ਰਹੀਆਂ ਹਨ। ਨਤੀਜੇ ਵਜੋਂ, ਤੇਲ ਕੰਪਨੀਆਂ ਨੂੰ ਕਾਫ਼ੀ ਨੁਕਸਾਨ ਹੋ ਰਿਹਾ ਹੈ। ਕੰਪਨੀਆਂ ਇਸ ਸਮੇਂ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਧਾ ਕੇ ਇਨ੍ਹਾਂ ਨੁਕਸਾਨਾਂ ਨੂੰ ਘਟਾਉਣ 'ਤੇ ਕੇਂਦ੍ਰਿਤ ਹਨ।

## ਮੋਗਾ ਦੇ 50 ਵਾਰਡਾਂ ਤੇ ਕੋਟ ਈਸੇ ਖਾਂ ਦੇ 13 ਵਾਰਡਾਂ ਦੀ ਚੋਣ ਲਈ ਹੋਵੇਗੀ ਵੋਟਿੰਗ



**ਦੇਸ਼ ਪ੍ਰਦੇਸ਼** ਮੋਗਾ, 25 ਮਈ (ਜਗਰਾਜ ਸਿੰਘ ਸੰਘਾ) : ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ ਨੇ ਕਿਹਾ ਹੈ ਕਿ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ, ਨਗਰ ਪੰਚਾਇਤ ਚੋਣਾਂ ਲਈ ਜ਼ਿਲ੍ਹਾ ਮੋਗਾ ਵਿੱਚ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜ਼ਿਲ੍ਹਾ ਪ੍ਰਸ਼ਾਸ਼ਨ ਇਹਨਾਂ ਚੋਣਾਂ ਨੂੰ ਪਾਰਦਰਸ਼ਤਾ, ਨਿਰਪੱਖਤਾ ਅਤੇ ਬਿਨਾ ਕਿਸੇ ਦਬਾਓ ਦੇ ਸ਼ਾਂਤੀਪੂਰਨ ਤਰੀਕੇ ਨਾਲ ਸਿਰੇ ਚਾੜ੍ਹਨ ਲਈ ਦ੍ਰਿੜ ਸੰਕਲਪ ਹੈ। ਪੂਰੀ ਵੋਟ ਪ੍ਰਕਿਰਿਆ ਦੌਰਾਨ ਕਿਸੇ ਵੀ ਵਿਅਕਤੀ ਵਿਸ਼ੇਸ਼ ਜਾਂ ਪਾਰਟੀ ਨੂੰ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਇਸ ਕਰਕੇ ਵੋਟਰ ਆਪਣੀ ਵੋਟ ਦਾ ਬਿਨਾ ਕਿਸੇ ਡਰ, ਭੈਅ ਜਾਂ ਲਾਲਚ ਦੇ ਜ਼ਰੂਰੀ ਅਤੇ ਸਹੀ ਇਸਤੇਮਾਲ ਕਰਨ।" ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕੀਤਾ। ਉਹਨਾਂ ਵੱਲੋਂ ਅੱਜ ਐਸ ਐਸ ਪੀ ਸ੍ਰੀ ਸਰਤਾਜ ਸਿੰਘ ਚਾਹਲ ਤੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਜਸਪਿੰਦਰ ਸਿੰਘ ਨਾਲ ਮੋਗਾ, ਕੋਟ ਈਸੇ ਖਾਂ ਵਿਖੇ ਬਣਾਏ ਗਏ ਡਿਸਪੈਚ ਸੈਂਟਰਾਂ ਦਾ ਦੌਰਾ ਕੀਤਾ । ਉਨ੍ਹਾਂ ਕਿਹਾ ਕਿ ਵੋਟਰ ਆਪਣੀ ਵੋਟ ਦਾ ਬਿਨਾ ਕਿਸੇ ਡਰ, ਭੈਅ ਜਾਂ ਲਾਲਚ ਦੇ ਸਹੀ ਇਸਤੇਮਾਲ ਕਰਨ।" ਉਹਨਾਂ ਦੱਸਿਆ ਕਿ ਬਾਕੀ ਸਫ਼ਾ 7 'ਤੇ

## ਨਗਰ ਨਿਗਮ/ਕੌਂਸਲ ਚੋਣਾਂ: ਪ੍ਰਬੰਧ ਮੁਕੰਮਲ, ਪੋਲਿੰਗ ਪਾਰਟੀਆਂ ਬੂਥਾਂ 'ਤੇ ਪੁੱਜੀਆਂ : ਜ਼ਿਲ੍ਹਾ ਚੋਣ ਅਫ਼ਸਰ



**ਦੇਸ਼ ਪ੍ਰਦੇਸ਼** ਬਰਨਾਲਾ, 25 ਮਈ (ਅਵਤਾਰ ਸਿੰਘ ਫਰਵਾਹੀ) : ਜ਼ਿਲ੍ਹਾ ਬਰਨਾਲਾ ਵਿੱਚ ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਤਪਾ, ਭਦੌੜ ਤੇ ਧਨੌਲਾ ਲਈ ਵੋਟਾਂ ਭਲਕੇ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤਕ ਪੈਣਗੀਆਂ ਜਿਸ ਵਾਸਤੇ ਅੱਜ ਪੋਲਿੰਗ ਪਾਰਟੀਆਂ ਸਬੰਧਤ ਬੂਥਾਂ 'ਤੇ ਪੁੱਜ ਗਈਆਂ ਹਨ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਚੋਣਕਾਰ ਅਫ਼ਸਰ ਸਹਿਤ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਨਗਰ ਨਿਗਮ ਬਰਨਾਲਾ ਲਈ ਕੁੱਲ 124 ਪੋਲਿੰਗ ਪਾਰਟੀਆਂ (ਸਮੇਤ ਰਾਖਵੀਆਂ) ਬਣਾਈਆਂ ਗਈਆਂ। ਇਸੇ ਤਰ੍ਹਾਂ ਨਗਰ ਕੌਂਸਲ ਧਨੌਲਾ, ਭਦੌੜ ਅਤੇ ਤਪਾ ਲਈ ਕ੍ਰਮਵਾਰ 31, 24 ਤੇ 25 ਪੋਲਿੰਗ ਪਾਰਟੀਆਂ (ਸਮੇਤ ਰਾਖਵੀਆਂ) ਬਣਾਈਆਂ ਗਈਆਂ। ਨਗਰ ਨਿਗਮ ਬਰਨਾਲਾ ਦੇ ਚੋਣ ਬੂਥਾਂ ਲਈ ਪੋਲਿੰਗ ਪਾਰਟੀਆਂ ਨੂੰ ਐੱਸ ਡੀ ਕਾਲਜ ਆਫ ਫਾਰਮੇਸੀ ਤੋਂ ਰਵਾਨਾ ਕੀਤਾ ਗਿਆ। ਨਗਰ ਕੌਂਸਲ ਤਪਾ ਲਈ ਪੋਲਿੰਗ ਪਾਰਟੀਆਂ ਨੂੰ ਐੱਸ ਡੀ ਐਮ ਕੰਪਲੈਕਸ ਤਪਾ ਤੋਂ ਨਗਰ ਕੌਂਸਲ ਧਨੌਲਾ ਲਈ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਧਨੌਲਾ ਤੇ ਨਗਰ ਕੌਂਸਲ ਭਦੌੜ ਚੋਣਾਂ ਲਈ ਪੀ ਐਮ ਸ੍ਰੀ ਕੰਨਿਆ ਸਕੂਲ ਭਦੌੜ ਤੋਂ ਸਬੰਧਤ ਰਿਟਰਨਿੰਗ ਅਫ਼ਸਰਾਂ ਦੀ ਅਗਵਾਈ ਹੇਠ ਰਵਾਨਾ ਕੀਤਾ ਗਿਆ। ਉਹਨਾਂ ਦੱਸਿਆ ਕਿ ਨਗਰ ਨਿਗਮ ਬਰਨਾਲਾ ਦੇ 48 ਵਾਰਡਾਂ ਲਈ ਵੋਟਾਂ ਪੈਣਗੀਆਂ ਜਿਸ ਵਾਸਤੇ 177 ਉਮੀਦਵਾਰ ਚੋਣ ਮੈਦਾਨ ਵਿਚ ਹਨ। ਬਾਕੀ ਸਫ਼ਾ 7 'ਤੇ

## ਗੁਲਮਰਗ ਗੋਂਡੋਲਾ 'ਚ ਤਕਨੀਕੀ ਖਰਾਬੀ; 300 ਸੈਲਾਨੀ ਹਵਾ 'ਚ ਲਟਕੇ, ਬਚਾਅ ਕਾਰਜ ਜਾਰੀ



ਗੁਲਮਰਗ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਜੰਮੂ-ਕਸ਼ਮੀਰ ਦੇ ਇੱਕ ਮਸ਼ਹੂਰ ਸੈਰ-ਸਪਾਟਾ ਸਥਾਨ ਗੁਲਮਰਗ ਗੋਂਡੋਲਾ ਵਿੱਚ ਸੋਮਵਾਰ ਨੂੰ ਉਸ ਸਮੇਂ ਦਹਿਸ਼ਤ ਫੈਲ ਗਈ ਜਦੋਂ ਗੰਡੋਲਾ ਸੇਵਾ ਅਚਾਨਕ ਤਕਨੀਕੀ ਖਰਾਬੀ ਕਾਰਨ ਰਸਤੇ ਦੇ ਵਿਚਕਾਰ ਰੁਕ ਗਈ। ਇਸ ਘਟਨਾ ਦੇ ਨਤੀਜੇ ਵਜੋਂ, ਲਗਭਗ 300 ਸੈਲਾਨੀ ਵੱਖ-ਵੱਖ ਕੈਬਿਨਾਂ ਵਿੱਚ ਹਵਾ ਵਿੱਚ ਫਸ ਗਏ। ਘਟਨਾ ਤੋਂ ਬਾਅਦ, ਖੇਤਰ ਵਿੱਚ ਚਿੰਤਾ ਦਾ ਮਾਹੌਲ ਪੈਦਾ ਹੋ ਗਿਆ, ਬਾਕੀ ਸਫ਼ਾ 7 'ਤੇ

## ਨਗਰ ਕੌਂਸਲ ਚੋਣਾਂ ਲਈ ਚੋਣ ਪ੍ਰਚਾਰ ਖ਼ਤਮ ਹੋਣ ਮਗਰੋਂ ਵੀ ਚੋਣ ਪ੍ਰਚਾਰ ਦੇ ਦੋਸ਼, ਰਾਜਾ ਵੜਿੰਗ ਨੂੰ ਨੋਟਿਸ ਜਾਰੀ



**ਦੇਸ਼ ਪ੍ਰਦੇਸ਼** ਸ਼੍ਰੀ ਮੁਕਤਸਰ ਸਾਹਿਬ, ਗਿੱਦੜਬਾਹਾ, 25 ਮਈ (ਆਦੇਸ਼) : ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਲੁਧਿਆਣਾ ਦੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਰਿਟਰਨਿੰਗ ਅਫਸਰ, ਐਸਡੀਐਮ ਦਫ਼ਤਰ ਗਿੱਦੜਬਾਹਾ ਵੱਲੋਂ ਮੁਕਤਸਰ ਜ਼ਿਲ੍ਹੇ ਦੇ ਗਿੱਦੜਬਾਹਾ ਵਿੱਚ ਨਗਰ ਕੌਂਸਲ ਚੋਣਾਂ ਲਈ ਪ੍ਰਚਾਰ ਬੰਦ ਹੋਣ ਤੋਂ ਬਾਅਦ ਵੀ ਕਥਿਤ ਤੌਰ 'ਤੇ ਪ੍ਰਚਾਰ ਕਰਨ ਦੇ ਦੋਸ਼ ਹੇਠ ਨੋਟਿਸ ਜਾਰੀ ਕੀਤਾ ਗਿਆ ਹੈ। ਰਿਪੋਰਟਾਂ ਅਨੁਸਾਰ, ਪ੍ਰਸ਼ਾਸਨ ਨੇ ਇਹ ਕਾਰਵਾਈ ਚੋਣ ਜ਼ਾਬਤੇ ਅਤੇ ਸ਼ਾਮ 5 ਵਜੇ ਦੇ ਚੋਣ ਪ੍ਰਚਾਰ ਦੇ ਨਿਯਮਾਂ ਦੀ ਉਲੰਘਣਾ ਕਰਨ ਲਈ ਕੀਤੀ ਹੈ। ਦੋਸ਼ ਹੈ ਕਿ ਰਾਜਾ ਵੜਿੰਗ ਨੇ ਚੋਣ ਪ੍ਰਚਾਰ ਦੀ ਮਿਆਦ ਖਤਮ ਹੋਣ ਦੇ ਬਾਵਜੂਦ ਗਿੱਦੜਬਾਹਾ ਖੇਤਰ ਵਿੱਚ ਚੋਣ ਗਤੀਵਿਧੀਆਂ ਜਾਰੀ ਰੱਖੀਆਂ। ਹਾਲਾਂਕਿ, ਕਾਂਗਰਸ ਪਾਰਟੀ ਨੇ ਇਸ ਮਾਮਲੇ 'ਤੇ ਵੱਖਰਾ ਰੁਖ਼ ਅਪਣਾਇਆ ਹੈ। ਜਦੋਂ ਵੜਿੰਗ ਦੀ ਮੀਡੀਆ ਪੀਆਰ ਆਯੂਸ਼ੀ ਨਾਲ ਸੰਪਰਕ ਕੀਤਾ ਗਿਆ, ਤਾਂ ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਨੂੰ ਅਜੇ ਤੱਕ ਬਾਕੀ ਸਫ਼ਾ 7 'ਤੇ

## ਪੰਜਾਬ ਸਰਕਾਰ ਵੱਲੋਂ ਈਦ-ਉੱਲ-ਜ਼ੂਹਾ (ਬਕਰੀਦ) ਦੀ ਗਜ਼ਟਿਡ ਛੁੱਟੀ 27 ਮਈ ਦੀ ਬਜਾਏ ਹੁਣ 28 ਮਈ ਨੂੰ

ਚੰਡੀਗੜ੍ਹ, 25 ਮਈ (ਦੇਸ਼ ਪ੍ਰਦੇਸ਼ ਬਿਊਰੋ): ਪੰਜਾਬ ਸਰਕਾਰ ਵੱਲੋਂ ਨੈਗੋਸ਼ੀਏਬਲ ਐਕਟ-1881 ਦੀ ਧਾਰਾ 25 ਅਧੀਨ ਈਦ-ਉੱਲ-ਜ਼ੂਹਾ (ਬਕਰੀਦ) ਦੇ ਸਬੰਧ ਵਿੱਚ ਪੰਜਾਬ ਰਾਜ ਦੇ ਸਮੂਹ ਸਰਕਾਰੀ ਦਫ਼ਤਰਾਂ, ਬੋਰਡਾਂ/ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਮਿਤੀ 28 ਮਈ 2026 (ਵੀਰਵਾਰ) ਨੂੰ ਗਜ਼ਟਿਡ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਸਰਕਾਰ ਦੇ ਬੁਲਾਰੇ ਨੇ ਦੱਸਿਆ ਕਿ ਪਹਿਲਾਂ ਈਦ-ਉੱਲ-ਜ਼ੂਹਾ (ਬਕਰੀਦ) ਦੇ ਮੌਕੇ ਮਿਤੀ 27 ਮਈ 2026 ਨੂੰ ਗਜ਼ਟਿਡ ਛੁੱਟੀ ਐਲਾਨੀ ਗਈ ਸੀ, ਪਰੰਤੂ ਹੁਣ ਇਸ ਵਿੱਚ ਸੋਧ ਕਰਦਿਆਂ ਇਹ ਛੁੱਟੀ ਮਿਤੀ 28 ਮਈ 2026 (ਵੀਰਵਾਰ) ਨੂੰ ਕੀਤੀ ਗਈ ਹੈ। ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ ਅੱਜ ਨੋਟੀਫਿਕੇਸ਼ਨ ਜਾਰੀ ਕਰ ਦਿੱਤੀ ਗਈ ਹੈ।

## ਦਿਲਜੀਤ ਦੋਸਾਂਝ ਨੂੰ ਬੰਬ ਨਾਲ ਉਡਾਉਣ ਦੀ ਧਮਕੀ

ਚੰਡੀਗੜ੍ਹ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਪੰਜਾਬੀ ਮਿਊਜ਼ਿਕ ਇੰਡਸਟਰੀ ਅਤੇ ਸਿਨੇਮਾ ਨੂੰ ਦੁਨੀਆ ਦੇ ਨਕਸ਼ੇ 'ਤੇ ਚਮਕਾਉਣ ਵਾਲੇ ਗਲੋਬਲ ਪੰਜਾਬੀ ਸੁਪਰਸਟਾਰ ਦਿਲਜੀਤ ਦੋਸਾਂਝ ਨੂੰ ਲੈ ਕੇ ਇੱਕ ਬੇਹੱਦ ਚਿੰਤਾਜਨਕ ਅਤੇ ਹੈਰਾਨੀਜਨਕ ਖ਼ਬਰ ਸਾਹਮਣੇ ਆਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਦਿਲਜੀਤ ਦੋਸਾਂਝ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਮਿਲੀ ਹੈ। ਇਸ ਗੰਭੀਰ ਵਾਰਨਿੰਗ ਤੋਂ ਬਾਅਦ ਪੰਜਾਬ ਪੁਲਿਸ ਪ੍ਰਸ਼ਾਸਨ ਅਤੇ ਦੇਸ਼ ਦੀਆਂ ਪ੍ਰਮੁੱਖ ਸੁਰੱਖਿਆ ਏਜੰਸੀਆਂ ਪੂਰੀ ਤਰ੍ਹਾਂ ਅਲਰਟ ਮੋਡ 'ਤੇ ਆ ਗਈਆਂ ਹਨ। ਇੱਕ ਪਾਸੇ ਵਿਸ਼ਵ ਪੱਧਰ 'ਤੇ ਪ੍ਰਾਪਤੀ, ਦੂਜੇ ਪਾਸੇ ਖ਼ਤਰਾ ਜ਼ਿਕਰਯੋਗ ਹੈ ਕਿ ਇਹ ਧਮਕੀ ਅਜਿਹੇ ਸਮੇਂ ਸਾਹਮਣੇ ਆਈ ਹੈ ਜਦੋਂ ਦਿਲਜੀਤ ਦੋਸਾਂਝ ਬਾਕੀ ਸਫ਼ਾ 7 'ਤੇ

## ਦਿਲਜੀਤ ਦੋਸਾਂਝ ਅਮਰੀਕਾ ਦੇ ਮੈਡੀਸਨ ਸਕੁਏਅਰ ਗਾਰਡਨ 'ਚ ਸ਼ੋਅ ਕਰਨ ਵਾਲੇ ਬਣੇ ਪਹਿਲੇ ਭਾਰਤੀ ਕਲਾਕਾਰ

**ਦੇਸ਼ ਪ੍ਰਦੇਸ਼** ਨਿਊਯਾਰਕ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਗਲੋਬਲ ਸੁਪਰਸਟਾਰ ਦਿਲਜੀਤ ਦੋਸਾਂਝ ਨੇ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬੀ ਸੰਗੀਤ ਅਤੇ ਸੱਭਿਆਚਾਰ ਦਾ ਡੰਕਾ ਵਜਾਉਂਦੇ ਹੋਏ ਇੱਕ ਹੋਰ ਵੱਡਾ ਇਤਿਹਾਸਕ ਰਿਕਾਰਡ ਆਪਣੇ ਨਾਮ ਕਰ ਲਿਆ ਹੈ। ਦਿਲਜੀਤ ਨੇ ਆਪਣੇ ਸੁਪਰਹਿੱਟ ਔਰਾ ਵਰਲਡ ਟੂਰ 2026ਦੇ ਹਿੱਸੇ ਵਜੋਂ ਨਿਊਯਾਰਕ ਦੇ ਵਿਸ਼ਵ ਪ੍ਰਸਿੱਧ ਐਰੀਨਾ ਮੈਡੀਸਨ ਸਕੁਏਅਰ ਗਾਰਡਨ ਵਿੱਚ ਇੱਕ ਸ਼ਾਨਦਾਰ ਲਾਈਵ ਕੰਸਰਟਕੀਤਾ। ਇਸ ਵੱਕਾਰੀ ਸਟੇਜ 'ਤੇ ਪਰਫਾਰਮ ਕਰਨ ਵਾਲੇ ਉਹ ਭਾਰਤ ਦੇ ਪਹਿਲੇ ਕਲਾਕਾਰ ਬਣ ਗਏ ਹਨ, ਜੋ ਕਿ



ਪੂਰੇ ਦੇਸ਼ ਅਤੇ ਪੰਜਾਬੀ ਇੰਡਸਟਰੀ ਲਈ ਇੱਕ ਬਹੁਤ ਹੀ ਮਾਣ ਵਾਲੀ ਗੱਲ ਹੈ। ਮੈਡੀਸਨ ਸਕੁਏਅਰ ਗਾਰਡਨ ਨੂੰ ਦੁਨੀਆ ਦੇ ਸਭ ਤੋਂ ਆਈਕੋਨਿਕ ਅਤੇ ਮਸ਼ਹੂਰ ਮੰਚਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ, ਜਿੱਥੇ ਪਰਫਾਰਮੈਂਸ ਦੇਣਾ ਦੁਨੀਆ ਦੇ ਟੌਪ ਗਲੋਬਲ ਕਲਾਕਾਰਾਂ ਦਾ ਸੁਪਨਾ ਹੁੰਦਾ ਹੈ। ਅੱਜ 25 ਮਈ, 2026 ਨੂੰ ਹੋਏ ਇਸ ਇਤਿਹਾਸਕ ਸ਼ੋਅ ਦੌਰਾਨ ਦਿਲਜੀਤ ਨੇ ਜਿਵੇਂ ਹੀ ਸਟੇਜ ਸੰਭਾਲੀ, ਤਾਂ ਪੂਰਾ ਸਟੇਡੀਅਮ ਦਰਸ਼ਕਾਂ ਦੀਆਂ ਚੀਕਾਂ ਅਤੇ ਤਾਲੀਆਂ ਨਾਲ ਗੂੰਜ ਉੱਠਿਆ। ਉਨ੍ਹਾਂ ਨੇ ਆਪਣੇ ਸੁਪਰਹਿੱਟ ਪੰਜਾਬੀ ਗੀਤਾਂ ਅਤੇ ਹਾਈ-ਐਨਰਜੀ ਭੰਗੜੇ ਨਾਲ ਉੱਥੇ ਮੌਜੂਦ ਹਜ਼ਾਰਾਂ ਸੰਗੀਤ ਪ੍ਰੇਮੀਆਂ ਦਾ ਦਿਲ ਜਿੱਤ ਲਿਆ। ਇਸ ਲੇਟੈਸਟ ਔਰਾ ਵਰਲਡ ਟੂਰ ਦੌਰਾਨ ਦਿਲਜੀਤ ਦੋਸਾਂਝ ਦਾ ਕ੍ਰੇਜ਼ ਪੂਰੀ ਦੁਨੀਆ ਵਿੱਚ ਦੇਖਣ ਬਾਕੀ ਸਫ਼ਾ 7 'ਤੇ

## ਸੀਐਮ ਸੈਣੀ ਨੇ ਪੁਲਿਸ ਭਰਤੀ ਪੀਐਮਟੀ ਵਿਖੇ ਪ੍ਰਬੰਧਾਂ ਦਾ ਨਿੱਜੀ ਤੌਰ 'ਤੇ ਨਿਰੀਖਣ ਕੀਤਾ

**ਦੇਸ਼ ਪ੍ਰਦੇਸ਼** ਚੰਡੀਗੜ੍ਹ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) : ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਅੱਜ ਸੈਕਟਰ-3 ਦੇ ਤਾਊ ਦੇਵੀ ਲਾਲ ਸਟੇਡੀਅਮ ਦਾ ਦੌਰਾ ਕੀਤਾ ਤਾਂ ਜੋ ਪ੍ਰਬੰਧਾਂ ਦਾ ਨਿਰੀਖਣ ਕੀਤਾ ਜਾ ਸਕੇ ਅਤੇ ਪੁਲਿਸ ਭਰਤੀ ਲਈ ਆਯੋਜਿਤ ਸਰੀਰਕ ਮਾਪ ਟੈਸਟ (ਪੀਐਮਟੀ) ਵਿੱਚ ਹਿੱਸਾ ਲੈਣ ਵਾਲੇ ਉਮੀਦਵਾਰਾਂ ਨਾਲ ਮੁਲਾਕਾਤ ਕੀਤੀ ਜਾ ਸਕੇ। ਹਰਿਆਣਾ ਸਟਾਫ ਚੋਣ ਕਮਿਸ਼ਨ ਪੁਲਿਸ ਕਰਮਚਾਰੀਆਂ ਲਈ ਭਰਤੀ ਪ੍ਰਕਿਰਿਆ ਦੇ ਹਿੱਸੇ ਵਜੋਂ ਤਾਊ ਦੇਵੀ ਲਾਲ ਸਟੇਡੀਅਮ ਵਿੱਚ ਉਮੀਦਵਾਰਾਂ ਲਈ ਸਰੀਰਕ ਮਾਪ ਟੈਸਟ ਕਰਵਾ ਰਿਹਾ ਹੈ। ਮੁੱਖ ਮੰਤਰੀ ਟੈਸਟਾਂ ਵਿੱਚ ਹਿੱਸਾ ਲੈਣ ਵਾਲੇ



ਉਮੀਦਵਾਰਾਂ ਦੇ ਵਿਚਕਾਰ ਤੁਰੇ, ਉਨ੍ਹਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ ਬਾਰੇ ਉਮੀਦਵਾਰਾਂ ਤੋਂ ਫੀਡਬੈਕ ਵੀ ਮੰਗੀ। ਇਸ ਗੱਲਬਾਤ ਦੌਰਾਨ, ਮੁੱਖ ਮੰਤਰੀ ਨੇ ਕਿਹਾ ਕਿ ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹੂਲਤ ਲਈ ਸਾਰੇ ਜ਼ਰੂਰੀ ਪ੍ਰਬੰਧ ਯਕੀਨੀ ਬਣਾਏ ਗਏ ਹਨ, ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਜ਼ਿਕਰ ਕੀਤਾ ਕਿ ਉਹ ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਉਮੀਦਵਾਰਾਂ ਦੇ ਮਨੋਬਲ ਨੂੰ ਵਧਾਉਣ ਦੇ ਖਾਸ ਉਦੇਸ਼ ਨਾਲ ਨਿੱਜੀ ਤੌਰ 'ਤੇ ਸਟੇਡੀਅਮ ਦਾ ਦੌਰਾ ਕੀਤਾ ਸੀ। ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਪੂਰੀ ਪੀ.ਐਮ.ਟੀ. ਪ੍ਰਕਿਰਿਆ ਪਾਰਦਰਸ਼ੀ, ਸੁਚੱਜੀ ਅਤੇ ਉਮੀਦਵਾਰ-ਅਨੁਕੂਲ ਰਹਿਣ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਇਸ ਮੌਕੇ 'ਤੇ, ਮੁੱਖ ਮੰਤਰੀ ਨੇ ਉਮੀਦਵਾਰਾਂ ਦੇ ਨਾਲ ਆਏ ਪਰਿਵਾਰਕ ਮੈਂਬਰਾਂ ਨਾਲ ਵੀ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਉਪਲਬਧ ਸਹੂਲਤਾਂ ਬਾਰੇ ਪੁੱਛਗਿੱਛ ਕੀਤੀ। ਮੁੱਖ ਮੰਤਰੀ ਨੂੰ ਆਪਣੇ ਵਿਚਕਾਰ ਦੇਖ ਕੇ ਉਮੀਦਵਾਰ ਬਹੁਤ ਉਤਸ਼ਾਹਿਤ ਅਤੇ ਉਤਸ਼ਾਹਿਤ ਦਿਖਾਈ ਦਿੱਤੇ। ਕਈ ਬਾਕੀ ਸਫ਼ਾ 7 'ਤੇ

ਨਿਰਵਿਘਨ ਬੈਂਕਿੰਗ ਸੇਵਾਵਾਂ ਲਈ
ਆਪਣੇ KYC ਨੂੰ ਅੱਪ ਟੂ ਡੇਟ ਰੱਖੋ



ਜੇਕਰ ਤੁਹਾਡੇ KYC ਵੇਰਵੇ ਨਹੀਂ ਬਦਲੇ ਹਨ, ਤਾਂ
ਮੁੜ KYC ਲਈ ਇੱਕ ਸਵੈ-ਘੋਸ਼ਣਾ, ਪੱਤਰ/ਔਨਲਾਈਨ ਬੈਂਕਿੰਗ/ਮੋਬਾਈਲ ਬੈਂਕਿੰਗ/ਏ.ਟੀ.ਐਮ/ਬੈਂਕ ਨਾਲ ਰਜਿਸਟਰਡ ਆਪਣੇ ਮੋਬਾਈਲ ਨੰਬਰ/ਈਮੇਲ ਜਾਂ ਬਿਜ਼ਨਸ ਕੋਰਸਪੌਂਡੈਂਟ (BCs) ਰਾਹੀਂ ਜਮ੍ਹਾਂ ਕਰੋ।

ਜੇਕਰ ਤੁਹਾਡੇ KYC ਵੇਰਵੇ ਬਦਲ ਗਏ ਹਨ, ਤਾਂ
ਅੱਪਡੇਟ ਕੀਤੇ ਵੇਰਵਿਆਂ ਵਾਲੇ ਕਿਸੇ ਵੀ ਇੱਕ ਦਸਤਾਵੇਜ਼ ਦੀ ਕਾਪੀ ਪ੍ਰਦਾਨ ਕਰੋ: ਆਧਾਰ/ਵੋਟਰ ਆਈਡੀ ਕਾਰਡ/NREGA ਜੌਬ ਕਾਰਡ/ਡਰਾਈਵਿੰਗ ਲਾਇਸੈਂਸ/ਪਾਸਪੋਰਟ/ਰਾਸ਼ਟਰੀ ਆਬਾਦੀ ਰਜਿਸਟਰ ਦੁਆਰਾ ਜਾਰੀ ਕੀਤਾ ਗਿਆ ਪੱਤਰ।

ਤੁਸੀਂ ਆਪਣੀ ਨਜ਼ਦੀਕੀ ਬੈਂਕ ਸ਼ਾਖਾ ਵਿੱਚ ਜਾ ਕੇ ਵੀ ਆਪਣਾ KYC ਅਪਡੇਟ ਕਰ ਸਕਦੇ ਹੋ।




ਵਧੇਰੇ ਜਾਣਕਾਰੀ ਲਈ, https://rbikehtahai.rbi.org.in/KYC ਤੇ ਜਾਓ
ਅਧਿਕਾਰਤ ਵਟਸਐਪ ਨੰਬਰ 99990 41935 / 99309 91935
ਜਨ-ਹਿਤ ਵਿੱਚ ਜਾਰੀਕਰਤਾ
ਭਾਰਤੀ ਰਿਜ਼ਰਵ ਬੈਂਕ
RESERVE BANK OF INDIA
www.rbi.org.in

## ਇੱਕ ਨਜ਼ਰ...

### ਮੂਲੇਪੁਰ ਵਿਖੇ ਹਲਕਾ ਫ਼ਤਿਹਗੜ੍ਹ ਸਾਹਿਬ ਤੋਂ ਕਾਂਗਰਸ ਦੀ ਟਿਕਟ ਦੇ ਦਾਅਵੇਦਾਰ ਈਸ਼ਰਪ੍ਰੀਤ ਸਿੰਘ ਸਿੱਧੂ ਦਾ ਸਨਮਾਨ



ਫ਼ਤਿਹਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ) ਹਲਕਾ ਫ਼ਤਿਹਗੜ੍ਹ ਸਾਹਿਬ ਦੇ ਕਾਂਗਰਸ ਪਾਰਟੀ ਦੀ ਟਿਕਟ ਦੇ ਦਾਅਵੇਦਾਰ ਅਤੇ ਐੱਨ.ਐੱਸ.ਯੂ.ਆਈ. (NSUI) ਦੇ ਸੂਬਾ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ ਪਿੰਡ ਮੂਲੇਪੁਰ ਵਿਖੇ ਪਹੁੰਚਣ @ਤੇ ਪਿੰਡ ਵਾਸੀਆਂ ਵੱਲੋਂ ਨਿੱਘਾ ਸਨਮਾਨ ਕੀਤਾ ਗਿਆ। ਕਾਂਗਰਸ ਪਾਰਟੀ ਦੀ ਇੱਕ ਅਹਿਮ ਮੀਟਿੰਗ ਦੌਰਾਨ ਪਿੰਡ ਦੇ ਪਤਵੰਤਿਆਂ ਵੱਲੋਂ ਵਿਸ਼ੇਸ਼ ਤੌਰ 'ਤੇ ਸ. ਸਿੱਧੂ ਦਾ ਸਨਮਾਨ ਕਰਕੇ ਉਨ੍ਹਾਂ ਨੂੰ ਚੋਣਾਂ ਵਿੱਚ ਪੂਰਨ ਤੌਰ 'ਤੇ ਹਮਾਇਤ ਦੇਣ ਦਾ ਭਰੋਸਾ ਦਿੱਤਾ ਗਿਆ। ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ ਨੇ ਕਾਂਗਰਸ ਦੀ ਮੌਜੂਦਾ ਸਥਿਤੀ 'ਤੇ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕੀ ਕਾਂਗਰਸ ਪਾਰਟੀ ਦੇ ਜੋ ਪੁਰਾਣੇ ਵਰਕਰ ਨਾਰਾਜ਼ ਹਨ ਮੇਰੀ ਕੋਸ਼ਿਸ਼ ਹੈ ਕਿ ਮੈਂ ਘਰ-ਘਰ ਜਾ ਕੇ ਇਨ੍ਹਾਂ ਪੁਰਾਣੇ ਵਰਕਰਾਂ ਨੂੰ ਦੁਬਾਰਾ ਪਾਰਟੀ ਨਾਲ ਜੋੜਾਂ ਅਤੇ ਉਨ੍ਹਾਂ ਨੂੰ ਆਪਣੀਆਂ ਵਡਮੁੱਲੀਆਂ ਸੇਵਾਵਾਂ ਪਹਿਲਾਂ ਵਾਂਗ ਹੀ ਜਾਰੀ ਰੱਖਣ ਦੀ ਅਪੀਲ ਕਰਾਂ ਇਸ ਮੌਕੇ ਪੁਰਾਣੇ ਕਾਂਗਰਸੀ ਟਕਸਾਲੀ ਆਗੂ ਅੰਮ੍ਰਿਤਪਾਲ ਸਿੰਘ ਟਿਵਾਣਾ ਰਾਜਵਿੰਦਰ ਸਿੰਘ ਰਾਣਾ, ਅਵਤਾਰ ਸਿੰਘ ਰਾਜੇ, ਜੋਤ ਸਿੰਘ ਰਾਜੇ, ਚਰਨਜੀਤ ਸਿੰਘ ਚਰਨੀ, ਬਾਬਾ ਦਰਸ਼ਨ ਸਿੰਘ ਅਮਰੀਕਾ ਵਾਲੇ, ਵਿਨੋਦ ਮੋਦਗਿਲ, , ਹਰਿੰਦਰ ਸਿੰਘ ਅਤਾਪੁਰ, ਅਮਨਦੀਪ ਸਿੰਘ ਬਿੱਟਾ, ਮਨਜੀਤ ਸਿੰਘ ਛਲੇੜੀ, ਨਰਿੰਦਰ ਸਿੰਘ, ਕੁਲਦੀਪ ਸਿੰਘ, ਮਨਦੀਪ ਸਿੰਘ, ਹਰਦੀਪ ਸਿੰਘ , ਸਿੱਪੀ ਨੌਲੱਖਾ, ਪ੍ਰਿਤਪਾਲ ਸਿੰਘ ਆਦਿ ਵਿਸ਼ੇਸ਼ ਤੌਰ @ਤੇ ਹਾਜ਼ਰ ਸਨ।

### ਗਰਮੀ ਦੇ ਮੱਦੇਨਜ਼ਰ ਜ਼ਿਲ੍ਹੇ 'ਚ ਸੇਵਾ ਕੇਂਦਰਾਂ ਦਾ ਸਮਾਂ ਬਦਲਿਆ

**ਸਵੇਰੇ 7:30 ਤੋਂ ਦੁਪਹਿਰ 3:30 ਵਜੇ ਤੱਕ ਖੁੱਲ੍ਹੇ ਰਹਿਣਗੇ ਸੇਵਾ ਕੇਂਦਰ-ਡਿਪਟੀ ਕਮਿਸ਼ਨਰ**

ਫ਼ਤਿਹਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ) ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਦੱਸਿਆ ਕਿ ਵੱਧ ਰਹੀ ਗਰਮੀ ਦੇ ਮੁੱਦੇਨਜ਼ਰ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜ਼ਿਲਾ ਫ਼ਤਹਿਗੜ੍ਹ ਸਾਹਿਬ ਦੇ ਸਮੂਹ ਸੇਵਾ ਕੇਂਦਰਾਂ ਦਾ ਸਮਾਂ ਬਦਲ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰ ਸਵੇਰੇ 7:30 ਵਜੇ ਤੋਂ ਦੁਪਹਿਰ 3:30 ਵਜੇ ਤੱਕ ਖੁੱਲੇ ਰਹਿਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਿਰਧਾਰਿਤ ਸਮੇਂ ਅਨੁਸਾਰ ਸੇਵਾ ਕੇਂਦਰਾਂ ਵਿੱਚ ਜਾ ਕੇ ਆਪਣੇ ਰੋਜ਼ਾਨਾ ਦੇ ਕੰਮ ਕਰਵਾ ਸਕਦੇ ਹਨ। ਉਹਨਾਂ ਜ਼ਿਲ੍ਹਾ ਵਾਸੀਆਂ ਨੂੰ ਦੱਸਿਆ ਕਿ ਮਿਤੀ 26 ਮਈ ਨੂੰ ਨਗਰ ਕੌਂਸਲ ਨਗਰ/ਪੰਚਾਇਤ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹੇ ਦੇ ਸਾਰੇ ਸੇਵਾ ਕੇਂਦਰਾਂ ਵਿੱਚ ਛੁੱਟੀ ਰਹੇਗੀ।

### ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਰੂੜ੍ਹੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੀ ਰੋਸ਼ਨੀ ਵਿੱਚ ਆਉਣ ਦਾ ਸੁਨੇਹਾ --ਮਾਸਟਰ ਪਰਮਵੇਦ



ਸੰਗਰੂਰ 25 ਮਈ (ਜਸਪਾਲ ਸਰਾਓ) ਸਾਡੇ ਸਮਾਜ ਦੇ ਜ਼ਿਆਦਾਤਰ ਲੋਕ ਪੀੜ੍ਹੀ ਦਰ ਪੀੜ੍ਹੀ ਰੂੜ੍ਹੀਵਾਦੀ ਸੋਚ ਰੱਖਦੇ ਹੋਣ ਕਰਕੇ ਕਈ ਤਰ੍ਹਾਂ ਦੇ ਵਹਿਮਾਂ-ਭਰਮਾਂ, ਅੰਧਵਿਸ਼ਵਾਸਾਂ, ਕਾਲੇ ਇਲਮ, ਜਾਦੂ ਟੂਣਿਆਂ, ਭੂਤ ਪ੍ਰੇਤਾਂ, ਧਾਗੇ ਤਵੀਤਾਂ, ਕਿਸਮਤਵਾਦ, ਅਧਿਆਤਮਵਾਦ, ਅਖੌਤੀ ਚਮਤਕਾਰਾਂ, ਰੂੜ੍ਹੀਵਾਦੀ ਰਸਮਾਂ, ਡੇਰਿਆਂ, ਪਾਖੰਡੀ ਬਾਬਿਆਂ, ਤਾਂਤਰਿਕਾਂ, ਸਿਆਣਿਆਂ ਅਤੇ ਜੋਤਸ਼ੀਆਂ ਦੇ ਮੱਕੜਜਾਲ ਵਿੱਚ ਬਹੁਤ ਬੁਰੀ ਤਰ੍ਹਾਂ ਫਸੇ ਹੋਏ ਹਨ। ਅਜਿਹੇ ਅਨਸਰਾਂ ਦੇ ਬਹਿਕਾਵੇ ਅਤੇ ਲਾਲਚ ਹੇਠ ਆ ਕੇ ਲੋਕ ਖੁਦ ਆਪਣੀ ਅਤੇ ਪਰਿਵਾਰਕ ਮੈਂਬਰਾਂ ਦੀ ਲੁੱਟ ਤਾਂ ਕਰਵਾਉਂਦੇ ਹੀ ਹਨ, ਪਰ ਕਈ ਵਾਰ ਅਜਿਹੇ ਘਿਨਾਉਣੇ ਅਪਰਾਧ ਵੀ ਕਰ ਬੈਠਦੇ ਹਨ ਜਿਸ ਕਾਰਣ ਉਨ੍ਹਾਂ ਨੂੰ ਸਾਰੀ ਉਮਰ ਜੇਲ੍ਹ ਵਿੱਚ ਰਹਿ ਕੇ ਪਛਤਾਉਣਾ ਪੈਂਦਾ ਹੈ। ਕੁੱਝ ਇਸੇ ਤਰ੍ਹਾਂ ਦੀ ਮਨੁੱਖ ਦੋਖੀ ਘਟਨਾਵਾਂ ਬਾਰੇ ਜਾਣਕਾਰੀ ਸਾਂਝੀ ਕਰਦੇ ਹਾਂ।ਕੁੱਝ ਸਮਾਂ ਪਹਿਲਾਂ ਇਕ ਸਕੂਲ ਦੇ ਮਾਲਕ ਵੱਲੋਂ ਆਪਣੇ ਸਕੂਲ ਨੂੰ ਪੈਸੇ ਕਮਾਉਣ ਪੱਖੋਂ ਖੁਸ਼ਹਾਲ, ਸਫ਼ਲ ਤੇ ਪ੍ਰਸਿੱਧ ਬਣਾਉਣ ਦੀ ਲਾਲਸਾ ਨੂੰ ਲੈ ਕੇ ਆਪਣੇ ਹੀ ਸਕੂਲ ਦੇ ਮਾਸੂਮ ਵਿਦਿਆਰਥੀ ਦੀ ਬਲੀ ਦੇ ਦਿੱਤੀ ਗਈ।ਅੰਧ ਵਿਸ਼ਵਾਸੀ ਮਾਨਸਿਕਤਾ ਨੇ ਇੱਕ ਘਰ ਦਾ ਚਿਰਾਗ ਬੁਝਾ ਦਿੱਤਾ ਹੈ।ਇਸੇ ਤਰ੍ਹਾਂ ਛੱਤੀਸਗੜ੍ਹ, ਝਾਰਖੰਡ, ਮੱਧ ਪ੍ਰਦੇਸ਼, ਉੱਤਰ ਪ੍ਰਦੇਸ਼ ਅਤੇ ਬਿਹਾਰ ਆਦਿ ਸੂਬਿਆਂ ਦੇ ਕਈ ਪਿਛੜੇ ਇਲਾਕਿਆਂ ਵਿੱਚ ਮੰਦ ਬੁੱਧੀ ਔਰਤਾਂ ਨੂੰ ਚੁੜੇਲ ਜਾਂ ਬੁਰੀ ਆਤਮਾ ਸਮਝ ਕੇ ਕੁੱਟ-ਕੁੱਟ ਕੇ ਜਾਨੋਂ ਮਾਰਨ ਦੀਆਂ ਘਟਨਾਵਾਂ ਵੀ ਅਕਸਰ ਵਾਪਰਦੀਆਂ ਹਨ ਤਰਕਸ਼ੀਲ ਆਗੂ ਮਾਸਟਰ ਪਰਮਵੇਦ ਨੇ ਲੋਕਾਂ ਨੂੰ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ ਤੇ ਰੂੜ੍ਹੀਵਾਦੀ ਵਿਚਾਰਾਂ ਦੇ ਹਨੇਰੇ ਵਿੱਚੋਂ ਨਿਕਲ ਕੇ ਵਿਗਿਆਨਕ ਵਿਚਾਰਾਂ ਦੇ ਉਜਾਲੇ ਵਿੱਚ ਆਉਣ ਦਾ ਭਾਵਪੂਰਤ ਸੁਨੇਹਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਗੱਲ ਮੰਨਣ ਤੋਂ ਪਹਿਲਾਂ ਉਸਦੀ ਪਰਖ ਕਰਨੀ ਜ਼ਰੂਰੀ ਹੈ।ਸੁਣੀ ਸੁਣਾਈ ਗੱਲ ਤੇ ਵਿਸ਼ਵਾਸ ਕਰਨਾ ਲਾਈਲੱਗਤਾ ਹੈ ਜਿਸਤੋਂ ਬਚਣਾ ਚਾਹੀਦਾ ਹੈ।

### 5 ਵਿਅਕਤੀਆਂ ਤੋਂ ਵੱਧ ਇਕੱਠ, ਰੈਲੀਆਂ, ਮੀਟਿੰਗਾਂ, ਰੋਸ ਧਰਨੇ, ਨਾਅਰੇ ਲਗਾਉਣ 'ਤੇ ਪਾਬੰਦੀ

**ਜ਼ਿਲ੍ਹਾ ਮੈਜਿਸਟਰੇਟ ਵੱਲੋਂ ਚੋਣਾਂ ਦੇ ਮੱਦੇਨਜ਼ਰ ਹੁਕਮ ਜਾਰੀ**



ਬਰਨਾਲਾ 25 ਮਈ (ਅਵਤਾਰ ਸਿੰਘ ਫਰਵਾਹੀ) ਰਾਜ ਚੋਣ ਕਮਿਸ਼ਨ, ਪੰਜਾਬ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮੈਜਿਸਟ੍ਰੇਟ ਬਰਨਾਲਾ ਹਰਪ੍ਰੀਤ ਸਿੰਘ ਅਤੇ ਨੇ ਐੱਸ ਵਲੋਂ ਬਲਕੇ 26 ਮਈ 2026 ਨੂੰ ਹੋਣ ਜਾ ਰਹੀਆਂ ਨਗਰ ਨਿਗਮ, ਨਗਰ ਕੌਂਸਲ ਚੋਣਾਂ ਨੂੰ ਸ਼ਾਂਤੀਪੂਰਵਕ ਅਤੇ ਨਿਰਵਿਘਨ ਨੇਪਰੇ ਚਾੜ੍ਹਨ ਲਈ ਅਹਿਮ ਹੁਕਮ ਜਾਰੀ ਕੀਤੇ ਗਏ ਹਨ। ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਦੀ ਵਰਤੋਂ ਕਰਦਿਆਂ ਜ਼ਿਲ੍ਹਾ ਬਰਨਾਲਾ ਵਿੱਚ ਜਨਤਕ ਥਾਵਾਂ @ਤੇ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ, ਕਿਸੇ ਵੀ ਤਰ੍ਹਾਂ ਦੀ ਨਾਅਰੇਬਾਜ਼ੀ ਕਰਨ, ਭੜਕਾਊ ਭਾਸ਼ਣ ਦੇਣ, ਮੀਟਿੰਗਾਂ ਕਰਨ, ਜਲੂਸ ਕੱਢਣ ਤੇ ਰੈਲੀਆਂ ਕਰਨ @ਤੇ ਪਾਬੰਦੀ ਲਗਾਈ ਗਈ ਹੈ। ਇਨ੍ਹਾਂ ਹੁਕਮਾਂ ਤੋਂ ਡਿਊਟੀ @ਤੇ ਤਾਇਨਾਤ ਸੁਰੱਖਿਆ/ਪੁਲਿਸ ਅਮਲੇ 'ਤੇ, ਵਰਦੀ ਵਿੱਚ ਫੌਜ ਦੇ ਅਧਿਕਾਰੀਆਂ, ਡਿਊਟੀ @ਤੇ ਮੌਜੂਦ ਹੋਰ ਸਰਕਾਰੀ ਕਰਮਚਾਰੀਆਂ ਤੋਂ ਇਲਾਵਾ ਵਿਆਹ-ਸ਼ਾਦੀ, ਧਾਰਮਿਕ ਸਥਾਨਾਂ, ਧਾਰਮਿਕ ਸੰਸਥਾਵਾਂ, ਜ਼ਿਲ੍ਹਾ ਮੈਜਿਸਟ੍ਰੇਟ/ਉਪ ਮੰਡਲ ਮੈਜਿਸਟ੍ਰੇਟ/ਰਿਟਰਨਿੰਗ ਅਫਸਰ ਵੱਲੋਂ, ਨਗਰ ਨਿਗਮ ਬਰਨਾਲਾ/ਨਗਰ ਕੌਂਸਲ, ਤਪਾ, ਧਨੌਲਾ, ਭਦੌੜ, ਨਗਰ ਪੰਚਾਇਤ ਹੰਡਿਆਇਆ ਪਾਸੋਂ ਜਾਰੀ ਪ੍ਰਵਾਨਗੀ ਅਨੁਸਾਰ, ਨੂੰ ਛੋਟ ਰਹੇਗੀ।

### ਆਸਟ੍ਰੇਲੀਆ 'ਚ ਸਤਿੰਦਰ ਸਰਤਾਜ ਦੀ ਸੂਫ਼ੀਆਨਾ ਗਾਇਕੀ ਨੇ ਕੀਲੇ ਪੰਜਾਬੀ ਸਰੋਤੇ : ਪ੍ਰਮੋਟਰ ਸਿੱਕੂ ਨਾਭਾ

**ਕਿਹਾ : 'ਦਿ ਹੈਰੀਟੇਜ ਟੂਰ' ਦੇ ਸਾਰੇ ਸ਼ੋਅ ਰਹੇ ਸੁਪਰਹਿੱਟ**



ਨਾਭਾ, 25 ਮਈ (ਰਾਕੇਸ਼ ਜਿੰਦਲ)-ਵਿਸ਼ਵ ਪ੍ਰਸਿੱਧ ਪੰਜਾਬੀ ਸੂਫ਼ੀ ਗਾਇਕ, ਗੀਤਕਾਰ ਅਤੇ ਅਦਾਕਾਰ ਡਾ. ਸਤਿੰਦਰ ਸਰਤਾਜ ਨੇ ਇੱਕ ਵਾਰ ਫਿਰ ਅੰਤਰਰਾਸ਼ਟਰੀ ਪੱਧਰ @ਤੇ ਪੰਜਾਬੀ ਸੰਗੀਤ ਅਤੇ ਸੱਭਿਆਚਾਰ ਦਾ ਡੰਕਾ ਵਜਾ ਦਿੱਤਾ ਹੈ। ਆਸਟ੍ਰੇਲੀਆ ਵਿੱਚ ਕਰਵਾਏ ਗਏ 'ਦਿ ਹੈਰੀਟੇਜ ਟੂਰ 2026@ ਦੇ ਸਾਰੇ ਸ਼ੋਅ ਪੂਰੀ ਤਰ੍ਹਾਂ ਸਫਲ ਅਤੇ ਹਾਊਸਫੁੱਲ ਰਹੇ ਹਨ। ਜਾਣਕਾਰੀ ਦਿੰਦਿਆਂ ਨਾਭਾ ਦੇ ਜੰਮਪਲ ਅਤੇ ਉੱਘੇ ਨੌਜਵਾਨ ਐਨ ਆਰ ਆਈ. ਪ੍ਰਮੋਟਰ ਸਿੱਕੂ ਨਾਭਾ ਨੇ ਦੱਸਿਆ ਕਿ ਆਸਟ੍ਰੇਲੀਆ ਦੇ ਮੈਲਬੌਰਨ, ਸਿਡਨੀ, ਬ੍ਰਿਸਬੇਨ, ਐਡੀਲੇਡ ਅਤੇ ਪਰਥ ਵਰਗੇ ਵੱਡੇ ਸ਼ਹਿਰਾਂ ਵਿੱਚ ਕਰਵਾਏ ਗਏ ਇਨ੍ਹਾਂ ਪ੍ਰੋਗਰਾਮਾਂ @ਚ ਪ੍ਰਵਾਸੀ ਭਾਰਤੀਆਂ ਅਤੇ ਖਾਸ ਕਰਕੇ ਪੰਜਾਬੀ ਭਾਈਚਾਰੇ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ। ਪ੍ਰਮੋਟਰ ਸਿੱਕੂ ਨਾਭਾ ਨੇ ਦੱਸਿਆ ਕਿ ਆਸਟ੍ਰੇਲੀਆ ਵਿੱਚ ਸਤਿੰਦਰ ਸਰਤਾਜ ਨੇ ਆਪਣੀ ਜਾਦੂ ਭਰੀ ਆਵਾਜ਼ ਅਤੇ ਰੂਹਾਨੀ ਗਾਇਕੀ ਨਾਲ ਦਰਸ਼ਕਾਂ ਨੂੰ ਮੰਤਰਮੁਗਧ ਕੀਤਾ। ਆਪਣੀ ਮਖਮਲੀ ਆਵਾਜ਼ ਅਤੇ ਡੂੰਘੇ ਅਰਥਾਂ ਵਾਲੇ ਸ਼ਬਦਾਂ ਰਾਹੀਂ ਸਰਤਾਜ ਦੇ ਗੀਤਾਂ ਨਾਲ ਹਾਲ ਲਗਾਤਾਰ ਤਾੜੀਆਂ ਨਾਲ ਗੂੰਜਦੇ ਰਹੇ। ਉਨ੍ਹਾਂ ਨੇ ਆਪਣੇ ਸਦਾਬਹਾਰ ਸੂਫ਼ੀਆਨਾ ਕਲਾਮ, ਰੋਮਾਂਟਿਕ ਗੀਤਾਂ ਅਤੇ ਪੰਜਾਬ ਦੀ ਅਮੀਰ ਵਿਰਾਸਤ ਨੂੰ ਦਰਸਾਉਂਦੇ ਗੀਤਾਂ ਨਾਲ ਮੌਜੂਦ ਦਰਸ਼ਕਾਂ ਨੂੰ ਝੂਮਣ ਲਈ ਮਜਬੂਰ ਕਰ ਦਿੱਤਾ। ਸੋਸ਼ਲ ਮੀਡੀਆ @ਤੇ ਤਾਰੀਫ਼ਾਂ ਦਾ ਹੜ੍ਹ ਸ਼ੋਅ ਦੇ ਬਾਅਦ ਦਰਸ਼ਕਾਂ ਨੇ ਸੋਸ਼ਲ ਮੀਡੀਆ @ਤੇ ਉਨ੍ਹਾਂ ਦੇ ਲਾਈਵ ਪਰਫਾਰਮੈਂਸ ਦੇ ਵੀਡੀਓਜ਼ ਖੂਬ ਵਾਇਰਲ ਕੀਤੇ। ਪ੍ਰਮੋਟਰ ਸਿੱਕੂ ਨੇ ਕਿਹਾ ਕਿ ਸਰਤਾਜ ਦੇ ਸ਼ੋਅ ਸਿਰਫ਼ ਇੱਕ ਕੰਸਰਟ ਨਹੀਂ, ਸਗੋਂ ਇੱਕ ਅਜਿਹਾ ਰੂਹਾਨੀ ਸਫ਼ਰ ਹੁੰਦੇ ਹਨ ਜੋ ਸਿੱਧਾ ਦਿਲ ਨੂੰ ਛੂਹਦੇ ਹਨ। ਸਿੱਕੂ ਤੇ ਲਾਲੀ ਦਾ ਕਹਿਣਾ ਹੈ ਕਿ ਸਰਤਾਜ ਦੇ ਸ਼ੋਅ ਕਰਵਾਉਣਾ ਕਿਸੇ ਮਾਣ ਤੋਂ ਘੱਟ ਨਹੀਂ। ਉਨ੍ਹਾਂ ਨੇ ਕਿਹਾ ਕਿ ਸਰਤਾਜ ਦੀ ਗਾਇਕੀ ਦੀ ਇਹ ਕਾਮਯਾਬੀ ਸਾਬਤ ਕਰਦੀ ਹੈ ਕਿ ਸਾਫ਼-ਸੁਥਰੀ ਅਤੇ ਸਾਰਥਕ ਪੰਜਾਬੀ ਗਾਇਕੀ ਦੀ ਦੀਵਾਨਗੀ ਅੱਜ ਵੀ ਸੱਤ ਸਮੁੰਦਰ ਪਾਰ ਉਨੀ ਹੀ ਮਜ਼ਬੂਤ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਵਿੱਚ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜਨ ਦੀ ਜੋ ਤਾਂਘ ਹੈ, ਸਰਤਾਜ ਦੇ ਸ਼ੋਅ ਉਸਦਾ ਜਿਉਂਦਾ-ਜਾਗਦਾ ਪ੍ਰਤੀਬਿੰਬ ਹਨ। ਇਹ ਟੂਰ ਨਾ ਸਿਰਫ਼ ਕਾਮਯਾਬ ਰਿਹਾ ਹੈ, ਬਲਕਿ ਇਸ ਨੇ ਵਿਦੇਸ਼ਾਂ ਵਿੱਚ ਵੱਸਦੇ ਪੰਜਾਬੀਆਂ ਨੂੰ ਆਪਣੀਆਂ ਜੜ੍ਹਾਂ ਨਾਲ ਹੋਰ ਮਜ਼ਬੂਤੀ ਨਾਲ ਜੋੜਨ ਦਾ ਕੰਮ ਕੀਤਾ ਹੈ। ਪ੍ਰਬੰਧਕਾਂ ਨੇ ਸਤਿੰਦਰ ਸਰਤਾਜ ਅਤੇ ਉਨ੍ਹਾਂ ਦੀ ਪੂਰੀ ਟੀਮ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਨੇ ਆਪਣੀ ਕਲਾ ਰਾਹੀਂ ਵਿਦੇਸ਼ੀ ਧਰਤੀ @ਤੇ ਪੰਜਾਬੀਅਤ ਦਾ ਮਾਣ ਵਧਾਇਆ ਹੈ ਅਤੇ ਦਰਸ਼ਕਾਂ ਦੇ ਦਿਲਾਂ ਨੂੰ ਛੂਹ ਲਿਆ ਹੈ।

## ਸਬ-ਡਵੀਜ਼ਨ ਮੂਣਕ ਦੇ ਪਿੰਡ ਡੂਡੀਆਂ ਦੇ ਵਿਦਿਆਰਥੀ ਕਾਕਾ ਸੁਰਿੰਦਰ ਸਿੰਘ ਦਾ ਸੂਬੇ ਚੋਂ ਨੌਵੇਂ ਸਥਾਨ ਤੇ ਆਉਣ ਤੇ ਕੀਤਾ ਸਨਮਾਨਿਤ

ਮੂਣਕ 25 ਮਈ (ਸਾਹਿਬ ਸਿੰਘ ਖੁਰਾਣਾ) ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਲਿਆਂਦੇ ਗਏ ਕ੍ਰਾਂਤੀਕਾਰੀ ਬਦਲਾਅ ਨੇ ਸੂਬੇ ਦੀ ਦਸ਼ਾ ਅਤੇ ਦਿਸ਼ਾ ਬਦਲ ਦਿੱਤੀ ਹੈ, ਸਿਖਿਆ ਕ੍ਰਾਂਤੀ ਦੇ ਤਹਿਤ ਜਿੱਥੇ ਸਕੂਲਾਂ ਦੀ ਨਹਾਰ ਬਦਲੀ ਜਾ ਰਹੀ ਹੈ ਉੱਥੇ ਹੀ ਵਿਦਿਆਰਥੀ ਵੱਧ ਚੜ ਕੇ ਸਰਕਾਰੀ ਸਕੂਲਾਂ ਵਿੱਚ ਦਾਖਲਾ ਲੈ ਰਹੇ ਹਨ ਕਿਉਂਕਿ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦਾ ਭਵਿੱਖ ਉਜਵਲ ਹੋ ਰਿਹੈ ਤੇ ਹਰ ਖੇਤਰ ਵਿੱਚ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਮੱਲਾਂ ਮਾਰ ਰਹੇ ਹਨ।ਇਸ ਗੱਲ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਨੇ ਨਗਰ ਕੌਂਸਲ ਪ੍ਰਧਾਨ ਤੇ ਮਹਿਲਾ ਅਗਰਵਾਲ ਸਭਾ ਦੇ ਸੂਬਾ ਪ੍ਰਧਾਨ ਸ਼੍ਰੀਮਤੀ ਕਾਂਤਾ ਗੋਇਲ ਦੇ ਨਾਲ+2 (ਸੀਨੀਅਰ ਸੈਕੰਡਰੀ) ਦੇ ਘੋਸ਼ਤ ਨਤੀਜੇ ਵਿੱਚੋਂ ਸਬ ਡਿਵੀਜ਼ਨ ਮੂਣਕ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੂਡੀਆਂ ਦੇ ਵਿਦਿਆਰਥੀ ਸੁਰਿੰਦਰ ਸਿੰਘ ਪੁੱਤਰ ਅਮਰਦਾਸ ਸਿੰਘ ਜਿਸ ਨੇ ਸੂਬਾ ਪੱਧਰੀ ਮੈਰਿਟ ਵਿੱਚ 9ਵਾਂ ਸਥਾਨ ਹਾਸਲ ਕੀਤਾ ਹੈ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸ਼ਾਦੀਹਰੀ /ਰਾਏਧੜਾਨਾ ਦੀ ਵਿਦਿਆਰਥਣ ਗਗਨਦੀਪ ਕੌਰ ਜਿਸ ਨੇ 500 ਅੰਕਾਂ ਵਿੱਚੋਂ 485 ਅੰਕ ਪ੍ਰਾਪਤ ਕਰਕੇ ਸੂਬਾ ਪੱਧਰੀ ਮੈਰਿਟ ਵਿੱਚ 16ਵਾਂ ਸਥਾਨ ਹਾਸਲ ਕੀਤਾ ਹੈ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕਰਨ ਉਪਰੰਤ ਪੱਤਰਕਾਰਾਂ ਦੇ ਰੂਬਰੂ ਹੁੰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਮੇਰੇ ਲਈ ਮਾਨ ਦੀ ਗੱਲ ਹੈ ਕਿ ਮੇਰੇ ਹਲਕੇ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਸਿੱਖਿਆ ਦੇ ਨਾਲ ਨਾਲ



ਹੋਰ ਖੇਤਰ ਵਿੱਚ ਮੱਲਾ ਮਾਰ ਰਹੇ ਹਨ, ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਹੀ ਨਹੀਂ ਬਲਕਿ ਵਿਦੇਸ਼ਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਿੱਖਿਆ ਕ੍ਰਾਂਤੀ ਦੀ ਧੂਮ ਹੈ, ਦੇਸ਼ ਦੇ ਵੱਖ-ਵੱਖ ਸੂਬੇ ਜਿੱਥੇ ਪੰਜਾਬ ਦੇ ਸਿੱਖਿਆ ਮਾਡਲ ਨੂੰ ਅਪਨਾ ਰਹੇ ਹਨ ਉਥੇ ਹੀ ਵਿਦੇਸ਼ਾਂ ਵਿੱਚ ਵੀ ਪੰਜਾਬ ਦਾ ਸਿੱਖਿਆ ਮਾਡਲ ਲਾਗੂ ਹੋ ਰਿਹੈ। ਸਰਕਾਰ ਵੱਲੋਂ ਅਧਿਆਪਕਾਂ ਦੇ ਵਫਦ ਨੂੰ ਵਿਦੇਸ਼ਾਂ ਵਿੱਚ ਸਿੱਖਿਆ ਦੇ ਬਦਲਾਵ ਸਬੰਧੀ ਟ੍ਰੇਨਿੰਗ ਲੈਣ ਲਈ ਵੀ ਭੇਜਿਆ ਜਾ ਰਿਹੈ, ਜਿਸ ਦਿਨ ਤੋਂ ਪੰਜਾਬ ਅੰਦਰ ਆਮ ਆਦਮੀ ਪਾਰਟੀ ਨੇ ਸੱਤਾ ਸੰਭਾਲੀ ਹੈ, ਵਿਰੋਧੀ ਪਾਰਟੀਆਂ ਆਪਣੀ ਸਿਆਸੀ ਹੋਂਦ ਬਚਾਉਣ ਦੀ ਲੜਾਈ ਲੜ ਰਹੀਆਂ ਹਨ ਕਿਉਂਕਿ ਪੰਜਾਬ ਦੀ ਜਨਤਾ ਉਕਤ ਫਿਰਕਾਪ੍ਰਸਤ ਪਾਰਟੀਆਂ ਨੂੰ ਮੂੰਹ ਨਹੀਂ ਲਗਾ ਰਹੀ। ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਸਹੂਲਤਾਂ ਦੇ ਨਾਲ ਨਾਲ ਪੂਰਾ ਸਟਾਫ ਅਤੇ ਖੇਡ ਦੇ ਮੈਦਾਨ ਉਪਲਬਧ ਕਰਵਾਏ ਜਾ ਰਹੇ ਹਨ, ਉੱਥੇ ਹੀ ਬੱਚਿਆਂ ਨੂੰ ਸਿੱਖਿਆ ਵੱਲ ਪ੍ਰੇਰਿਤ ਕਰਨ ਲਈ ਵਿਸ਼ੇਸ਼ ਸੈਮੀਨਾਰਾਂ ਦਾ ਆਯੋਜਨ ਕੀਤਾ ਜਾਂਦਾ ਹੈ, ਉੱਥੇ ਹੀ ਅਧਿਆਪਕ ਮਾਪਿਆਂ ਦੀ ਵਿਸ਼ੇਸ਼ ਮੀਟਿੰਗ ਬੁਲਾਈ ਜਾਂਦੀ ਹੈ ਤਾਂ ਜੋ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਪੜ੍ਹਾਈ ਸਬੰਧੀ ਜਾਣਕਾਰੀ ਮਿਲ ਸਕੇ ਅਤੇ ਅਧਿਆਪਕ ਮਾਪਿਆਂ ਦਾ ਮਿਲਣ ਹੋਵੇ, ਮੰਤਰੀ ਗੋਇਲ ਨੇ ਦਾਅਵਾ ਕੀਤਾ ਕਿ ਉਹ ਦਿਨ ਦੂਰ ਨਹੀਂ ਜਦੋਂ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਿੱਚ ਪੰਜਾਬ ਹਰ ਖੇਤਰ ਵਿੱਚ ਦੇਸ਼ ਦਾ ਨੰਬਰ ਇੱਕ ਸੂਬਾ ਬਣ ਜਾਵੇਗਾ, ਲੋਕਾਂ ਨਾਲ ਕੀਤੇ ਸਾਰੇ ਵਾਅਦਿਆਂ ਨੂੰ ਪੂਰਾ ਕਰ ਦਿੱਤਾ ਗਿਆ ਹੈ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਹੂੰਝਾ ਫੇਰ ਜਿੱਤ ਪ੍ਰਾਪਤ ਕਰਕੇ ਸੱਤਾ ਵਿੱਚ ਆਵੇਗੀ ਅਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾ ਦੇਵੇਗੀ। ਇਸ ਮੌਕੇ ਮੰਤਰੀ ਗੋਇਲ ਦੇ ਭਰਾ ਨਰਿੰਦਰ ਗੋਇਲ, ਓਐਸਡੀ ਰਕੇਸ਼ ਕੁਮਾਰ ਗੁਪਤਾ ਵਿੱਕੀ ,ਹਰਪਾਲ ਸਿੰਘ ਕੋਆਰਡੀਨੇਟਰ ਹਲਕਾ ਲਹਿਰਾ, ਨੈਬ ਸਿੰਘ ਪਿੰਡ ਰਾਏਧਰਾਣਾ, ਸੁਖਦਰਸ਼ਨ ਸ਼ਰਮਾ ਬਲਾਕ ਸਮਤੀ ਮੈਂਬਰ, ਅਜੈਬ ਸਿੰਘ ਪਿੰਡ ਰਾਏਧਰਾਣਾ, ਸਕੂਲ ਸਟਾਫ ਤੋਂ ਇਲਾਵਾ ਹੋਰ ਵੀ ਆਪ ਆਗੂ ਅਤੇ ਵਲੰਟੀਅਰ ਹਾਜ਼ਰ ਸਨ। ਕੈਪਸ਼ਨ:---ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਅਤੇ ਸ਼੍ਰੀਮਤੀ ਕਾਂਤਾ ਗੋਇਲ +2( ਸੀਨੀਅਰ ਸੈਕੰਡਰੀ )ਦੇ ਨਤੀਜੇ ਵਿੱਚੋਂ ਪੰਜਾਬ ਭਰ ਵਿੱਚੋਂ ਮੈਰਿਟ ਵਿੱਚ ਆਉਣ ਵਾਲੇ ਵਿਦਿਆਰਥੀਆਂ ਦਾ ਸਨਮਾਨ ਕਰਦੇ ਹੋਏ।

## ਜਲ ਸਪਲਾਈ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜਮਾਂ ਵੱਲੋਂ ਕੈਬਨਿਟ ਮੰਤਰੀ ਹਰਦੀਪ ਮੁੰਡੀਆ ਅਤੇ ਹੈਡ ਆਫਿਸ ਪਟਿਆਲੇ ਦਾ ਘੇਰਾਓ ਕਰਕੇ ਮੋਰਚਾ ਲਗਾਉਣ ਦਾ ਐਲਾਨ

**ਇਨਲਸਿਟਮੈਂਟ/ਆਊਟਸੋਰਸ ਵਰਕਰਾਂ ਨੂੰ ਵਿਭਾਗ 'ਚ ਮਰਜ ਕਰਕੇ ਪੱਕੇ ਰੁਜਗਾਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਜਾਵੇ - ਵਰਿੰਦਰ ਸਿੰਘ ਮੋਮੀ**

ਫ਼ਾਜ਼ਿਲਕਾ 25 ਮਈ (ਮਨੋਜ ਕੁਮਾਰ) - ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਬੀਤੇ ਦਿਨ ਲੁਧਿਆਣਾ ਵਿਖੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ, ਜਿਸਦੀ ਕਾਰਵਾਈ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਧੇਵਾਲ ਵੱਲੋਂ ਚਲਾਈ ਗਈ। ਇਸ ਮੀਟਿੰਗ ਸਬੰਧੀ ਅੱਜ ਇਥੇ ਪ੍ਰੈਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਧੇਵਾਲ ਅਤੇ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗੁਵਾਈ ਵਾਲੀ ਵਰਤਮਾਨ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਪਿਛਲੀਆਂ ਵਿਧਾਨ ਸਭਾ ਚੋਣਾਂ-2022 ਦੌਰਾਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਵਿਚ ਪੇਂਡੂ ਜਲ ਸਪਲਾਈ ਸਕੀਮਾਂ ਤੇ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਮੈਂਟ/ਆਊਟਸੋਰਸ ਠੇਕਾ ਮੁਲਾਜਮਾਂ ਦਾ ਰੁਜਗਾਰ ਪੱਕਾ ਕਰਨ ਲਈ ਵਾਅਦਾ ਕੀਤਾ ਗਿਆ ਸੀ ਪਰ ਤ੍ਰਾਸਦੀ ਇਹ ਹੈ ਕਿ ਪੰਜਾਬ ਸਰਕਾਰ ਨੇ ਸਾਢੇ 4 ਸਾਲਾਂ ਤੋਂ ਸਿਰਫ ਲਾਰਿਆ ਵਿਚ ਰੱਖਿਆ ਹੋਇਆ ਹੈ ਕਿਉਂਕਿ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ 19 ਮਈ 2026 ਨੂੰ ਪੰਜਾਬ ਭਵਨ, ਚੰਡੀਗੜ੍ਹ ਵਿਖੇ ਮੀਟਿੰਗ ਕਰਕੇ ਈ.ਪੀ.ਐਫ., ਈ.ਐਸ.ਆਈ.ਸੀ. ਸਮੇਤ ਤਮਾਮ ਸਹੂਲਤਾਂ ਦਾ ਪ੍ਰਬੰਧ ਕਰਨ ਵਾਲੀ



ਪਾਲਸੀ ਅਧੀਨ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ ਅਤੇ ਆਊਟਸੋਰਸ ਵਰਕਰਾਂ ਦਾ ਪੱਕਾ ਰੁਜਗਾਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਕੈਬਨਿਟ-ਸਬ-ਕਮੇਟੀ ਵੱਲੋਂ 18 ਮਈ ਨੂੰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਅਤੇ ਸਬ ਕਮੇਟੀ ਵੱਲੋਂ ਠੇਕਾ ਮੁਲਾਜਮ ਵਿਰੋਧੀ ਅਪਨਾਏ ਜਾ ਰਹੇ ਰਵੱਈਏ ਦੇ ਵਿਰੋਧ ਵਿੱਚ 'ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ' ਵੱਲੋਂ ਭਵਿੱਖ ਵਿੱਚ ਤਿੱਖੇ ਸੰਘਰਸ਼ਾਂ ਦਾ ਫੈਸਲਾ ਕੀਤਾ ਗਿਆ, ਜਿਸ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਮਿਤੀ 28 ਮਈ 2026 ਤੋਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੀ ਕੋਠੀ ਅਤੇ ਵਿਭਾਗ ਦੇ ਹੈਡ ਆਫਿਸ ਪਟਿਆਲਾ ਦਾ ਘੇਰਾਓ ਕਰਕੇ ਵਰਕਰਾਂ ਵੱਲੋਂ ਆਪਣੇ ਪਰਿਵਾਰ-ਬੱਚਿਆਂ ਸਮੇਤ ਲਗਾਤਾਰ ਮੋਰਚਾ ਲਗਾਇਆ ਜਾਵੇਗਾ। ਜਿਸ ਵਿੱਚ ਵਰਕਰ ਆਪਣੇ ਪਰਿਵਾਰਾਂ ਅਤੇ ਬੱਚਿਆ ਸਮੇਤ ਸ਼ਾਮਲ ਹੋਣਗੇ। ਪੰਜਾਬ ਸਰਕਾਰ ਵੱਲੋਂ ਜੇਕਰ ਫਿਰ ਵੀ ਇਨਲਿਸਟਮੈਂਟ ਅਤੇ ਆਊਟਸੋਰਸ ਮੁਲਾਜਮਾਂ ਨੂੰ ਵਿਭਾਗ ਵਿੱਚ ਕੰਟਰੈਕਟ ਅਧੀਨ ਲੈ ਕੇ ਰੈਗੂਲਰ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ ਤਾਂ ਯੂਨੀਅਨ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਵੇਗੀ। ਉਨ੍ਹਾਂ ਮੰਗ ਕੀਤੀ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਅਤੇ ਦਫਤਰਾਂ ਵਿਚ ਵੱਖ-ਵੱਖ ਪੋਸਟਾਂ 'ਤੇ ਰੈਗੂਲਰ ਮੁਲਾਜਮਾਂ ਵਾਂਗ ਪਿਛਲੇ 15 ਤੋਂ 20 ਸਾਲਾਂ ਦੇ ਲੰਬੇ ਅਰਸੇ ਤੋਂ ਇਕ ਵਰਕਰ ਦੇ ਰੂਪ 'ਚ ਲਗਾਤਾਰ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜਮਾਂ ਨੂੰ ਵਿਭਾਗ 'ਚ ਮਰਜ ਕਰਕੇ ਈ.ਪੀ.ਐਫ. ਅਤੇ ਈ.ਐਸ.ਆਈ.ਸੀ. ਵਰਗੀਆਂ ਤਮਾਮ ਸਹੂਲਤਾਂ ਦੇਣ ਵਾਲੀ ਪਾਲਸੀ ਅਧੀਨ 'ਪੱਕੇ ਰੁਜਗਾਰ' ਦਾ ਪ੍ਰਬੰਧ ਕੀਤਾ ਜਾਵੇ। ਰਿਟਾਇਰਮੈਂਟ ਉਪਰੰਤ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਲਈ ਪੈਨਸ਼ਨ ਅਤੇ ਗਰੈਚੁਟੀ ਦੇ ਲਾਭ ਦੀ ਅਦਾਇਗੀ ਕੀਤੀ ਜਾਵੇ। 50 ਲੱਖ ਰੁਪਏ ਦੀ ਅਦਾਇਗੀ ਦੇ ਨਾਲ ਨਾਲ ਪਰਿਵਾਰ ਦੇ ਇੱਕ ਜੀਅ ਲਈ ਨੌਕਰੀ ਦਾ ਪ੍ਰਬੰਧ ਕੀਤਾ ਜਾਵੇ। ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਵਿੱਚ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਸ਼ਾਮਲ ਕਰਕੇ ਤਨਖਾਹ ਨਿਸ਼ਚਿਤ ਕੀਤੀ ਜਾਵੇ। ਸੇਵਾ ਸਮੇਂ ਦੌਰਾਨ ਹੋਣ ਵਾਲੇ ਗੈਰ-ਘਾਤਕ ਹਾਦਸਿਆਂ 100% ਭਰਪਾਈ ਵਿਭਾਗ ਵੱਲੋਂ ਕਰਨ ਦੀ ਗਰੰਟੀ ਕੀਤੀ ਜਾਵੇ। ਘਾਤਕ ਹਾਦਸਿਆਂ ਦੀ ਸੂਰਤ ਵਿੱਚ ਘੱਟੋ-ਘੱਟ ਪਰਿਵਾਰ ਨੂੰ 50 ਲੱਖ ਰੁਪਏ ਮੁਆਵਜ਼ੇ ਦੀ ਅਦਾਇਗੀ ਦੇ ਨਾਲ ਪਰਿਵਾਰ ਦੇ ਇਕ ਜੀਅ ਨੂੰ ਪੱਕੀ ਨੌਕਰੀ ਅਤੇ ਪੈਨਸ਼ਨ ਦਾ ਪ੍ਰਬੰਧ ਕੀਤਾ ਜਾਵੇ। ਨਿੱਜੀਕਰਨ/ਪੰਚਾਇਤੀਕਰਨ ਦੀਆਂ ਨੀਤੀਆਂ ਰੱਦ ਕੀਤੀਆਂ ਜਾਣ। ਇੰਨਲਿਸਟਮੈਂਟ ਠੇਕਾ ਅਧਾਰਿਤ ਵਰਕਰਾਂ ਨੂੰ ਈ.ਪੀ.ਐਫ. ਅਤੇ ਈ.ਐਸ.ਆਈ. ਸਕੀਮ ਅਧੀਨ ਲਿਆਂਦਾ ਜਾਵੇ। ਇਸ ਮੀਟਿੰਗ ਵਿੱਚ ਵੱਖ ਵੱਖ ਜ਼ਿਲ੍ਹਿਆ ਤੋਂ ਸੂਬਾ ਆਗੂ, ਜਿਲਾ ਅਤੇ ਬ੍ਰਾਂਚ ਆਗੂਆਂ ਨੇ ਸ਼ਿਰਕਤ ਕੀਤੀ। ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਵੱਲੋਂ 28 ਮਈ ਨੂੰ ਹੈਡ ਆਫਿਸ ਪਟਿਆਲਾ ਵਿਖੇ ਪੰਜਾਬ ਭਰ ਦੇ ਜਲ ਸਪਲਾਈ ਵਰਕਰਾਂ ਨੂੰ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਵੱਡੇ ਕਾਫਲਿਆਂ ਦੇ ਰੂਪ ਵਿੱਚ ਪਹੁੰਚਣ ਦਾ ਸੱਦਾ ਦਿੱਤਾ ਗਿਆ।

## ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ-2026 ਅੱਜ, ਸਮੁੱਚੇ ਪ੍ਰਬੰਧ ਮੁਕੰਮਲ-ਜ਼ਿਲ੍ਹਾ ਚੋਣ ਅਫਸਰ

**• ਪੋਲਿੰਗ ਪਾਰਟੀਆਂ ਚੋਣ ਸਮੱਗਰੀ ਸਮੇਤ ਰਵਾਨਾ**

ਫ਼ਤਹਿਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ) ਪੰਜਾਬ ਰਾਜ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ 26 ਮਈ ਨੂੰ ਹੋਣ ਵਾਲੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ-2026 ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ, ਪੋਲਿੰਗ ਪਾਰਟੀਆਂ ਨੂੰ ਅੱਜ, ਉਨ੍ਹਾਂ ਦੇ ਨਿਰਧਾਰਤ ਪੋਲਿੰਗ ਸਟੇਸ਼ਨਾਂ ਲਈ ਚੋਣ ਸਮੱਗਰੀ ਸਮੇਤ ਰਵਾਨਾ ਕਰ ਦਿੱਤਾ ਗਿਆ ਹੈ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਬਿਨਾਂ ਕਿਸੇ ਡਰ ਜਾਂ ਲਾਲਚ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੇ ਸ਼ਾਂਤੀਪੂਰਨ, ਨਿਰਪੱਖ



ਅਤੇ ਪਾਰਦਰਸ਼ੀ ਚੋਣ ਪ੍ਰਕਿਰਿਆ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਪ੍ਰਬੰਧ ਮੁਕੰਮਲ ਕਰ ਲਏ ਹਨ। ਉਨ੍ਹਾਂ ਭਰੋਸਾ ਦਿਵਾਇਆ ਕਿ ਹਰੇਕ ਵੋਟਰ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ ਦੀ ਰਾਖੀ ਲਈ ਪੁਖਤਾ ਇੰਤਜ਼ਾਮ ਕੀਤੇ ਗਏ ਹਨ। ਉਨ੍ਹਾਂ ਨੇ ਵੋਟਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਚੋਣ ਜ਼ਾਬਤੇ ਦੀ ਪਾਲਣਾ ਕਰਨ ਅਤੇ ਪੋਲਿੰਗ ਸਟੇਸ਼ਨਾਂ @ਤੇ ਸ਼ਾਂਤੀ ਬਣਾਈ ਰੱਖਣ ਵਿੱਚ ਸਹਿਯੋਗ ਦੇਣ। ਉਨ੍ਹਾ ਦੱਸਿਆ ਕਿ ਨਗਰ ਕੌਂਸਲ ਸਰਹਿੰਦ-ਫਤਹਿਗੜ੍ਹ ਸਾਹਿਬ ਲਈ ਪੋਲਿੰਗ ਪਾਰਟੀਆਂ ਨੂੰ ਮਾਤਾ ਗੁਜਰੀ ਸਕੂਲ ਆਫ ਐਮੀਨੈਂਸ ਫਤਹਿਗੜ੍ਹ ਸਾਹਿਬ ਤੋਂ ਰਵਾਨਾ ਕੀਤਾ ਗਿਆ, ਇਸੇ ਤਰ੍ਹਾਂ ਨਗਰ ਕੌਂਸਲ ਮੰਡੀ ਗੋਬਿੰਦਗੜ੍ਹ ਲਈ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਅਮਲੋਹ ਤੋਂ ਪੋਲਿੰਗ ਪਾਰਟੀਆਂ ਨੂੰ ਚੋਣ ਸਮੱਗਰੀ ਸਮੇਤ ਰਵਾਨਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਬਸੀ ਪਠਾਣਾ ਲਈ ਆਈ.ਟੀ.ਆਈ.ਬਸੀ ਪਠਾਣਾ ਅਤੇ ਨਗਰ ਪੰਚਾਇਤ ਖਮਾਣੋਂ ਲਈ ਸਕੂਲ ਆਫ ਐਮੀਨੈਂਸ ਖਮਾਣੋਂ ਤੋਂ ਪੋਲਿੰਗ ਪਾਰਟੀਆਂ ਨੂੰ ਸਮੇਤ ਚੋਣ ਸਮੱਗਰੀ ਰਵਾਨਾ ਕੀਤਾ ਗਿਆ। ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਵੋਟਾਂ ਦੇ ਕੰਮ ਨੂੰ ਪਾਰਦਰਸ਼ੀ ਅਤੇ ਸੁਖਾਵੇਂ ਮਾਹੌਲ ਵਿੱਚ ਨੇਪਰੇ ਚੜ੍ਹਾਉਣ ਲਈ ਚੋਣ ਅਮਲੇ ਵਿੱਚ 1057 ਅਧਿਕਾਰੀ ਤੇ ਕਰਮਚਾਰੀ ਅਤੇ ਸੁਰੱਖਿਆ ਪੱਖੋਂ 870 ਪੁਲਿਸ ਮੁਲਾਜਮ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 141 ਬੂਥ ਬਣਾਏ ਗਏ ਹਨ, ਜਿਸ ਵਿੱਚੋਂ 02 ਬੂਥਾਂ ਲਈ ਇੱਕ ਉਮੀਦਵਾਰ ਬਿਨ੍ਹਾਂ ਚੋਣ ਜੇਤੂ ਐਲਾਨਿਆ ਗਿਆ ਹੈ ਅਤੇ 139 ਬੂਥਾਂ ਲਈ 139 ਪੋਲਿੰਗ ਪਾਰਟੀਆਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ 50 ਬੂਥ ਸੰਵੇਦਨਸ਼ੀਲ ਹਨ ਅਤੇ 21 ਬੂਥ ਅਤਿ ਸੰਵੇਦਨਸ਼ੀਲ ਹਨ।

## ਪੰਜਾਬੀ ਯੂਨੀਵਰਸਿਟੀ ਦੇ 24 ਖਿਡਾਰੀਆਂ ਨੂੰ ਪੰਜਾਬ ਸਰਕਾਰ ਨੇ ਵੱਕਾਰੀ ਮਹਾਰਾਜਾ ਰਣਜੀਤ ਸਿੰਘ ਖੇਡ ਐਵਾਰਡ ਨਾਲ਼ ਸਨਮਾਨਿਆ

**• ਸ਼ੂਟਰ ਅਮਨਪ੍ਰੀਤ ਸਿੰਘ ਨੂੰ 1.54 ਕਰੋੜ ਰੁਪਏ ਅਤੇ ਤੀਰਅੰਦਾਜ਼ ਪਰਨੀਤ ਕੌਰ ਨੂੰ ਮਿਲੇ 19.5 ਲੱਖ ਰੁਪਏ**

**• ਐਵਾਰਡ ਹਾਸਲ ਕਰਨ ਵਾਲੇ ਬਾਕੀ ਸਾਰੇ ਖਿਡਾਰੀਆਂ ਨੂੰ ਵੀ ਪੰਜ-ਪੰਜ ਲੱਖ ਰੁਪਏ ਦੀ ਰਾਸ਼ੀ ਹੋਈ ਪ੍ਰਾਪਤ**

ਪਟਿਆਲਾ, 25 ਮਈ (ਰਾਜਿੰਦਰ ਸਿੰਘ ਥਿੰਦ) ਪੰਜਾਬੀ ਯੂਨੀਵਰਸਿਟੀ ਲਈ ਮਾਣ ਵਾਲੀ ਗੱਲ ਹੈ ਕਿ ਯੂਨੀਵਰਸਿਟੀ ਅਤੇ ਇਸ ਨਾਲ਼ ਸਬੰਧਤ ਕਾਲਜਾਂ ਦੇ ਵੱਖ-ਵੱਖ ਖੇਡਾਂ ਦੇ 24 ਹੋਣਹਾਰ ਖਿਡਾਰੀਆਂ ਨੂੰ ਮਾਣਯੋਗ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਮਾਨ ਵੱਲੋਂ ਇੱਕ ਵਿਸ਼ੇਸ਼ ਸਮਾਰੋਹ ਦੌਰਾਨ ਵੱਕਾਰੀ @ਮਹਾਰਾਜਾ ਰਣਜੀਤ ਸਿੰਘ ਖੇਡ ਐਵਾਰਡ@ ਨਾਲ ਸਨਮਾਨਿਤ ਕੀਤਾ ਗਿਆ। ਇਨ੍ਹਾਂ ਖਿਡਾਰੀਆਂ ਨੂੰ ਇਹ ਐਵਾਰਡ ਸਾਲ 2018 ਤੋਂ 2023 ਦੌਰਾਨ ਉਨ੍ਹਾਂ ਵੱਲੋਂ ਰਾਸ਼ਟਰੀ ਅਤੇ ਅੰਤਰ-ਰਾਸ਼ਟਰੀ ਪੱਧਰ @ਤੇ ਕੀਤੇ ਗਏ ਸ਼ਾਨਦਾਰ ਪ੍ਰਦਰਸ਼ਨ ਕਰ ਕੇ ਯੂਨੀਵਰਸਿਟੀ ਅਤੇ ਸੂਬੇ ਦਾ ਨਾਮ ਰੌਸ਼ਨ ਕਰਨ ਲਈ ਦਿੱਤੇ ਗਏ ਹਨ। ਯੂਨੀਵਰਸਿਟੀ ਤੋਂ ਖੇਡ ਨਿਰਦੇਸ਼ਕ ਡਾ. ਗੁਰਦੀਪ ਕੌਰ ਰੰਧਾਵਾ ਨੇ ਦੱਸਿਆ ਕਿ ਇਸ ਖੇਡ ਸਮਾਰੋਹ ਦੌਰਾਨ ਅੰਤਰ-ਰਾਸ਼ਟਰੀ ਪੱਧਰ ਦੇ ਸ਼ੂਟਿੰਗ ਖਿਡਾਰੀ ਅਮਨਪ੍ਰੀਤ ਸਿੰਘ ਨੂੰ 1.54 ਕਰੋੜ ਰੁਪਏ ਅਤੇ ਅੰਤਰ-ਰਾਸ਼ਟਰੀ ਤੀਰਅੰਦਾਜ਼ ਖਿਡਾਰਨ ਪਰਨੀਤ ਕੌਰ ਨੂੰ 19.5 ਲੱਖ ਰੁਪਏ ਦੀ ਨਕਦ ਰਾਸ਼ੀ ਦੇ ਚੈੱਕ ਦੇ ਕੇ ਵਿਸ਼ੇਸ਼ ਤੌਰ @ਤੇ ਨਿਵਾਜਿਆ ਗਿਆ। ਉਨ੍ਹਾਂ ਦੱਸਿਆ ਕਿ ਐਵਾਰਡ ਹਾਸਲ ਕਰਨ ਵਾਲੇ ਬਾਕੀ ਸਾਰੇ ਖਿਡਾਰੀਆਂ ਨੂੰ ਵੀ ਪੰਜ ਲੱਖ ਰੁਪਏ ਦੀ ਰਾਸ਼ੀ ਪ੍ਰਾਪਤ ਹੋਈ ਹੈ।ਐਵਾਰਡ ਪ੍ਰਾਪਤ ਕਰਨ ਵਾਲੇ ਹੋਰਨਾਂ ਪ੍ਰਮੁੱਖ ਖਿਡਾਰੀਆਂ ਵਿੱਚ ਸਾਈਕਲਿੰਗ ਖਿਡਾਰੀ ਹਰਸ਼ਵੀਰ ਸਿੰਘ ਸੇਖੋਂ, ਵਿਸ਼ਵਦੀਪ ਸਿੰਘ ਭੰਗੂ, ਰਾਜਬੀਰ ਸਿੰਘ



ਮੁੰਡੀ ਅਤੇ ਨਮਨ ਕਪਿਲ ਸ਼ਾਮਲ ਹਨ। ਐਥਲੈਟਿਕਸ ਵਿੱਚ ਹਰਮਿਲਨ ਬੈਂਸ, ਜੂਡੋ ਵਿੱਚ ਹਰਸ਼ਪ੍ਰੀਤ ਸਿੰਘ ਅਤੇ ਹਰਸ਼ਦੀਪ ਸਿੰਘ ਬਰਾੜ ਨੂੰ ਸਨਮਾਨਿਤ ਕੀਤਾ ਗਿਆ। ਫੈਂਸਿੰਗ ਖਿਡਾਰਨ ਐਨਾ ਅਰੋੜਾ ਅਤੇ ਜਸਸੀਰਤ ਸਿੰਘ ਨੇ ਇਹ ਵੱਕਾਰੀ ਐਵਾਰਡ ਹਾਸਲ ਕੀਤਾ। ਤੀਰਅੰਦਾਜ਼ੀ ਦੇ ਖੇਤਰ ਵਿੱਚ ਸੰਗਮਪ੍ਰੀਤ ਸਿੰਘ ਤੇ ਪ੍ਰਭਜੋਤ ਕੌਰ, ਸੁਖਬੀਰ ਸਿੰਘ ਅਤੇ ਰਾਜ ਕੌਰ ਨੂੰ ਐਵਾਰਡ ਨਾਲ ਨਿਵਾਜਿਆ ਗਿਆ। ਕੁਸ਼ਤੀ ਵਿੱਚ ਸੰਦੀਪ ਸਿੰਘ ਅਤੇ ਰੂਬਲਜੀਤ ਸਿੰਘ ਤੋਂ ਇਲਾਵਾ ਵੇਟਲਿਫਟਿੰਗ ਵਿੱਚ ਹਰਜਿੰਦਰ ਕੌਰ ਅਤੇ ਕਬੱਡੀ ਵਿੱਚ ਗੁਰਲਾਲ ਸਿੰਘ ਘਨੌਰ ਨੂੰ ਸਨਮਾਨਿਤ ਕੀਤਾ ਗਿਆ। ਹੈਂਡਬਾਲ ਖੇਡ ਵਿੱਚ ਸ਼ਾਨਦਾਰ ਪ੍ਰਦਰਸ਼ਨ ਬਦਲੇ ਚਾਰ ਖਿਡਾਰੀਆਂ ਕਰਮਜੀਤ ਸਿੰਘ, ਮਨਦੀਪ ਕੌਰ, ਹਰਜਿੰਦਰ ਸਿੰਘ ਅਤੇ ਮਨਪ੍ਰੀਤ ਸਿੰਘ ਨੂੰ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਕੈਨੋਇੰਗ ਵਿੱਚ ਜਸਮੀਤ ਕੌਰ, ਕੈਯਾਕਿੰਗ ਵਿੱਚ ਅਵਤਾਰ ਸਿੰਘ ਅਤੇ ਰੋਇੰਗ ਵਿੱਚ ਜਸਪਾਲ ਸਿੰਘ ਨੂੰ ਇਸ ਵੱਕਾਰੀ ਰਾਜ ਪੱਧਰੀ ਪੁਰਸਕਾਰ ਨਾਲ ਨਿਵਾਜਿਆ ਗਿਆ। ਇਸ ਇਤਿਹਾਸਕ ਪ੍ਰਾਪਤੀ @ਤੇ ਪੰਜਾਬੀ ਯੂਨੀਵਰਸਿਟੀ ਦੇ ਉਪ-ਕੁਲਪਤੀ ਅਤੇ ਹੋਰ ਸੀਨੀਅਰ ਅਧਿਕਾਰੀਆਂ ਵੱਲੋਂ ਸਮੂਹ ਜੇਤੂ ਖਿਡਾਰੀਆਂ, ਉਨ੍ਹਾਂ ਦੇ ਕੋਚ ਸਾਹਿਬਾਨ ਅਤੇ ਸਬੰਧਤ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ ਨੂੰ ਹਾਰਦਿਕ ਵਧਾਈ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਖਿਡਾਰੀਆਂ ਨੇ ਯੂਨੀਵਰਸਿਟੀ ਦਾ ਨਾਮ ਕੌਮਾਂਤਰੀ ਪੱਧਰ @ਤੇ ਚਮਕਾਇਆ ਹੈ ਅਤੇ ਇਨ੍ਹਾਂ ਦੀ ਇਹ ਸਫਲਤਾ ਬਾਕੀ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਸਰੋਤ ਬਣੇਗੀ।

## ਪੰਜਾਬ ਦੇ ਲੋਕਾਂ ਨੂੰ ਰਾਹਤ ਦੇਣ ਲਈ ਪੈਟਰੋਲ ਅਤੇ ਡੀਜ਼ਲ 'ਤੇ ਘੱਟੋ-ਘੱਟ 10 ਰੁਪਏ ਪ੍ਰਤੀ ਲੀਟਰ ਵੈਟ ਘਟਾਇਆ ਜਾਵੇ - ਬੱਲੀਏਵਾਲ



ਲੁਧਿਆਣਾ, 25 ਮਈ (ਸੂਰਜ) ਭਾਜਪਾ ਪੰਜਾਬ ਦੇ ਸੂਬਾ ਬੁਲਾਰੇ ਪ੍ਰਿਤਪਾਲ ਸਿੰਘ ਬੱਲੀਏਵਾਲ ਨੇ ਅੱਜ ਪੰਜਾਬ ਸਰਕਾਰ ਨੂੰ ਤੇਲ ਦੀਆਂ ਵਧ ਰਹੀਆਂ ਕੀਮਤਾਂ ਦੇ ਮਾਮਲੇ 'ਚ ਦੋਗਲੇ ਮਾਪਦੰਡ ਅਪਣਾਉਣ ਲਈ ਘੇਰਿਆ। ਉਨ੍ਹਾਂ ਕਿਹਾ ਕਿ ਇਕ ਪਾਸੇ ਪੰਜਾਬ ਸਰਕਾਰ ਲਗਾਤਾਰ ਕੇਂਦਰ ਸਰਕਾਰ ਨੂੰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਲਈ ਦੋਸ਼ ਦੇ ਰਹੀ ਹੈ, ਜਦਕਿ ਦੂਜੇ ਪਾਸੇ ਖੁਦ ਭਾਰੀ ਟੈਕਸ ਲਗਾ ਕੇ ਇਸ ਤੋਂ ਵੱਡੀ ਆਮਦਨ ਕਮਾ ਰਹੀ ਹੈ। ਬੱਲੀਏਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਇਸ ਸਮੇਂ ਪੈਟਰੋਲ 'ਤੇ 16.58% ਵੈਟ ਦੇ ਨਾਲ 10% ਵਾਧੂ ਟੈਕਸ ਲਗਾ ਰਹੀ ਹੈ, ਜਿਸ ਨਾਲ ਕਰੀਬ ?18-19 ਪ੍ਰਤੀ ਲੀਟਰ ਟੈਕਸ ਵਸੂਲਿਆ ਜਾ ਰਿਹਾ ਹੈ। ਇਸੇ ਤਰ੍ਹਾਂ ਡੀਜ਼ਲ 'ਤੇ 13.10% ਵੈਟ ਅਤੇ 10% ਵਾਧੂ ਟੈਕਸ ਲਗਾ ਕੇ ਕਰੀਬ ?13-14 ਪ੍ਰਤੀ ਲੀਟਰ ਵਸੂਲੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਾਰ-ਵਾਰ ਕੇਂਦਰ ਸਰਕਾਰ 'ਤੇ ਇਲਜ਼ਾਮ ਲਗਾਉਂਦੀ ਹੈ, ਪਰ ਇਹ ਨਹੀਂ ਦੱਸਦੀ ਕਿ ਰਾਜ ਸਰਕਾਰ ਆਪਣੇ ਟੈਕਸਾਂ ਰਾਹੀਂ ਕਿੰਨੀ ਵੱਡੀ ਆਮਦਨ ਇਕੱਠੀ ਕਰ ਰਹੀ ਹੈ ਅਤੇ ਲੋਕਾਂ ਨੂੰ ਕੋਈ ਰਾਹਤ ਦੇਣ ਲਈ ਤਿਆਰ ਨਹੀਂ। ਬੱਲੀਏਵਾਲ ਨੇ ਕਿਹਾ, ਕੇਂਦਰ ਸਰਕਾਰ ਨੇ ਪਹਿਲਾਂ ਲੋਕਾਂ ਨੂੰ ਰਾਹਤ ਦੇਣ ਲਈ ਐਕਸਾਈਜ਼ ਡਿਊਟੀ ਵਿੱਚ ?13 ਪ੍ਰਤੀ ਲੀਟਰ ਤੱਕ ਕਟੌਤੀ ਕੀਤੀ ਸੀ। ਪਰ ਪੰਜਾਬ ਸਰਕਾਰ ਨੇ ਲੋਕਾਂ ਨੂੰ ਰਾਹਤ ਦੇਣ ਦੀ ਬਜਾਏ ਆਪਣੀ ਕਮਾਈ ਵਧਾਉਣ ਨੂੰ ਤਰਜੀਹ ਦਿੱਤੀ।ਉਨ੍ਹਾਂ ਨੇ ਆਮ ਆਦਮੀ ਪਾਰਟੀ ਸਰਕਾਰ 'ਤੇ ਸਿਆਸੀ ਨਾਟਕ ਕਰਨ ਦਾ ਦੋਸ਼ ਲਗਾਉਂਦੇ ਹੋਏ ਕਿਹਾ ਕਿ ਆਮ ਲੋਕ, ਟਰਾਂਸਪੋਰਟਰ, ਕਿਸਾਨ ਅਤੇ ਛੋਟੇ ਵਪਾਰੀ ਮਹਿੰਗਾਈ ਅਤੇ ਵਧ ਰਹੀਆਂ ਲਾਗਤਾਂ ਕਾਰਨ ਪਹਿਲਾਂ ਹੀ ਪਰੇਸ਼ਾਨ ਹਨ।ਉਨ੍ਹਾਂ ਕਿਹਾ ਕਿ ਜਦੋਂ ਲੋਕ ਆਰਥਿਕ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ, ਉਸ ਸਮੇਂ ਸਰਕਾਰਾਂ ਨੂੰ ਲੋਕ ਭਲਾਈ ਨੂੰ ਪਹਿਲ ਦੇਣੀ ਚਾਹੀਦੀ ਹੈ ਨਾ ਕਿ ਲੋਕਾਂ 'ਤੇ ਵਾਧੂ ਬੋਝ ਪਾ ਕੇ ਆਮਦਨ ਵਧਾਉਣੀ ਚਾਹੀਦੀ ਹੈ।ਬੱਲੀਏਵਾਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਲੋਕਾਂ ਨੂੰ ਤੁਰੰਤ ਰਾਹਤ ਦੇਣ ਲਈ ਪੈਟਰੋਲ ਅਤੇ ਡੀਜ਼ਲ 'ਤੇ ਘੱਟੋ-ਘੱਟ ?10 ਵੈਟ ਘਟਾਉਣ ਦਾ ਐਲਾਨ ਕੀਤਾ ਜਾਵੇ। ਉਨ੍ਹਾਂ ਕਿਹਾ, ਇਹ ਸਮਾਂ ਲੋਕਾਂ ਦੇ ਨਾਲ ਖੜ੍ਹਨ ਅਤੇ ਉਨ੍ਹਾਂ ਦਾ ਬੋਝ ਘਟਾਉਣ ਦਾ ਹੈ, ਨਾ ਕਿ ਉਨ੍ਹਾਂ ਦੀਆਂ ਮੁਸ਼ਕਲਾਂ ਤੋਂ ਮੁਨਾਫ਼ਾ ਕਮਾਉਣ ਦਾ।

### ਜ਼ਿਲ੍ਹਾ ਤੇ ਸੈਸ਼ਨ ਜੱਜ ਵੱਲੋਂ ਕੇਂਦਰੀ, ਬੋਰਸਟਲ ਤੇ ਜਨਾਨਾ ਜੇਲ੍ਹਾਂ ਦੀ ਅਚਨਚੇਤ ਚੈਕਿੰਗ,ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ



ਲੁਧਿਆਣਾ, 25 ਮਈ - (ਝੱਜ ਉਮੈਦਪੁਰ)-ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਮੈਡਮ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ, ਲੁਧਿਆਣਾ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜ਼ਿਲ੍ਹਾ ਤੇ ਸੈਸ਼ਨ ਜੱਜ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੰਟ ਸਹਿਬਾਨਾਂ ਦੀ ਦੇਖ ਰੇਖ ਹੇਠ ਵੱਖ-ਵੱਖ ਹਵਾਲਾਤੀਆਂ ਅਤੇ ਕੈਦੀਆਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸੁਣਿਆ ਗਿਆ ਅਤੇ ਮੌਕੇ 'ਤੇ ਹੀ ਜੇਲ੍ਹ ਅਧਿਕਾਰੀਆਂ ਨੂੰ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਤੁਰੰਤ ਕਰਨ ਦੇ ਹੁਕਮ ਜਾਰੀ ਕੀਤੇ ਗਏ। ਉਨ੍ਹਾਂ ਜੇਲ੍ਹ ਬੰਦੀਆਂ ਨੂੰ ਦੱਸਿਆ ਕਿ ਜਿਹੜੇ ਬੰਦੀ ਆਪਣੇ ਕੇਸ ਦੀ ਪੈਰਵੀ ਲਈ ਆਪਣੇ ਪ੍ਰਾਈਵੇਟ ਪੱਧਰ 'ਤੇ ਐਡਵੋਕੇਟ ਹਾਇਰ ਕਰਨ ਵਿੱਚ ਅਸਮਰਥ ਹਨ, ਉਹ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਤੋਂ ਮੁਫਤ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਵੱਲੋਂ ਜੇਲ੍ਹ ਬੰਦੀਆਂ ਨੂੰ ਇਹ ਵੀ ਦੱਸਿਆ ਗਿਆ ਕਿ ਮੁਫਤ ਕਾਨੂੰਨੀ ਸਹਾਇਤਾ ਲੈਣ ਲਈ ਉਨ੍ਹਾਂ ਵੱਲੋਂ ਜੇਲ੍ਹ ਵਿੱਚ ਖੋਲ੍ਹੇ ਹੋਏ ਲੀਗਲ ਏਡ ਕਲੀਨਿਕ ਵਿੱਚ ਪੇਸ਼ ਹੋ ਕੇ ਕਾਨੂੰਨੀ ਸਹਾਇਤਾ ਦਾ ਫਾਰਮ ਭਰਵਾਇਆ ਜਾ ਸਕਦਾ ਹੈ। ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਮੈਡਮ ਹਰਪ੍ਰੀਤ ਕੌਰ ਰੰਧਾਵਾ ਵੱਲੋਂ ਕੇਂਦਰੀ ਜੇਲ੍ਹ, ਬੋਰਸਟਲ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਸੁਪਰਡੰਟ ਨੂੰ ਜੇਲ੍ਹ ਵਿੱਚ ਪਾਈਆਂ ਗਈਆਂ ਕਮੀਆਂ ਬਾਬਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਅਤੇ ਹਦਾਇਤ ਕੀਤੀ ਗਈ ਕਿ ਪਾਈਆਂ ਗਈਆਂ ਕਮੀਆਂ 'ਤੇ ਤੁਰੰਤ ਅਮਲ ਸਬੰਧੀ ਰਿਪੋਰਟ ਪੇਸ਼ ਕੀਤੀ ਜਾਵੇ। ਇਸ ਮੌਕੇ ਹਿਮਾਂਸ਼ੂ ਅਰੋੜਾ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ-ਕਮ-ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ, ਮੈਡਮ ਪਵਲੀਨ ਸਿੰਘ, ਚੀਫ ਜੂਡੀਸ਼ੀਅਲ ਮੈਜਿਸਟ੍ਰੇਟ, ਲੁਧਿਆਣਾ ਅਤੇ ਲੀਗਲ ਏਡ ਡਿਫੈਂਸ ਕੌਂਸਲ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਲੁਧਿਆਣਾ ਵੀ ਮੌਜੂਦ ਸਨ।

### ਚੌਧਰੀ ਜਸਪਾਲ ਕਸਾਨਾਂ ਬਤੌਰ ਇੰਸਪੈਕਟਰ ਹੋਏ ਸੇਵਾ ਮੁਕਤ



ਬਲਾਚੌਰ, 25 ਮਈ (ਜਤਿੰਦਰ ਪਾਲ ਸਿੰਘ ਕਲੇਰ ) - ਚੌਧਰੀ ਜਸਪਾਲ ਕਸਾਨਾਂ ਖੀਵੇਵਾਲ ਆਪਣੀਆਂ 38 ਸਾਲ ਦੀਆਂ ਬੇਦਾਗ ਸਵਾਵਾਂ ਦੇਣ ਉਪਰੰਤ ਦੀ ਹੁਸ਼ਿਆਰਪੁਰ ਐਕਸਪ੍ਰੈਸ ਟਰਾਂਸਪੋਰਟ ਲਿਮਟਿਡ ਕੰਪਨੀ ਤੋਂ ਬਤੌਰ ਇੰਸਪੈਕਟਰ ਸੇਵਾ ਮੁਕਤ ਹੋਏ। ਇਸ ਮੌਕੇ ਸਮੁੱਚੇ ਐਕਸਪ੍ਰੈਸ ਬੱਸ ਸਰਵਿਸ ਕੰਪਨੀ ਦੇ ਕਰਮਚਾਰੀਆਂ ਵੱਲੋਂ ਚੌਧਰੀ ਜਸਪਾਲ ਕਸਾਨਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ ਅਤੇ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ ਗਈਆਂ। ਜ਼ਿਕਰਯੋਗ ਹੈ ਕਿ ਚੌਧਰੀ ਜਸਪਾਲ ਕਸਾਨਾ 3 ਮਾਰਚ 1987 ਵਿੱਚ ਬਤੌਰ ਕੰਡਕਟਰ ਐਕਸਪ੍ਰੈਸ ਬੱਸ ਸਰਵਿਸ ਵਿੱਚ ਭਰਤੀ ਹੋਏ ਸਨ ਅਤੇ ਵੱਖ ਵੱਖ ਰੂਟਾਂ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਦੇਣ ਉਪਰੰਤ ਕੰਪਨੀ ਵੱਲੋਂ ਉਨ੍ਹਾਂ ਨੂੰ ਇੰਸਪੈਕਟਰ ਪਦਉੱਨਤ ਕੀਤਾ ਗਿਆ। ਚੌਧਰੀ ਜਸਪਾਲ ਕਸਾਨਾਂ ਨੇ ਦੀ ਹੁਸ਼ਿਆਰਪੁਰ ਐਕਸਪ੍ਰੈਸ ਟਰਾਂਸਪੋਰਟ ਲਿਮਟਿਡ ਕੰਪਨੀ ਅਤੇ ਸਮੁੱਚੇ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਜਰਨਲ ਮੈਨੇਜਰ ਹਰਦੀਪ ਸਿੰਘ ਗਿੱਲ, ਕੈਸ਼ੀਅਰ ਲਵਪ੍ਰੀਤ ਸਿੰਘ, ਇੰਸਪੈਕਟਰ ਪੰਡਿਤ ਓਮ ਪ੍ਰਕਾਸ਼, ਇੰਸਪੈਕਟਰ ਜਗਜੀਤ ਸਿੰਘ, ਅਵਤਾਰ ਸਿੰਘ, ਸਰਦਾਰ ਮਲਕੀਅਤ ਸਿੰਘ, ਤੇਜਿੰਦਰ ਸਿੰਘ ਰਿੰਕੂ, ਸਤਨਾਮ ਸਿੰਘ ਆਦਿ ਹਾਜ਼ਰ ਸਨ।

### ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਬਲਾਕ ਮੱਖੂ ਦੀ ਹੋਈ ਹ.ਫਤਾਵਾਰੀ ਮੀਟਿੰਗ

**ਸੰਯੁਕਤ ਮੋਰਚੇ ਦੀ ਕਾਲ ਤੇ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ 2 ਜੂਨ ਨੂੰ ਲੱਗਣ ਵਾਲੇ ਧਰਨੇ ਸੰਬੰਧੀ ਕੀਤੇ ਗਏ ਵਿਚਾਰ ਵਟਾਂਦਰੇ**



ਮਖੂ 25 ਮਈ (ਜਸਵੰਤ ਗੋਗੀਆ) ਭਾਰਤੀ ਕਿਸਾਨ ਯੂਨੀਅਨ ਪੰਜਾਬ ਬਲਾਕ ਮਖੂ ਦੇ ਕਿਸਾਨਾਂ ਦੀ ਹਫਤਾਵਗੀ ਮੀਟਿੰਗ ਗੁਰਦੁਆਰਾ ਬਾਬਾ ਬਾਠਾਂ ਵਾਲਾ ਸਾਹਿਬ ਮਖੂ ਵਿਖੇ ਸੂਬਾ ਪ੍ਰਧਾਨ ਸਰਦਾਰ ਫਰਮਾਨ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਲਾਕ ਪ੍ਰਧਾਨ ਨਿਸ਼ਾਨ ਸਿੰਘ ਫੌਜੀ ਦੀ ਅਗਵਾਈ ਵਿਚ ਹੋਈ। ਜਿਸ ਵਿਚ ਕੋਰ ਕਮੇਟੀ ਮੈਂਬਰ ਪੰਜਾਬ ਪਰਗਟ ਸਿੰਘ ਲਹਿਰਾ,ਗੁਰਵਿੰਦਰ ਸਿੰਘ ਢਿਲੋਂ ਬਾਹਰਵਾਲੀ, ਵਿਸ਼ੇਸ਼ ਤੌਰ ਤੇ ਹਾਜਰ ਹੋਏ । ਇਸ ਮੀਟਿੰਗ ਵਿੱਚ ਇਲਾਕੇ ਕਿਸਾਨਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਇਸ ਮੀਟਿੰਗ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੇ ਮਸਲਿਆਂ ਤੇ ਵਿਚਾਰ ਚਰਚਾ ਕੀਤੀ ਗਈ ਅਤੇ 2 ਜੂਨ ਨੂੰ ਸੰਯੁਕਤ ਕਿਸਾਨ ਮੋਰਚੇ ਦੀ ਕਾਲ ਤੇ ਡੀਸੀ ਦਫਤਰਾਂ ਅੱਗੇ ਲੱਗਣ ਵਾਲੇ ਧਰਨਿਆਂ ਸਬੰਧੀ ਵੀ ਵਿਚਾਰਾਂ ਸਾਂਝੀਆਂ ਕੀਤੀਆਂ ਅਤੇ ਆਗੂਆਂ ਦੀਆਂ ਜਿੰਮੇਵਾਰੀਆਂ ਵੀ ਲਗਾਈਆਂ ਗਈਆਂ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਿਸਾਨ ਆਗੂਆਂ ਨੇ ਪੈਟਰੋਲ ਅਤੇ ਡੀਜ਼ਲ ਦੇ ਵੱਧ ਰਹੇ ਰੇਟਾਂ ਤੇ ਚਿੰਤਾ ਪ੍ਰਗਟਾਉਂਦੇ ਹੋਏ ਕਿਹਾ ਇਸ ਨਾਲ ਜਿੱਥੇ ਲੋਕਾਂ ਨੂੰ ਮਹਿੰਗਾਈ ਦੀ ਮਾਰ ਝੱਲਣੀ ਪੈ ਰਹੀ ਹੈ ਉੱਥੇ ਹੀ ਇਸ ਨਾਲ ਕਿਸਾਨੀ ਤੇ ਹੋਰ ਬੋਝ ਪਵੇਗਾ ਕਿਉਂਕਿ ਪੰਜਾਬ ਵਿੱਚ ਇਸ ਟਾਈਮ ਝੋਨੇ ਦੀ ਲਵਾਈ ਦਾ ਸੀਜ਼ਨ ਚੱਲ ਰਿਹਾ ਹੈ।ਜਿਸ ਨਾਲ ਵੱਡੀ ਮਾਤਰਾ ਵਿੱਚ ਡੀਜ਼ਲ ਦੀ ਖਪਤ ਹੋਵੇਗੀ। ਡੀਜ਼ਲ ਦਾ ਰੇਟ ਵਧਣ ਨਾਲ ਕਿਸਾਨਾਂ ਨੂੰ ਇਸ ਦੀ ਮਾਰ ਝੱਲਣੀ ਪਵੇਗੀ ਇਸ ਤੋਂ ਇਲਾਵਾ ਮਜ਼ਦੂਰ ਵਰਗ ਉੱਤੇ ਵੀ ਮਹਿੰਗਾਈ ਦਾ ਵੱਡਾ ਬੋਝ ਪਵੇਗਾ। ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਨੂੰ ਕੰਟਰੋਲ ਕੀਤਾ ਜਾਵੇ ਅਤੇ ਇਸ ਵਿੱਚ ਕੀਤਾ ਹੋਇਆ ਵਾਧਾ ਜਲਦੀ ਵਾਪਸ ਲਿਆ ਜਾਵੇ ਤਾਂ ਜੋ ਕਿਸਾਨ ਅਤੇ ਮਜ਼ਦੂਰ ਵਰਗ ਤੇ ਮਹਿੰਗਾਈ ਦੀ ਮਾਰ ਤੋਂ ਬਚਾਇਆ ਜਾ ਸਕੇ।ਇਸ ਮੌਕੇ ਕਿਸਾਨ ਆਗੂਆਂ ਨੇ ਮੰਗ ਕੀਤੀ ਕਿ ਖਾਦ ਵਿਕਰੇਤਾ ਵੱਲੋਂ ਖਾਦ ਦੇ ਨਾਲ ਕਿਸਾਨਾਂ ਨੂੰ ਜੋ ਵਾਧੂ ਦਵਾਈਆਂ ਜਾਂ ਹੋਰ ਸਮਾਨ ਦਿੱਤਾ ਜਾਂਦਾ ਹੈ ਉਸ ਤੇ ਰੋਕ ਲਾਈ ਜਾਵੇ ਅਤੇ ਕਿਸਾਨਾਂ ਨੂੰ ਖਾਦ ਸਮੇਂ ਸਿਰ ਮੁਹਈਆ ਕਰਵਾਈ ਜਾਵੇ। ਕਿਸਾਨ ਆਗੂਆਂ ਨੇ ਕਿਹਾ ਕਿ ਸੰਯੁਕਤ ਮੋਰਚੇ ਦੀ ਕਾਲ ਤੇ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਸਰਦਾਰ ਫਰਮਾਨ ਸਿੰਘ ਸੰਧੂ ਦੀ ਅਗਵਾਈ ਵਿੱਚ 2 ਜੂਨ ਨੂੰ ਡਿਪਟੀ ਕਮਿਸ਼ਨਰ ਦੇ ਦਫਤਰ ਅੱਗੇ ਲੱਗਣ ਵਾਲੇ ਧਰਨੇ ਵਿੱਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਅਤੇ ਸੈਂਕੜਿਆਂ ਦੀ ਤਾਦਾਦ ਵਿੱਚ ਬਲਾਕ ਮੱਖੂ ਤੋਂ ਕਿਸਾਨ ਇਸ ਧਰਨੇ ਵਿੱਚ ਸ਼ਾਮਿਲ ਹੋਣਗੇ।ਇਸ ਮੌਕੇ ਕੋਰ ਕਮੇਟੀ ਮੈਂਬਰ ਪੰਜਾਬ ਪਰਗਟ ਸਿੰਘ ਲਹਿਰਾ, ਗੁਰਵਿੰਦਰ ਸਿੰਘ ਬਾਹਰਵਾਲੀ,ਬਲਦੇਵ ਸਿੰਘ ਵਾਂਈਆਂ, ਪ੍ਰੈਸ ਸਕਤਰ ਪੰਜਾਬ ਸ਼ਬੇਗ ਸਿੰਘ, ਮੀਤ ਪ੍ਰਧਨ ਧਰਮ ਸਿੰਘ ਸਭਰਾ, ਮੀਤ ਪ੍ਰਧਾਨ ਪੰਜਾਬ ਜਰਨੈਲ ਸਿੰਘ ਨੰਬਰਦਾਰ,,ਜਿਲ੍ਹਾ ਮੀਤ ਪ੍ਰਧਾਨ ਜਰਨੈਲ ਸਿੰਘ ਸਭਰਾ, ਬਲਾਕ ਪ੍ਰਧਾਨ ਨਿਸ਼ਾਨ ਸਿੰਘ, ਜਿਲ੍ਹਾ ਕੋਰ ਕਮੇਟੀ ਮੈਂਬਰ ਗੁਰਮੀਤ ਸਿੰਘ ਨਿਜਾਮੀਵਾਲਾ,ਸੁਖਚੈਨ ਸਿੰਘ ਬਦੋਕਾ ਮੀਤ ਪ੍ਰਧਾਨ ਬਲਾਕ ਮੱਖੂ, ਗੁਰਪ੍ਰੀਤ ਸਿੰਘ ਪ੍ਰੀਤਾ ਜਰਨਲ ਸਕੱਤਰ, ਰਸ਼ਪਾਲ ਸਿੰਘ ਫੌਜ਼ੀ ਹਰਜੀਤ ਸਿੰਘ ਇਕਾਈ ਪ੍ਰਧਾਨ ਝਾਮਕੇ, ਬਾਜ ਸਿੰਘ ਤਲਵੰਡੀ ਨਿਪਾਲਾਂ, ਮਲਕੀਤ ਸਿੰਘ ਸਰਪੰਚ ਜਿਲ੍ਹਾ ਕੋਰ ਕਮੇਟੀ ਮੈਂਬਰ, ਹਰਦੀਪ ਸਿੰਘ ਰੋਡੇਵਾਲਾ,ਰੇਸ਼ਮ ਸਿੰਘ ਨੰਬਰਦਾਰ, ਇਕਬਾਲ ਸਿੰਘ ਜੱਗੇਵਾਲਾ, ਅਮਰੀਕ ਸਿੰਘ, ਲਖਵਿੰਦਰ ਸਿੰਘ,ਰਛਪਾਲ ਸਿੰਘ,ਸੁਖਦੇਵ ਸਿੰਘ ਫੌਜੀ, ਡਾਕਟਰ ਬਲਵੰਤ ਸਿੰਘ ਤਹਿਸੀਲ ਪ੍ਰਧਾਨ, ਬਲਵਿੰਦਰ ਸਿੰਘ ਸ਼ੀਹਾਂਪਾੜੀ,ਜਸਵੰਤ ਸਿੰਘ ਨਿਹੰਗ ਸਿੰਘ ਮਖੂ, ਸੁਖਚੈਨ ਸਿੰਘ ਅਰਾਈਆਂਵਾਲਾ, ਇਕਬਾਲ ਸਿੰਘ,ਬਾਬਾ ਬਲਬੀਰ ਸਿੰਘ ਜੱਗੇਵਾਲਾ, ਸੰਦੀਪ ਸਿੰਘ ਕਾਲੂ ਮੰਡਾਰ, ਜਿਲ੍ਹਾ ਯੂਥ ਆਗੂ ਗੁਰਪ੍ਰੀਤ ਸਿੰਘ, ਨਿਸ਼ਾਨ ਸਿੰਘ ਪੀਰ ਮੁਹੰਮਦ,ਜਸਵੰਤ ਸਿੰਘ ਗੋਗੀਆ ਜਿਲ੍ਹਾ ਪ੍ਰੈਸ ਸਕਤਰ, ਬਲਵੀਰ ਸਿੰਘ,ਮਨਜੀਤ ਸਿੰਘ ਵਸਤੀਵਸਾਵਾ,,ਦਿਲਬਾਗ ਸਿੰਘ ਵਰਪਾਲਾਂ, ਲਖਵਿੰਦਰ ਸਿੰਘ ਬਹਿਕਾਂ ਤੇ ਹੋਰ ਬਹੁਤ ਸਾਰੇ ਕਿਸਾਨ ਹਾਜਰ ਸਨ।

# ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਮਹਿਲਾ ਪੱਤਰਕਾਰਾਂ ਦੇ ਸਾਹਸ ਅਤੇ ਯੋਗਦਾਨ ਦੀ ਸ਼ਲਾਘਾ ਕੀਤੀ

## ਮਹਿਲਾ, ਨੌਜਵਾਨ, ਕਿਸਾਨ ਅਤੇ ਗਰੀਬ ਵਿਕਸਿਤ ਭਾਰਤ ਦੇ ਚਾਰ ਮਜ਼ਬੂਤ ਥੰਮ੍ਹ



### ਹਰਿਆਣਾ ਵਿੱਚ ਮਹਿਲਾ ਸਸ਼ਕਤੀਕਰਨ ਲਈ ਸਰਕਾਰ ਲਗਾਤਾਰ ਕਰ ਰਹੀ ਕੰਮ

**ਚੰਡੀਗੜ੍ਹ, 25 ਮਈ (ਰਾਜਿੰਦਰ ਸਿੰਘ ਜਾਦੌਂ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੂਮੈਨ ਜਰਨਲਿਸਟ ਵੈਲਫੇਅਰ ਟਰੱਸਟ ਦੀਆਂ ਮਹਿਲਾ ਪੱਤਰਕਾਰਾਂ ਨਾਲ ਮੁਲਾਕਾਤ ਕੀਤੀ। ਇਸ ਮੌਕੇ 'ਤੇ ਮੁੱਖ ਮੰਤਰੀ ਦੇ ਮੀਡੀਆ ਸਲਾਹਕਾਰ ਰਾਜੀਵ ਜੇਤਲੀ ਨਾਲ ਮੌਜੂਦ ਸਨ। ਮੁੱਖ ਮੰਤਰੀ ਨੇ ਪੱਤਰਕਾਰੀ ਦੇ ਖੇਤਰ ਵਿੱਚ ਚੁਣੌਤੀਆਂ ਦੇ ਬਾਵਜੂਦ ਮਹਿਲਾ ਸਸ਼ਕਤੀਕਰਨ ਦੇ ਨਾਲ ਅੱਗੇ ਵਧ ਰਹੀਆਂ ਔਰਤਾਂ ਦੇ ਮਨੋਬਲ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਜਨਤਕ ਹਿੱਤ ਵਿੱਚ ਗਤੀ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ ਅਤੇ ਮੀਡੀਆ ਜਗਤ ਤੋਂ ਮਿਲਣ ਵਾਲੀ ਜਾਣਕਾਰੀ ਅਤੇ ਅਪਡੇਟਸ 'ਤੇ ਉਹ ਖੁਦ ਸੰਗਿਆਨ ਲੈਂਦੇ ਹਨ। ਮੁੱਖ ਮੰਤਰੀ ਨੇ ਪਿਛਲੇ 11 ਸਾਲਾਂ ਵਿੱਚ ਸਰਕਾਰ ਦੁਆਰਾ ਕੀਤੇ ਗਏ ਕੰਮਾਂ 'ਤੇ ਚਰਚਾ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਸਾਕਾਰ ਕਰਨ ਵਿੱਚ ਮਹਿਲਾ, ਨੌਜਵਾਨ, ਕਿਸਾਨ ਅਤੇ ਗਰੀਬ ਵਿਕਸਿਤ ਭਾਰਤ ਦੇ ਚਾਰ ਪ੍ਰਮੁੱਖ ਥੰਮ੍ਹ ਹਨ। ਮਹਿਲਾ ਸਸ਼ਕਤੀਕਰਨ 'ਤੇ ਸਰਕਾਰ ਦੇ ਯਤਨਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਹਰਿਆਣਾ ਤੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦੀ ਸ਼ੁਰੂਆਤ ਕੀਤੀ ਸੀ। ਹਰਿਆਣਾ ਸਰਕਾਰ ਨੇ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਇਸ ਮੁਹਿੰਮ ਨਾਲ ਜੋੜ ਕੇ ਸਕਾਰਾਤਮਕ ਨਤੀਜੇ ਹਾਸਲ ਕੀਤੇ ਹਨ। ਕਈ ਪੰਚਾਇਤਾਂ ਵਿੱਚ ਧੀਆਂ ਦੀ ਜਨਮ ਦਰ ਪੁੱਤਰਾਂ ਨਾਲੋਂ ਵੱਧ ਹੋਈ ਹੈ, ਜਿਨ੍ਹਾਂ ਪੰਚਾਇਤਾਂ ਨੂੰ ਸਰਕਾਰ ਦੁਆਰਾ ਸਨਮਾਨਿਤ ਵੀ ਕੀਤਾ ਗਿਆ। ਨਾਲ ਹੀ ਮਹਿਲਾ ਸਰਪੰਚਾਂ ਨੂੰ ਇਨ੍ਹਾਂ ਪੰਚਾਇਤਾਂ ਦਾ ਬ੍ਰਾਂਡ ਅੰਬੈਸਡਰ ਬਣਾਇਆ ਗਿਆ ਹੈ। ਪੰਜਾਬ ਨੂੰ ਲੈ ਕੇ ਪੁੱਛੇ ਗਏ ਸਵਾਲ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਉੱਥੇ ਹੜ੍ਹ ਦੀ ਸਥਿਤੀ ਦੌਰਾਨ ਹਰਿਆਣਾ ਸਰਕਾਰ ਨੇ ਹਰ ਜ਼ਿਲ੍ਹੇ ਦੀਆਂ ਸਮੱਸਿਆਵਾਂ ਨੂੰ ਚਿੰਨ੍ਹਤ ਕਰਕੇ ਰਾਹਤ ਸਮੱਗਰੀ ਅਤੇ ਸਹਾਇਤਾ ਪਹੁੰਚਾਉਣ ਦਾ ਕੰਮ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਵਿੱਚ ਔਰਤਾਂ ਦੇ ਆਰਥਿਕ ਸਵੈ-ਨਿਰਭਰਤਾ ਲਈ ਹਰ ਮਹੀਨੇ 2100 ਰੁਪਏ ਦੀ ਸਹਾਇਤਾ ਦਿੱਤੀ ਜਾ ਰਹੀ ਹੈ ਅਤੇ ਇਹ ਜਨਹਿਤਕਾਰੀ ਕਾਰਜ ਸਰਕਾਰ ਬਣਨ ਦੇ ਪਹਿਲੇ ਸਾਲ ਵਿੱਚ ਹੀ ਸ਼ੁਰੂ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਔਰਤਾਂ ਨੂੰ ਸਹਾਇਤਾ ਰਾਸ਼ੀ ਦੇਣ ਦਾ ਐਲਾਨ ਤਾਂ ਕੀਤਾ ਗਿਆ, ਪਰ ਹੁਣ ਤੱਕ ਇੱਕ ਰੁਪਿਆ ਵੀ ਔਰਤਾਂ ਦੇ ਖਾਤਿਆਂ ਵਿੱਚ ਨਹੀਂ ਪਹੁੰਚਿਆ, ਜਦਕਿ ਪੰਜਾਬ ਸਰਕਾਰ ਆਪਣਾ ਕਾਰਜਕਾਲ ਲਗਭਗ ਪੂਰਾ ਕਰ ਚੁੱਕੀ ਹੈ। ਕਾਕਰੋਚ ਜਨਤਾ ਪਾਰਟੀ ਨਾਲ ਜੁੜੇ ਇੱਕ ਸਵਾਲ 'ਤੇ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਨੌਜਵਾਨ ਪੀੜ੍ਹੀ ਦਾ ਇਸ ਨਾਲ ਕੋਈ ਲਗਾਅ ਜਾਂ ਲੈਣਾ-ਦੇਣਾ ਨਹੀਂ ਹੈ ਅਤੇ ਅਜਿਹੇ ਆਧਾਰਹੀਣ ਆਸ਼ੇ ਦੀ ਕੋਈ ਉਮਰ ਨਹੀਂ ਹੁੰਦੀ। ਉਹ ਖੁਦ ਨੌਜਵਾਨਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ 'ਤੋਂ ਜਾਣੂ ਹੁੰਦੇ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਜਾਂਦੇ ਹਨ। ਮੁੱਖ ਮੰਤਰੀ ਦੇ ਨਿੱਜੀ ਜੀਵਨ 'ਤੇ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਉਹ ਆਪਣੇ ਬੱਚਿਆਂ ਨੂੰ ਹਫ਼ਤੇ ਵਿੱਚ ਮੁਸ਼ਕਿਲ ਨਾਲ ਇੱਕ ਜਾਂ ਦੋ ਵਾਰ ਮਿਲ ਪਾਉਂਦੇ ਹਨ। ਬੀਤੇ ਦਿਨੀਂ ਹੀ ਉਹ ਪਰਿਵਾਰ ਨਾਲ ਜਾਣ ਦੀ ਇੱਛਾ ਜ਼ਾਹਰ ਕੀਤੀ। ਯੋਜਨਾ ਬਣ ਗਈ ਅਤੇ ਸਪਰਿਵਾਰ ਦਰਸ਼ਨ ਦੀ ਤਿਆਰੀ ਵੀ ਹੋ ਗਈ। ਇਸੇ ਦੌਰਾਨ ਜ਼ਰੂਰੀ ਮੀਟਿੰਗ ਆਉਣ ਕਾਰਨ ਪਰਿਵਾਰਕ ਮੈਂਬਰਾਂ ਨੂੰ ਸਮਾਂ ਨਹੀਂ ਦੇ ਸਕੇ।

# ਸ੍ਰੀ ਰਾਮ ਮੰਦਰ ਅੱਜ ਸਰੋਵਰ ਵਿਕਾਸ ਸਮਿਤੀ ਦੀ ਮੈਂਬਰਸ਼ਿਪ ਲੈਣ ਲਈ ਵੱਡੀ ਗਿਣਤੀ ਵਿਚ ਲੋਕਾਂ ਨੇ ਕੀਤਾ ਸੰਕਲਪ



ਸ਼ਸ਼ੀ ਪਾਲ ਜੈਨ

**ਖਰੜ 25 ਮਈ**-ਖਰੜ ਵਿਖੇ ਭਗਵਾਨ ਰਾਮ ਚੰਦਰ ਜੀ ਦੇ ਪੁਰਖਿਆਂ ਨਾਲ ਸਬੰਧਤ ਮਹਾਰਾਜਾ ਅੱਜ ਸਰੋਵਰ ਦੇ ਕਿਨਾਰੇ ਉਸਾਰੀ ਹੋ ਚੁੱਕੇ ਸ੍ਰੀ ਰਾਮ ਮੰਦਰ ਵਿਚ ਹਰਰੋਜ਼ ਸਰਧਾਲੂਆਂ ਦੀ ਵੱਡੀ ਗਿਣਤੀ ਵਿਚ ਆਮਦ ਹੋ ਰਹੀ ਹੈ। ਬੀਤੀ ਸ਼ਾਮ ਸ੍ਰੀ ਰਾਮ ਮੰਦਰ ਅੱਜ ਸਰੋਵਰ ਵਿਕਾਸ ਸਮਿਤੀ ਦੇ ਸੱਦੇ 'ਤੇ ਵੱਡੀ ਗਿਣਤੀ ਵਿਚ ਸ਼ਹਿਰ ਦੇ ਵਸਨੀਕਾਂ ਨੇ ਭਾਗ ਲਿਆ ਅਤੇ ਉਨਾਂ ਇਸ ਸਮਿਤੀ ਦੇ ਮੈਂਬਰ ਬਣਨ ਲਈ ਸੰਕਲਪ ਲਿਆ। ਇਸ ਮੌਕੇ 'ਤੇ ਇਕੱਠ ਨੂੰ ਹੋਰਨਾਂ ਤੋਂ ਇਲਾਵਾ ਜੇ ਪੀ ਧੀਮਾਨ, ਦਵਿੰਦਰ ਗੁਪਤਾ, ਜਤਿੰਦਰ ਗੁਪਤਾ ਰਿਤੂ, ਅਸ਼ੋਕ ਸ਼ਰਮਾ, ਅਮਨਦੀਪ ਗਰਗ, ਅਮਰੀਸ਼ ਸ਼ੁਕਲਾ ਆਦਿ ਨੇ ਸੰਬੋਧਨ ਕੀਤਾ ਅਤੇ ਸਾਰਿਆਂ ਨੇ ਇਸ ਮੌਕੇ ਤੇ ਇਸ ਸੰਕਲਪ ਲਿਆ ਕਿ ਉਹ ਇਸ ਸਮਿਤੀ ਦੇ ਘੱਟੋ-ਘੱਟ 1100 ਮੈਂਬਰ ਬਣਾਉਣਗੇ ਅਤੇ ਇੱਕ ਦੋ ਮਹੀਨਿਆਂ ਵਿਚ ਇਹ ਟੀਚਾ ਪੂਰਾ ਕਰ ਲਿਆ ਜਾਵੇਗਾ। ਉਨਾਂ ਕਿਹਾ ਕਿ ਇਸ ਤਰੀਕੇ ਨਾਲ ਉਨਾਂ ਮੈਂਬਰਾਂ ਵਲੋਂ ਜੋ ਮਾਸਿਕ ਸਹਾਇਤਾ ਦਿੱਤਾ ਜਾਵੇਗੀ, ਉਸ ਨਾਲ ਇਸ ਮੰਦਰ ਦਾ ਭਵਿੱਖ ਦਾ ਕੰਮ ਬਹੁਤ ਤੇਜ਼ੀ ਨਾਲ ਹੋਵੇਗਾ। ਮੀਟਿੰਗ ਵਿਚ ਇਹ ਐਲਾਨ ਕੀਤਾ ਗਿਆ ਕਿ ਆਉਣ ਵਾਲੇ ਕੁਝ ਦਿਨਾਂ ਵਿਚ ਹੀ ਮੰਦਰ ਨਜ਼ਦੀਕ ਸ਼ਿਵਾਲਿਆ ਦੀ ਉਸਾਰੀ ਵੀ ਸ਼ੁਰੂ ਕਰ ਦਿੱਤਾ ਜਾਵੇਗੀ।

## ਯੂਨੀਵਰਸਿਟੀ ਕਾਲਜ ਚੁੰਨੀ ਕਲਾਂ 'ਚ ਬੀ.ਕਾਮ ਤੇ ਐਮ.ਕਾਮ ਫਾਈਨਲ ਦੇ ਵਿਦਿਆਰਥੀਆਂ ਨੂੰ ਦਿੱਤੀ ਯਾਦਗਾਰੀ ਵਿਦਾਇਗੀ



**ਫ਼ਤਿਹਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ)**- ਯੂਨੀਵਰਸਿਟੀ ਕਾਲਜ ਚੁੰਨੀ ਕਲਾਂ ਦੇ ਕਾਮਰਸ ਵਿਭਾਗ ਵੱਲੋਂ ਬੀ.ਕਾਮ ਅਤੇ ਐਮ.ਕਾਮ ਫਾਈਨਲ ਦੇ ਵਿਦਿਆਰਥੀਆਂ ਲਈ ਵਿਦਾਇਗੀ ਸਮਾਰੋਹ ਦਾ ਸੁਚੱਜੇ ਢੰਗ ਨਾਲ ਆਯੋਜਨ ਕੀਤਾ ਗਿਆ। ਸਮਾਰੋਹ ਦੀ ਸ਼ੁਰੂਆਤ ਪ੍ਰਿੰਸੀਪਲ ਡਾ. ਵਨੀਤਾ ਗਰਗ ਵੱਲੋਂ ਵਿਦਿਆਰਥੀਆਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦੇਣ ਨਾਲ ਹੋਈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੱਗੇ ਐਮ.ਕਾਮ ਵਿੱਚ ਦਾਖਲਾ ਲੈ ਕੇ ਉੱਚ ਸਿੱਖਿਆ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ।
ਵਿਦਿਆਰਥੀਆਂ ਵਿੱਚੋਂ ਐਮ.ਕਾਮ ਫਾਈਨਲ ਦੀ ਸੀਮਾ ਨੂੰ "ਮਿਸ ਫੇਅਰਵੈੱਲ"ਅਤੇ ਬੀ.ਕਾਮ ਫਾਈਨਲ ਦੇ ਖੁਸ਼ਪ੍ਰੀਤ ਸਿੰਘ ਨੂੰ "ਮਿਸਟਰ ਫੇਅਰਵੈੱਲ"ਵਜੋਂ ਚੁਣਿਆ ਗਿਆ। ਜੱਜਮੈਂਟ ਦੀ ਜ਼ਿੰਮੇਵਾਰੀ ਡਾ. ਜਸਪ੍ਰੀਤ ਕੌਰ ਅਤੇ ਪ੍ਰੋ. ਦਵਿੰਦਰ ਸਿੰਘ ਨੇ ਨਿਭਾਈ। ਇਸ ਮੌਕੇ ਡਾ. ਜਸਵਿੰਦਰ ਕੌਰ, ਪ੍ਰੋ. ਅਮਨ ਸ਼ਰਮਾ, ਡਾ. ਜਤਿੰਦਰ ਸਿੰਘ, ਡਾ. ਸਤਪਾਲ, ਪ੍ਰੋ. ਮਨਪ੍ਰੀਤ, ਪ੍ਰੋ. ਵਿਜੇ ਸਮੇਤ ਕਈ ਅਧਿਆਪਕ ਹਾਜ਼ਰ ਸਨ। ਵਿਦਿਆਰਥੀਆਂ ਨੇ ਪੂਰੇ ਕਾਲਜ ਦੇ ਸੁਹਾਵੇ ਪਲ ਯਾਦ ਕਰਵਾਉਂਦੇ ਹੋਏ ਉਨ੍ਹਾਂ ਦੇ ਭਵਿੱਖ ਲਈ ਨਵੀਆਂ ਉਮੀਦਾਂ ਜਗਾਈਆਂ।

## ਸ੍ਰੀ ਚੱਕਰਧਾਰੀ ਭਗਵਾਨ ਦਾ 54ਵਾਂ ਮਹਾਂਉਤਸਵ ਹੋਇਆ ਬੀਬੀ ਜੀ ਦੇ ਮੰਦਰ ਵਿਚ ਸ਼ੁਰੂ

ਸ਼ਸ਼ੀ ਪਾਲ ਜੈਨ

**ਖਰੜ 25 ਮਈ**- ਸ੍ਰੀ ਚੱਕਰਧਾਰੀ ਭਗਵਾਨ ਦਾ 54ਵਾਂ ਮਹਾਂਉਤਸਵ ਜੋ 30 ਮਈ ਤੱਕ ਚੱਲੇਗਾ। ਬੀਤੇ ਦਿਨ ਬੀਬੀ ਦੁਆਰਕੀ ਦੇਵੀ ਜੀ ਮਹਾਰਾਜ ਮੰਦਰ ਵਿਚ ਸ਼ੁਰੂ ਹੋ ਗਿਆ। ਇਸ ਸਮਾਗਮ ਵਿਚ ਵੱਡੀ ਗਿਣਤੀ ਵਿਚ ਸ਼ਹਿਰ ਨਿਵਾਸੀ ਭਾਗ ਲੈ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੰਦਰ ਦੇ ਟਰੱਸਟੀ ਅਨਿਲ ਕੌਸਲ ਅਤੇ ਪਵਨ ਅਗਰਵਾਲ ਨੇ ਦੱਸਿਆ ਕਿ ਇਹ ਸਮਾਗਮ ਪਿਛਲੇ 54 ਸਾਲਾਂ ਤੋਂ ਲਗਾਤਾਰ ਹੋ ਰਿਹਾ ਹੈ। ਇਸ ਵਿਚ ਲੁਧਿਆਣਾ ਤੋਂ ਆਏ ਹੋਏ ਪ੍ਰਸਿੱਧ ਆਚਾਰੀਆ ਸ੍ਰੀ ਸੁਰਿੰਦਰ ਸਾਸਤਰੀ ਜੀ ਵਲੋਂ ਭਾਗਵਤ ਦੀ ਕਥਾ ਸੁਣਾਈ ਜਾ ਰਹੀ ਹੈ। ਇਹ ਕਥਾ ਰੋਜ਼ਾਨਾ ਦੁਪਹਿਰ ਸਾਢੇ ਤਿੰਨ ਵਜੇ ਤੋਂ ਸੱਤ ਵਜੇ ਤੱਕ ਹੁੰਦੀ ਹੈ।



## ਪਿੰਡ ਸੁਹਾਲੀ ਵਿਖੇ ਕਬੂਤਰਬਾਜੀ ਦੇ ਰੋਚਕ ਮੁਕਾਬਲੇ ਕਰਵਾਏ

**ਕੁਰਾਲੀ, 25 ਮਈ (ਪ੍ਰਭਦੀਪ ਸਿੰਘ ਸੋਢੀ)**- ਇੱਥੋਂ ਨੇੜਲੇ ਪਿੰਡ ਸੁਹਾਲੀ ਵਿਖੇ ਨੌਜਵਾਨਾਂ ਵੱਲੋਂ ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਬੂਤਰਾਂ ਦੇ ਰੋਚਕ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਕਰੀਬ 248 ਕਬੂਤਰਾਂ ਨੇ ਭਾਗ ਲਿਆ। ਇਸ ਮੁਕਾਬਲੇ ਨੂੰ ਦੇਖਣ ਲਈ ਇਲਾਕੇ ਦੇ ਲੋਕਾਂ ਵਿੱਚ ਖਾਸ ਉਤਸ਼ਾਹ ਵੇਖਣ ਨੂੰ ਮਿਲਿਆ। ਇਸ ਮੁਕਾਬਲੇ ਦੌਰਾਨ ਕਬੂਤਰਬਾਜ਼ਾਂ ਨੇ ਆਪਣੇ ਕਬੂਤਰਾਂ ਦੀ ਕਲਾ ਅਤੇ ਸਿਖਲਾਈ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਸਰਪੰਚ ਗੁਰਿੰਦਰ ਸਿੰਘ ਨੇ ਨੌਜਵਾਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਪੇਂਡੂ ਖੇਡਾਂ ਅਤੇ ਰਵਾਇਤੀ ਮੁਕਾਬਲੇ ਪੰਜਾਬ ਦੀ ਪੁਰਾਤਨ ਵਿਰਾਸਤ ਨੂੰ ਸੰਭਾਲਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਅਤੇ ਸਮਾਜਿਕ ਗਤੀਵਿਧੀਆਂ ਨਾਲ ਜੁੜਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਪਿੰਡ ਦੇ ਲੋਕਾਂ ਦੇ ਸਹਿਯੋਗ ਨਾਲ ਹੋਣ ਵਾਲੇ ਅਜਿਹੇ ਪ੍ਰੋਗਰਾਮ ਆਪਸੀ ਭਾਈਚਾਰੇ ਅਤੇ ਇਕਤਾ ਨੂੰ ਹੋਰ ਮਜ਼ਬੂਤ ਕਰਦੇ ਹਨ। ਇਸ ਮੌਕੇ ਜਗਦੀਸ਼ ਸਿੰਘ, ਕੁਲਵਿੰਦਰ ਸਿੰਘ ਬੰਗੜ, ਪਰਵਿੰਦਰ ਸਿੰਘ, ਕੁਲਜੀਤ ਸਿੰਘ, ਜਤਿੰਦਰ ਸਿੰਘ, ਜੱਗੀ ਸ਼ੇਰਗਿੱਲ, ਜੱਸੀ ਸ਼ੇਰਗਿੱਲ, ਜੱਗੀ ਬੰਗੜ ਅਤੇ ਅੰਮ੍ਰਿਤ ਸਿੰਘ ਲੋਹਟ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਖੇਡ ਪ੍ਰੇਮੀ ਹਾਜ਼ਰ ਸਨ।





ਸ਼ਹਿਰ ਦੇ ਮੇਅਰ ਸੌਰਭ ਜੋਸ਼ੀ ਨੇ ਜ਼ਿੰਮੇਵਾਰੀ ਅਤੇ ਹਮਦਰਦੀ ਨਾਲ ਸੰਕਲਪ ਲੈਂਦੇ ਹੋਏ ਲਾਇਨਜ਼ ਦੇ ਸਫਾਈਕਰਮਚਾਰੀਆਂ ਅਤੇ ਰਾਜੇਸ਼ ਕਾਲੀਆ ਅਤੇ ਵਿਨੋਦ ਨਾਮਕ ਆਗੂਆਂ ਨਾਲ ਮੀਟਿੰਗ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਪਟਾਰਿਆਂ ਨੂੰ ਯਕੀਨੀ ਬਣਾਉਣ ਦਾ ਭਰੋਸਾ ਦਿੱਤਾ। ਨਗਰ ਨਿਗਮ ਦੀ ਕਰਮਚਾਰੀਆਂ ਦੀ ਭਲਾਈ ਅਤੇ ਸੁਮੇਲ ਵਾਲੇ ਨਾਗਰਿਕ ਪ੍ਰਸ਼ਾਸਨ ਪ੍ਰਤੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

## ਡੇਰਾਬੱਸੀ ਨਗਰ ਕੌਂਸਲ ਦੇ 18 ਵਾਰਡਾਂ ਲਈ 79 ਉਮੀਦਵਾਰਾਂ ਦਾ ਹੋਵੇਗਾ ਫੈਸਲਾ , 51 ਪੋਲਿੰਗ ਬੂਥਾਂ ਤੇ ਸਵੇਰੇ 8 ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਵੋਟਾਂ

**ਡੇਰਾਬੱਸੀ,25 ਮਈ (ਸੁਖਵਿੰਦਰ ਸੈਣੀ)**- ਨਗਰ ਕੌਂਸਲ ਡੇਰਾਬੱਸੀ ਦੇ 18 ਵਾਰਡਾਂ ਲਈ ਅੱਜ ਵੋਟਾਂ ਪਾਈਆਂ ਜਾਣੀਆਂ ਹਨ ਜਿਸ ਦੇ ਲਈ ਪ੍ਰਸ਼ਾਸਨ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫਸਰ ਕੰਮ ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕੀ ਪੂਰੇ ਮੋਹਾਲੀ ਜ਼ਿਲ੍ਹੇ ਵਿੱਚ 498 ਪੋਲਿੰਗ ਬੂਥਾਂ ਲਈ ਪੋਲਿੰਗ ਪਾਰਟੀਆਂ ਰਵਾਨਾ ਕਰ ਦਿੱਤੀਆਂ ਗਈਆਂ ਹਨ ਅਤੇ ਵੋਟਿੰਗ ਸਵੇਰੇ 8 ਵਜੇ ਤੋਂ ਸ਼ਾਮ5 ਵਜੇ ਤੱਕ ਹੋਵੇਗੀ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 2,48,415 ਪੁਰਸ਼ ਵੋਟਰ, 2,32,340 ਮਹਿਲਾ ਵੋਟਰ ਅਤੇ 26 ਹੋਰ ਵੋਟਰ ਹਨ। ਮਿਊਂਸਿਪਲ ਕੌਂਸਲ ਡੇਰਾਬੱਸੀ ਵਿੱਚ 18 ਵਾਰਡਾਂ ਤੋਂ 79 ਉਮੀਦਵਾਰ ਚੋਣ ਮੈਦਾਨ ਵਿੱਚ ਹਨ ਜਦਕਿ ਇੱਕ ਉਮੀਦਵਾਰ ਪਹਿਲਾਂ ਹੀ ਬਿਨਾਂ ਮੁਕਾਬਲੇ ਦੇ ਚੁਣਿਆ ਜਾ ਚੁੱਕਾ ਹੈ। ਇੱਥੇ 26,888 ਪੁਰਸ਼, 24,564 ਮਹਿਲਾ ਅਤੇ 5 ਹੋਰ ਵੋਟਰ 51 ਪੋਲਿੰਗ ਬੂਥਾਂ 'ਤੇ ਆਪਣੇ ਵੋਟ ਦਾ ਇਸਤੇਮਾਲ ਕਰਨਗੇ ।
ਉਨ੍ਹਾਂ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਾਰੇ ਪੋਲਿੰਗ ਬੂਥਾਂ 'ਤੇ ਸੀ ਸੀ ਟੀ ਵੀ ਨਿਗਰਾਨੀ ਦੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਹੋਰ ਦੱਸਿਆ ਕਿ ਕੁੱਲ 498 ਪੋਲਿੰਗ ਬੂਥਾਂ ਵਿੱਚੋਂ 66 ਪੋਲਿੰਗ ਸਥਾਨਾਂ ਨੂੰ ਸੰਵੇਦਨਸ਼ੀਲ ਅਤੇ 181 ਨੂੰ ਅਤਿ ਸੰਵੇਦਨਸ਼ੀਲ ਘੋਸ਼ਿਤ ਕੀਤਾ ਗਿਆ ਹੈ, ਜਿੱਥੇ ਵਾਧੂ ਸੁਰੱਖਿਆ ਬਲ ਤਾਇਨਾਤ ਕੀਤੇ ਗਏ ਹਨ। ਉਨ੍ਹਾਂ ਸਾਰੇ ਉਮੀਦਵਾਰਾਂ ਨੂੰ ਵੀ ਅਪੀਲ ਕੀਤੀ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਜਾਰੀ ਸਾਰੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਬਿਨਾਂ ਰੁਕਾਵਟ ਮੁਕੰਮਲ ਕੀਤਾ ਜਾਵੇ।

## ਮਹਾਜਨ ਸਭਾ ਚੰਡੀਗੜ੍ਹ ਵੱਲੋਂ ਲਗਾਇਆ ਗਿਆ ਰਿਸ਼ਤਿਆਂ ਸੰਬੰਧੀ ਵਰ ਵਧੂ ਪਰਿਵਾਰ ਮਿਲਨ ਕੈਂਪ




ਸ਼ਸ਼ੀ ਪਾਲ ਜੈਨ

**ਚੰਡੀਗੜ੍ਹ 25 ਮਈ**- ਮਹਾਜਨ ਭਵਨ ਸੈਕਟਰ ਚੰਡੀਗੜ੍ਹ ਵਿਖੇ ਪਹਿਲੀ ਵਾਰ ਪ੍ਰਧਾਨ ਸ੍ਰੀ ਰਾਮ ਮੂਰਤੀ ਮਹਾਜਨ ਜੀ ਦੀ ਪ੍ਰਧਾਨਗੀ ਹੇਠ ਵਰ ਵਧੂ ਪਰਿਚੇ ਮਿਲਨ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿਚ ਵੱਖ-ਵੱਖ ਸ਼ਹਿਰਾਂ ਤੋਂ ਲਗਭਗ 200 ਲੋਕਾਂ ਨੇ ਭਾਗ ਲਿਆ।
ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜਗਦੀਸ਼ ਗੁਪਤਾ, ਸੀਨੀਅਰ ਉਪ ਪ੍ਰਧਾਨ ਮਹਾਜਨ ਸਭਾ ਚੰਡੀਗੜ੍ਹ ਅਤੇ ਆਲ ਇੰਡੀਆ ਮਹਾਜਨ ਬਰਾਦਰੀ ਪ੍ਰਚਾਰ ਮੰਤਰੀ ਰਾਜੀਵ ਮਹਾਜਨ ਨੇ ਦੱਸਿਆ ਕਿ ਇਹ ਸਮਾਗਮ ਬਹੁਤ ਸਫਲ ਰਿਹਾ। ਉਨਾਂ ਦੱਸਿਆ ਕਿ ਇਸ ਸਮਾਗਮ ਵਿਚ ਕੁੰਡਲੀ ਮਿਲਾਨ ਕੀਤਾ ਗਿਆ ਅਤੇ ਬਹੁਤ ਸਾਰੇ ਪਰਿਵਾਰਾਂ ਨੇ ਆਪਣੀ ਸਹਿਮਤੀ ਬਣਾਉਂਦੇ ਹੋਏ ਇਸ ਦਿਸ਼ਾ ਵੱਲ ਅੱਗੇ ਵਧਣ ਲਈ ਕਦਮ ਪੁੱਟਿਆ।
ਉਨਾਂ ਦੱਸਿਆ ਕਿ ਇਸ ਸਮਾਗਮ ਵਿਚ ਵਰ ਅਤੇ ਵਧੂ ਦੇ ਪਰਿਵਾਰਾਂ ਵਿਚ ਸਿੱਧੀ ਗੱਲਬਾਤ ਹੋਈ। ਉਨਾਂ ਕਿਹਾ ਕਿ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿਚ ਜਨਰਲ ਸਕੱਤਰ ਆਰ ਕੇ ਗੁਪਤਾ, ਸਤੀਸ਼, ਉਮਾ ਕਾਂਤ, ਜੋਗਿੰਦਰ, ਮੋਹਨ ਲਾਲ ਅਤੇ ਵਿਵੇਕ ਆਦਿ ਨੇ ਅਹਿਮ ਭੂਮਿਕਾ ਨਿਭਾਈ।

## ਨੈਸ਼ਨਲ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ ਡੇਰਾਬੱਸੀ ਵਿੱਚ "ਨੋ ਟੋਬੈਕੋ ਡੇ "ਮੌਕੇ ਜਾਗਰੂਕਤਾ ਮੁਹਿੰਮ ਦਾ ਆਯੋਜਨ



**ਡੇਰਾਬੱਸੀ, 25 ਮਈ (ਸੁਖਵਿੰਦਰ ਸੈਣੀ)** – ਨੈਸ਼ਨਲ ਡੈਂਟਲ ਕਾਲਜ ਐਂਡ ਹਸਪਤਾਲ ਵੱਲੋਂ 25 ਮਈ ਨੂੰ "ਨੋ ਟੋਬੈਕੋ ਡੇ "ਦੇ ਮੌਕੇ 'ਤੇ ਚੇਅਰਮੈਨ ਲੈਫਟਿਨੈਂਟ ਕਰਨਲ ਗੁਰਬੀਰ ਸਿੰਘ ਸੰਧੂ, ਪ੍ਰਿੰਸੀਪਲ ਡਾ. ਵਿਨੇ ਸ. ਦੂਆ, ਡਾ. ਕਰਨਦੀਪ ਸਿੰਘ ਸੰਧੂ ਅਤੇ ਡਾ. ਰਾਜਨ ਰਾਜਪੂਤ ਦੀ ਰਹਿਨੁਮਾਈ ਹੇਠ ਰਾਮਲੀਲਾ ਗਰਾਊਂਡ, ਡੇਰਾਬੱਸੀ ਵਿੱਚ ਜਾਗਰੂਕਤਾ ਮੁਹਿੰਮ ਚਲਾਈ ਗਈ।
ਇਸ ਮੁਹਿੰਮ ਦੇ ਤਹਿਤ ਕਾਲਜ ਦੇ ਵਿਦਿਆਰਥੀਆਂ ਵੱਲੋਂ ਡੇਰਾਬੱਸੀ ਬੱਸ ਸਟੈਂਡ ਅਤੇ ਰਾਮਲੀਲਾ ਗਰਾਊਂਡ ਵਿੱਚ ਪ੍ਰਭਾਵਸ਼ਾਲੀ ਨੁੱਕੜ ਨਾਟਕ ਪੇਸ਼ ਕਰਕੇ ਲੋਕਾਂ ਨੂੰ ਤੰਬਾਕੂ ਸੇਵਨ ਦੇ ਨੁਕਸਾਨਦਾਇਕ ਅਤੇ ਜਾਨਲੇਵਾ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਆਪਣੀਆਂ ਪੇਸ਼ਕਾਰੀਆਂ ਰਾਹੀਂ ਵਿਦਿਆਰਥੀਆਂ ਨੇ ਦਰਸਾਇਆ ਕਿ ਤੰਬਾਕੂ ਦੀ ਲਤ ਕੈਂਸਰ, ਦਿਲ ਦੀਆਂ ਬਿਮਾਰੀਆਂ ਅਤੇ ਸਾਹ ਨਾਲ ਸੰਬੰਧਿਤ ਗੰਭੀਰ ਰੋਗਾਂ ਦਾ ਕਾਰਣ ਬਣਦੀ ਹੈ। ਉਨ੍ਹਾਂ ਇਹ ਵੀ ਜ਼ੋਰ ਦੇ ਕੇ ਕਿਹਾ ਕਿ ਤੰਬਾਕੂ ਸੇਵਨ ਹਰ ਸਾਲ ਬਹੁਤ ਸਾਰੀਆਂ ਰੋਕੀਆਂ ਜਾ ਸਕਣ ਵਾਲੀਆਂ ਮੌਤਾਂ ਦਾ ਕਾਰਣ ਬਣਦਾ ਹੈ ਅਤੇ ਲੋਕਾਂ ਨੂੰ ਸਿਹਤਮੰਦ ਭਵਿੱਖ ਲਈ ਤੰਬਾਕੂ ਉਤਪਾਦਾਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।
ਕਾਲਜ ਪ੍ਰਬੰਧਕਾਂ ਨੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਸਫਲਤਾਪੂਰਵਕ ਮੁਹਿੰਮ ਚਲਾਉਣ ਅਤੇ ਤੰਬਾਕੂ-ਮੁਕਤ ਸਮਾਜ ਦੇ ਨਿਰਮਾਣ ਵਿੱਚ ਯੋਗਦਾਨ ਪਾਉਣ ਲਈ ਉਨ੍ਹਾਂ ਨੂੰ ਵਧਾਈ ਦਿੱਤੀ।

# ਐਮਐਸਐਮਈ ਮੰਤਰਾਲੇ ਨੇ ਉੱਦਮਤਾ ਜਾਗਰੂਕਤਾ ਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ ਦਾ ਆਯੋਜਨ ਕੀਤਾ




**ਚੰਡੀਗੜ੍ਹ25 ਮਈ (ਦੇਸ਼ ਪ੍ਰਦੇਸ਼ ਬਿਊਰੋ)**- ਭਾਰਤ ਸਰਕਾਰ ਦੇ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮ (ਐਮਐਸਐਮਈ) ਮੰਤਰਾਲੇ ਨੇ ਦਲਿਤ ਇੰਡੀਅਨ ਚੈਂਬਰ ਆਫ਼ ਕਾਮਰਸ ਐਂਡ ਇੰਡਸਟਰੀ (ਡੀਆਈਸੀਸੀਆਈ) ਦੇ ਸਹਿਯੋਗ ਨਾਲ, 25 ਮਈ, 2026 ਨੂੰ ਸੀਆਈਆਈ ਉੱਤਰੀ ਖੇਤਰ ਹੈੱਡਕੁਆਰਟਰ, ਸੈਕਟਰ 31-ਏ, ਚੰਡੀਗੜ੍ਹ ਵਿਖੇ ਇੱਕ ਉੱਦਮਤਾ ਜਾਗਰੂਕਤਾ ਅਤੇ ਵਿਸ਼ੇਸ਼ ਵਿਕਰੇਤਾ ਵਿਕਾਸ ਪ੍ਰੋਗਰਾਮ (ਈਏ ਐਂਡ ਐਸਵੀਡੀਪੀ) ਦਾ ਆਯੋਜਨ ਕੀਤਾ। ਪ੍ਰੋਗਰਾਮ ਦਾ ਉਦੇਸ਼ ਐਮਐਸਐਮਈ ਮੰਤਰਾਲੇ ਦੀਆਂ ਵੱਖ-ਵੱਖ ਪਹਿਲਕਦਮੀਆਂ, ਖਾਸ ਕਰਕੇ ਰਾਸ਼ਟਰੀ ਐਸਸੀ-ਐਸਟੀ ਹੱਬ (ਐਨਐਸਐਸਐਚ) ਯੋਜਨਾ ਬਾਰੇ ਜਾਗਰੂਕਤਾ ਵਧਾਉਣਾ ਸੀ। ਇਸ ਪ੍ਰੋਗਰਾਮ ਰਾਹੀਂ, ਉਦੇਸ਼ ਮੌਜੂਦਾ ਅਤੇ ਚਾਹਵਾਨ ਉੱਦਮੀਆਂ ਦੋਵਾਂ ਨੂੰ ਰਾਸ਼ਟਰੀ ਐਸਸੀ-ਐਸਟੀ ਹੱਬ ਯੋਜਨਾ ਬਾਰੇ ਸੰਵੇਦਨਸ਼ੀਲ ਬਣਾਉਣਾ ਅਤੇ ਕੇਂਦਰੀ ਮੰਤਰਾਲਿਆਂ, ਵਿਭਾਗਾਂ ਅਤੇ ਕੇਂਦਰੀ ਜਨਤਕ ਖੇਤਰ ਦੇ ਉੱਦਮਾਂ (ਸੀਪੀਐਸਈ) ਦੁਆਰਾ ਜਨਤਕ ਖਰੀਦ ਨੀਤੀ ਅਧੀਨ ਲਾਜ਼ਮੀ 4 ਪ੍ਰਤੀਸ਼ਤ ਖਰੀਦ ਟੀਚੇ ਨੂੰ ਪੂਰਾ ਕਰਨ ਵਿੱਚ ਸਹਾਇਤਾ ਕਰਨਾ ਸੀ। ਪ੍ਰੋਗਰਾਮ ਦੌਰਾਨ, NSSH ਸਕੀਮ ਅਤੇ MSME ਮੰਤਰਾਲੇ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਹੋਰ ਯੋਜਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਚਾਹਵਾਨ ਅਤੇ ਮੌਜੂਦਾ ਉੱਦਮੀਆਂ ਦੋਵਾਂ ਨੂੰ ਪ੍ਰਦਾਨ ਕੀਤੀ ਗਈ। ਚਾਹਵਾਨ ਉੱਦਮੀਆਂ ਨੂੰ ਆਪਣੇ ਉੱਦਮਾਂ ਨੂੰ ਰਸਮੀ ਬਣਾਉਣ ਲਈ ਉਦਯਮ ਪੋਰਟਲ 'ਤੇ ਰਜਿਸਟਰ ਕਰਨ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ, ਜਦੋਂ ਕਿ ਮੌਜੂਦਾ ਉੱਦਮੀਆਂ ਨੂੰ ਵਿਕਰੇਤਾ ਰਜਿਸਟ੍ਰੇਸ਼ਨ ਪ੍ਰਕਿਰਿਆ, ਲੋੜੀਂਦੇ ਦਸਤਾਵੇਜ਼, CPSE ਦੁਆਰਾ ਖਰੀਦੀਆਂ ਗਈਆਂ ਵਸਤੂਆਂ, ਈ-ਟੈਂਡਰਿੰਗ ਪ੍ਰਕਿਰਿਆ, ਕ੍ਰੈਡਿਟ ਸਹੂਲਤ ਵਿਕਲਪਾਂ ਅਤੇ ਕਾਰੋਬਾਰ ਦੇ ਵਿਸਥਾਰ ਅਤੇ ਸਥਿਰਤਾ ਲਈ ਬੈਂਕਾਂ ਦੁਆਰਾ ਉਪਲਬਧ ਸਬਸਿਡੀ ਪ੍ਰਬੰਧਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ। ਚੰਡੀਗੜ੍ਹ (ਕੇਂਦਰ ਸ਼ਾਸਿਤ ਪ੍ਰਦੇਸ਼) ਅਤੇ ਆਲੇ ਦੁਆਲੇ ਦੇ ਖੇਤਰਾਂ ਦੇ 100 ਤੋਂ ਵੱਧ ਮੌਜੂਦਾ ਅਤੇ ਚਾਹਵਾਨ SC-ST ਉੱਦਮੀਆਂ ਨੇ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ। ਇਸ ਸਮਾਗਮ ਵਿੱਚ ਦੀਪਕ ਸ਼ਰਮਾ , ਡਾ. ਦੀਪਕ , ਚਰਨਿਆ ਅੰਬਾਤੀ, DGM (ਪਾਵਰ ਗਰਿੱਡ ਕਾਰਪੋਰੇਸ਼ਨ ਆਫ ਇੰਡੀਆ), ਮੋਹਿਤ, ਖਰੀਦ ਮੈਨੇਜਰ (FCI), ਵਰਿੰਦਰ ਮੋਂਗੀਆ, ਖੇਤਰੀ ਮੁਖੀ (EXIM ਬੈਂਕ, ਚੰਡੀਗੜ੍ਹ), ਮੋਹਿਤ, ਸਹਾਇਕ ਨਿਰਦੇਸ਼ਕ (MSME DFO, ਲੁਧਿਆਣਾ), ਅਮਾਨਤ ਰਾਏ (DIC ਚੰਡੀਗੜ੍ਹ), ਸ੍ਰੀ ਅਨਿਲ ਅਰੋੜਾ (ਚਾਰਟਰਡ ਅਕਾਊਂਟੈਂਟ, ICAI), ਸਮੇਤ ਕਈ ਪਤਵੰਤੇ ਸ਼ਾਮਲ ਹੋਏ।

## ਪਾਰਦਰਸ਼ਤਾ, ਏਕਤਾ ਅਤੇ ਸਮਰਪਣ ਨਾਲ ਸੰਗਤ ਦੀ ਸੇਵਾ ਹੋਰ ਮਜ਼ਬੂਤ ਬਣਾਈ ਜਾਵੇਗੀ : ਹਰਮੀਤ ਸਿੰਘ ਕਾਲਕਾ



**ਨਵੀਂ ਦਿੱਲੀ, 24 ਮਈ (ਦੇਸ਼ ਪ੍ਰਦੇਸ਼ ਬਿਊਰੋ)**- ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਪੂਰੀ ਨਿਸ਼ਠਾ, ਸਮਰਪਣ ਅਤੇ ਏਕਤਾ ਦੀ ਭਾਵਨਾ ਨਾਲ ਸੰਗਤ ਦੀ ਸੇਵਾ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਾਰਦਰਸ਼ਤਾ ਅਤੇ ਮਿਲਜੁਲ ਕੇ ਕੰਮ ਕਰਨ ਦੀ ਸੋਚ ਨਾਲ ਹੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਹੋਰ ਮਜ਼ਬੂਤ ਅਤੇ ਪ੍ਰਭਾਵਸ਼ਾਲੀ ਬਣਾਇਆ ਜਾ ਸਕਦਾ ਹੈ। ਇਹ ਵਿਚਾਰ ਉਨ੍ਹਾਂ ਨੇ ਕੱਲ੍ਹ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਕਾਰਜਕਾਰਨੀ ਕਮੇਟੀ ਦੀ ਇਕ ਵਿਸ਼ੇਸ਼ ਮੀਟਿੰਗ ਨੂੰ ਸੰਬੋਧਨ ਕਰਦਿਆਂ ਰੱਖੇ। ਇਸ ਮੀਟਿੰਗ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨਾਲ ਸੰਬੰਧਿਤ ਅਹਿਮ ਮਸਲਿਆਂ ਅਤੇ ਪੰਥਕ ਹਿੱਤਾਂ ਬਾਰੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਗੁਰਦੁਆਰਾ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ, ਪਾਰਦਰਸ਼ੀ ਅਤੇ ਲੋਕ-ਹਿਤੈਸ਼ੀ ਬਣਾਉਣ ਸਬੰਧੀ ਕਈ ਮਹਤੱਵਪੂਰਨ ਸੁਝਾਵਾਂ ਅਤੇ ਯੋਜਨਾਵਾਂ 'ਤੇ ਵਿਚਾਰ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਮੈਂਬਰਾਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਸੰਗਤ ਦੀਆਂ ਉਮੀਦਾਂ ਅਨੁਸਾਰ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਲਈ ਆਪਣੇ ਸੁਝਾਅ ਪੇਸ਼ ਕੀਤੇ। ਮੀਟਿੰਗ ਦੇ ਅੰਤ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹਾਜ਼ਰ ਸਾਰੇ ਮੈਂਬਰਾਂ ਨੇ ਸੰਗਤ ਦੀ ਭਲਾਈ ਲਈ ਮਿਲਜੁਲ ਕੇ ਕੰਮ ਕਰਨ ਦਾ ਦ੍ਰਿੜ ਇਰਾਦਾ ਦੁਹਰਾਇਆ।

## ਬਿਜਲੀ ਕਰਮਚਾਰੀਆਂ ਤੇ ਪੈਨਸ਼ਨਰ ਸਾਥੀਆਂ ਵੱਲੋਂ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ਼ ਰੋਹ ਭਰਪੂਰ ਧਰਨਾ ਅਤੇ ਰੋਸ ਰੈਲੀ ਕੀਤੀ

### ਮੰਗਾਂ ਲਾਗੂ ਨਾ ਕੀਤੀਆਂ ਤਾਂ 16 ਅਤੇ 17 ਜੂਨ ਦੀ ਮੁਕੰਮਲ ਹੜਤਾਲ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ



**ਮੋਰਿੰਡਾ,25 ਮਈ (ਬਲਵੀਰ ਸਿੰਘ ਚਲਾਕੀ)**- ਜੁਆਇੰਟ ਫੋਰਮ ਪੰਜਾਬ ਅਤੇ ਏਕਤਾ ਮੰਚ ਪੰਜਾਬ ਦੇ ਸੱਦੇ ਤੇ ਅੱਜ ਮੋਰਿੰਡਾ ਸਬ ਡਵੀਜ਼ਨ ਦੇ ਸਮੂਹ ਬਿਜਲੀ ਕਰਮਚਾਰੀਆਂ ਅਤੇ ਪੈਨਸ਼ਨਰ ਸਾਥੀਆਂ ਵੱਲੋਂ ਪਾਵਰ ਮੈਨੇਜਮੈਂਟ ਦੀਆਂ ਮੁਲਾਜ਼ਮ ਵਿਰੋਧੀ ਨੀਤੀਆਂ ਖਿਲਾਫ ਰੋਹ ਭਰਪੂਰ ਧਰਨਾ ਅਤੇ ਰੋਸ ਰੈਲੀ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਕਰਮਚਾਰੀਆਂ ਦੇ ਇਕੱਠ ਨੇ ਕੇ ਮੈਨੇਜਮੈਂਟ ਦੀ ਵਾਅਦਾ ਖਿਲਾਫੀ ਅਤੇ ਧੱਕੇਸ਼ਾਹੀ ਵਾਲੇ ਰਵੱਈਏ ਦੀ ਜ਼ੋਰਦਾਰ ਨਿੰਦਾ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਸੁਖਵਿੰਦਰ ਸਿੰਘ ਦੁੱਮਣਾ ਮੈਂਬਰ ਜੁਆਇੰਟ ਫੋਰਮ ਪੰਜਾਬ, ਬਲਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ ਐਮ ਐਸ ਯੂ,ਸੁਰਜੀਤ ਸਿੰਘ ਸਰਕਲ ਪ੍ਰਧਾਨ ਰੋਪੜ,ਸਿਕਰਾਉਂ ਸਿੰਘ ਡਿਵੀਜ਼ਨ ਪ੍ਰਧਾਨ ਐਮ ਐਸ ਯੂ,ਭੁਪਿੰਦਰ ਸਿੰਘ ਸਕੱਤਰ ਪੈਨਸ਼ਨਰ ਐਸੋਸੀਏਸ਼ਨ ਖਰੜ ਨੇ ਕਿਹਾ ਕਿ ਪਾਵਰ ਮੈਨੇਜਮੈਂਟ ਲਗਾਤਾਰ ਬਿਜਲੀ ਕਾਮਿਆਂ ਅਤੇ ਪੈਨਸ਼ਨਰਾਂ ਦੀਆਂ ਵਾਜਿਬ ਮੰਗਾਂ ਨੂੰ ਅਣਡਿੱਠਾ ਕਰ ਰਹੀ ਹੈ। ਮੀਟਿੰਗਾਂ ਵਿੱਚ ਸਹਿਮਤੀਆਂ ਕਰਨ ਦੇ ਬਾਵਜੂਦ ਮੰਨੀਆਂ ਹੋਈਆਂ ਮੰਗਾਂ ਲਾਗੂ ਨਹੀਂ ਕੀਤੀਆਂ ਜਾ ਰਹੀਆਂ, ਜਿਸ ਕਾਰਨ ਸਮੂਹ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਮੈਨੇਜਮੈਂਟ ਫੀਲਡ ਕਰਮਚਾਰੀਆਂ ਨੂੰ ਬੇਲੋੜਾ ਦਬਾਅ ਪਾ ਕੇ ਹਰਾਸਮੈਂਟ ਕਰ ਰਹੀ ਹੈ ਅਤੇ ਮੁਲਾਜ਼ਮ ਵਿਰੋਧੀ ਫੈਸਲੇ ਥੋਪਣ ਦੀ ਨੀਤੀ ਤੇ ਚੱਲ ਰਹੀ ਹੈ। ਇਸ ਤੋਂ ਇਲਾਵਾ ਐਕਸੀਅਨ ਕੁਰਾਲੀ ਵੱਲੋਂ ਮੋਰਿੰਡਾ ਵਿਖੇ ਰਹਿ ਰਹੇ ਬਿਜਲੀ ਕਾਮਿਆਂ ਨੂੰ ਚਾਰਜਸ਼ੀਟ ਕਰਨ ਦਾ ਪੱਤਰ ਜਾਰੀ ਕਰਨ ਤੇ ਨਿਖੇਧੀ ਕੀਤੀ ਗਈ ਅਤੇ ਚਿਤਾਵਨੀ ਦਿੱਤੀ ਗਈ ਕਿ ਅਜਿਹਾ ਹੋਣ ਤੇ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ 7 ਜੂਨ ਨੂੰ ਸੰਗਰੂਰ ਵਿਖੇ ਹੋਣ ਵਾਲੇ ਵਿਸ਼ਾਲ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੈਨੇਜਮੈਂਟ ਨੇ ਮੰਨੀਆਂ ਹੋਈਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ 16 ਅਤੇ 17 ਜੂਨ ਦੀ ਮੁਕੰਮਲ ਹੜਤਾਲ ਨੂੰ ਹੋਰ ਵੀ ਤਿੱਖਾ ਕੀਤਾ ਜਾਵੇਗਾ। ਅੱਜ ਦੇ ਇਸ ਵਿਸ਼ਾਲ ਧਰਨੇ ਵਿੱਚ ਸਮੂਹ ਬਿਜਲੀ ਕਾਮਿਆਂ ਨੇ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਰੋਸ ਰੈਲੀ ਵਿੱਚ ਮੈਡਮ ਹਰਮਨਦੀਪ ਕੌਰ, ਮਨਜੀਤ ਕੌਰ, ਸਵਰਨਜੀਤ ਸਿੰਘ, ਗੁਰਨਾਮ ਸਿੰਘ, ਗੁਰਜਿੰਦਰ ਸਿੰਘ, ਸ਼ਿਵਮ, ਜਗਦੀਪ ਸਿੰਘ,ਕਰਮ ਸਿੰਘ, ਜਸਵੀਰ ਸਿੰਘ,ਬਲਜਿੰਦਰ ਸਿੰਘ, ਗੁਰਬਚਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਾਥੀ ਸ਼ਾਮਿਲ ਹੋਏ।

## ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਹੀਮੋਫੀਲੀਆ ਉੱਤੇ ਮਾਹਿਰ ਵਿਆਖਿਆਨ ਦਾ ਆਯੋਜਨ



**ਫ਼ਤਹਿਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ)** – ਬਾਇਓਟੈਕਨਾਲੋਜੀ ਵਿਭਾਗ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਵਰਲਡ ਹੀਮੋਫੀਲੀਆ ਡੇਅ ਦੇ ਮੌਕੇ 'ਤੇ ਹੀਮੋਫੀਲੀਆ ਅਤੇ ਹੋਰ ਵੰਸ਼ਾਨੁਗਤ ਖੂਨ ਵਗਣ ਵਾਲੀਆਂ ਬਿਮਾਰੀਆਂ ਬਾਰੇ ਜਾਗਰੂਕਤਾ ਫੈਲਾਉਣ ਲਈ ਇੱਕ ਮਾਹਰ ਲੈਕਚਰ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਨੂੰ ਅੰਤਰਰਾਸ਼ਟਰੀ ਕੇਂਦਰੀ ਵਿਸ਼ੇ "ਤਸ਼ਖੀਸ: ਦੇਖਭਾਲ ਵੱਲ ਪਹਿਲਾ ਕਦਮ "ਨਾਲ ਜੋੜਿਆ ਗਿਆ, ਜਿਸ ਰਾਹੀਂ ਇਹ ਗੱਲ ਉਜਾਗਰ ਕੀਤੀ ਗਈ ਕਿ
ਮੁੱਖ ਵਿਆਖਿਆਨ ਡਾ. ਜਸਦੀਪ ਕੌਰ (ਐਮ.ਡੀ. ਪੈਥਾਲੋਜੀ) ਵੱਲੋਂ ਦਿੱਤਾ ਗਿਆ। ਡਾ. ਜਸਦੀਪ ਕੌਰ ਪਹਿਲਾਂ ਸਰਕਾਰੀ ਮੈਡੀਕਲ ਕਾਲਜ ਅਤੇ ਹਸਪਤਾਲ, ਚੰਡੀਗੜ੍ਹ ਵਿੱਚ ਸੇਵਾ ਨਿਭਾ ਚੁੱਕੀਆਂ ਹਨ ਅਤੇ ਇਸ ਵੇਲੇ ਅਦੇਸ਼ ਮੈਡੀਕਲ ਕਾਲਜ, ਅੰਬਾਲਾ ਨਾਲ ਸੰਬੰਧਿਤ ਹਨ। ਆਪਣੇ ਜਾਣਕਾਰੀਪੂਰਣ ਅਤੇ ਪ੍ਰਭਾਵਸ਼ਾਲੀ ਵਿਆਖਿਆਨ ਦੌਰਾਨ ਉਨ੍ਹਾਂ ਨੇ ਹੀਮੋਫੀਲੀਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਡਾ. ਜਸਦੀਪ ਕੌਰ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਖਾਸ ਕਰਕੇ ਵਿਕਾਸਸ਼ੀਲ ਦੇਸ਼ਾਂ ਵਿੱਚ ਹੀਮੋਫੀਲੀਆ ਦੇ ਬਹੁਤ ਸਾਰੇ ਮਾਮਲੇ ਅਜੇ ਵੀ ਅਣਪਛਾਤੇ ਰਹਿ ਜਾਂਦੇ ਹਨ। ਇਸ ਸਮਾਗਮ ਵਿੱਚ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੇ ਭਰਪੂਰ ਹਿੱਸਾ ਲਿਆ ਅਤੇ ਮਾਹਿਰ ਤੋਂ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਬਾਇਓਟੈਕਨਾਲੋਜੀ ਵਿਭਾਗ ਦੀ ਮੁਖੀ ਡਾ. ਰੁਪਿੰਦਰ ਕੌਰ ਨੇ ਡਾ. ਜਸਦੀਪ ਕੌਰ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੇ ਵਿਆਖਿਆਨ ਨੂੰ ਬਹੁਤ ਹੀ ਜਾਣਕਾਰੀਪੂਰਣ ਅਤੇ ਪ੍ਰਭਾਵਸ਼ਾਲੀ ਕਰਾਰ ਦਿੱਤਾ। ਉਨ੍ਹਾਂ ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਅਤੇ ਡਾ. ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

## 'ਇਹ ਹੁਜੂਮ ਪ੍ਰਧਾਨ ਮੰਤਰੀ ਮੋਦੀ ਦੀਆਂ ਨੀਤੀਆਂ ਦਾ ਪ੍ਰਤੀਬਿੰਬ ਹੈ'

**ਨਿਊ - ਚੰਡੀਗੜ੍ਹ' - ਖਰੜ, 25 ਮਈ (ਜੇ.ਕੇ ਬੱਤਾ )**- ਚੋਣ ਪ੍ਰਚਾਰ ਦੇ ਆਖਰੀ ਦਿਨ, ਸ਼ਨੀਵਾਰ ਸ਼ਾਮ 4 ਵਜੇ, ਵਾਰਡ 13 ਦੇ ਵਸਨੀਕਾਂ ਨੇ ਵਾਰਡ 13 ਨਯਾਗਾਓਂ ਤੋਂ ਭਾਜਪਾ ਉਮੀਦਵਾਰ ਬੀਬੀ ਸੁਖਵਿੰਦਰ ਕੌਰ ਦੇ ਸਮਰਥਨ ਵਿੱਚ ਇੱਕ ਵਿਸ਼ਾਲ ਰੋਡ ਸ਼ੋਅ ਕੀਤਾ। ਬੀਬੀ ਸੁਖਵਿੰਦਰ ਕੌਰ ਦੇ ਪਤੀ, ਸਮਾਜ ਸੇਵਕ ਅਤੇ ਸੀਨੀਅਰ ਭਾਜਪਾ ਆਗੂ ਦਵਿੰਦਰ ਸਿੰਘ ਮੰਡ ਨੇ ਦੱਸਿਆ ਕਿ ਰੋਡ ਸ਼ੋਅ ਵਿੱਚ 300 ਤੋਂ ਵੱਧ ਵਾਰਡ 13 ਦੇ ਭਾਜਪਾ ਮੈਂਬਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਮੁਸਲਿਮ ਭਾਈਚਾਰੇ ਦੇ ਮੈਂਬਰ ਵੀ ਸ਼ਾਮਲ ਸਨ ਜਿਨ੍ਹਾਂ ਨੇ ਇਸ ਉਦੇਸ਼ ਦਾ ਸਮਰਥਨ ਕੀਤਾ।



## 68ਵੇਂ ਸਰਬ ਧਰਮ ਏਕਤਾ ਸੰਮੇਲਨ ਦੌਰਾਨ ਆਪਸੀ ਭਾਈਚਾਰਕ ਸਾਂਝ ਪ੍ਰਪੱਕ ਕਰਨ ਦਾ ਸੰਦੇਸ਼ ਦਿੱਤਾ

**ਕੁਰਾਲੀ,25 ਮਈ (ਪ੍ਰਭਦੀਪ ਸਿੰਘ ਸੋਢੀ)**: ਸਥਾਨਕ ਸ਼ਹਿਰ ਦੇ ਰੋਪੜ ਰੋਡ ਵਿਖੇ ਸਥਿਤ ਸਫਰੀ ਕੁਟੀਆ ਵਿਖੇ ਅੱਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਸਮਰਪਿਤ ਅਤੇ ਸਮੁੱਚੀ ਮਾਨਵਤਾ ਦੇ ਸ਼ਹੀਦਾਂ ਦੀ ਯਾਦ ਵਿੱਚ ਆਪਸੀ ਭਾਈਚਾਰੇ, ਸ਼ਾਂਤੀ ਅਤੇ ਸਮਾਜਿਕ ਏਕਤਾ ਦਾ ਸੰਦੇਸ਼ ਦੇਣ ਲਈ 68ਵਾਂ ਸਰਬ ਧਰਮ ਏਕਤਾ ਸੰਮੇਲਨ ਕਰਵਾਇਆ ਗਿਆ। ਜਿਸ ਦੌਰਾਨ ਵੱਖ-ਵੱਖ ਧਰਮਾਂ ਦੇ ਧਾਰਮਿਕ ਆਗੂਆਂ, ਸਮਾਜ ਸੇਵੀ ਸੰਸਥਾਵਾਂ ਅਤੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਨੇ ਸ਼ਮੂਲੀਅਤ ਕੀਤੀ। ਸਵ. ਸੰਤ ਸਰੂਪ ਸਿੰਘ ਸਫਰੀ ਵੱਲੋਂ ਆਰੰਭ ਕੀਤੇ ਇਨ੍ਹਾਂ ਸਮਾਗਮਾਂ ਦੀ ਲੜੀ ਤਹਿਤ ਕਰਵਾਏ ਗਏ ਇਸ ਸਮਾਗਮ ਦੌਰਾਨ ਸਭ ਧਰਮਾਂ ਦੇ ਪ੍ਰਤੀਨਿਧੀਆਂ ਨੇ ਮਨੁੱਖਤਾ, ਪਿਆਰ ਅਤੇ ਆਪਸੀ ਸਾਂਝ ਨੂੰ ਸਭ ਤੋਂ ਵੱਡਾ ਧਰਮ ਦੱਸਦਿਆਂ ਸਮਾਜ ਵਿੱਚ ਇਕੱਠ ਅਤੇ ਭਾਈਚਾਰਾ ਬਣਾਈ ਰੱਖਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਸਿੱਧ ਪੰਜਾਬੀ ਗਾਇਕ ਕੁਲਦੀਪ ਤੂਰ, ਰਣਬੀਰ ਸਿੰਘ, ਰਮਨ ਪੰਨੂ ਅਤੇ ਗਾਇਕਾ ਦੀਪੀ ਦਿਲਪ੍ਰੀਤ ਸਮੇਤ ਹੋਰਨਾਂ ਕਲਾਕਾਰਾਂ ਨੇ ਧਾਰਮਿਕ ਸ਼ਬਦ ਅਤੇ ਸਮਾਜਿਕ ਏਕਤਾ ਨਾਲ ਜੁੜੇ ਧਾਰਮਿਕ ਗੀਤ ਵੀ ਪੇਸ਼ ਕੀਤੇ। ਇਸ ਮੌਕੇ ਗੁਰਪ੍ਰੀਤ ਸਿੰਘ ਸਫਰੀ, ਸੁਖਜਿੰਦਰ ਸੋਢੀ ਕੁਰਾਲੀ, ਮਲਾਗਰ ਸਿੰਘ, ਨਾਗਰ ਸਿੰਘ, ਅਵਤਾਰ ਸਿੰਘ, ਜਸਮਿੰਦਰ ਸਿੰਘ ਅਤੇ ਹੋਰਨਾਂ ਪ੍ਰਬੰਧਕਾਂ ਵੱਲੋਂ ਪਹੁੰਚੀਆਂ ਸੰਗਤਾਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਸਮਾਜ ਵਿੱਚ ਅਮਨ-ਸ਼ਾਂਤੀ ਅਤੇ ਭਾਈਚਾਰੇ ਲਈ ਮਿਲਜੁਲ ਕੇ ਸਮਾਜ ਸੇਵੀ ਕੰਮ ਕਰਨ ਦਾ ਸੱਦਾ ਦਿੱਤਾ ਗਿਆ।



## ਸੰਪਾਦਕੀ

# ਦੇਸ਼ਧ੍ਰੋਹ ਦਾ ਮਾਮਲਾ

ਭਾਰਤੀ ਰਾਜ ਨੇ ਅਕਸਰ ਦੇਸ਼ਧ੍ਰੋਹ ਦੇ ਬਸਤੀਵਾਦੀ ਅਪਰਾਧ - ਜੋ ਕਿ ਭਾਰਤੀ ਦੰਡ ਸੰਹਿਤਾ ਦੀ ਧਾਰਾ 124ਏ ਦੇ ਤਹਿਤ ਸੰਹਿਤਾਬੱਧ ਹੈ - ਨੂੰ ਅਸਹਿਮਤੀ ਨੂੰ ਦਬਾਉਣ ਲਈ ਵਰਤਿਆ ਹੈ। ਮਈ 2022 ਵਿੱਚ, 'ਐਸ.ਜੀ. ਵੋਂਬਟਕੇਰੇ ਬਨਾਮ ਭਾਰਤ ਸੰਘ' ਦੇ ਮਾਮਲੇ ਵਿੱਚ, ਸੁਪਰੀਮ ਕੋਰਟ ਨੇ ਰਾਜ ਅਤੇ ਕੇਂਦਰ ਸਰਕਾਰਾਂ ਨੂੰ ਨਵੀਂ ਪਹਿਲੀ ਸੂਚਨਾ ਰਿਪੋਰਟ ਦਰਜ ਕਰਨ ਜਾਂ ਧਾਰਾ 124ਏ ਦੇ ਤਹਿਤ ਸਜ਼ਾਤਮਕ ਉਪਾਅ ਕਰਨ ਤੋਂ ਗੁਰੇਜ਼ ਕਰਨ ਦਾ ਨਿਰਦੇਸ਼ ਦਿੱਤਾ, ਜਦੋਂ ਕਿ ਕੇਂਦਰ ਨੇ ਕਿਹਾ ਕਿ ਉਹ ਇਸ ਉਪਬੰਧ 'ਤੇ 'ਮੁੜ ਵਿਚਾਰ' ਕਰੇਗਾ। ਜਦੋਂ 'ਭਾਰਤੀ ਨਿਆ ਸੰਹਿਤਾ' 2024 ਵਿੱਚ ਲਾਗੂ ਹੋਇਆ, ਤਾਂ ਸੰਸਦ ਨੇ ਪ੍ਰਭਾਵਸ਼ਾਲੀ ਢੰਗ ਨਾਲ ਧਾਰਾ 1241 ਨੂੰ ਧਾਰਾ 152 ਨਾਲ ਬਦਲ ਦਿੱਤਾ ਅਤੇ ਘੱਟੋ-ਘੱਟ ਸਜ਼ਾ ਨੂੰ ਸੱਤ ਸਾਲ ਤੱਕ ਵਧਾ ਦਿੱਤਾ। ਇਹ ਦੇਸ਼ਧ੍ਰੋਹ ਦੇ ਅਪਰਾਧ ਦਾ ਸਿਰਫ਼ ਇੱਕ ਨਵਾਂ ਅਵਤਾਰ ਸੀ। ਫਰਵਰੀ 2026 ਵਿੱਚ, ਭਾਰਤ ਦੇ ਚੀਫ਼ ਜਸਟਿਸ ਸੂਰਿਆ ਕਾਂਤ ਨੇ ਸੁਝਾਨੀ ਤੌਰ 'ਤੇ ਦੇਖਿਆ ਕਿ ਕੇਂਦਰ ਦਾ 2022 ਦਾ ਉਪਬੰਧ ਸਮੀਖਿਆ ਕਰਨ ਦਾ ਕਾਰਜ ਸੰਸਦ ਨੂੰ ਬੰਨ੍ਹ ਨਹੀਂ ਸਕਦਾ। ਅਦਾਲਤਾਂ 'ਤੇ ਬੋਝ ਘਟਾਉਣ ਅਤੇ ਦੇਸ਼ ਨੂੰ ਬੀਐਨਐਸ ਯੁੱਗ ਵਿੱਚ ਲਿਆਉਣ ਦੀ ਕੋਸ਼ਿਸ਼ ਵਿੱਚ, ਸੁਪਰੀਮ ਕੋਰਟ ਨੇ 21 ਮਈ, 2026 ਨੂੰ ਫੈਸਲਾ ਸੁਣਾਇਆ ਕਿ ਅਦਾਲਤਾਂ ਧਾਰਾ 124ਏ ਦੇ ਤਹਿਤ ਲੰਬਿਤ ਮਾਮਲਿਆਂ ਨੂੰ ਅੱਗੇ ਵਧਾ ਸਕਦੀਆਂ ਹਨ, ਬਸ਼ਰਤੇ ਦੋਸ਼ੀ ਵਿਅਕਤੀ ਕੋਈ ਇਤਰਾਜ਼ ਨਾ ਕਰੇ। ਹਾਲਾਂਕਿ, ਦੋਸ਼ੀ ਵਿਅਕਤੀ 'ਤੇ ਅਜਿਹੀ ਸਹਿਮਤੀ ਦਬਾਅ ਹੇਠ ਪ੍ਰਾਪਤ ਕੀਤੀ ਜਾ ਸਕਦੀ ਹੈ - ਖਾਸ ਕਰਕੇ ਜੇਕਰ ਉਹਨਾਂ ਕੋਲ ਮਜ਼ਬੂਤ ਕਾਨੂੰਨੀ ਪ੍ਰਤੀਨਿਧਤਾ ਦੀ ਘਾਟ ਹੈ - ਕਿਉਂਕਿ ਕੇਸ ਕੀਤੇ ਵਿਅਕਤੀਆਂ ਲਈ ਵਿਕਲਪ ਅਨਮਿੱਥੇ ਸਮੇਂ ਲਈ ਦੇਰੀ ਹੈ। ਇਹ, ਅਸਲ ਵਿੱਚ, ਇੱਕ ਮਾੜੇ ਨਤੀਜੇ ਅਤੇ ਇੱਕ ਹੋਰ ਵੀ ਮਾੜੇ ਨਤੀਜੇ ਦੇ ਵਿਚਕਾਰ ਇੱਕ ਚੋਣ ਹੈ। ਦਰਅਸਲ, ਕਿਉਂਕਿ 2022 ਦੇ ਸਟੇਅ ਆਰਡਰ ਨੇ ਇੱਕ ਸੰਵਿਧਾਨਕ ਚੁਣੌਤੀ ਦੇ ਹੱਲ ਤੱਕ ਧਾਰਾ 124ਏ ਦੀ ਅਰਜ਼ੀ ਨੂੰ ਮੁਅੱਤਲ ਕਰ ਦਿੱਤਾ ਸੀ, ਇਹ ਸਪੱਸ਼ਟ ਨਹੀਂ ਹੈ ਕਿ ਇੱਕ ਦੋਸ਼ੀ ਵਿਅਕਤੀ ਦੀ ਮੁਕੱਦਮੇ ਵਿੱਚ ਖੜ੍ਹੇ ਹੋਣ ਦੀ ਸਹਿਮਤੀ ਅਸਲ ਵਿੱਚ ਉਨ੍ਹਾਂ ਸਥਿਤੀਆਂ ਵਿੱਚ ਕਿੰਨੀ ਸਾਰਥਕ ਹੋ ਸਕਦੀ ਹੈ ਜਿੱਥੇ ਇਨਕਾਰ ਕਰਨ ਨਾਲ ਲੰਬੀ ਦੇਰੀ ਹੋਵੇਗੀ। 'ਐਸ.ਜੀ. ਵੋਂਬਟਕੇਰੇ' ਦੇ ਫੈਸਲੇ ਨੇ ਦੇਸ਼ਧ੍ਰੋਹ ਦੇ ਦੋਸ਼ਾਂ ਵਿੱਚ ਗ੍ਰਿਫ਼ਤਾਰ ਵਿਅਕਤੀਆਂ ਲਈ ਜ਼ਮਾਨਤ ਲਈ ਅਰਜ਼ੀ ਦੇਣ ਦਾ ਪ੍ਰਬੰਧ ਵੀ ਕੀਤਾ ਸੀ। ਇਸ ਤੋਂ ਭਾਵ ਸੀ ਕਿ, ਸਿਰਫ਼ ਲੰਬਿਤ ਮਾਮਲਿਆਂ ਲਈ ਕਾਰਵਾਈ ਮੁੜ ਸ਼ੁਰੂ ਕਰਨ ਦੀ ਬਜਾਏ, ਆਜ਼ਾਦੀ ਦੇਣਾ ਹੀ ਉਦੇਸ਼ਿਤ ਉਪਾਅ ਸੀ। ਮਈ ਵਿੱਚ ਜਾਰੀ ਕੀਤਾ ਗਿਆ ਸਪੱਸ਼ਟੀਕਰਨ ਉਲਟ ਦਿਸ਼ਾ ਵਿੱਚ ਜਾਂਦਾ ਹੈ ਅਤੇ ਇਸ ਸਿਧਾਂਤ ਦੇ ਉਲਟ ਵੀ ਹੈ ਕਿ 'ਜ਼ਮਾਨਤ ਨਿਯਮ ਹੈ', ਜਿਸਦੀ ਅਦਾਲਤ ਨੇ ਹਾਲ ਹੀ ਵਿੱਚ 'ਸਯਦ ਇਫਤਿਕਾਰ ਅੰਦਰਾਬੀ' ਕੇਸ ਵਿੱਚ ਪੁਸ਼ਟੀ ਕੀਤੀ ਹੈ। ਜੇਕਰ ਅਦਾਲਤ ਦਾ ਇਰਾਦਾ ਖੁਦਮੁਖ਼ਤਿਆਰੀ ਨੂੰ ਸੁਰੱਖਿਅਤ ਰੱਖਣਾ ਸੀ, ਤਾਂ ਇਸਨੂੰ ਜ਼ਮਾਨਤ ਦੇ ਸੰਭਾਵੀ ਹੱਕ ਨਾਲ ਕਾਰਵਾਈਆਂ ਜਾਰੀ ਰੱਖਣ ਲਈ ਪ੍ਰਬੰਧ ਕਰਨੇ ਚਾਹੀਦੇ ਸਨ। 2022 ਵਿੱਚ ਜਾਰੀ ਕੀਤੇ ਗਏ ਸਟੇਅ ਆਰਡਰ ਦਾ ਉਦੇਸ਼ ਦੇਸ਼ਧ੍ਰੋਹ ਦੇ ਦੋਸ਼ਾਂ ਦੇ ਪ੍ਰਗਟਾਵੇ ਦੀ ਆਜ਼ਾਦੀ 'ਤੇ ਨਿਰੰਤਰ ਪ੍ਰਭਾਵ ਨੂੰ ਖ਼ਤਮ ਕਰਨਾ ਵੀ ਸੀ। ਹੁਣ, ਅਮੀਰ ਜਾਂ ਰਾਜਨੀਤਿਕ ਤੌਰ 'ਤੇ ਪ੍ਰਭਾਵਸ਼ਾਲੀ ਦੋਸ਼ੀ ਵਿਅਕਤੀ ਲੰਬੀ ਕਾਨੂੰਨੀ ਕਾਰਵਾਈਆਂ ਰਾਹੀਂ ਜ਼ਮਾਨਤ ਪ੍ਰਾਪਤ ਕਰ ਸਕਦੇ ਹਨ ਅਤੇ ਜੇਲ੍ਹ ਤੋਂ ਬਾਹਰ ਰਹਿ ਕੇ ਮੁਕੱਦਮੇ ਦੇ ਸਿੱਟੇ ਦੀ ਉਡੀਕ ਕਰ ਸਕਦੇ ਹਨ। ਇਸ ਦੇ ਉਲਟ, ਗਰੀਬ ਕੈਦੀ - ਜ਼ਮਾਨਤ ਪ੍ਰਾਪਤ ਕਰਨ ਵਿੱਚ ਅਸਮਰੱਥ - ਮੁਕੱਦਮੇ ਲਈ ਸਹਿਮਤੀ ਦੇਣ ਲਈ ਮਜਬੂਰ ਹੋਣਗੇ, ਜੇਕਰ ਸਿਰਫ਼ ਅੰਤਿਮ ਫੈਸਲਾ ਪ੍ਰਾਪਤ ਕਰਨ ਲਈ। ਨਤੀਜੇ ਵਜੋਂ, ਆਜ਼ਾਦੀ ਕਾਨੂੰਨੀ ਸਿਧਾਂਤਾਂ ਦੀ ਬਜਾਏ ਮੁਕੱਦਮਾ ਚਲਾਉਣ ਦੀ ਸਮਰੱਥਾ 'ਤੇ ਨਿਰਭਰ ਕਰ ਸਕਦੀ ਹੈ। ਅੰਤ ਵਿੱਚ, ਜੇਕਰ ਰਾਜ ਨੂੰ ਪਤਾ ਹੈ ਕਿ ਸੰਵਿਧਾਨਕ ਤੌਰ 'ਤੇ ਲੜੇ ਗਏ ਅਪਰਾਧਾਂ ਨਾਲ ਸਬੰਧਤ ਮਾਮਲੇ ਲੰਬਿਤ ਹੋਣ ਦੀ ਕੈਦ ਵਿੱਚ ਲਟਕਦੇ ਰਹਿ ਸਕਦੇ ਹਨ, ਤਾਂ ਇਹ ਖ਼ਤਰਨਾਕ ਰਾਜ ਅਧਿਕਾਰੀਆਂ ਲਈ ਇਸ ਅੰਦਰੂਨੀ ਅਨਿਸ਼ਚਿਤਤਾ ਨੂੰ ਤੇਜ਼ੀ ਨਾਲ ਹੱਲ ਕਰਨ ਤੋਂ ਬਚਣ ਲਈ ਇੱਕ ਵਿਗੜਿਆ ਪ੍ਰੇਰਣਾ ਪੈਦਾ ਕਰਦਾ ਹੈ। ਇੱਕ ਵਾਰ ਅਤੇ ਹਮੇਸ਼ਾ ਲਈ ਇਸ ਨਿਰਧਾਰਨ ਦੀ ਬਜਾਏ ਕਿ ਕੀ ਦੇਸ਼ਧ੍ਰੋਹ ਨੂੰ ਸੰਵਿਧਾਨਕ ਤੌਰ 'ਤੇ ਜਾਇਜ਼ ਦੰਡਯੋਗ ਅਪਰਾਧ ਵਜੋਂ ਮਾਨਤਾ ਦਿੱਤੀ ਜਾਣੀ ਚਾਹੀਦੀ ਹੈ, ਸੁਪਰੀਮ ਕੋਰਟ ਨੇ ਇਹ ਭਾਰ ਦੋਸ਼ੀ 'ਤੇ ਪਾ ਦਿੱਤਾ ਹੈ ਅਤੇ ਆਪਣੇ ਫਰਜ਼ ਨਿਭਾਉਣ ਤੋਂ ਇਨਕਾਰ ਕਰ ਦਿੱਤਾ ਹੈ।

# ਮੈਡੀਕਲ ਦਾਖਲੇ ਲਈ ਨਵੀਂ ਪ੍ਰੀਖਿਆ ਪ੍ਰਣਾਲੀ

ਭਾਰਤ ਵਿੱਚ ਮੈਡੀਕਲ ਸਿੱਖਿਆ ਹਾਸਲ ਕਰਨ ਦਾ ਸੁਪਨਾ ਦੇਖਣ ਵਾਲੇ ਲੱਖਾਂ ਵਿਦਿਆਰਥੀਆਂ ਲਈ ਨੀਟ-ਯੂਜੀ ਪ੍ਰੀਖਿਆ ਸਭ ਤੋਂ ਮਹੱਤਵਪੂਰਨ ਦਰਵਾਜ਼ਾ ਮੰਨੀ ਜਾਂਦੀ ਹੈ। ਹਰ ਸਾਲ ਕਰੋੜਾਂ ਪਰਿਵਾਰਾਂ ਦੀਆਂ ਉਮੀਦਾਂ ਇਸ ਇੱਕ ਪ੍ਰੀਖਿਆ ਨਾਲ ਜੁੜ ਜਾਂਦੀਆਂ ਹਨ। ਪਿਛਲੇ ਕੁਝ ਸਾਲਾਂ ਦੌਰਾਨ ਨੀਟ-ਯੂਜੀ ਨੂੰ ਲੈ ਕੇ ਕਈ ਵਿਵਾਦ, ਪੇਪਰ ਲੀਕ, ਤਕਨੀਕੀ ਗੜਬੜਾਂ ਅਤੇ ਪ੍ਰਬੰਧਕੀ ਚੁਣੌਤੀਆਂ ਸਾਹਮਣੇ ਆਈਆਂ ਹਨ। ਇਸ ਪਿਛੋਕੜ ਵਿੱਚ ਇਹ ਵਿਚਾਰ ਉਭਰ ਕੇ ਆ ਰਿਹਾ ਹੈ ਕਿ ਨੀਟ-ਯੂਜੀ ਪ੍ਰੀਖਿਆ ਨੂੰ ਕਈ ਸੈਸ਼ਨਾਂ ਅਤੇ ਪੜਾਵਾਂ ਵਿੱਚ ਕਰਵਾਇਆ ਜਾਵੇ, ਤਾਂ ਜੋ ਪ੍ਰੀਖਿਆ ਪ੍ਰਣਾਲੀ ਹੋਰ ਪਾਰਦਰਸ਼ੀ, ਵਿਦਿਆਰਥੀ-ਮਿਤਰ ਅਤੇ ਭਰੋਸੇਯੋਗ ਬਣ ਸਕੇ।

ਮੌਜੂਦਾ ਸਮੇਂ ਵਿੱਚ ਨੀਟ-ਯੂਜੀ ਇੱਕ ਹੀ ਦਿਨ ਅਤੇ ਇੱਕ ਹੀ ਸੈਸ਼ਨ ਵਿੱਚ ਕਰਵਾਈ ਜਾਂਦੀ ਹੈ। ਇੱਕੋ ਦਿਨ ਵਿੱਚ ਲੱਖਾਂ ਵਿਦਿਆਰਥੀਆਂ ਦੀ ਪ੍ਰੀਖਿਆ ਲੈਣਾ ਇੱਕ ਵੱਡੀ ਪ੍ਰਸ਼ਾਸਕੀ ਚੁਣੌਤੀ ਬਣ ਜਾਂਦਾ ਹੈ। ਜੇਕਰ ਕਿਸੇ ਕੇਂਦਰ ਵਿੱਚ ਤਕਨੀਕੀ ਜਾਂ ਪ੍ਰਬੰਧਕੀ ਸਮੱਸਿਆ ਆ ਜਾਵੇ, ਤਾਂ ਹਜ਼ਾਰਾਂ ਵਿਦਿਆਰਥੀਆਂ ਦਾ ਭਵਿੱਖ ਪ੍ਰਭਾਵਿਤ ਹੋ ਸਕਦਾ ਹੈ। ਕਈ ਵਾਰ ਮੌਸਮ, ਯਾਤਰਾ, ਸਿਹਤ ਜਾਂ ਹੋਰ ਕਾਰਨਾਂ ਕਰਕੇ ਵਿਦਿਆਰਥੀ ਪ੍ਰੀਖਿਆ ਵਿੱਚ ਪੂਰਾ ਪ੍ਰਦਰਸ਼ਨ ਨਹੀਂ ਕਰ ਸਕਦੇ। ਇਸ ਲਈ ਕਈ ਸੈਸ਼ਨਾਂ ਵਾਲੀ ਪ੍ਰਣਾਲੀ ਵਿਦਿਆਰਥੀਆਂ ਨੂੰ ਵਧੀਆ ਮੌਕਾ ਦੇ ਸਕਦੀ ਹੈ।

ਕਈ ਸੈਸ਼ਨਾਂ ਵਿੱਚ ਨੀਟ ਕਰਵਾਉਣ ਦਾ ਸਭ ਤੋਂ ਵੱਡਾ ਫਾਇਦਾ ਇਹ ਹੋਵੇਗਾ ਕਿ ਵਿਦਿਆਰਥੀਆਂ ਦਾ ਮਾਨਸਿਕ




ਦਬਾਅ ਘੱਟ ਹੋਵੇਗਾ। ਜਦੋਂ ਕਿਸੇ ਪ੍ਰੀਖਿਆ ਲਈ ਸਿਰਫ ਇੱਕ ਮੌਕਾ ਹੁੰਦਾ ਹੈ, ਤਾਂ ਵਿਦਿਆਰਥੀ ਉੱਤੇ ਬੇਹੱਦ ਤਣਾਅ ਬਣ ਜਾਂਦਾ ਹੈ। ਇੱਕ ਛੋਟੀ ਗਲਤੀ ਜਾਂ ਇੱਕ ਮਾੜਾ ਦਿਨ ਸਾਲਾਂ ਦੀ ਮਿਹਨਤ ਨੂੰ ਪ੍ਰਭਾਵਿਤ ਕਰ ਸਕਦਾ ਹੈ। ਜੇਕਰ ਪ੍ਰੀਖਿਆ ਦੋ ਜਾਂ ਤਿੰਨ ਪੜਾਵਾਂ ਵਿੱਚ ਹੋਵੇ ਅਤੇ ਵਿਦਿਆਰਥੀ ਨੂੰ ਵਧੀਆ ਸਕੋਰ ਚੁਣਨ ਦਾ ਮੌਕਾ ਮਿਲੇ, ਤਾਂ ਉਹ ਆਪਣੇ ਆਪ ਨੂੰ ਹੋਰ ਆਤਮਵਿਸ਼ਵਾਸੀ ਮਹਿਸੂਸ ਕਰੇਗਾ।

ਇਸ ਪ੍ਰਣਾਲੀ ਨਾਲ ਪਿੰਡਾਂ ਅਤੇ ਦੂਰ-ਦਰਾਜ਼ ਖੇਤਰਾਂ ਦੇ ਵਿਦਿਆਰਥੀਆਂ ਨੂੰ ਵੀ ਲਾਭ ਹੋ ਸਕਦਾ ਹੈ। ਕਈ ਵਿਦਿਆਰਥੀਆਂ ਨੂੰ ਪ੍ਰੀਖਿਆ ਕੇਂਦਰਾਂ ਤੱਕ ਪਹੁੰਚਣ ਲਈ ਸੈਂਕੜੇ ਕਿਲੋਮੀਟਰ ਦਾ ਸਫਰ ਕਰਨਾ ਪੈਂਦਾ ਹੈ। ਇੱਕੋ ਦਿਨ ਵਿੱਚ ਭਾਰੀ ਭੀੜ ਅਤੇ ਆਵਾਜਾਈ ਦੀਆਂ ਸਮੱਸਿਆਵਾਂ ਕਾਰਨ ਉਹ ਥੱਕ ਜਾਂਦੇ ਹਨ। ਜੇਕਰ ਪ੍ਰੀਖਿਆ ਵੱਖ-ਵੱਖ ਪੜਾਵਾਂ ਵਿੱਚ ਹੋਵੇ, ਤਾਂ ਕੇਂਦਰਾਂ ਦੀ ਵੰਡ ਹੋਰ ਸੁਚੱਜੇ ਢੰਗ ਨਾਲ ਕੀਤੀ ਜਾ ਸਕਦੀ ਹੈ ਅਤੇ ਵਿਦਿਆਰਥੀਆਂ ਨੂੰ ਨੇੜਲੇ ਕੇਂਦਰ ਮਿਲ ਸਕਦੇ ਹਨ।

ਹਾਲਾਂਕਿ, ਕਈ ਸੈਸ਼ਨਾਂ ਵਿੱਚ ਨੀਟ ਕਰਵਾਉਣਾ ਆਸਾਨ ਕੰਮ ਨਹੀਂ ਹੈ। ਸਭ ਤੋਂ ਵੱਡੀ ਚੁਣੌਤੀ ਪ੍ਰਸ਼ਨਾਂ ਦੇ ਪੱਧਰ ਵਿੱਚ ਸਮਾਨਤਾ ਬਣਾਈ ਰੱਖਣ ਦੀ ਹੋਵੇਗੀ। ਜੇਕਰ ਇੱਕ ਸੈਸ਼ਨ ਦਾ ਪੇਪਰ ਆਸਾਨ ਅਤੇ ਦੂਜੇ ਦਾ ਮੁਸ਼ਕਲ ਹੋਵੇ, ਤਾਂ ਨਤੀਜੇ ਉੱਤੇ ਅਸਰ ਪੈ ਸਕਦਾ ਹੈ। ਇਸ ਲਈ ਪ੍ਰੀਖਿਆ ਏਜੰਸੀ ਨੂੰ ਨਾਰਮਲਾਈਜ਼ੇਸ਼ਨ ਪ੍ਰਕਿਰਿਆ ਬਹੁਤ ਪਾਰਦਰਸ਼ੀ ਅਤੇ ਵਿਗਿਆਨਕ ਢੰਗ ਨਾਲ ਲਾਗੂ ਕਰਨੀ ਪਵੇਗੀ। ਇਸ ਤੋਂ ਇਲਾਵਾ ਸੁਰੱਖਿਆ ਪ੍ਰਬੰਧ ਹੋਰ ਮਜ਼ਬੂਤ ਕਰਨੇ ਪੈਣਗੇ ਤਾਂ ਜੋ ਪੇਪਰ ਲੀਕ ਜਾਂ ਧੋਖਾਧੜੀ ਦੀ ਸੰਭਾਵਨਾ ਘੱਟ ਹੋ ਸਕੇ।

ਕੰਪਿਊਟਰ ਆਧਾਰਿਤ ਪ੍ਰੀਖਿਆ ਪ੍ਰਣਾਲੀ ਵੀ ਇਸ ਦਿਸ਼ਾ ਵਿੱਚ ਇੱਕ ਵੱਡਾ ਕਦਮ ਹੋ ਸਕਦੀ ਹੈ। ਜਿਵੇਂ ਜੇਈਈ ਮੇਨ ਕਈ ਸੈਸ਼ਨਾਂ ਵਿੱਚ ਹੁੰਦੀ ਹੈ, ਉਸੇ ਤਰ੍ਹਾਂ ਨੀਟ ਨੂੰ ਵੀ ਹੌਲੀ-ਹੌਲੀ ਡਿਜੀਟਲ ਪ੍ਰਣਾਲੀ ਵੱਲ ਲਿਆਂਦਾ ਜਾ ਸਕਦਾ ਹੈ। ਇਸ ਨਾਲ ਨਤੀਜੇ ਜਲਦੀ ਆ ਸਕਣਗੇ ਅਤੇ ਪ੍ਰਬੰਧਕੀ ਪਾਰਦਰਸ਼ਤਾ ਵਧੇਗੀ। ਪਰ ਇਸ ਲਈ ਦੇਸ਼ ਦੇ ਹਰ ਖੇਤਰ ਵਿੱਚ ਡਿਜੀਟਲ ਢਾਂਚੇ ਨੂੰ ਮਜ਼ਬੂਤ ਬਣਾਉਣਾ ਲਾਜ਼ਮੀ ਹੋਵੇਗਾ।

ਨੀਟ-ਯੂਜੀ ਨੂੰ ਕਈ ਪੜਾਵਾਂ ਵਿੱਚ ਕਰਵਾਉਣ ਦਾ ਵਿਚਾਰ ਸਿੱਖਿਆ ਪ੍ਰਣਾਲੀ ਨੂੰ ਵਿਦਿਆਰਥੀ-ਕੇਂਦਰਿਤ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੋ ਸਕਦਾ ਹੈ। ਇਸ ਨਾਲ ਵਿਦਿਆਰਥੀਆਂ ਨੂੰ ਇੱਕ ਗਲਤੀ ਕਾਰਨ ਪਿੱਛੇ ਰਹਿ ਜਾਣ ਦਾ ਡਰ ਘੱਟ ਹੋਵੇਗਾ ਅਤੇ ਉਹ ਆਪਣੀ ਯੋਗਤਾ ਨੂੰ ਹੋਰ ਵਧੀਆ ਢੰਗ ਨਾਲ ਸਾਬਤ ਕਰ ਸਕਣਗੇ।

ਅੱਜ ਦੇ ਮੁਕਾਬਲੇ ਵਾਲੇ ਯੁੱਗ ਵਿੱਚ ਪ੍ਰੀਖਿਆਵਾਂ ਦਾ ਮਕਸਦ ਕੇਵਲ ਚੋਣ ਕਰਨਾ ਨਹੀਂ, ਸਗੋਂ ਵਿਦਿਆਰਥੀਆਂ ਨੂੰ ਨਿਆਂਪੂਰਨ ਅਤੇ ਸਮਾਨ ਮੌਕੇ ਪ੍ਰਦਾਨ ਕਰਨਾ ਵੀ ਹੋਣਾ ਚਾਹੀਦਾ ਹੈ। ਜੇਕਰ ਨੀਟ-ਯੂਜੀ ਨੂੰ ਸੋਚ-ਵਿਚਾਰ ਅਤੇ ਮਜ਼ਬੂਤ ਪ੍ਰਬੰਧ ਨਾਲ ਕਈ ਸੈਸ਼ਨਾਂ ਵਿੱਚ ਲਿਆਂਦਾ ਜਾਂਦਾ ਹੈ, ਤਾਂ ਇਹ ਭਾਰਤੀ ਸਿੱਖਿਆ ਪ੍ਰਣਾਲੀ ਵਿੱਚ ਇੱਕ ਵੱਡਾ ਅਤੇ ਸਕਾਰਾਤਮਕ ਬਦਲਾਅ ਸਾਬਤ ਹੋ ਸਕਦਾ ਹੈ।



**ਡਾ ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਅਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ**

# ਆੜ੍ਹਤੀਆਂ ਐਸੋ.ਪੰਜਾਬ ਦੇ ਸੂਬਾ ਪ੍ਰਧਾਨ ਰਾਣਾ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਕੀਤੀ ਮੁਲਾਕਾਤ

**ਪਟਿਆਲਾ, 25 ਮਈ (ਰਾਜਿੰਦਰ ਸਿੰਘ ਥਿੰਦ) :** ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਵਫ਼ਦ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਅਹਿਮ ਮੁਲਾਕਾਤ ਕਰਕੇ ਆੜ੍ਹਤੀਆਂ ਅਤੇ ਮੰਡੀ ਮਜ਼ਦੂਰਾਂ ਨਾਲ ਸੰਬੰਧਿਤ ਸਮੱਸਿਆਵਾਂ ਦੇ ਯੋਗ ਹੱਲ ਕਰਨ ਦੀ ਅਪੀਲ ਕੀਤੀ। ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਪਹੁੰਚੇ ਵਫਦ ਵਲੋਂ ਪੰਜ ਨੁਕਾਤੀ ਮੰਗ-ਪੱਤਰ ਵੀ ਸੌਂਪਿਆ ਗਿਆ। ਸੂਬਾ ਪ੍ਰਧਾਨ ਰਾਣਾ ਨੇ ਦੱਸਿਆ ਕਿ ਇਹ ਮੁਲਾਕਾਤ ਬਹੁਤ ਚੰਗੇ ਮਾਹੌਲ ਵਿਚ ਹੋਈ। ਵਫ਼ਦ ਅਤੇ ਰਾਜਪਾਲ ਵਿਚਕਾਰ ਹੋਈ ਮੀਟਿੰਗ ਦੇ ਸਾਰਥਿਕ ਨਤੀਜੇ ਮਿਲਣ ਦੀ ਉਮੀਦ ਹੈ। ਉਨਾਂ ਕਿਹਾ ਕਿ ਰਾਜਪਾਲ ਸਾਹਮਣੇ ਐਸੋਸੀਏਸ਼ਨ ਵਲੋਂ ਸੌਂਪੇ ਮੰਗ ਪੱਤਰ 'ਚ ਸਭਤੋਂ ਮੁੱਖ ਮੰਗ ਆੜ੍ਹਤੀਆਂ ਲਈ ਐਮ.ਐਸ.ਪੀ. ਆਧਾਰਿਤ 2.5 ਫ਼ੀਸਦੀ ਕਮਿਸ਼ਨ ਦੀ ਬਹਾਲੀ ਦੀ ਰੱਖੀ ਗਈ। ਉਨਾਂ ਦੱਸਿਆ ਕਿ ਇਸ ਵੇਲੇ 50.75 ਪ੍ਰਤੀ ਕੁਇੰਟਲ ਕਮਿਸ਼ਨ ਮਿਲ ਰਿਹਾ ਹੈ, ਜਦਕਿ ਐਮ.ਐਸ.ਪੀ. ਅਨੁਸਾਰ ਇਹ 64.62 ਬਣਦਾ ਹੈ, ਜਿਸ ਨਾਲ ਹਰ ਕੁਇੰਟਲ 'ਤੇ ਲਗਭਗ 13.87 ਦਾ ਘਾਟਾ ਪੈ ਰਿਹਾ ਹੈ। ਮਹਿੰਗਾਈ ਕਾਰਨ ਬਿਜਲੀ, ਮੁਰੰਮਤ ਅਤੇ ਕਰਮਚਾਰੀਆਂ ਦੇ ਖਰਚੇ ਵਧਣ ਨਾਲ ਇਹ ਮਸਲਾ ਹੋਰ ਵੀ ਗੰਭੀਰ ਬਣ ਚੁੱਕਿਆ ਹੈ। ਉਨਾਂ ਕਿਹਾ ਕਿ ਦੂਜੇ ਮਹੱਤਵਪੂਰਨ ਮੁੱਦੇ ਵਜੋਂ ਮੰਡੀ ਮਜ਼ਦੂਰਾਂ ਦੀਆਂ ਦਰਾਂ ਵਿਚ ਘੱਟੋ-ਘੱਟ 50 ਫ਼ੀਸਦੀ ਵਾਧੇ ਦੀ ਮੰਗ ਕੀਤੀ ਗਈ। ਐਸੋਸੀਏਸ਼ਨ ਦਾ ਕਹਿਣਾ ਹੈ ਕਿ ਲੰਬੇ ਸਮੇਂ ਤੋਂ ਮਜ਼ਦੂਰੀ



ਦਰਾਂ ਨਾ ਵਧਣ ਕਾਰਨ ਪਰਵਾਸੀ ਮਜ਼ਦੂਰ ਪੰਜਾਬ ਦੀਆਂ ਮੰਡੀਆਂ ਵਿਚ ਆਉਣ ਤੋਂ ਕਤਰਾਉਂਦੇ ਹਨ, ਜਿਸ ਨਾਲ ਲੇਬਰ ਦੀ ਭਾਰੀ ਕਮੀ ਪੈਦਾ ਹੋ ਗਈ ਹੈ। ਇਸ ਤੋਂ ਇਲਾਵਾ ਮਜ਼ਦੂਰਾਂ ਲਈ ਈ.ਪੀ.ਐਫ. ਲਾਗੂ ਕਰਨ ਦੇ ਮਾਮਲੇ ਵੀ ਸਮੱਸਿਆ ਦਰਪੇਸ਼ ਆਉਂਦੀ ਹੈ, ਐਸੋਸੀਏਸ਼ਨ ਨੇ ਦਲੀਲ ਦਿੱਤੀ ਕਿ ਮੰਡੀ ਮਜ਼ਦੂਰ ਜ਼ਿਆਦਾਤਰ ਅਸਥਾਈ ਅਤੇ ਪ੍ਰਵਾਸੀ ਹੁੰਦੇ ਹਨ, ਜੋ ਨਿਰੰਤਰ ਇਕ ਥਾਂ ਕੰਮ ਨਹੀਂ ਕਰਦੇ, ਇਸ ਲਈ ਉਨਾਂ 'ਤੇ ਈ.ਪੀ.ਐਫ. ਲਾਗੂ ਕਰਨਾ ਅਮਲੀ ਤੌਰ 'ਤੇ ਸੰਭਵ ਨਹੀਂ। ਇਸ ਲਈ ਇਸ ਤੋਂ ਛੋਟ ਦਿੱਤੀ ਜਾਣੀ ਚਾਹੀਦੀ ਹੈ। ਰਾਣਾ ਨੇ ਕਿਹਾ ਕਿ ਨਮੀ ਦੇ ਮਾਪਦੰਡਾਂ ਸੰਬੰਧੀ ਵੀ ਇਕ ਅਹਿਮ ਮੰਗ ਰੱਖੀ ਗਈ। ਗਰਮੀ ਅਤੇ ਲਿਫ਼ਟਿੰਗ ਵਿਚ ਦੇਰੀ ਕਾਰਨ ਅਨਾਜ ਦੀ ਨਮੀ ਘਟਣ ਨਾਲ ਵਜ਼ਨ ਵਿਚ ਕੁਦਰਤੀ ਕਮੀ ਆ ਜਾਂਦੀ ਹੈ ਪਰ ਖ਼ਰੀਦ ਏਜੰਸੀਆਂ ਇਸ ਘਾਟੇ ਨੂੰ ਸਵੀਕਾਰ ਨਹੀਂ ਕਰਦੀਆਂ। ਜੋ ਆੜ੍ਹਤੀਆਂ ਨੂੰ ਨੁਕਸਾਨ ਨਾ ਝੇਲਣਾ ਪਵੇ। ਇਸ ਤੋਂ ਇਲਾਵਾ ਪੰਜਾਬ ਵਿਚ ਭੰਡਾਰਨ ਦੀ ਜਗਾ ਦੀ ਭਾਰੀ ਕਮੀ ਨੂੰ ਵੀ ਗੰਭੀਰ ਚੁਣੌਤੀ ਦੱਸਿਆ ਗਿਆ। ਗੁਦਾਮਾਂ ਵਿਚ ਪੁਰਾਣਾ ਸਟਾਕ ਭਰਿਆ ਹੋਣ ਕਾਰਨ ਨਵੀਂ ਫਸਲ ਦੀ ਲਿਫ਼ਟਿੰਗ ਪ੍ਰਭਾਵਿਤ ਹੋ ਰਹੀ ਹੈ, ਜਿਸ ਨਾਲ ਮੰਡੀਆਂ ਵਿਚ ਅਨਾਜ ਇਕੱਠਾ ਹੋ ਕੇ ਖ਼ਰਾਬ ਹੋਣ ਦਾ ਖ਼ਤਰਾ ਬਣ ਗਿਆ ਹੈ। ਇਸ ਸਥਿਤੀ ਨੂੰ ਸੰਭਾਲਣ ਲਈ ਅਨਾਜ ਦੀ ਢੁਆਈ ਵਾਸਤੇ ਵੱਧ ਤੋਂ ਵੱਧ ਰੇਲਵੇ ਰੈਕ ਮੁਹਈਆ ਕਰਵਾਉਣ ਦੀ ਮੰਗ ਕੀਤੀ ਗਈ। ਪ੍ਰਧਾਨ ਜਸਵਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਰਾਜਪਾਲ ਨੇ ਮੰਗ-ਪੱਤਰ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਮਸਲੇ ਨੂੰ ਕੇਂਦਰ ਅਤੇ ਸੂਬਾ ਸਰਕਾਰ ਨਾਲ ਵਿਚਾਰ ਕੇ ਯੋਗ ਹੱਲ ਦਾ ਭਰੋਸਾ ਦਿੱਤਾ ਹੈ।

# ਪਾਵਰਕਾਮ ਵੱਲੋਂ ਦਿੱਤੇ ਜਾ ਰਹੇ ਮੋਬਾਇਲਾਂ ਦਾ ਬਿਜਲੀ ਮੁਲਾਜ਼ਮਾਂ ਨੇ ਕੀਤਾ ਵਿਰੋਧ

**ਮੁੱਲਾਂਪੁਰ ਦਾਖਾ, 25 ਮਈ (ਤਰਸੇਮ ਸਿੰਘ ਸੇਮੀ) :** ਪਾਵਰਕਾਮ ਵੱਲੋਂ ਫੀਲਡ ਕਰਮਚਾਰੀਆਂ ਨੂੰ ਦਿੱਤੇ ਜਾ ਰਹੇ ਮੋਬਾਇਲ ਫੋਨਾਂ ਨੂੰ ਲੈਕੇ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਸਾਂਝਾ ਫੋਰਮ ਪੰਜਾਬ ਵੱਲੋਂ ਪਾਵਰਕਾਮ ਅੱਡਾ ਦਾਖਾ ਵਿਖੇ ਵਿਰੋਧ ਪ੍ਰਦਰਸ਼ਨ ਕੀਤਾ ਗਿਆ । ਸਰਕਲ ਪ੍ਰਧਾਨ ਹਰਵਿੰਦਰ ਸਿੰਘ ਲਾਲੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਵਿਰੋਧ ਦੇ ਬਾਵਜੂਦ ਵੀ ਮੈਨੇਜਮੈਂਟ ਵੱਲੋਂ ਮੁਲਾਜ਼ਮਾਂ ਨੂੰ ਧੱਕੇਸ਼ਾਹੀ ਨਾਲ ਮੋਬਾਇਲ ਫੋਨ ਦੇਣ ਦੀ ਕੋਸ਼ਿਸ਼ ਕੀਤੀ ਗਈ ਤਾਂ ਸਮੂਹ ਜਥੇਬੰਦੀਆਂ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੀਆਂ, ਜਿਸ ਦੀ ਜਿੰਮੇਵਾਰੀ ਮੈਨਜਮੈਂਟ ਦੀ ਹੋਵੇਗੀ। ਉਹਨਾਂ ਦੱਸਿਆ ਕਿ ਮਹਿਕਮੇ ਵੱਲੋਂ ਜੋ ਮੋਬਾਇਲ ਫੋਨਾਂ ਦੀ ਖਰੀਦਦਾਰੀ ਕੀਤੀ ਗਈ ਹੈ, ਉਸ ਵਿੱਚ ਵੀ ਮੋਟਾ ਘੋਟਾਲਾ ਕੀਤਾ ਗਿਆ ਹੈ, ਜਿਹੜਾ ਕਿ ਸਰਕਾਰੀ ਖਜ਼ਾਨੇ ਦੀ ਸਿੱਧੀ ਲੁੱਟ ਹੈ, ਜਿਸਦੀ ਏਜੰਸੀਆਂ ਵੱਲੋਂ ਜਾਂਚ ਵੀ ਕੀਤੀ ਜਾ ਰਹੀ ਹੈ । ਪ੍ਰਧਾਨ ਨੇ ਇਹ ਵੀ ਦੱਸਿਆ ਕਿ ਮੁਲਾਜ਼ਮਾਂ 'ਤੇ ਕੰਮ ਦਾ ਜਿਆਦਾ ਬੋਝ ਪਾਉਣ ਲਈ ਤਾਂ ਸਰਕਾਰ ਕੋਲ ਪੈਸੇ ਦੀ ਕਮੀ ਨਹੀਂ ਪਰ ਮੁਲਾਜ਼ਮਾਂ ਦੇ ਪੈਂਡਿੰਗ ਡੀਏ ਅਤੇ ਏਰੀਏ ਦਾ ਭੁਗਤਾਨ ਕਰਨ ਲਈ ਆਨਾਕਾਨੀ ਕੀਤੀ ਜਾ ਰਹੀ ਹੈ। ਇਸ ਦੇ ਨਾਲ ਹੀ ਮੈਨੇਜਮੈਂਟ ਵੱਲੋਂ ਮੁਲਾਜ਼ਮ ਵਿਰੋਧੀ ਫੈਸਲੇ ਅਨੁਸਾਰ ਫੀਲਡ ਟੈਕਨੀਕਲ ਸਟਾਫ ਨੂੰ ਕੰਪਲੇਂਟ ਬਰੇਕਡਾਊਨ ਦਾ ਨਿਪਟਾਰਾ ਕਰਨ ਲਈ ਜੋ ਟਾਈਮ ਫਿਕਸ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿਹੜਾ ਕਿ ਮੰਦਭਾਗਾ ਫੈਸਲਾ ਹੈ, ਕਿਉਂਕਿ ਫੀਲਡ ਵਿੱਚ ਟੈਕਨੀਕਲ ਸਟਾਫ ਦੀ ਕਮੀ ਨਾਲ ਪਹਿਲਾਂ ਹੀ ਸਾਥੀ ਜੂਝ ਰਹੇ ਹਨ। ਉਹਨਾਂ ਫੀਲਡ ਕਰਮਚਾਰੀਆਂ ਕੰਮ ਕਰਨ ਲਈ ਸੇਫਟੀ ਸਾਧਨ ਮੁਹਈਆ ਕਰਵਾਏ ਜਾਣ ਦੀ ਮੰਗ ਵੀ ਕੀਤੀ, ਤਾਂ ਜੋ ਕੰਮ ਕਰਦੇ ਸਮੇਂ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ । ਮੈਨੇਜਮੈਂਟ ਵੱਲੋਂ ਕੀਤੇ ਜਾ ਰਹੇ ਮੁਲਾਜ਼ਮ ਵਿਰੋਧੀ ਫੈਸਲਿਆਂ ਦਾ ਸਾਂਝੀ ਸੰਘਰਸ਼ ਕਮੇਟੀ ਵੱਲੋਂ ਜੋ ਵੀ ਫੈਸਲਾ ਆਵੇਗਾ ਉਸਨੂੰ ਜਮੀਨੀ ਪੱਧਰ ਤੇ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇਗਾ। ਇਸ ਮੌਕੇ ਗੁਰਵਿੰਦਰ ਸਿੰਘ, ਲਖਵੀਰ ਸਿੰਘ, ਦਰਸ਼ਪ੍ਰੀਤ ਸਿੰਘ, ਪ੍ਰਧਾਨ ਗੁਰਮੇਲ ਸਿੰਘ, ਪ੍ਰਧਾਨ ਜਸਵਿੰਦਰ ਸਿੰਘ ਧੂਰੀ, ਦਲਵੀਰ ਸਿੰਘ, ਇੰਦਰਜੀਤ ਸਿੰਘ, ਪਰਮਿੰਦਰ ਸਿੰਘ, ਕਵਰਦੀਪ ਸਿੰਘ, ਸੁਖਦੀਪ ਸਿੰਘ, ਜਤਿੰਦਰ ਸਿੰਘ, ਗੁਰਚਰਨ ਸਿੰਘ, ਅਵਤਾਰ ਸਿੰਘ, ਨਰਿੰਦਰ ਸਿੰਘ, ਨਰਦੀਪ ਸਿੰਘ, ਪਰਮਿੰਦਰ ਸਿੰਘ, ਅਰਸ਼ਦੀਪ ਸਿੰਘ, ਮਹਿੰਦਰਪਾਲ ਸਿੰਘ, ਜਸਮੇਰ ਸਿੰਘ ਅਤੇ ਸੁਖਦੀਪ ਸਿੰਘ ਧਾਲੀਵਾਲ ਆਦਿ ਹਾਜਰ ਸਨ।



# ਆਰ.ਐਮ.ਪੀ.ਆਈ. ਦੀ 'ਲੋਕਾਂ ਕੋਲ ਚੱਲੋ' ਮੁਹਿੰਮ ਤਹਿਤ ਕੱਟਾ ਸਬੌਰ, ਹਿਆਤਪੁਰ ਤੇ ਸਾਊਪੁਰ 'ਚ ਬੈਠਕਾਂ

**ਨੂਰਪੁਰਬੇਦੀ, 25 ਮਈ (ਮਨਦੀਪ ਬਾਲੀ) :** ਆਰ.ਐਮ.ਪੀ.ਆਈ. ਵੱਲੋਂ ਲੋਕ ਮੁੱਦਿਆਂ ਨੂੰ ਲੈ ਕੇ ਆਰੰਭੀ ਗਈ 'ਲੋਕਾਂ ਕੋਲ ਚੱਲੋ' ਮੁਹਿੰਮ ਤਹਿਤ ਅੱਜ ਪਿੰਡ ਕੱਟਾ ਸਬੌਰ, ਹਿਆਤਪੁਰ ਅਤੇ ਸਊਪੁਰ ਵਿਖੇ ਮੀਟਿੰਗਾਂ ਕੀਤੀਆਂ ਗਈਆਂ। ਇਨ੍ਹਾਂ ਮੀਟਿੰਗਾਂ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਲੋਕਾਂ ਨੂੰ ਪਾਰਟੀ ਦੇ ਜ਼ਿਲ੍ਹਾ ਸਕੱਤਰ ਮੋਹਣ ਸਿੰਘ ਧਮਾਣਾ, ਅਮਰੀਕ ਸਿੰਘ ਸਮੀਰੋਵਾਲ, ਅਵਤਾਰ ਸਿੰਘ ਮੂਸਾਪੁਰ ਅਤੇ ਯੋਗਰਾਜ ਧਾਦਲੀ ਨੇ ਸੰਬੋਧਨ ਕਰਦਿਆਂ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕੀਤੀ। ਜ਼ਿਲ੍ਹਾ ਸਕੱਤਰ ਮੋਹਣ ਸਿੰਘ ਧਮਾਣਾ ਨੇ ਕਿਹਾ ਕਿ ਦੇਸ਼ ਵਿੱਚ ਲਗਾਤਾਰ ਵੱਧ ਰਹੀ ਮਹਿੰਗਾਈ ਨੇ ਆਮ ਲੋਕਾਂ ਦੀ ਜ਼ਿੰਦਗੀ ਮੁਸ਼ਕਿਲ ਬਣਾ ਦਿੱਤੀ ਹੈ। ਰੋਜ਼ਾਨਾ ਵਰਤੋਂ ਵਾਲੀਆਂ ਵਸਤੂਆਂ, ਬਿਜਲੀ, ਪੈਟਰੋਲ ਅਤੇ ਰਸੋਈ ਗੈਸ ਦੇ ਰੇਟਾਂ ਵਿੱਚ ਹੋ ਰਹੇ ਵਾਧੇ ਕਾਰਨ ਗਰੀਬ ਅਤੇ ਮੱਧ ਵਰਗ ਦੀ ਆਰਥਿਕ ਹਾਲਤ ਕਮਜ਼ੋਰ ਹੋ ਰਹੀ ਹੈ। ਅਮਰੀਕ ਸਿੰਘ ਸਮੀਰੋਵਾਲ ਨੇ ਕਿਹਾ ਕਿ ਪੰਜਾਬ ਵਿੱਚ ਨੌਜਵਾਨ ਬੇਰੁਜ਼ਗਾਰੀ ਕਾਰਨ ਨਿਰਾਸ਼ਾ ਦਾ ਸ਼ਿਕਾਰ ਹੋ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਵੱਲੋਂ ਚੋਣਾਂ ਸਮੇਂ ਕੀਤੇ ਵਾਅਦੇ ਅਜੇ ਤੱਕ ਪੂਰੇ ਨਹੀਂ ਕੀਤੇ ਗਏ। ਅਵਤਾਰ ਸਿੰਘ ਮੂਸਾਪੁਰ ਨੇ ਕਿਹਾ ਕਿ ਕਿਸਾਨ, ਮਜ਼ਦੂਰ ਅਤੇ ਛੋਟੇ ਕਾਰੋਬਾਰੀ ਅੱਜ ਸਭ ਤੋਂ ਵੱਧ ਪਰੇਸ਼ਾਨ ਹਨ। ਉਨ੍ਹਾਂ ਕਿਹਾ ਕਿ ਖੇਤੀਬਾੜੀ ਨਾਲ ਜੁੜੀਆਂ ਵਸਤੂਆਂ ਦੀਆਂ ਕੀਮਤਾਂ ਵਿੱਚ ਵਾਧਾ ਹੋਣ ਦੇ ਬਾਵਜੂਦ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦਾ ਵਾਜਬ ਮੁੱਲ ਨਹੀਂ ਮਿਲ ਰਿਹਾ। ਯੋਗਰਾਜ ਧਾਦਲੀ ਨੇ ਕਿਹਾ ਕਿ ਆਰਐਮਪੀਆਈ ਦੀ 'ਲੋਕਾਂ ਕੋਲ ਚੱਲੋ' ਮੁਹਿੰਮ ਦਾ ਮੁੱਖ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਿੰਡ ਪੱਧਰ 'ਤੇ ਸੁਣਨਾ ਅਤੇ ਉਨ੍ਹਾਂ ਨੂੰ ਹੱਲ ਕਰਨ ਲਈ ਸੰਘਰਸ਼ ਨੂੰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਹਮੇਸ਼ਾ ਆਮ ਲੋਕਾਂ ਦੀ ਆਵਾਜ਼ ਬਣ ਕੇ ਸੰਘਰਸ਼ ਕਰਦੀ ਰਹੀ ਹੈ ਅਤੇ ਅੱਗੇ ਵੀ ਲੋਕ ਹੱਕਾਂ ਲਈ ਲੜਾਈ ਜਾਰੀ ਰਹੇਗੀ।



# ਹੀਟ ਵੇਵ ਕਾਰਨ ਸੇਵਾ ਕੇਂਦਰਾਂ ਦੇ ਸਮੇਂ 'ਚ ਕੀਤੀ ਤਬਦੀਲੀ : ਨਰਿੰਦਰ ਸ਼ਰਮਾ

**ਮਾਲੇਰਕੋਟਲਾ, 24 ਮਈ (ਮੁਨਸ਼ੀ ਫ਼ਾਰੂਕ) :** ਪੰਜਾਬ ਸਰਕਾਰ ਅਤੇ ਪੰਜਾਬ ਸਟੇਟ ਈ-ਗਵਰਨੈਂਸ ਸੋਸਾਇਟੀ ਵੱਲੋਂ ਚੱਲ ਰਹੀਆਂ ਹੀਟ ਵੇਵ ਸਥਿਤੀਆਂ ਨੂੰ ਧਿਆਨ ਵਿੱਚ ਰੱਖਦਿਆਂ ਅਤੇ ਲੋਕਾਂ ਦੀ ਸਹੂਲਤ ਲਈ ਸੂਬੇ ਭਰ ਦੇ ਸੇਵਾ ਕੇਂਦਰਾਂ ਦੇ ਕੰਮਕਾਜ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਹਾਇਕ ਜ਼ਿਲਾ ਆਈ.ਟੀ ਮੈਨੇਜਰ ਸ੍ਰੀ ਨਰਿੰਦਰ ਸ਼ਰਮਾ ਨੇ ਦੱਸਿਆ ਕਿ ਪਹਿਲਾਂ ਸੇਵਾ ਕੇਂਦਰਾਂ ਦਾ ਸਮਾਂ ਸਵੇਰੇ 09:00 ਵਜੇ ਤੋਂ ਸ਼ਾਮ 05:00 ਵਜੇ ਤੱਕ ਸੀ, ਜਿਸ ਨੂੰ ਹੁਣ ਬਦਲ ਕੇ ਸਵੇਰੇ 07:30 ਵਜੇ ਤੋਂ ਦੁਪਹਿਰ 03:30 ਵਜੇ ਤੱਕ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਨਵੇਂ ਸਮੇਂ 25 ਮਈ 2026 ਤੋਂ ਲਾਗੂ ਹੋਣਗੇ ਅਤੇ ਅਗਲੇ ਹੁਕਮਾਂ ਤੱਕ ਜਾਰੀ ਰਹਿਣਗੇ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰਾਂ ਨੂੰ ਹਦਾਇਤ ਕੀਤੀ ਕਿ ਨਵੇਂ ਸਮੇਂ ਦੀ ਜਾਣਕਾਰੀ ਲੋਕਾਂ ਤੱਕ ਡਿਸਪਲੇ ਬੋਰਡਾਂ ਅਤੇ ਹੋਰ ਸੰਚਾਰ ਮਾਧਿਅਮਾਂ ਰਾਹੀਂ ਪਹੁੰਚਾਈ ਜਾਵੇ ਤਾਂ ਜੋ ਆਮ ਲੋਕਾਂ ਨੂੰ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।




# ਗੁਰੂ ਨਾਨਕ ਕਾਲਜ ਬੁਢਲਾਡਾ ਵੱਲੋਂ ਭੀਖੀ 'ਚ ਵਿਦਿਆਰਥੀ ਦਾਖ਼ਲਾ ਤੇ ਰਜਿਸਟ੍ਰੇਸ਼ਨ ਸਹਾਇਤਾ ਕੇਂਦਰ ਦਾ ਉਦਘਾਟਨ

**ਭੀਖੀ, 25 ਮਈ (ਨਵੀਨ ਕੁਮਾਰ ਸਿੰਗਲਾ) :** ਇਲਾਕੇ ਦੀ ਸਿਰਮੌਰ ਅਤੇ ਖ਼ੁਦਮੁਖ਼ਤਿਆਰ ਵਿਦਿਅਕ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ (ਆਟੋਨੌਮਸ ਕਾਲਜ) ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਦੀ ਸਹੂਲਤ ਲਈ ਇੱਕ ਬੇਹੱਦ ਸ਼ਲਾਘਾਯੋਗ ਅਤੇ ਨਵੀਂ ਪਹਿਲਕਦਮੀ ਕਰਦੇ ਹੋਏ ਭੀਖੀ ਦੇ ਬੱਸ ਸਟੈਂਡ ਦੇ ਅੰਦਰ ਇੱਕ ਵਿਸ਼ੇਸ਼ 'ਵਿਦਿਆਰਥੀ ਦਾਖ਼ਲਾ/ਰਜਿਸਟ ?ਰੇਸ਼ਨ ਸਹਾਇਤਾ ਕੇਂਦਰ' ਦਾ ਰਸਮੀ ਉਦਘਾਟਨ ਕੀਤਾ ਗਿਆ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਹਾਇਤਾ ਕੇਂਦਰ ਨੂੰ ਖੋਲ੍ਹਣ ਦਾ ਮੁੱਖ ਮਕਸਦ ਉੱਚ ਸਿੱਖਿਆ ਹਾਸਲ ਕਰਨ ਦੇ ਵਿਦਿਆਰਥੀਆਂ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਅਤੇ ਰੁਚੀ ਮੁਤਾਬਕ ਸਹੀ ਕੋਰਸਾਂ ਦੀ ਚੋਣ ਕਰਨ ਵਿੱਚ ਮਦਦ ਕੀਤੀ ਜਾਵੇਗੀ। ਉਦਘਾਟਨੀ ਸਮਾਰੋਹ ਦੌਰਾਨ ਇਲਾਕੇ ਦੀਆਂ ਕਈ ਸਿਆਸੀ, ਸਮਾਜਿਕ ਅਤੇ ਧਾਰਮਿਕ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈਆਂ। ਹਾਜ਼ਰ ਪਤਵੰਤਿਆਂ ਨੇ ਕਾਲਜ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕੇਂਦਰ ਪੇਂਡੂ ਖੇਤਰ ਦੇ ਬੱਚਿਆਂ ਨੂੰ ਉੱਚ ਸਿੱਖਿਆ ਨਾਲ ਜੋੜਨ ਲਈ ਮੀਲ ਦਾ ਪੱਥਰ ਸਾਬਤ ਹੋਵੇਗਾ। ਇਸ ਮੌਕੇ ਬੀਬੀ ਕਰਮਜੀਤ ਕੌਰ ਸਮਾਉਂ, ਰੂਬਲ ਸਿੰਘ ਧਲਿਓ, ਬਾਬਾ ਗੋਰਾ ਸਿੰਘ, ਜਥੇਦਾਰ ਬਲਜੀਤ ਸਿੰਘ, ਰਵਿੰਦਰ ਸਿੰਘ ਖੁਰਮੀ ਤੋਂ ਇਲਾਵਾ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ, ਵਿਦਿਆਰਥੀ ਅਤੇ ਕਾਲਜ ਸਟਾਫ਼ ਦੇ ਮੈਂਬਰ ਵੀ ਹਾਜ਼ਰ ਸਨ।



# ਮਿੱਡ ਡੇ ਮੀਲ ਵਰਕਰ ਯੂਨੀਅਨ ਪੰਜਾਬ ਜ਼ਿਲ੍ਹਾ ਬਠਿੰਡਾ ਦਾ ਆਮ ਇਜਲਾਸ ਹੋਇਆ ਸੰਪੰਨ

**ਬਠਿੰਡਾ, 25 ਮਈ (ਰਾਣਾ ਸ਼ਰਮਾ) :** ਅੱਜ ਇਥੇ ਸਥਾਨਕ ਸੀਟੂ ਦਫ਼ਤਰ ਬਠਿੰਡਾ ਵਿਖੇ ਮਿੱਡ ਡੇ ਮੀਲ ਵਰਕਰ ਯੂਨੀਅਨ ਪੰਜਾਬ ਜ਼ਿਲ੍ਹਾ ਬਠਿੰਡਾ ਦਾ ਆਮ ਇਜਲਾਸ ਹੋਇਆ ਜਿਸ ਵਿੱਚ ਜ਼ਿਲ੍ਹਾ ਬਠਿੰਡਾ ਦੇ ਬਲਾਕ ਭਗਤਾ ਭਾਈਕਾ,ਬਲਾਕ ਫੂਲ,ਬਲਾਕ ਸੰਗਤ,ਬਲਾਕ ਮੌੜ ਅਤੇ ਅਤੇ ਬਠਿੰਡਾ ਦੇ ਕੁੱਕ ਅਤੇ ਹੈਲਪਰ ਸਫ਼ਾਈ ਸੇਵਕ ਵੱਡੀ ਗਿਣਤੀ ਵਿੱਚ ਹਾਜ਼ਰ ਹੋਏ। ਇਸ ਆਮ ਇਜਲਾਸ ਵਿੱਚ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਆਲ ਇੰਡੀਆ ਆਗੂ ਅਤੇ ਆਲ ਇੰਡੀਆ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਜਨਰਲ ਸਕੱਤਰ ਭੈਣ ਊਸ਼ਾ ਰਾਣੀ ਵਿਸ਼ੇਸ਼ ਤੌਰ ਤੇ ਪਹੁੰਚੇ ਇਸ ਮੌਕੇ ਸੀਟੂ ਪੰਜਾਬ ਦੇ ਸੂਬਾ ਸਕੱਤਰ ਸਾਥੀ ਬਲਕਾਰ ਸਿੰਘ ਅਤੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਮਿੰਦਰ ਸਿੰਘ ਬਾਠ , ਪ੍ਰਕਾਸ਼ ਕੌਰ ਸੋਹੀ ਜ਼ਿਲ੍ਹਾ ਪ੍ਰਧਾਨ ਆਂਗਣਵਾੜੀ ਮੁਲਾਜ਼ਮ ਯੂਨੀਅਨ,ਵਿੱਤ ਸਕੱਤਰ- ਪ੍ਰਤੀਭਾ ਸ਼ਰਮਾ,ਇਸ ਸਮੇਂ ਸੀਟੂ ਦੇ ਕੌਮੀ ਆਗੂ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਸਕੀਮ ਵਰਕਰਾਂ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਿੱਡ ਡੇ ਮੀਲ ਕੁੱਕ ਅਤੇ ਹੈਲਪਰਾ ਨੂੰ ਤਿੰਨ ਹਜ਼ਾਰ ਰੁਪਏ ਮਹੀਨਾ ਅਤੇ ਦਿਹਾੜੀ ਦੇ ਇੱਕ ਸੌ ਰੁਪਏ ਤਨਖਾਹ ਮਿਲਦੀ ਹੈ। ਜਿਸ ਨਾਲ ਅੱਜ ਦੀ ਮਹਿੰਗਾਈ ਵਿੱਚ ਗੁਜ਼ਾਰਾ ਕਰਨਾ ਮੁਸ਼ਕਿਲ ਹੈ ਇਸ ਲਈ ਆਪਣੇ ਬਣਦੇ ਹੱਕ ਲੈਣ ਲਈ ਇੱਕਜੁੱਟ ਹੋ ਕੇ ਜਥੇਬੰਦਿਕ ਸੰਘਰਸ਼ ਵਿੱਢਣਾ ਅਤਿ ਜ਼ਰੂਰੀ ਹੈ ਇਸ ਮੌਕੇ ਜ਼ਿਲ੍ਹਾ ਬਠਿੰਡਾ ਦੀ ਚੋਣ ਕੀਤੀ ਗਈ ਜਿਸ ਵਿੱਚ 11 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ 4 ਅਹੁਦੇ ਖਾਲੀ ਰੱਖੇ ਗਏ। ਕੁੱਲ ਪੰਦਰਾਂ ਮੈਂਬਰੀ ਕਮੇਟੀ ਪਾਸ ਕੀਤੀ ਗਈ। ਸਰਵਸੰਮਤੀ ਨਾਲ ਜਿਲ੍ਹਾ ਪ੍ਰਧਾਨ-ਕੁਲਵਿੰਦਰ ਕੌਰ ਆਦਮਪੁਰਾ, ਜ਼ਿਲ੍ਹਾ ਸਕੱਤਰ-ਕੁਲਵਿੰਦਰ ਕੌਰ ਘੰਡਾ ਬੰਨਾ, ਵਿੱਤ ਸਕੱਤਰ-ਸਿਮਰਜੀਤ ਕੌਰ, ਕਰਮਜੀਤ ਕੌਰ ਮੀਤ ਪ੍ਰਧਾਨ, ਗੁਲਾਬ ਕੌਰ ਸਕੱਤਰ ਵਰਕਿੰਗ ਕਮੇਟੀ ਮੈਂਬਰ ਕ੍ਰਮਵਾਰ ਹਰਜਿੰਦਰ ਕੌਰ, ਪਰਮਜੀਤ ਕੌਰ, ਗੁਰਮੀਤ ਕੌਰ (ਭਾਈ ਰੂਪਾ), ਸੱਤਪਾਲ ਕੌਰ, ਗੁਰਮੀਤ ਕੌਰ, ਨਵਜੋਤ ਕੌਰ, ਸਰਵਸੰਮਤੀ ਨਾਲ ਚੁਣੇ ਗਏ। ਇਸ ਮੌਕੇ ਕੌਮੀ ਆਗੂ ਵੱਲੋਂ ਚੁਣੀ ਗਈ ਟੀਮ ਨੂੰ ਕ੍ਰਾਂਤੀਕਾਰੀ ਵਧਾਈਆਂ ਦਿੱਤੀਆਂ ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਬਨਵਾਰੀ ਲਾਲ, ਅਤੇ ਵੱਡੀ ਗਿਣਤੀ ਵਿੱਚ ਮਿੱਡ -ਡੇ ਮੀਲ ਵਰਕਰ ਅਤੇ ਹੈਲਪਰ ਸ਼ਾਮਲ ਸਨ।



# ਬੇਸ਼ੱਕ ਪੰਜਾਬ 'ਚ ਅਕਾਲੀ ਦਲ ਕਈਂ, ਪਰ ਬਾਦਲ ਦਾ ਕੋਈ ਮੁਕਾਬਲਾ ਨਹੀਂ : ਖੰਡੇਬਾਦ ਗਗਨਦੀਪ ਸਿੰਘ

**ਲਹਿਰਾਗਾਗਾ, 25 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) :** ਵਿਧਾਨ ਸਭਾ ਹਲਕਾ ਲਹਿਰਾਗਾਗਾ ਤੋਂ ਸ. ਸੁਖਬੀਰ ਸਿੰਘ ਬਾਦਲ ਦੇ ਨੇੜੇ ਸਮਝੇ ਜਾਣ ਵਾਲੇ ਸੀਨੀਅਰ ਅਕਾਲੀ ਆਗੂ ਗਗਨਦੀਪ ਸਿੰਘ ਖੰਡੇਬਾਦ ਨੇ ਇੱਕ ਮਹੱਤਵਪੂਰਨ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੇਸ਼ੱਕ ਪੰਜਾਬ ਅੰਦਰ ਅਕਾਲੀ ਦਲ ਕਈ ਹਨ, ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ ਕੋਈ ਵੀ ਮੁਕਾਬਲਾ ਨਹੀਂ ਹੈ। ਉਨ੍ਹਾਂ ਜ਼ੋਰ ਦੇ ਕਿਹਾ, ਬੇਸ਼ੱਕ ਅੱਜ ਪੰਜਾਬ ਅੰਦਰ ਕਈ ਅਕਾਲੀ ਦਲ ਹਨ, ਪਰ ਅਜੇ ਤੱਕ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਮੁਕਾਬਲੇ ਵਿਚ ਕੋਈ ਨਹੀਂ ਹੈ, ਜਿਹੜਾ ਚੋਣਾਂ ਵਿੱਚ ਇਸਨੂੰ ਹਰਾਕੇ ਜਿੱਤ ਪ੍ਰਾਪਤ ਕਰ ਸਕੇ। ਉਨ੍ਹਾਂ ਕਿਹਾ ਕਿ ਬਾਕੀ ਦਲਾਂ ਦਾ ਪ੍ਰਚਾਰ ਸਿਰਫ ਅਕਾਲੀ ਦਲ ਬਾਦਲ ਨੂੰ ਨੁਕਸਾਨ ਪਹੁੰਚਾਉਣ ਅਤੇ ਆਪ, ਕਾਂਗਰਸ ਤੇ ਭਾਜਪਾ ਨੂੰ ਲਾਭ ਦੇਣ ਤੱਕ ਸੀਮਿਤ ਹੈ। ਪਰ ਹੁਣ ਪੰਥਕ ਲੋਕ ਇਸ ਗੱਲ ਨੂੰ ਭਲੀ ਭਾਂਤ ਸਮਝ ਚੁੱਕੇ ਹਨ, ਉਹ ਹੋਰ ਕਿਸੇ ਅਕਾਲੀ ਦਲ ਨੂੰ ਆਪਣਾ ਵੋਟ ਨਹੀਂ ਦੇਣਗੇ। ਖੰਡੇਬਾਦ ਸਾਬ ਨੇ ਦਾਅਵਾ ਕੀਤਾ ਹੈ, ਕਿ ਪੰਜਾਬ ਵਿੱਚ ਆਉਣ ਵਾਲੀ ਸਰਕਾਰ ਸ. ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਪੰਥਕ ਸਰਕਾਰ ਦਾ ਬਣਨਾ ਤਹਿ ਹੋ ਚੁੱਕਾ ਹੈ। ਉਨ੍ਹਾਂ ਕਿਹਾ ਕਿ ਇਸ ਸੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵੀ ਸੁਪਨਿਆਂ ਵਿਚ ਦਿਸਣ ਲੱਗਿਆ ਹੈ, ਜਿਸ ਕਰਕੇ ਉਹ ਰਾਤ ਨੂੰ ਵੀ ਲਗਾਤਾਰ ਬਾਦਲ ਬਾਦਲ ਕਰਕੇ ਉਠ ਖੜਾ ਹੁੰਦਾ ਹੈ।



# ਪੁਰਾਣੀ ਸੱਭਿਆਚਾਰ ਦੀ ਮਿੱਠਾਸ ਤੇ ਨਵੇਂ ਦੌਰ ਦੀ ਚਮਕ 'ਚ ਤਾਲਮੇਲ ਬਣਾਈ ਰੱਖਣਾ ਸਭ ਤੋਂ ਵੱਡੀ ਲੋੜ : ਸੀਨੀਅਰ ਪੱਤਰਕਾਰ ਗੁਰਮੇਲ ਸਿੰਘ ਸੰਗਤਪੁਰਾ

**ਲਹਿਰਾਗਾਗਾ, 25 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) :** ਅੱਜ ਦੇ ਆਧੁਨਿਕ ਅਤੇ ਤੇਜ਼ ਰਫ਼ਤਾਰ ਸਮੇਂ ਵਿੱਚ ਇਨਸਾਨ ਦੀ ਜੀਵਨ ਸ਼ੈਲੀ, ਖਾਣ-ਪੀਣ, ਪਹਿਰਾਵੇ ਅਤੇ ਸੋਚ ਵਿੱਚ ਬਹੁਤ ਵੱਡਾ ਬਦਲਾਅ ਆ ਚੁੱਕਾ ਹੈ। ਨਵੀਂ ਪੀੜ੍ਹੀ ਸਮੇਂ ਦੇ ਨਾਲ ਕਦਮ ਮਿਲਾਉਂਦੀ ਹੋਈ ਵੱਖੋ-ਵੱਖਰੇ ਖਾਣੇ, ਆਧੁਨਿਕ ਪਹਿਰਾਵੇ ਅਤੇ ਨਵੀਆਂ ਰਵਾਇਤਾਂ ਨੂੰ ਅਪਣਾ ਰਹੀ ਹੈ, ਜੋ ਕਿ ਬਦਲਦੇ ਦੌਰ ਦੀ ਇੱਕ ਸੱਚਾਈ ਹੈ, ਪਰ ਇਸ ਦੌਰਾਨ ਪੁਰਾਣੇ ਪੰਜਾਬੀ ਸੱਭਿਆਚਾਰ ਦੀ ਮਿੱਠਾਸ, ਵੱਡਿਆਂ ਦਾ ਸਤਿਕਾਰ, ਪੈਰੀਂ ਹੱਥ ਲਾ ਕੇ ਅਸੀਸ ਲੈਣ ਦੀ ਪਰੰਪਰਾ, ਇਕੱਠੇ ਬੈਠ ਕੇ ਖਾਣਾ ਖਾਣ ਦੀ ਰੀਤ ਅਤੇ ਪਰਿਵਾਰਕ ਇਕਤਾ ਹੌਲੀ-ਹੌਲੀ ਘੱਟਦੀ ਜਾ ਰਹੀ ਹੈ। ਪਹਿਲਾਂ ਘਰਾਂ ਵਿੱਚ ਸਵੇਰ ਦੀ ਸ਼ੁਰੂਆਤ ਵੱਡਿਆਂ ਨੂੰ ਸਤਿ ਸ਼੍ਰੀ ਅਕਾਲ ਬੁਲਾ ਕੇ ਅਤੇ ਉਹਨਾਂ ਦਾ ਆਦਰ ਕਰਕੇ ਹੁੰਦੀ ਸੀ, ਬੱਚਿਆਂ ਨੂੰ ਛੋਟੀ ਉਮਰ ਤੋਂ ਹੀ ਸੰਸਕਾਰ, ਨਿਮਰਤਾ ਅਤੇ ਪਰਿਵਾਰ ਦੀ ਮਹੱਤਤਾ ਸਿਖਾਈ ਜਾਂਦੀ ਸੀ, ਪਰ ਅੱਜ ਮੋਬਾਈਲਾਂ ਅਤੇ ਵਿਅਸਤ ਜ਼ਿੰਦਗੀ ਨੇ ਲੋਕਾਂ ਨੂੰ ਆਪਣੇ ਹੀ ਪਰਿਵਾਰਾਂ ਤੋਂ ਦੂਰ ਕਰਨਾ ਸ਼ੁਰੂ ਕਰ ਦਿੱਤਾ ਹੈ। ਪੁਰਾਣੇ ਬਜ਼ੁਰਗ ਆਪਣੀ ਜ਼ਮੀਨ, ਜਾਇਦਾਦ ਅਤੇ ਪਰਿਵਾਰ ਨੂੰ ਇਕੱਠਾ ਰੱਖਣ ਨੂੰ ਆਪਣੀ ਸਭ ਤੋਂ ਵੱਡੀ ਪੂੰਜੀ ਮੰਨਦੇ ਸਨ ਅਤੇ ਉਹਨਾਂ ਦੀ ਸੋਚ ਵਿੱਚ ਪਰਿਵਾਰ ਦੀ ਖੁਸ਼ਹਾਲੀ ਸਭ ਤੋਂ ਪਹਿਲਾਂ ਹੁੰਦੀ ਸੀ। ਅੱਜ ਦੀ ਨਵੀਂ ਪੀੜ੍ਹੀ ਲਈ ਇਹ ਬਹੁਤ ਜ਼ਰੂਰੀ ਹੈ ਕਿ ਉਹ ਆਧੁਨਿਕਤਾ ਨੂੰ ਅਪਣਾਉਂਦੇ ਹੋਏ ਆਪਣੇ ਸੱਭਿਆਚਾਰਕ ਮੁੱਲਾਂ ਅਤੇ ਪਰਿਵਾਰਕ ਰਿਵਾਜਾਂ ਨੂੰ ਵੀ ਜ਼ਿੰਦਾ ਰੱਖੇ, ਕਿਉਂਕਿ ਜਿਹੜੇ ਲੋਕ ਆਪਣੀਆਂ ਜੜ੍ਹਾਂ ਨਾਲ ਜੁੜੇ ਰਹਿੰਦੇ ਹਨ, ਉਹੀ ਸਮਾਜ ਵਿੱਚ ਅਸਲ ਇੱਜ਼ਤ ਅਤੇ ਪਹਿਚਾਣ ਬਣਾਉਂਦੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਗੁਰਮੇਲ ਸਿੰਘ ਸੰਗਤਪੁਰਾ ਨੇ ਕਿਹਾ ਕਿ ਪੁਰਾਣੇ ਅਤੇ ਨਵੇਂ ਸੱਭਿਆਚਾਰ ਵਿਚਕਾਰ ਤਾਲਮੇਲ ਬਣਾਈ ਰੱਖਣਾ ਹੀ ਇੱਕ ਮਜ਼ਬੂਤ ਅਤੇ ਸੰਸਕਾਰਵਾਨ ਸਮਾਜ ਦੀ ਅਸਲ ਨਿਸ਼ਾਨੀ ਹੈ।



# ਅੰਤਰਰਾਸ਼ਟਰੀ ਸਰਹੱਦ ਨੇੜਿਓਂ ਭਾਰੀ ਮਾਤਰਾ 'ਚ ਹੈਰੋਇਨ ਤੇ ਇੱਕ ਜ਼ਿੰਦਾ ਹੈਂਡ ਗ੍ਰੇਨੇਡ ਬਰਾਮਦ

**ਜਲਾਲਾਬਾਦ, 25 ਮਈ (ਸੁਭਾਸ਼ ਸਿੰਘ) :** ਨਸ਼ਿਆਂ ਅਤੇ ਮਾੜੇ ਅਨਸਰਾਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਫਾਜ਼ਿਲਕਾ ਪੁਲਿਸ ਅਤੇ ਬੀ.ਐਸ.ਐਫ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਭਾਰਤ-ਪਾਕਿਸਤਾਨ ਅੰਤਰਰਾਸ਼ਟਰੀ ਸਰਹੱਦ ਦੇ ਨਜ਼ਦੀਕ ਚਲਾਏ ਸਾਂਝੇ ਤਲਾਸ਼ੀ ਅਭਿਆਨ ਦੌਰਾਨ ਭਾਰੀ ਮਾਤਰਾ ਵਿੱਚ ਹੈਰੋਇਨ ਬਰਾਮਦ ਕੀਤੀ ਗਈ। ਜਾਣਕਾਰੀ ਮੁਤਾਬਕ ਥਾਣਾ ਸਦਰ ਜਲਾਲਾਬਾਦ ਦੀ ਪੁਲਿਸ ਪਾਰਟੀ ਇਲਾਕੇ ਵਿੱਚ ਗਸ਼ਤ ਅਤੇ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਦੇ ਸਬੰਧ ਵਿੱਚ ਮੌਜੂਦ ਸੀ। ਇਸੇ ਦੌਰਾਨ ਚੌਂਕੀ ਗੱਟੀ ਬੀਸੋ ਕੇ ਬੀ.ਐਸ.ਐਫ ਦੇ ਏ.ਸੀ ਮੁਕੇਸ਼ ਕੁਮਾਰ ਨੇ ਫ਼ੋਨ 'ਤੇ ਸੂਚਨਾ ਦਿੱਤੀ ਕਿ ਪਿੰਡ ਪ੍ਰਭਾਤ ਸਿੰਘ ਵਾਲਾ ਹਿਠਾੜ ਦੀ ਅੰਤਰਰਾਸ਼ਟਰੀ ਸਰਹੱਦ ਨਾਲ ਲੱਗਦੇ ਖੇਤਾਂ ਵਿੱਚ ਇੱਕ ਸ਼ੱਕੀ ਗੱਟਾ ਪਿਆ ਹੋਇਆ ਹੈ। ਸੂਚਨਾ ਮਿਲਣ 'ਤੇ ਡੀ.ਐਸ.ਪੀ ਸਬ ਡਵੀਜ਼ਨ ਜਲਾਲਾਬਾਦ ਗੁਰਸੇਵਕ ਸਿੰਘ ਨੂੰ ਮੌਕੇ 'ਤੇ ਬੁਲਾਇਆ ਗਿਆ ਅਤੇ ਬੀ.ਐਸ.ਐਫ ਦੀ ਪਾਰਟੀ ਨਾਲ ਮਿਲ ਕੇ ਜਦੋਂ ਉਸ ਸ਼ੱਕੀ ਗੱਟੇ ਦੀ ਤਲਾਸ਼ੀ ਲਈ ਗਈ ਤਾਂ ਉਸ ਵਿੱਚੋਂ ਚਿੱਟੇ ਰੰਗ ਦੇ ਪਾਰਦਰਸ਼ੀ ਲਿਫ਼ਾਫ਼ਿਆਂ ਵਿੱਚ ਲਪੇਟੇ ਹੋਏ ਹੈਰੋਇਨ ਦੇ 20 ਪੈਕੇਟ ਬਰਾਮਦ ਹੋਏ। ਬਰਾਮਦ ਕੀਤੀ ਗਈ ਇਸ ਹੈਰੋਇਨ ਦਾ ਕੁੱਲ ਵਜ਼ਨ 10 ਕਿਲੋ 950 ਗਰਾਮ ਪਾਇਆ ਗਿਆ। ਪੁਲਿਸ ਨੇ ਨਸ਼ੇ ਦੀ ਇਸ ਖੇਪ ਨੂੰ ਕਬਜ਼ੇ ਵਿੱਚ ਲੈ ਕੇ ਅਣਪਛਾਤੇ ਤਸਕਰਾਂ ਖਿਲਾਫ਼ ਥਾਣਾ ਸਦਰ ਜਲਾਲਾਬਾਦ ਵਿਖੇ ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਖ਼ੁਫ਼ੀਆ ਸਰੋਤਾਂ ਰਾਹੀਂ ਤਸਕਰਾਂ ਦਾ ਪਤਾ ਲਗਾਇਆ ਜਾ ਰਿਹਾ ਹੈ। ਇੱਕ ਹੋਰ ਵੱਖਰੇ ਮਾਮਲੇ ਵਿੱਚ ਸੀ.ਆਈ.ਏ ਸਟਾਫ਼ ਫਾਜ਼ਿਲਕਾ ਦੇ ਇੰਚਾਰਜ ਇੰਸਪੈਕਟਰ ਸੁਨੀਲ ਕੁਮਾਰ ਦੀ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਤਿੰਨ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਇੱਕ ਜ਼ਿੰਦਾ ਹੈਂਡ ਗ੍ਰਨੇਡ ਬਰਾਮਦ ਕਰਨ ਵਿੱਚ ਕਾਮਯਾਬੀ ਹਾਸਲ ਕੀਤੀ ਹੈ। ਮੁਖਬਰੀ ਦੇ ਆਧਾਰ 'ਤੇ ਕੀਤੀ ਨਾਕਾਬੰਦੀ ਦੌਰਾਨ ਲਖਵੀਰ ਸਿੰਘ ਉਰਫ਼ ਮੰਗਾ ਪੁੱਤਰ ਸੁਖਦੇਵ ਸਿੰਘ ਨਿਵਾਸੀ ਲੱਖੋ ਵਾਲੀ (ਥਾਣਾ ਵੈਰੋਕਾ), ਗੁਰਪਿੰਦਰ ਸਿੰਘ ਉਰਫ਼ ਮੰਨਾ ਪੁੱਤਰ ਸਰਬਜੀਤ ਸਿੰਘ ਨਿਵਾਸੀ ਚੱਕ ਪੱਖੀ (ਥਾਣਾ ਅਰਨੀਵਾਲਾ) ਅਤੇ ਸੁਖਵਿੰਦਰ ਸਿੰਘ ਉਰਫ਼ ਲੱਬੀ ਪੁੱਤਰ ਲਸ਼ਮਣ ਸਿੰਘ ਨਿਵਾਸੀ ਲੱਖੋ ਵਾਲੀ (ਥਾਣਾ ਵੈਰੋਕਾ) ਨੂੰ ਕਾਬੂ ਕੀਤਾ ਗਿਆ, ਜਿਨ੍ਹਾਂ ਕੋਲੋਂ ਇਹ ਗ੍ਰਨੇਡ ਮਿਲਿਆ। ਪੁਲਿਸ ਨੇ ਇਨ੍ਹਾਂ ਖਿਲਾਫ਼ ਥਾਣਾ ਅਰਨੀਵਾਲਾ ਵਿਖੇ ਮੁਕੱਦਮਾ ਨੰਬਰ 72 ਮਿਤੀ 19-05-2026 ਜੁਰਮ 4,5,6 ਵਿਸਫੋਟਕ ਪਦਾਰਥ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਫੜੇ ਗਏ ਮੁਲਜ਼ਮਾਂ ਦਾ ਰਿਮਾਂਡ ਹਾਸਲ ਕਰਕੇ ਜਦੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਗਈ ਤਾਂ ਉਨ੍ਹਾਂ ਖੁਲਾਸਾ ਕੀਤਾ ਕਿ ਉਨ੍ਹਾਂ ਦਾ ਇੱਕ ਹੋਰ ਸਾਥੀ ਸਲੀਮ ਨਿਵਾਸੀ ਚੱਕ ਪੱਖੀ ਵੀ ਗ੍ਰਨੇਡ ਲਿਆਉਣ ਲਈ ਉਨ੍ਹਾਂ ਦੇ ਨਾਲ ਅੰਮ੍ਰਿਤਸਰ ਗਿਆ ਸੀ, ਜਿਸ ਤੋਂ ਬਾਅਦ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਚੌਥੇ ਮੁਲਜ਼ਮ ਸਲੀਮ ਨੂੰ ਵੀ ਇਸ ਮਾਮਲੇ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਹੈ। ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁੱਖ ਮੁਲਜ਼ਮ ਲਖਵੀਰ ਸਿੰਘ ਉਰਫ਼ ਮੰਗਾ ਖਿਲਾਫ਼ ਪਹਿਲਾਂ ਵੀ ਥਾਣਾ ਸਦਰ ਫਾਜ਼ਿਲਕਾ ਵਿੱਚ ਪੋਕਸੋ ਐਕਟ ਅਤੇ ਜਬਰ-ਜ਼ਨਾਹ ਵਰਗੀਆਂ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਹੈ, ਜਦਕਿ ਬਾਕੀ ਮੁਲਜ਼ਮਾਂ ਦੇ ਪੁਰਾਣੇ ਰਿਕਾਰਡ ਅਤੇ ਉਨ੍ਹਾਂ ਦੇ ਅੱਗੇ-ਪਿੱਛੇ ਦੇ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।



# ਈ.ਵੀ.ਐਮ. ਵੇਅਰਹਾਊਸ ਦੀ ਮਾਸਿਕ ਪੜਤਾਲ: ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ



ਹੁਸ਼ਿਆਰਪੁਰ 25 ਮਈ (ਪਰਮਿੰਦਰ ਘੁੰਮਣ) ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਅੱਜ ਜ਼ਿਲ੍ਹਾ ਪੱਧਰੀ ਈ.ਵੀ.ਐਮ. ਵੇਅਰਹਾਊਸ ਦੀ (ਬਿਨਾਂ ਦੱਸੇ) ਮਈ ਮਹੀਨੇ ਦੀ ਪੜਤਾਲ ਕੀਤੀ ਗਈ ਜਿਸ ਦੌਰਾਨ ਲਾਗ ਬੁੱਕ, ਐਂਟਰੀ ਰਜਿਸਟਰ ਦੀ ਜਾਂਚ ਕੀਤੀ ਗਈ ਤਾਂ ਜੋ ਪਾਰਦਰਸ਼ਤਾ ਅਤੇ ਸੁਰੱਖਿਆ ਨੂੰ ਬਰਕਰਾਰ ਰੱਖਿਆ ਜਾ ਸਕੇ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਵੇਅਰਹਾਊਸ ਵਿੱਚ ਈ.ਵੀ.ਐਮ ਮਸ਼ੀਨਾਂ ਦੀ ਮਾਸਿਕ ਪੜਤਾਲ ਅਹਿਮ ਪ੍ਰਕਿਰਿਆ ਹੈ ਜਿਸ ਦੌਰਾਨ ਵੇਅਰਹਾਊਸ ਦੀ ਸੁਰੱਖਿਆ ਦਾ ਜਾਇਜ਼ਾ ਲਿਆ ਜਾਂਦਾ ਹੈ। ਜ਼ਿਲ੍ਹੇ ਦੇ ਵੇਅਰਹਾਊਸ ਦੇ ਮਾਪ ਦੰਡ ਦਰੁਸਤ ਪਾਏ ਗਏ ਹਨ। ਮੌਕੇ 'ਤੇ ਮੌਜੂਦ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਕਿਹਾ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਦੇ ਮੱਦੇਨਜ਼ਰ ਬੂਥ ਲੈਵਲ ਏਜੰਟ ਲਾਉਣ ਲਈ ਕਿਹਾ ਗਿਆ ਤਾਂ ਜੋ ਐਸ.ਆਈ.ਆਰ. ਦੀ ਪ੍ਰਕਿਰਿਆ ਵਿਚ ਸਿਆਸੀ ਪਾਰਟੀਆਂ ਦੀ ਬੂਥ ਪੱਧਰ 'ਤੇ ਸ਼ਮੂਲੀਅਤ ਹੋ ਸਕੇ। ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿਚ ਐਸ.ਆਈ.ਆਰ. ਤਹਿਤ ਵੋਟਰ ਸੂਚੀਆਂ ਦੀ ਪੂਰੀ ਗਹਿਰਾਈ ਨਾਲ ਰਵੀਜ਼ਨ ਕੀਤੀ ਜਾਵੇਗੀ। ਚੋਣ ਕਮਿਸ਼ਨ ਵਲੋਂ 14 ਮਈ ਨੂੰ ਜਾਰੀ ਕੀਤੇ ਸ਼ਡਿਊਲ ਅਨੁਸਾਰ 15 ਜੂਨ ਤੋਂ 24 ਜੂਨ ਤੱਕ ਜ਼ਿਲ੍ਹੇ ਵਿਚ ਐਸ.ਆਈ. ਆਰ. ਨੂੰ ਲੈ ਕੇ ਵਿਸਥਾਰ ਵਿਚ ਤਿਆਰੀ ਕਰਵਾਈ ਜਾਵੇਗੀ ਅਤੇ 25 ਜੂਨ ਤੋਂ ਲੈ ਕੇ 24 ਜੁਲਾਈ 2026 ਤੱਕ ਬੀ.ਐਲ.ਓਜ਼ ਵਲੋਂ ਘਰ-ਘਰ ਜਾ ਕੇ ਫਾਰਮ ਭਰਾਏ ਜਾਣਗੇ। ਬੀ.ਐਲ.ਓਜ਼ ਦਾ ਪੂਰਾ ਸਹਿਯੋਗ ਕੀਤਾ ਜਾਵੇ ਤਾਂ ਜੋ ਸਹੀ ਅਤੇ ਦਰੁਸਤ ਵੇਰਵੇ ਇਕੱਤਰ ਹੋ ਸਕਣ। 31 ਜੁਲਾਈ ਨੂੰ ਵੋਟਰ ਸੂਚੀਆਂ ਦਾ ਡਰਾਫਟ ਜਨਤਕ ਕੀਤਾ ਜਾਵੇਗਾ ਜੋ ਸਾਰੇ ਸਰਕਾਰੀ ਦਫ਼ਤਰਾਂ ਵਿਚ ਉਪਲਬੱਧ ਹੋਵੇਗਾ। 31 ਜੁਲਾਈ ਤੋਂ 30 ਅਗਸਤ ਤੱਕ ਡਰਾਫਟ ਬਾਰੇ ਵੋਟਰਾਂ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਤੋਂ ਦਾਅਵੇ ਅਤੇ ਇਤਰਾਜ਼ ਪ੍ਰਾਪਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ 28 ਸਤੰਬਰ ਤੱਕ ਇਨ੍ਹਾਂ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ ਕੀਤਾ ਜਾਵੇਗਾ ਅਤੇ 1 ਅਕਤੂਬਰ 2026 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ। ਉਨ੍ਹਾਂ ਨੇ ਸਮੂਹ ਵੋਟਰਾਂ ਅਤੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਜੇਕਰ ਐਸ.ਆਈ. ਆਰ. ਸਬੰਧੀ ਕਿਸੇ ਵੀ ਤਰ੍ਹਾਂ ਦਾ ਕੋਈ ਸਵਾਲ ਹੋਵੇ ਤਾਂ ਜ਼ਿਲ੍ਹਾ ਚੋਣ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਆਮ ਆਦਮੀ ਪਾਰਟੀ ਤੋਂ ਜੈ ਰਾਮ, ਇੰਡੀਅਨ ਨੈਸ਼ਨਲ ਕਾਂਗਰਸ ਤੋਂ ਰਜਨੀਸ਼ ਟੰਡਨ, ਭਾਰਤੀ ਜਨਤਾ ਪਾਰਟੀ ਵਲੋਂ ਭੂਸ਼ਣ ਕੁਮਾਰ ਸ਼ਰਮਾ, ਚੋਣ ਤਹਿਸੀਲਦਾਰ ਹਰਮਿੰਦਰ ਸਿੰਘ ਅਤੇ ਚੋਣ ਦਫ਼ਤਰ ਦਾ ਸਟਾਫ ਮੌਜੂਦ ਸਨ।

# ਟੀਟੀਆਈ ਅਮਰਜੀਤ ਸਿੰਘ ਨੂੰ ਮਿਲਿਆ ਮਹਾਰਾਜਾ ਰਣਜੀਤ ਸਿੰਘ ਪੁਰਸਕਾਰ ਪਵਿੱਤਰ ਸ਼ਹਿਰ ਦਾ ਕੀਤਾ ਨਾਂਅ ਰੋਸ਼ਨ



ਅੰਮ੍ਰਿਤਸਰ 25 ਮਈ (ਰਾਜੇਸ਼ ਡੈਨੀ) ਫਿਰੋਜ਼ਪੁਰ ਡਿਵੀਜ਼ਨ ਦੇ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਤਾਇਨਾਤ ਟੀਟੀਆਈ ਅਮਰਜੀਤ ਸਿੰਘ ਨੂੰ ਸੂਬੇ ਦੇ ਸਭ ਤੋਂ ਉੱਚੇ ਖੇਡ ਸਨਮਾਨ, ਮਹਾਰਾਜਾ ਰਣਜੀਤ ਸਿੰਘ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਰਾਜ ਸਰਕਾਰ ਨੇ ਉਨ੍ਹਾਂ ਨੂੰ ਸਾਈਕਲਿੰਗ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਲਈ ਇਹ ਪੁਰਸਕਾਰ ਦਿੱਤਾ। ਅੰਮ੍ਰਿਤਸਰ ਦੇ ਇਤਿਹਾਸ ਵਿੱਚ ਪਹਿਲਾਂ ਕਿਸੇ ਵੀ ਟੀਟੀਆਈ (ਵਪਾਰਕ) ਅਥਲੀਟ ਨੂੰ ਇਹ ਸਨਮਾਨ ਨਹੀਂ ਮਿਲਿਆ ਹੈ, ਜਿੱਥੇ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ, ਭਾਰਤੀ ਕ੍ਰਿਕਟਰ ਹਰਵਿੰਦਰ ਸਿੰਘ ਅਤੇ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਖਿਡਾਰਨ ਸਨੇਹ ਰਾਣਾ ਨੇ ਵੀ ਸੇਵਾ ਨਿਭਾਈ ਹੈ। ਇਨ੍ਹਾਂ ਵਿੱਚ ਫਿਰੋਜ਼ਪੁਰ ਡਿਵੀਜ਼ਨ ਵਿੱਚ ਇਸ ਸਮੇਂ ਸੀਨੀਅਰ ਵਜੋਂ ਤਾਇਨਾਤ ਹਨ। ਇਹ ਧਿਆਨ ਦੇਣ ਯੋਗ ਹੈ ਕਿ ਟੀਟੀਆਈ ਅਮਰਜੀਤ ਸਿੰਘ ਨੂੰ ਕਿਸੇ ਐਥਲੀਟ ਦੇ ਸ਼ਾਨਦਾਰ ਪ੍ਰਦਰਸ਼ਨ, ਪ੍ਰਾਪਤੀਆਂ ਅਤੇ ਖੇਡਾਂ ਵਿੱਚ ਵਿਸ਼ੇਸ਼ ਯੋਗਦਾਨ ਲਈ ਜੀਵਨ ਭਰ ਵਿੱਚ ਸਿਰਫ਼ ਇੱਕ ਵਾਰ ਮਹਾਰਾਜਾ ਰਣਜੀਤ ਸਿੰਘ ਪੁਰਸਕਾਰ ਦਿੱਤਾ ਜਾਂਦਾ ਹੈ। ਟੀਟੀਆਈ ਅਮਰਜੀਤ ਸਿੰਘ ਦੇ ਖੇਡ ਕਰੀਅਰ ਤੇ ਇੱਕ ਨਜ਼ਰ ਅੰਤਰਰਾਸ਼ਟਰੀ ਸਾਈਕਲਿੰਗ ਐਥਲੀਟ ਟੀਟੀਆਈ ਅਮਰਜੀਤ ਸਿੰਘ ਨੇ ਨਵੀਂ ਦਿੱਲੀ ਵਿੱਚ ਹੋਏ 2018 ਏਸ਼ੀਆ ਕੱਪ ਵਿੱਚ ਟੀਮ ਸਪ੍ਰਿੰਟ ਈਵੈਂਟ ਵਿੱਚ ਚਾਂਦੀ ਦਾ ਤਗਮਾ ਜਿੱਤਿਆ। 2019 ਵਿੱਚ, ਉਸਨੇ ਥਾਈਲੈਂਡ ਵਿੱਚ ਹੋਈ ਏਸ਼ੀਅਨ ਚੈਂਪੀਅਨਸ਼ਿਪ ਵਿੱਚ ਸਪ੍ਰਿੰਟ ਈਵੈਂਟ ਵਿੱਚ ਕਾਂਸੀ ਦਾ ਤਗਮਾ ਜਿੱਤਿਆ। 2020 ਵਿੱਚ, ਉਸਨੇ 1 ਕਿਲੋਮੀਟਰ ਟਾਈਮ ਟ੍ਰਾਇਲ ਈਵੈਂਟ ਵਿੱਚ ਇੱਕ ਰਾਸ਼ਟਰੀ ਰਿਕਾਰਡ ਬਣਾਇਆ। ਉਸਨੇ ਗੁਜਰਾਤ ਵਿੱਚ ਹੋਈਆਂ 2022 ਦੀਆਂ ਰਾਸ਼ਟਰੀ ਖੇਡਾਂ ਵਿੱਚ ਕਾਂਸੀ ਦਾ ਤਗਮਾ ਜਿੱਤਿਆ। ਉਸਨੇ ਲਗਾਤਾਰ 10 ਸਾਲਾਂ ਤੱਕ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸੋਨ ਤਗਮੇ ਜਿੱਤ ਕੇ ਇੱਕ ਰਿਕਾਰਡ ਬਣਾਇਆ, ਅਤੇ 1 ਕਿਲੋਮੀਟਰ ਟਾਈਮ ਟ੍ਰਾਇਲ ਵਿੱਚ ਵਿਅਕਤੀਗਤ ਰਾਸ਼ਟਰੀ ਰਿਕਾਰਡ ਧਾਰਕ ਵੀ ਹੈ। ਫਿਰੋਜ਼ਪੁਰ ਡਿਵੀਜ਼ਨ ਦੇ ਸੀਨੀਅਰ ਡੀਸੀਐਮ ਸੰਜੀਵ ਕੁਮਾਰ ਨੇ ਅਮਰਜੀਤ ਸਿੰਘ ਨੂੰ ਇਸ ਪ੍ਰਾਪਤੀ ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਸਦੀ ਸਫਲਤਾ ਰੇਲਵੇ ਐਥਲੀਟਾਂ ਅਤੇ ਨੌਜਵਾਨ ਪ੍ਰਤਿਭਾ ਲਈ ਪ੍ਰੇਰਨਾ ਹੈ।

# ਟਕਸਾਲੀ ਅਕਾਲੀ ਰਾਜਮੁਹਿੰਦਰ ਸਿੰਘ ਮਜੀਠੀਆ ਹੋਏ 'ਆਪ' ਦੇ



ਅੰਮ੍ਰਿਤਸਰ 25 ਮਈ (ਸੋਹਕਮ ਸਿੰਘ) ਮਾਝੇ ਦੀ ਅਕਾਲੀ ਰਾਜਨੀਤੀ ਦਾ ਥੰਮ ਮੰਨੇ ਜਾਂਦੇ ਟਕਸਾਲੀ ਅਕਾਲੀ, ਸਾਬਕਾ ਮੈਂਬਰ ਰਾਜ ਸਭਾ ਤੇ ਸਾਬਕਾ ਵਿਧਾਇਕ ਸ੍ਰ ਰਾਜਮੁਹਿੰਦਰ ਸਿੰਘ ਮਜੀਠੀਆ ਅੱਜ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਏ। ਸ੍ਰ ਮਜੀਠੀਆ ਦੇ ਨਾਲ ਮਜੀਠੀਆ ਪਰਿਵਾਰ ਨਾਲ ਸਬੰਧਤ ਸਾਬਕਾ ਆਈਏਐਸ ਕਮਿਸ਼ਨਰ ਹੋਰਵਿੰਦਰ ਸਿੰਘ ਮਜੀਠੀਆ ਅਤੇ ਚੀਫ਼ ਖਾਲਸਾ ਦੀਵਾਨ ਦੇ ਮੈਂਬਰ ਸੁਖਦੀਪ ਸਿੰਘ ਮਜੀਠੀਆ ਨੇ ਵੀ ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਹਾਜ਼ਰੀ ਵਿੱਚ ਅਧਿਕਾਰਿਤ ਤੌਰ 'ਤੇ 'ਆਮ ਆਦਮੀ ਪਾਰਟੀ ਵਿਚ ਸ਼ਮੂਲੀਅਤ ਕੀਤੀ। ਪਾਰਟੀ ਆਗੂਆਂ ਨੇ ਇਸ ਸ਼ਮੂਲੀਅਤ ਨੂੰ ਮਾਝੇ ਵਿੱਚ ਪਾਰਟੀ ਦੇ ਸੰਗਠਨਾਤਮਕ ਢਾਂਚੇ ਲਈ ਇੱਕ ਮਹੱਤਵਪੂਰਨ ਵਿਸਥਾਰ ਕਰਾਰ ਦਿੱਤਾ। ਨਵੇਂ ਮੈਂਬਰਾਂ ਦਾ ਸਵਾਗਤ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਉਨ੍ਹਾਂ ਦਾ ਸਨਮਾਨ ਕੀਤਾ ਅਤੇ ਵਿਸ਼ਵਾਸ ਜਿਤਾਇਆ ਕਿ ਇਨ੍ਹਾਂ ਆਗੂਆਂ ਦਾ ਤਜਰਬਾ ਪਾਰਟੀ ਦੀ ਆਮ ਲੋਕਾਂ ਤੱਕ ਪਹੁੰਚ ਅਤੇ ਲੋਕਾਂ ਨਾਲ ਸੰਪਰਕ ਨੂੰ ਹੋਰ ਮਜ਼ਬੂਤ ਕਰੇਗਾ। ਉਨ੍ਹਾਂ ਨੇ ਕਿਹਾ ਕਿ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਖੇਤਰਾਂ ਨਾਲ ਜੁੜੀਆਂ ਇਨ੍ਹਾਂ ਪ੍ਰਮੁੱਖ ਹਸਤੀਆਂ ਦੀ ਸ਼ਮੂਲੀਅਤ ਨਾਲ ਪੰਜਾਬ ਵਿੱਚ ਪਾਰਟੀ ਨੂੰ ਨਵੀਂ ਤਾਕਤ ਮਿਲੇਗੀ ਅਤੇ ਸੂਬੇ ਵਿੱਚ ਪਾਰਟੀ ਦੀ ਸਥਿਤੀ ਹੋਰ ਮਜ਼ਬੂਤ ਹੋਵੇਗੀ। ਦੱਸਣਯੋਗ ਹੈ ਕਿ ਸ੍ਰ ਮਜੀਠੀਆ ਇੱਕ ਉੱਘੇ ਪਰਿਵਾਰ ਨਾਲ ਸਬੰਧਤ ਹਨ ਅਤੇ ਚੀਫ਼ ਖਾਲਸਾ ਦੀਵਾਨ ਸਮੇਤ ਕਈ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨਾਲ ਜੁੜੇ ਹੋਏ ਹਨ। ਇਸ ਮੌਕੇ ਤੇ ਮਜੀਠਾ ਹਲਕੇ ਦੇ ਸੀਨੀਅਰ ਆਗੂ ਸ੍ਰ ਤਲਬੀਰ ਸਿੰਘ ਗਿੱਲ ਵੀ ਹਾਜ਼ਰ ਸਨ।

# ਹਲਕਾ ਖਡੂਰ ਸਾਹਿਬ ਦੇ ਪਿੰਡ ਗੋਪਾਲਾ ਵਿਖੇ ਦਰਜਨਾਂ ਪਰਿਵਾਰ ਹੋਏ ਕਾਂਗਰਸ ਵਿੱਚ ਸ਼ਾਮਲ



25 ਮਈ ਖਡੂਰ ਸਾਹਿਬ (ਨਰਿੰਦਰਪਾਲ ਸਿੰਘ ਕਾਲਕਾ) ਹਲਕਾ ਖਡੂਰ ਸਾਹਿਬ ਦੇ ਪਿੰਡ ਗੋਪਾਲਾ ਵਿਖੇ ਕਾਂਗਰਸ ਪਾਰਟੀ ਨੂੰ ਉਸ ਸਮੇਂ ਵੱਡਾ ਬੱਲ ਮਿਲਿਆ, ਜਦੋਂ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਦਰਜਨਾਂ ਪਰਿਵਾਰ ਕਾਂਗਰਸ ਵਿੱਚ ਸ਼ਾਮਲ ਹੋ ਗਏ। ਇਹ ਸ਼ਮੂਲੀਅਤ ਪਿੰਡ ਦੇ ਮਿਹਨਤੀ ਅਤੇ ਵਫ਼ਾਦਾਰ ਕਾਂਗਰਸੀ ਆਗੂਆਂ—ਸਰਪੰਚ ਬਚਿੱਤਰ ਸਿੰਘ, ਮੈਂਬਰ ਪੰਚਾਇਤ ਅੰਮ੍ਰਿਤਪਾਲ ਸਿੰਘ, ਮੈਂਬਰ ਪੰਚਾਇਤ ਗੁਰਵਿੰਦਰ ਸਿੰਘ, ਸਰਦਾਰ ਬਲਜੀਤ ਸਿੰਘ, ਸਰਦਾਰ ਬਲਵੰਤ ਸਿੰਘ ਅਤੇ ਸਰਦਾਰ ਪ੍ਰਭਜੀਤ ਸਿੰਘ ਦੀ ਪ੍ਰੇਰਨਾ ਸਦਕਾ, ਸਰਦਾਰ ਬਚਿੱਤਰ ਸਿੰਘ ਬਿੱਟੂ ਦੇ ਗ੍ਰਹਿ ਵਿਖੇ ਹੋਈ। ਹਲਕੇ ਦੇ ਸਾਬਕਾ ਵਿਧਾਇਕ ਸਰਦਾਰ ਰਮਨਜੀਤ ਸਿੰਘ ਸਿੱਕੀ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਸਾਰੀਆਂ ਸ਼ਖ਼ਸੀਅਤਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਅਤੇ ਪਾਰਟੀ ਵਿੱਚ ਜੀ ਆਇਆਂ ਆਖਿਆ। ਆਪ ਸਰਕਾਰ ਤੇ ਰਮਨਜੀਤ ਸਿੰਘ ਸਿੱਕੀ ਦੇ ਤਿੱਖੇ ਹਮਲੇ ਇਸ ਉਪਰੰਤ ਪਿੰਡ ਦੇ ਭਾਰੀ ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਤੇ ਤਿੱਖੇ ਸਿਆਸੀ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਮੌਜੂਦਾ ਸਰਕਾਰ ਵੱਲੋਂ ਲਿਆਂਦੇ ਗਏ ਕਥਿਤ ਬਦਲਾਅ ਨੇ ਸਮੁੱਚੇ ਪੰਜਾਬ ਨੂੰ ਬਰਬਾਦੀ ਦੇ ਕੰਢੇ ਲਿਆ ਖੜ੍ਹਾ ਕੀਤਾ ਹੈ। ਪਿੰਡਾਂ ਵਿੱਚ ਨਸ਼ਿਆਂ ਨੇ ਨੌਜਵਾਨੀ ਖ਼ਤਮ ਕਰ ਦਿੱਤੀ ਹੈ, ਘਰਾਂ ਵਿੱਚ ਸੱਥਰ ਵਿਛ ਰਹੇ ਹਨ ਅਤੇ ਮਾਵਾਂ ਦਾ ਵਿਰਲਾਪ ਵੇਖਿਆ ਨਹੀਂ ਜਾਂਦਾ। ਸੂਬੇ ਵਿੱਚ ਗੈਂਗਸਟਰਵਾਦ ਦਾ ਨੰਗਾ ਨਾਚ ਚੱਲ ਰਿਹਾ ਹੈ, ਜਿਸ ਕਾਰਨ ਆਮ ਲੋਕਾਂ ਦਾ ਜੀਣਾ ਦੁੱਭਰ ਹੋ ਚੁੱਕਾ ਹੈ।' ਉਨ੍ਹਾਂ ਅੱਗੇ ਦੋਸ਼ ਲਾਇਆ ਕਿ ਸਰਕਾਰ ਝੂਠੇ ਅੰਕੜਿਆਂ ਰਾਹੀਂ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ, ਇੱਥੋਂ ਵੱਡੇ ਪੱਧਰ ਤੇ ਲੁੱਟ-ਖਸੁੱਟ ਕਰਕੇ ਪੈਸਾ ਦਿੱਲੀ ਲਿਜਾਇਆ ਜਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਇਸ ਸਰਕਾਰ ਨੂੰ ਚਲਦਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਸਿੱਕੀ ਨੇ ਪਿੰਡ ਦੀ ਕਾਂਗਰਸ ਟੀਮ ਅਤੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵਿੱਚ ਉਨ੍ਹਾਂ ਦੇ ਮਾਨ-ਸਨਮਾਨ ਦਾ ਪੂਰਾ ਖ਼ਿਆਲ ਰੱਖਿਆ ਜਾਵੇਗਾ। ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਕਾਂਗਰਸ ਦਾ ਪੱਲਾ ਫੜਨ ਵਾਲਿਆਂ ਵਿੱਚ ਮੁੱਖ ਤੌਰ ਤੇ ਠੇਠ ਸੁਖਵਿੰਦਰ ਸਿੰਘ ਬੁੱਟਰ, ਗੁਰਮੁਖ ਸਿੰਘ, ਜਸਪਾਲ ਸਿੰਘ, ਮਿਸਤਰੀ ਰਾਮਵਿੰਦਰ ਸਿੰਘ ਫੌਜੀ, ਗੁਰਮੁਖ ਸਿੰਘ, ਸਰਬਜੀਤ ਸਿੰਘ, ਸੁਖਵਿੰਦਰ ਸਿੰਘ, ਤਿਰਲੋਕ ਸਿੰਘ, ਬਾਬਾ ਰੌਣਕੀ ਸਿੰਘ,ਬਲਵੀਰ ਸਿੰਘ ਫੌਜੀ, ਗੁਰਬਿੰਦਰ ਸਿੰਘ, ਅਜੈ ਸਿੰਘ,ਗੁਰਮਨ ਸਿੰਘ, ਕਮਲਜੀਤ ਸਿੰਘ, ਬਿਕਰਮਜੀਤ ਸਿੰਘ, ਨਿਸ਼ਾਨ ਸਿੰਘ,ਗੁਰਵਿੰਦਰ ਸਿੰਘ, ਜਸ਼ਨਦੀਪ ਸਿੰਘ, ਗੁਰਭੇਜ ਸਿੰਘ, ਤਰਸੇਮ ਸਿੰਘ,ਹਰਜਿੰਦਰ ਸਿੰਘ, ਬਾਬਾ ਬੁੱਕਣ ਸਿੰਘ, ਲਖਵਿੰਦਰ ਸਿੰਘ ਅਤੇ ਹਰਜਿੰਦਰ ਸਿੰਘ ਆਦਿ ਆਗੂ ਤੇ ਵਰਕਰ ਸ਼ਾਮਲ ਸਨ । ਇਸ ਪ੍ਰੋਗਰਾਮ ਦੌਰਾਨ ਸਿੱਕੀ ਦੇ ਨਾਲ ਉਨ੍ਹਾਂ ਦੇ ਪੀ.ਏ. ਰਣਜੀਤ ਸਿੰਘ ਰਾਣਾ, ਬਾਊ ਜੀ ਵਿਜੈ ਪਾਲ ਸਿੰਘ, ਮਨਪ੍ਰੀਤ ਸਿੰਘ (ਸਰਪੰਚ ਗੁਲਾਲੀਪੁਰ) ਅਤੇ ਗੁਰਵਿੰਦਰ ਸਿੰਘ ਭਲਵਾਨ ਸਮੇਤ ਕਈ ਪ੍ਰਮੁੱਖ ਆਗੂ ਹਾਜ਼ਰ ਸਨ।

# ਨਕੋਦਰ ਤੇ ਨੂਰਮਹਲ ਚੋਣਾਂ ਲਈ ਪੁਲਿਸ ਪ੍ਰਸ਼ਾਸਨ ਮੁਸਤੈਦ, ਸ਼ਾਂਤੀਪੂਰਵਕ ਅਤੇ ਨਿਰਪੱਖ ਚੋਣਾਂ ਕਰਵਾਉਣ ਲਈ ਫੋਰਸ ਨੂੰ ਦਿੱਤੀਆਂ ਵਿਸ਼ੇਸ਼ ਹਦਾਇਤਾਂ



ਜਲੰਧਰ/ਨਕੋਦਰ, 25 ਮਈ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਨਕੋਦਰ ਵਿਖੇ ਨਗਰ ਕੌਂਸਲ ਚੋਣਾਂ ਅਤੇ ਨੂਰਮਹਲ ਵਿਖੇ ਨਗਰ ਪੰਚਾਇਤ ਚੋਣਾਂ ਨੂੰ ਸ਼ਾਂਤੀਪੂਰਵਕ, ਨਿਰਪੱਖ ਅਤੇ ਸੁਚੱਜੇ ਢੰਗ ਨਾਲ ਸੰਪੰਨ ਕਰਵਾਉਣ ਲਈ ਪੰਜਾਬ ਪੁਲਿਸ ਵੱਲੋਂ ਪੂਰੇ ਪ੍ਰਬੰਧ ਕੀਤੇ ਗਏ ਹਨ। ਮਾਣਯੋਗ ਐਸ.ਐਸ.ਪੀ. ਜਲੰਧਰ ਦਿਹਾਤੀ ਸਰਦਾਰ ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ੍ਰੀ ਵਨੀਤ ਅਹਿਲਾਵਤ ਆਈ.ਪੀ.ਐਸ., ਐਸ.ਪੀ. ਤਫਤੀਸ਼ ਅਤੇ ਡੀ.ਐਸ.ਪੀ. ਨਕੋਦਰ ਸ੍ਰੀ ਓਂਕਾਰ ਸਿੰਘ ਬਰਾੜ ਵੱਲੋਂ ਸਮੂਹ ਪੁਲਿਸ ਫੋਰਸ ਨੂੰ ਵਿਸਥਾਰ ਨਾਲ ਬ੍ਰੀਫ ਕੀਤਾ ਗਿਆ। ਇਸ ਮੌਕੇ ਪੈਟਰੋਲਿੰਗ ਪਾਰਟੀਆਂ, ਬੂਥ ਡਿਊਟੀ 'ਤੇ ਤਾਇਨਾਤ ਮੁਲਾਜ਼ਮਾਂ ਅਤੇ ਹੋਰ ਸੁਰੱਖਿਆ ਫੋਰਸ ਨੂੰ ਚੋਣ ਡਿਊਟੀ ਸਬੰਧੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ। ਅਧਿਕਾਰੀਆਂ ਵੱਲੋਂ ਫੋਰਸ ਨੂੰ ਕਾਨੂੰਨ-ਵਿਵਸਥਾ ਬਰਕਰਾਰ ਰੱਖਣ, ਹਰ ਗਤੀਵਿਧੀ 'ਤੇ ਨਿਗਰਾਨੀ ਬਣਾਈ ਰੱਖਣ ਅਤੇ ਲੋਕਾਂ ਵਿੱਚ ਸੁਰੱਖਿਆ ਦਾ ਮਾਹੌਲ ਯਕੀਨੀ ਬਣਾਉਣ ਲਈ ਸੁਚੇਤ ਰਹਿਣ ਲਈ ਕਿਹਾ ਗਿਆ। ਪੁਲਿਸ ਅਧਿਕਾਰੀਆਂ ਨੇ ਕਿਹਾ ਕਿ ਚੋਣ ਪ੍ਰਕਿਰਿਆ ਦੌਰਾਨ ਕਿਸੇ ਵੀ ਤਰ੍ਹਾਂ ਦੀ ਅਣਚਾਹੀ ਘਟਨਾ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਪੰਜਾਬ ਪੁਲਿਸ ਲੋਕਾਂ ਦੀ ਸੁਰੱਖਿਆ ਅਤੇ ਚੋਣਾਂ ਨੂੰ ਨਿਰਪੱਖ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਦੇ ਨਾਲ ਹੀ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਹ ਬਿਨਾਂ ਕਿਸੇ ਡਰ ਦੇ ਆਪਣੀ ਵੋਟ ਦਾ ਇਸਤੇਮਾਲ ਕਰਨ ਅਤੇ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਵਕ ਬਣਾਈ ਰੱਖਣ ਵਿੱਚ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਕਰਨ।

# ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਪਾਤਸ਼ਾਹੀ ਛੇਵੀਂ ਜੀਂਦੋਵਾਲ ਵਿਖੇ ਮਹੀਨਾਵਾਰ ਗੁਰਮਤਿ ਸਮਾਗਮ ਕਰਵਾਇਆ



ਬੰਗਾ 25 ਮਈ (ਮਨਜਿੰਦਰ ਸਿੰਘ) ਇਤਿਹਾਸਿਕ ਸਥਾਨ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਪਾਤਸ਼ਾਹੀ ਛੇਵੀਂ ਜੀਂਦੋਵਾਲ ਬੰਗਾ ਵਿਖੇ ਸਮੂਹ ਸਾਧ ਸੰਗਤ ਵੱਲੋਂ ਮਹੀਨਾਵਾਰ ਗੁਰਮਤਿ ਸਮਾਗਮ ਬਹੁਤ ਹੀ ਪਿਆਰ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਸਮਾਗਮ ਦੀ ਆਰੰਭਤਾ ਵਿੱਚ ਹਜ਼ੂਰੀ ਰਾਗੀ ਭਾਈ ਗੁਰਮੁਖ ਸਿੰਘ-ਸਤਨਾਮ ਸਿੰਘ ਅਤੇ ਭਾਈ ਗੁਰਤੇਜ ਸਿੰਘ ਗਹਿਰ ਪਟਿਆਲੇ ਵਾਲਿਆਂ ਦੇ ਜਥਿਆਂ ਵੱਲੋਂ ਸੰਗਤਾਂ ਨੂੰ ਕੀਰਤਨ ਦੁਆਰਾ ਨਿਹਾਲ ਕੀਤਾ ਗਿਆ। ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪੰਥ ਦੇ ਮਹਾਨ ਵਿਦਵਾਨ ਸਿੰਘ ਸਾਹਿਬ ਗਿਆਨੀ ਜਸਵਿੰਦਰ ਸਿੰਘ ਜੀ ਸਾਬਕਾ ਮੁੱਖ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਵਾਲਿਆਂ ਨੇ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਮਹਾਨ ਜੀਵਨ ਇਤਿਹਾਸ ਅਤੇ ਫਲਸਫੇ ਬਾਰੇ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਈ। ਬਾਣੀ ਅਤੇ ਬਾਣੇ ਦੇ ਧਾਰਨੀ ਹੋ ਕੇ ਸੰਗਤਾਂ ਨੂੰ ਜਾਤਾਂ ਪਾਤਾਂ ਅਤੇ ਊਚ-ਨੀਚ ਤੋਂ ਉੱਪਰ ਉੱਠ ਕੇ ਗੁਰੂ ਸਾਹਿਬ ਜੀ ਦੇ ਦੱਸੇ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫ਼ਲ ਕਰਨ ਦੀ ਪ੍ਰੇਰਨਾ ਦਿੱਤੀ। ਇਸ ਮੌਕੇ ਮਹਿੰਦਰ ਸਿੰਘ ਹਰਬੰਸ ਸਿੰਘ, ਗਿਆਨੀ ਪਰਮਿੰਦਰ ਸਿੰਘ, ਗਿਆਨੀ ਦੇਸਾ ਸਿੰਘ, ਭਾਈ ਜੋਗਾ ਸਿੰਘ, ਭਾਈ ਹਰਮੇਸ਼ ਸਿੰਘ, ਪਰਮਿੰਦਰ ਸਿੰਘ ਜੌਹਰ,ਤ੍ਰਿਲੋਕ ਸਿੰਘ ਫਲੌਰਾ,ਸੁਖਵਿੰਦਰ ਸਿੰਘ ਗੋਬਿੰਦਪੁਰੀ,ਅਵਤਾਰ ਸਿੰਘ,ਲਖਬੀਰ ਸਿੰਘ ਸਾਬਕਾ ਸਰਪੰਚ,ਜਰਨੈਲ ਸਿੰਘ,ਐਡਵੋਕੇਟ ਰਵਿੰਦਰ ਸਿੰਘ,ਜੋਗਿੰਦਰ ਸਿੰਘ ਅਰੋੜਾ,ਅਮਰਜੀਤ ਸਿੰਘ ਸੈਕੇਟਰੀ, ਕੁਲਜਿੰਦਰਜੀਤ ਸਿੰਘ ਸੋਢੀ,ਜਸਵੰਤ ਸਿੰਘ,ਭਾਈ ਸੁਖਦੇਵ ਸਿੰਘ,ਭਾਈ ਮੋਹਣ ਸਿੰਘ ਪੂੰਨੀਆ, ਬੀਬੀ ਮਨਜੀਤ ਕੌਰ,ਬੀਬੀ ਕਮਲਜੀਤ ਕੌਰ ਗੋਬਿੰਦਪੁਰ,ਸਰਬਜੀਤ ਸਿੰਘ,ਮਾਸਟਰ ਗੁਰਮੁੱਖ ਸਿੰਘ, ਹਰਮੀਤ ਸਿੰਘ ਅਰੋੜਾ, ਹਰਿੰਦਰ ਸਿੰਘ ਗਿਆਨੀ ਬਗੀਚਾ ਸਿੰਘ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਅੱਜ 26 ਮਈ ਨੂੰ ਨਗਰ ਨਿਗਮ ਤੇ ਨਗਰ ਕੌਂਸਲਾਂ ਦੀਆਂ ਵੋਟਾਂ ਦੀਆਂ ਤਿਆਰੀਆਂ ਮੁਕੰਮਲ



ਗੁਰਦਾਸਪੁਰ, 25 ਮਈ (ਗੁਲਸ਼ਨ ਰਣੀਆਂ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਅੱਜ 26 ਮਈ ਨੂੰ ਨਗਰ ਨਿਗਮ ਬਟਾਲਾ, ਨਗਰ ਕੌਂਸਲ ਧਾਰੀਵਾਲ, ਫਤਿਹਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ ਪੈ ਰਹੀਆਂ ਵੋਟਾਂ ਦੀ ਤਿਆਰੀ ਮੁਕੰਮਲ ਕਰ ਲਈ ਗਈ ਹੈ।ਇਸ ਮੌਕੇ ਗੱਲ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ)-ਕਮ-ਵਧੀਕ ਜ਼ਿਲਾ ਚੋਣਕਾਰ ਅਫਸਰ ਗੁਰਪ੍ਰੀਤ ਸਿੰਘ ਗਿੱਲ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ-ਕਮ-ਜ਼ਿਲਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਨਗਰ ਨਿਗਮ ਬਟਾਲਾ ਤੇ ਨਗਰ ਕੌਂਸਲਾਂ ਦੀਆਂ ਚੋਣਾਂ ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਮੁਕੰਮਲ ਕੀਤੀਆਂ ਜਾਣਗੀਆਂ।ਉਨ੍ਹਾਂ ਦੱਸਿਆ ਕਿ ਕੱਲ ਵੋਟਾਂ ਸਬੰਧੀ ਵੱਖ-ਵੱਖ ਪੋਲਿੰਗ ਬੂਥਾਂ ਲਈ ਪੋਲਿੰਗ ਪਾਰਟੀਆਂ ਰਵਾਨਾ ਹੋ ਗਈਆਂ ਹਨ।ਉਨ੍ਹਾਂ ਨੇ ਅੱਗੇ ਦੱਸਿਆ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਚੋਣਾਂ ਪੂਰੀ ਤਰਾਂ ਨਿਰਪੱਖ ਅਤੇ ਅਜ਼ਾਦ ਮਾਹੌਲ ਵਿੱਚ ਕਰਵਾਈਆਂ ਜਾਣਗੀਆਂ। ਸਾਰੇ ਪੋਲਿੰਗ ਬੂਥਾਂ ਉੱਪਰ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਅਮਨ ਸਾਂਤੀ ਦਾ ਮਾਹੋਲ ਕਰਨ ਦੀ ਇਜ਼ਾਜਤ ਨਹੀਂ ਦਿੱਤੀ ਜਾਵੇਗੀ।ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਕੱਲ੍ਹ 26 ਨੂੰ ਬਿਨ੍ਹਾਂ ਕਿਸੇ ਲਾਲਚ ਜਾਂ ਡਰ-ਭੈਅ ਦੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਜਰੂਰ ਕਰਨ। ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਉਨ੍ਹਾਂ ਕਿਹਾ ਕਿ ਵੋਟਰਾਂ ਦੀ ਵੱਧ ਤੋਂ ਵੱਧ ਭਾਗੀਦਾਰ ਸਾਡੇ ਲੋਕਤੰਤਰ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਲੋਕ ਆਪਣੀ ਇੱਛਾ ਅਨੁਸਾਰ ਆਪਣੀ ਸਰਕਾਰ ਚੁਣਨਗੇ।ਜ਼ਿਕਰਯੋਗ ਹੈ ਕਿ ਬਟਾਲਾ ਨਗਰ ਨਿਗਮ ਦੇ 50 ਵਾਰਡ, 122 ਪੋਲਿੰਗ ਬੂਥ ਅਤੇ 1 ਲੱਖ 18 ਹਜ਼ਾਰ 422 ਵੋਟਰ ਹਨ। ਧਾਰੀਵਾਲ ਨਗਰ ਕੌਂਸਲ ਦੇ 13 ਵਾਰਡ, 14 ਬੂਥ ਅਤੇ 12473 ਵੋਟਰ ਹਨ। ਸ੍ਰੀ ਹਰਗੋਬਿੰਦਪੁਰ ਸਾਹਿਬ ਨਗਰ ਕੌਂਸਲ ਦੇ 11 ਵਾਰਡ, 11 ਪੋਲਿੰਗ ਬੂਥ ਅਤੇ 7041 ਵੋਟਰ ਹਨ ਅਤੇ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ 13 ਵਾਰਡ, 17 ਪੋਲਿੰਗ ਬੂਥ ਅਤੇ 14821 ਵੋਟਰ ਹਨ।

# ਸੰਤ ਦਰਸ਼ਨ ਸਿੰਘ ਜੀ ਮਹਾਰਾਜ ਦੀ ਯਾਦ ਵਿੱਚ ਕਿਰਪਾਲ ਆਸ਼ਰਮ ਗੜ੍ਹੀ ਕਾਨੂੰਗੋ ਵਿਖੇ ਲਗਾਇਆ ਖੂਨਦਾਨ ਕੈਂਪ



ਬਲਾਚੌਰ 24 ਮਈ (ਤਜਿੰਦਰ ਜੋਤ) ਸਾਵਨ ਕਿਰਪਾਲ ਰੂਹਾਨੀ ਮਿਸ਼ਨ ਦੀ ਸਥਾਨਕ ਸ਼ਾਖਾ ਕਿਰਪਾਲ ਆਸ਼ਰਮ, ਗੜ੍ਹੀ ਕਾਨੂੰਗੋਆਂ ਵੱਲੋਂ ਦਿਆਲ ਪੁਰਸ਼ ਸੰਤ ਦਰਸ਼ਨ ਸਿੰਘ ਜੀ ਮਹਾਰਾਜ ਦੀ ਪਵਿੱਤਰ ਯਾਦ ਵਿੱਚ ਇੱਕ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਗਿਆ। ਇਹ ਕੈਂਪ ਸੰਤ ਗੁਰਮੇਲ ਸਿੰਘ ਚੈਰੀਟੇਬਲ ਹੋਸਪਿਟਲ ਦੇ ਸਹਿਯੋਗ ਨਾਲ ਡਾ ਬਜਰੰਗ ਗੋਸਾਮੀ ਦੀ ਦੇਖਰੇਖ ਹੇਠ ਸਫਲਤਾਪੂਰਵਕ ਨੇਪਰੇ ਚੜ੍ਹਿਆ, ਜਿਸ ਵਿੱਚ 24 ਦਾਨੀ ਸੱਜਣਾਂ ਨੇ ਸਵੈ-ਇੱਛਾ ਨਾਲ ਖੂਨਦਾਨ ਕੀਤਾ। ਆਸ਼ਰਮ ਦੇ ਜਨਰਲ ਸਕੱਤਰ ਪਰਮਜੀਤ ਸਿੰਘ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ 18 ਤੋਂ 60 ਸਾਲ ਤੱਕ ਦਾ ਕੋਈ ਵੀ ਸਿਹਤਮੰਦ ਵਿਅਕਤੀ ਖੂਨਦਾਨ ਕਰ ਸਕਦਾ ਹੈ। ਇਸ ਨਾਲ ਸਰੀਰ ਵਿੱਚ ਕੋਈ ਕਮਜ਼ੋਰੀ ਨਹੀਂ ਆਉਂਦੀ, ਬਲਕਿ ਦਿਲ ਦਾ ਦੌਰਾ ਅਤੇ ਕੈਂਸਰ ਵਰਗੀਆਂ ਘਾਤਕ ਬਿਮਾਰੀਆਂ ਦਾ ਖ਼ਤਰਾ ਘਟਦਾ ਹੈ। ਉਨ੍ਹਾਂ ਦੱਸਿਆ ਕਿ ਪਰਮ ਸੰਤ ਰਜਿੰਦਰ ਸਿੰਘ ਜੀ ਮਹਾਰਾਜ ਦੀ ਰਹਿਨੁਮਾਈ ਹੇਠ ਮਿਸ਼ਨ ਵੱਲੋਂ ਦੇਸ਼-ਵਿਦੇਸ਼ ਵਿੱਚ ਮੁਫ਼ਤ ਮੋਤੀਆਬਿੰਦ ਆਪ੍ਰੇਸ਼ਨ, ਮੈਡੀਕਲ ਕੈਂਪ, ਵੋਕੇਸ਼ਨਲ ਕੋਰਸ ਅਤੇ ਕੁਦਰਤੀ ਆਫ਼ਤਾਂ ਸਮੇਂ ਰਾਹਤ ਸਮੱਗਰੀ ਵੰਡਣ ਵਰਗੇ ਅਨੇਕਾਂ ਨਿਸ਼ਕਾਮ ਭਲਾਈ ਕਾਰਜ ਕੀਤੇ ਜਾ ਰਹੇ ਹਨ।ਕੈਂਪ ਦੇ ਅਖੀਰ ਵਿੱਚ ਸੰਸਥਾ ਦੇ ਪ੍ਰਧਾਨ ਜਸਪਾਲ ਸਿੰਘ ਨੇ ਖੂਨਦਾਨ ਕਰਨ ਵਾਲੇ ਸਾਰੇ ਵੀਰਾਂ-ਭੈਣਾਂ ਦੀ ਸ਼ਲਾਘਾ ਕੀਤੀ ਅਤੇ ਆਈਆਂ ਹੋਈਆਂ ਸੰਗਤਾਂ ਦਾ ਦਿਲੋਂ ਧੰਨਵਾਦ ਕੀਤਾ। ਖੂਨਦਾਨੀਆਂ ਨੂੰ ਮਿਸ਼ਨ ਵੱਲੋਂ ਫਲ ਅਤੇ ਜੂਸ ਵੀ ਭੇਟ ਕੀਤੇ ਗਏ।

# ਨਕਲੀ ਦੁੱਧ ਖ਼ਿਲਾਫ਼ ਜੰਗ: ਹਰ ਇਲਾਕੇ ਵਿੱਚ ਬਣਨ ਦੁੱਧ ਜਾਂਚ ਕੇਂਦਰ



25 ਮਈ (ਸੰਜੀਵ ਨਈਅਰ) ਅੱਜ ਦੇ ਸਮੇਂ ਵਿੱਚ ਮਿਲਾਵਟੀ ਅਤੇ ਨਕਲੀ ਦੁੱਧ ਦਾ ਮਸਲਾ ਲੋਕਾਂ ਦੀ ਸਿਹਤ ਲਈ ਇੱਕ ਗੰਭੀਰ ਚੁਣੌਤੀ ਬਣ ਚੁੱਕਾ ਹੈ। ਹਰ ਮਾਂ-ਬਾਪ ਨੂੰ ਆਪਣੇ ਬੱਚਿਆਂ ਦੀ ਸਿਹਤ ਦੀ ਚਿੰਤਾ ਹੈ ਅਤੇ ਹਰ ਪਰਿਵਾਰ ਇਹ ਸੋਚਣ ਲਈ ਮਜਬੂਰ ਹੈ ਕਿ ਜੋ ਦੁੱਧ ਉਹ ਰੋਜ਼ਾਨਾ ਵਰਤ ਰਹੇ ਹਨ, ਉਹ ਪੋਸ਼ਣ ਦੇ ਰਿਹਾ ਹੈ ਜਾਂ ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ।ਸਰਕਾਰਾਂ ਵੱਲੋਂ ਸਮੇਂ-ਸਮੇਂ 'ਤੇ ਮਿਲਾਵਟਖੋਰਾਂ ਖ਼ਿਲਾਫ਼ ਕਾਰਵਾਈਆਂ ਦੇ ਦਾਅਵੇ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਦੁੱਧ ਵਿੱਚ ਮਿਲਾਵਟ ਦਾ ਕਾਰੋਬਾਰ ਅਜੇ ਵੀ ਬੇਰੋਕਟੋਕ ਜਾਰੀ ਹੈ। ਇਸ ਸਮੱਸਿਆ ਦਾ ਹੱਲ ਸਿਰਫ਼ ਛਾਪੇਮਾਰੀ ਨਹੀਂ, ਸਗੋਂ ਇੱਕ ਸਥਾਈ ਅਤੇ ਲੋਕ-ਕੇਂਦਰਿਤ ਪ੍ਰਬੰਧ ਹੈ। ਜਿਸ ਤਰ੍ਹਾਂ ਵਾਹਨਾਂ ਦੇ ਪ੍ਰਦੂਸ਼ਣ ਨੂੰ ਕੰਟਰੋਲ ਕਰਨ ਲਈ ਹਰ ਸ਼ਹਿਰ ਅਤੇ ਕਸਬੇ ਵਿੱਚ ਪੋਲਿਊਸ਼ਨ ਟੈਸਟਿੰਗ ਸੈਂਟਰ ਸਥਾਪਿਤ ਕੀਤੇ ਗਏ ਹਨ, ਉਸੇ ਤਰ੍ਹਾਂ ਹਰ ਇਲਾਕੇ ਵਿੱਚ ਦੁੱਧ ਜਾਂਚ ਕੇਂਦਰ ਖੋਲ੍ਹੇ ਜਾਣ ਦੀ ਲੋੜ ਹੈ। ਸਰਕਾਰ ਪ੍ਰਾਈਵੇਟ ਲਾਇਸੈਂਸ ਜਾਰੀ ਕਰਕੇ ਇਹ ਪ੍ਰਣਾਲੀ ਬਹੁਤ ਘੱਟ ਸਮੇਂ ਵਿੱਚ ਲਾਗੂ ਕਰ ਸਕਦੀ ਹੈ। ਇਸ ਨਾਲ ਆਮ ਲੋਕ ਵੀ ਥੋੜ੍ਹੀ ਜਿਹੀ ਫੀਸ ਦੇ ਕੇ ਆਪਣੇ ਦੁੱਧ ਦੀ ਗੁਣਵੱਤਾ ਦੀ ਜਾਂਚ ਕਰਵਾ ਸਕਣਗੇ। ਜਦੋਂ ਦੁੱਧ ਵੇਚਣ ਵਾਲਿਆਂ ਨੂੰ ਇਹ ਅਹਿਸਾਸ ਹੋਵੇਗਾ ਕਿ ਕਿਸੇ ਵੀ ਵੇਲੇ ਉਨ੍ਹਾਂ ਦੇ ਦੁੱਧ ਦੀ ਜਾਂਚ ਹੋ ਸਕਦੀ ਹੈ, ਤਾਂ ਮਿਲਾਵਟ ਕਰਨ ਦੀ ਹਿੰਮਤ ਆਪਣੇ ਆਪ ਘੱਟ ਹੋ ਜਾਵੇਗੀ। ਡਰ ਸਜ਼ਾ ਦਾ ਨਹੀਂ, ਪਕੜੇ ਜਾਣ ਦਾ ਹੋਣਾ ਚਾਹੀਦਾ ਹੈ। ਇਹੀ ਪ੍ਰਣਾਲੀ ਮਿਲਾਵਟਖੋਰੀ 'ਤੇ ਸਭ ਤੋਂ ਵੱਡਾ ਪ੍ਰਹਾਰ ਸਾਬਤ ਹੋ ਸਕਦੀ ਹੈ। ਇਹ ਸਵਾਲ ਵੀ ਉੱਠਦਾ ਹੈ ਕਿ ਜੇ ਸੜਕਾਂ 'ਤੇ ਚੱਲਣ ਵਾਲੀਆਂ ਗੱਡੀਆਂ ਲਈ ਪ੍ਰਦੂਸ਼ਣ ਸਰਟੀਫਿਕੇਟ ਲਾਜ਼ਮੀ ਹੋ ਸਕਦਾ ਹੈ, ਤਾਂ ਲੋਕਾਂ ਦੇ ਸਰੀਰ ਵਿੱਚ ਜਾਣ ਵਾਲੇ ਦੁੱਧ ਦੀ ਸ਼ੁੱਧਤਾ ਯਕੀਨੀ ਬਣਾਉਣ ਲਈ ਪੱਕਾ ਪ੍ਰਬੰਧ ਕਿਉਂ ਨਹੀਂ? ਆਖ਼ਰਕਾਰ, ਲੋਕਾਂ ਦੀ ਸਿਹਤ ਕਿਸੇ ਵੀ ਹੋਰ ਮਾਮਲੇ ਨਾਲੋਂ ਵੱਧ ਮਹੱਤਵਪੂਰਨ ਹੈ। ਸਮੇਂ ਦੀ ਮੰਗ ਹੈ ਕਿ ਸਰਕਾਰਾਂ ਸਿਰਫ਼ ਐਲਾਨਾਂ ਅਤੇ ਦਾਵਿਆਂ ਤੱਕ ਸੀਮਿਤ ਨਾ ਰਹਿਣ, ਸਗੋਂ ਹਰ ਸ਼ਹਿਰ, ਕਸਬੇ ਅਤੇ ਪਿੰਡ ਵਿੱਚ ਦੁੱਧ ਜਾਂਚ ਕੇਂਦਰ ਸਥਾਪਿਤ ਕਰਨ ਵੱਲ ਠੋਸ ਕਦਮ ਚੁੱਕਣ। ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਲਈ ਸਖ਼ਤ ਸਜ਼ਾਵਾਂ ਅਤੇ ਪਾਰਦਰਸ਼ੀ ਜਾਂਚ ਪ੍ਰਣਾਲੀ ਹੀ ਇਸ ਸਮੱਸਿਆ ਦਾ ਅਸਲ ਹੱਲ ਹੈ। ਦੁੱਧ ਸਿਰਫ਼ ਇੱਕ ਖੁਰਾਕ ਨਹੀਂ, ਸਗੋਂ ਹਰ ਘਰ ਦੀ ਸਿਹਤ ਦਾ ਆਧਾਰ ਹੈ। ਇਸ ਦੀ ਸ਼ੁੱਧਤਾ ਯਕੀਨੀ ਬਣਾਉਣਾ ਸਰਕਾਰ ਅਤੇ ਸਮਾਜ ਦੋਵਾਂ ਦੀ ਸਾਂਝੀ ਜ਼ਿੰਮੇਵਾਰੀ ਹੈ।

# ਵਿਧਾਇਕ ਬੰਗਾ 'ਤੇ ਕਾਂਗਰਸ ਆਗੂ ਮੀਨਾ ਸੂਦ ਵੱਲੋਂ ਚੋਣ ਜਾਬਤੇ ਦੀ ਉਲੰਘਣਾ ਦੇ ਦੋਸ਼



ਬੰਗਾ, 25 ਮਈ (ਮਨਜਿੰਦਰ ਸਿੰਘ) : ਵਿਧਾਨ ਸਭਾ ਹਲਕਾ ਬੰਗਾ ਤੋਂ ਕਾਂਗਰਸ ਪਾਰਟੀ ਦੀ ਹਲਕਾ ਇੰਚਾਰਜ ਮੈਡਮ ਮੀਨਾ ਸੂਦ ਅਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ 'ਤੇ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਕਰਨ ਦੇ ਦੋਸ਼ ਲਗਾਏ ਗਏ ਹਨ। ਉਨ੍ਹਾਂ ਪਾਰਟੀ ਦੇ ਹੋਰ ਆਗੂਆਂ ਅਤੇ ਸਮਰਥਕਾਂ ਸਮੇਤ ਸਥਾਨਕ ਸਬ ਡਿਵੀਜ਼ਨ ਮੈਜਿਸਟ੍ਰੇਟ-ਕਮ-ਰਿਟਰਨਿੰਗ ਅਫਸਰ, ਬੰਗਾ ਨੂੰ ਸ਼ਿਕਾਇਤ ਪੱਤਰ ਦਿੱਤਾ, ਜੋ ਏ.ਆਰ.ਓ. ਗੌਰਵ ਭੱਟੀ ਵੱਲੋਂ ਪ੍ਰਾਪਤ ਕੀਤਾ ਗਿਆ। ਉਨ੍ਹਾਂ ਮੰਗ ਕੀਤੀ ਕਿ ਉਕਤ ਵਿਧਾਇਕ ਖ਼ਿਲਾਫ਼ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਬਣਦੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਂਦੀ ਜਾਵੇ। ਸ਼ਿਕਾਇਤ ਵਿੱਚ ਲਿਖਿਆ ਗਿਆ ਕਿ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਮਿਤੀ 25-05-2026 ਦਿਨ ਸੋਮਵਾਰ ਨੂੰ ਸਥਾਨਕ ਵਾਰਡ ਨੰਬਰ 1 ਵਿੱਚ ਆਪਣੇ ਨਾਲ 30 ਤੋਂ 35 ਲੋਕਾਂ ਨੂੰ ਲੈ ਕੇ ਚੋਣ ਪ੍ਰਚਾਰ ਕਰ ਰਹੇ ਸਨ, ਜੋ ਸਰਾਸਰ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਹੈ। ਚੋਣ ਕਮਿਸ਼ਨ ਵੱਲੋਂ 24-05-2026 ਸ਼ਾਮ 5 ਵਜੇ ਚੋਣ ਪ੍ਰਚਾਰ ਬੰਦ ਕਰਨ ਦੇ ਹੁਕਮ ਜਾਰੀ ਕੀਤੇ ਜਾ ਚੁੱਕੇ ਸਨ। ਉਨ੍ਹਾਂ ਮੰਗ ਕੀਤੀ ਕਿ ਤੁਰੰਤ ਕਾਰਵਾਈ ਕਰਦਿਆਂ ਵਿਧਾਇਕ ਅਤੇ ਉਨ੍ਹਾਂ ਦੇ ਸਮਰਥਕਾਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਕੁਲਵਰਨ ਸਿੰਘ ਥਾਂਦੀਆਂ ਬਲਾਕ ਪ੍ਰਧਾਨ, ਡਾ. ਨਿਰੰਜਨ ਪਾਲ ਜ਼ਿਲ੍ਹਾ ਵਾਈਸ ਪ੍ਰਧਾਨ, ਰਾਜਿੰਦਰ ਸ਼ਰਮਾ ਜ਼ਿਲ੍ਹਾ ਵਾਈਸ ਪ੍ਰਧਾਨ, ਸੋਡੀ ਲਾਲ, ਰਾਮਦਾਸ ਸਿੰਘ ਬਲਾਕ ਪ੍ਰਧਾਨ ਔੜ, ਹਰਬੰਸ ਬਬਲੂ, ਸਤਨਾਮ ਸੰਧੂ ਖਾਨਖਾਨਾ, ਸੋਹਣ ਲਾਲ ਲਾਲੀ, ਪਰਮਜੀਤ ਕੌਰ, ਅਮਨਦੀਪ ਗੁਰੂ ਅਤੇ ਹੋਰ ਕਾਂਗਰਸੀ ਵਰਕਰ ਹਾਜ਼ਰ ਸਨ।

# ਏ.ਵੀ.ਐਮ. ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਦਾ ਐਨ ਸੀ. ਸੀ .ਕੈਂਪ ਵਿੱਚ ਰਿਹਾ ਸ਼ਾਨਦਾਰ ਪ੍ਰਦਰਸ਼ਨ



ਹਰਚੋਵਾਲ 25 ਮਈ (ਪ੍ਰਦੀਪ ਸਿੰਘ ਬੇਦੀ) 22 ਪੰਜਾਬ ਬਟਾਲੀਅਨ ਐਨ ਸੀ ਸੀ ਦੇ ਕਮਾਂਡਿੰਗ ਆਫਿਸਰ ਦੇ ਦਿਸ਼ਾ ਨਿਰਦੇਸ਼ਾ ਹੇਠ 13/04/26 ਤੋਂ 22/04/26 ਤੱਕ ਦੱਸ ਦਿਨਾਂ ਦਾ ਐਨ. ਸੀ. ਸੀ. ਕੈਂਪ ਲਗਾਇਆ ਗਿਆ ਇਸ ਕੈਂਪ ਵਿੱਚ ਜ਼ਿਲ੍ਹਾ ਗੁਰਦਾਸਪੁਰ ਦੇ ਵੱਖ ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਏ ਵੀ ਐਮ ਸੀਨੀਅਰ ਸੈਕੰਡਰੀ ਸਕੂਲ ਦੇ 6 ਵਿਦਿਆਰਥੀਆਂ ਨੇ ਵੀ ਇਸ ਕੈਂਪ ਵਿੱਚ ਭਾਗ ਲੈਂਦਿਆਂ ਮੌਕ ਡਰਿੱਲ, ਅੱਗ ਤੋਂ ਬਚਾਅ,ਬਚਿਆ ਦੀ ਸਿਹਤ , ਸੰਤੁਲਿਤ ਆਹਾਰ ਅਤੇ ਵੱਖ ਵੱਖ ਖੇਡਾਂ ਨਾਲ ਸੰਬੰਧਿਤ ਮੁਕਾਬਲਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਵੱਖ ਵੱਖ ਸਥਾਨਾਂ ਤੇ ਰਹਿ ਕੇ ਇਨਾਮ ਹਾਸਿਲ ਕੀਤੇ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ ਇਸ ਮੌਕੇ ਤੇ ਸਕੂਲ ਮੈਨੇਜਮੈਂਟ ਨੇ ਸਾਂਝੇ ਤੌਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਅਦਿੱਤਯ ਸਹਿਗਲ, ਮੀਨਾ ਕੋਹਲੀ, ਨਵਨੀਤ ਕੌਰ, ਕਰੀਮ ਅਤੇ ਸਮੂਹ ਸਟਾਫ਼ ਹਾਜਿਰ ਸੀ ਅਤੇ ਸੀ. ਟੀ. ਓ. ਨੂੰ ਵਧਾਈ ਦਿੱਤੀ ਜਿੰਨਾ ਦੀ ਮਿਹਨਤ ਸਦਕਾ ਵਿਦਿਅਰਥੀਆਂ ਨੇ ਇਸ ਕੈਂਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ।

# ਐਸ.ਬੀ.ਐਸ. ਨਗਰ ਵਿੱਚ ਨਗਰ ਕੌਂਸਲ ਚੋਣਾਂ ਦੇ ਸੁਚਾਰੂ ਸੰਚਾਲਨ ਲਈ 69 ਪੋਲਿੰਗ ਪਾਰਟੀਆਂ ਰਵਾਨਾ



ਸ਼ਹੀਦ ਭਗਤ ਸਿੰਘ ਨਗਰ 25 ਮਈ (ਜਤਿੰਦਰ ਪਾਲ ਸਿੰਘ ਕਲੇਰ) ਜ਼ਿਲ੍ਹੇ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਚੋਣਾਂ ਨੂੰ ਸੁਚਾਰੂ, ਸੁਤੰਤਰ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਅੱਜ ਵੱਖ-ਵੱਖ ਕੇਂਦਰਾਂ ਤੋਂ 69 ਪੋਲਿੰਗ ਪਾਰਟੀਆਂ ਰਵਾਨਾ ਕੀਤੀਆਂ ਗਈਆਂ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਡਿਸਪੈਚ ਪ੍ਰਕਿਰਿਆ ਦਾ ਜਾਇਜ਼ਾ ਲੈਂਦਿਆਂ ਪੋਲਿੰਗ ਅਮਲੇ ਨੂੰ ਆਪਣੀਆਂ ਡਿਊਟੀਆਂ ਪੂਰੀ ਇਮਾਨਦਾਰੀ ਅਤੇ ਨਿਰਪੱਖਤਾ ਨਾਲ ਨਿਭਾਉਣ ਦੇ ਨਿਰਦੇਸ਼ ਦਿੱਤੇ। ਵੇਰਵਾ ਦਿੰਦਿਆਂ ਸ਼੍ਰੀ ਔਲਖ ਨੇ ਦੱਸਿਆ ਕਿ ਹਰੇਕ ਪੋਲਿੰਗ ਪਾਰਟੀ ਵਿੱਚ ਇੱਕ ਪ੍ਰੀਜ਼ਾਈਡਿੰਗ ਅ਼ਫ਼ਸਰ (ਪੀ.ਆਰ.ਓ.), ਇੱਕ ਸਹਾਇਕ ਪ੍ਰੀਜ਼ਾਈਡਿੰਗ ਅ਼ਫ਼ਸਰ (ਏ.ਪੀ.ਆਰ.ਓ.) ਅਤੇ ਤਿੰਨ ਪੋਲਿੰਗ ਅ਼ਫ਼ਸਰ (ਪੀ.ਓ.) ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਬੰਗਾ, ਨਵਾਂਸ਼ਹਿਰ ਅਤੇ ਰਾਹੋਂ ਵਿੱਚ ਕੁੱਲ 69 ਪੋਲਿੰਗ ਸਟੇਸ਼ਨ ਸਥਾਪਤ ਕੀਤੇ ਗਏ ਹਨ, ਜਿੱਥੇ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਪੈਣਗੀਆਂ। ਸ਼ਾਂਤੀਪੂਰਨ ਚੋਣਾਂ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਸੁਰੱਖਿਆ ਪ੍ਰਬੰਧ ਵੀ ਕੀਤੇ ਗਏ ਹਨ। ਚੋਣਾਂ ਵਿੱਚ 64,232 ਵੋਟਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ, ਜਿਨ੍ਹਾਂ ਵਿੱਚ 32,341 ਪੁਰਸ਼, 31,881 ਮਹਿਲਾ ਅਤੇ 10 ਹੋਰ ਵੋਟਰ ਸ਼ਾਮਲ ਹਨ। ਕੁੱਲ ਵੋਟਰਾਂ ਵਿੱਚੋਂ ਬੰਗਾ ਵਿੱਚ 15,832, ਨਵਾਂਸ਼ਹਿਰ ਵਿੱਚ 36,985 ਅਤੇ ਰਾਹੋਂ ਵਿੱਚ 11,415 ਵੋਟਰ ਹਨ। ਤਿੰਨ ਨਗਰ ਕੌਂਸਲਾਂ ਦੀਆਂ 45 ਵਾਰਡਾਂ ਲਈ ਕੁੱਲ 148 ਉਮੀਦਵਾਰ ਚੋਣ ਮੈਦਾਨ ਵਿੱਚ ਹਨ। ਬੰਗਾ ਦੀਆਂ 15 ਵਾਰਡਾਂ ਲਈ 52, ਨਵਾਂਸ਼ਹਿਰ ਦੀਆਂ 19 ਵਾਰਡਾਂ ਲਈ 70 ਅਤੇ ਰਾਹੋਂ ਦੀਆਂ 11 ਵਾਰਡਾਂ ਲਈ 26 ਉਮੀਦਵਾਰ ਚੋਣ ਲੜ ਰਹੇ ਹਨ। ਚੋਣਾਂ ਦੇ ਸੁਚਾਰੂ ਸੰਚਾਲਨ ਲਈ ਰਿਜ਼ਰਵ ਸਟਾਫ਼ ਸਮੇਤ 533 ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ, ਜਦਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ। ਡਿਪਟੀ ਕਮਿਸ਼ਨਰ ਨੇ ਵੋਟਰਾਂ ਨੂੰ ਬਿਨ੍ਹਾਂ ਕਿਸੇ ਡਰ, ਭੈਅ ਜਾਂ ਲਾਲਚ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ।

# ਕਿਸ਼ਨਪੁਰਾ ਵਿੱਚ ਘਰ ਦੇ ਮੰਦਰ ਤੋਂ ਲੱਗੀ ਭਿਆਨਕ ਅੱਗ, ਸਿਲੰਡਰ ਫਟਣ ਨਾਲ 5 ਜਣੇ ਝੁਲਸੇ



ਜਲੰਧਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ) ਜਲੰਧਰ ਦੇ ਕਿਸ਼ਨਪੁਰਾ ਇਲਾਕੇ ਵਿੱਚ ਸੋਮਵਾਰ ਸਵੇਰੇ ਇੱਕ ਘਰ ਦੇ ਮੰਦਰ ਵਿੱਚ ਲੱਗੇ ਪੱਖੇ ਵਿੱਚ ਸ਼ਾਰਟ ਸਰਕਿਟ ਹੋਣ ਕਾਰਨ ਭਿਆਨਕ ਅੱਗ ਲੱਗ ਗਈ। ਅੱਗ ਨੇ ਕੁਝ ਹੀ ਮਿੰਟਾਂ ਵਿੱਚ ਪੂਰੇ ਘਰ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਅੱਗ ਦੌਰਾਨ ਘਰ ਅੰਦਰ ਰੱਖਿਆ ਸਿਲੰਡਰ ਫਟਣ ਨਾਲ ਪੰਜ ਲੋਕ ਝੁਲਸ ਗਏ, ਜਿਨ੍ਹਾਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ ਪਹੁੰਚਾਇਆ ਗਿਆ। ਮਿਲੀ ਜਾਣਕਾਰੀ ਅਨੁਸਾਰ ਭਾਜਪਾ ਆਗੂ ਪ੍ਰਸ਼ਾਂਤ ਗੰਭੀਰ ਦੇ ਪਿਤਾ ਸੁਦਰਸ਼ਨ ਕੁਮਾਰ ਸਵੇਰੇ ਸੈਰ ਲਈ ਘਰ ਤੋਂ ਬਾਹਰ ਨਿਕਲ ਰਹੇ ਸਨ ਕਿ ਅਚਾਨਕ ਘਰ ਦੇ ਮੰਦਰ ਵਿੱਚ ਲੱਗੇ ਪੱਖੇ ਵਿੱਚ ਸ਼ਾਰਟ ਸਰਕਿਟ ਹੋ ਗਿਆ। ਇਸ ਨਾਲ ਮੰਦਰ ਵਿੱਚ ਅੱਗ ਲੱਗ ਗਈ ਜੋ ਕੁਝ ਹੀ ਸਮੇਂ ਵਿੱਚ ਪੂਰੇ ਘਰ ਵਿੱਚ ਫੈਲ ਗਈ। ਅੱਗ ਦਾ ਧੂੰਆ ਦੂਰ-ਦੂਰ ਤੱਕ ਦਿਖਾਈ ਦੇ ਰਿਹਾ ਸੀ। ਅੱਗ ਦੇਖ ਕੇ ਇਲਾਕੇ ਦੇ ਲੋਕ ਮਦਦ ਲਈ ਇਕੱਠੇ ਹੋ ਗਏ ਅਤੇ ਆਪਣੇ ਪੱਧਰ 'ਤੇ ਅੱਗ 'ਤੇ ਕਾਬੂ ਪਾਉਣ ਦੀ ਕੋਸ਼ਿਸ਼ ਕੀਤੀ। ਇਸ ਦੌਰਾਨ ਘਰ ਅੰਦਰ ਪਿਆ ਗੈਸ ਸਿਲੰਡਰ ਅਚਾਨਕ ਫਟ ਗਿਆ, ਜਿਸ ਕਾਰਨ ਅੱਗ ਬੁਝਾਉਣ ਦੀ ਕੋਸ਼ਿਸ਼ ਕਰ ਰਹੇ ਪੰਜ ਲੋਕ ਝੁਲਸ ਗਏ। ਘਟਨਾ ਦੀ ਸੂਚਨਾ ਮਿਲਦੇ ਹੀ ਫਾਇਰ ਬ੍ਰਿਗੇਡ ਦੀ ਟੀਮ ਮੌਕੇ 'ਤੇ ਪਹੁੰਚੀ। ਫਾਇਰ ਅਫਸਰ ਰਵਿੰਦਰ ਸਿੰਘ ਨੇ ਦੱਸਿਆ ਕਿ ਚਾਰ ਫਾਇਰ ਗੱਡੀਆਂ ਦੀ ਮਦਦ ਨਾਲ ਕਾਫ਼ੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ। ਉਨ੍ਹਾਂ ਕਿਹਾ ਕਿ ਇਲਾਕੇ ਦੀਆਂ ਤੰਗ ਗਲੀਆਂ ਅਤੇ ਹੇਠਾਂ ਲਟਕ ਰਹੀਆਂ ਬਿਜਲੀ ਦੀਆਂ ਤਾਰਾਂ ਕਾਰਨ ਟੀਮ ਨੂੰ ਮੌਕੇ 'ਤੇ ਪਹੁੰਚਣ ਵਿੱਚ ਦਿੱਕਤ ਆਈ। ਫਾਇਰ ਬ੍ਰਿਗੇਡ ਵੱਲੋਂ ਅੱਗ 'ਤੇ ਕਾਬੂ ਪਾਏ ਜਾਣ ਤੱਕ ਘਰ ਅੰਦਰ ਪਿਆ ਜ਼ਿਆਦਾਤਰ ਸਮਾਨ ਸੜ ਕੇ ਰਾਖ ਹੋ ਚੁੱਕਾ ਸੀ। ਘਰ ਮਾਲਕਾਂ ਨੇ ਦੋਸ਼ ਲਗਾਇਆ ਕਿ ਫਾਇਰ ਬ੍ਰਿਗੇਡ ਦੇ ਦੇਰ ਨਾਲ ਪਹੁੰਚਣ ਕਾਰਨ ਨੁਕਸਾਨ ਵੱਧ ਹੋਇਆ। ਉਧਰ, ਏਐਸਆਈ ਸੇਵਾ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਕੰਟਰੋਲ ਰੂਮ ਤੋਂ ਅੱਗ ਲੱਗਣ ਦੀ ਸੂਚਨਾ ਮਿਲੀ ਸੀ। ਪੁਲਿਸ ਟੀਮ ਮੌਕੇ 'ਤੇ ਪਹੁੰਚੀ ਅਤੇ ਹਾਲਾਤ ਦਾ ਜਾਇਜ਼ਾ ਲਿਆ। ਅੱਗ ਲੱਗਣ ਦੇ ਸਹੀ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ।

# ਹੁਸ਼ਿਆਰਪੁਰ ਚ ਮਾਈਨਿੰਗ ਟਿੱਪਰਾਂ/ਟਰੱਕਾਂ ਦੀ ਆਵਾਜਾਈ ਦਾ ਸਮਾਂ ਤੈਅ

ਹੁਸ਼ਿਆਰਪੁਰ 25 ਮਈ (ਪਰਮਿੰਦਰ ਘੁੰਮਣ) ਜ਼ਿਲ੍ਹਾ ਮੈਜਿਸਟਰੇਟ ਆਸ਼ਿਕਾ ਜੈਨ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੇ ਪਿੰਡ ਜੇਜੋਂ ਤੋਂ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਨੂੰ ਕੇਵਲ ਸ਼ਾਮ 7 ਵਜੇ ਤੋਂ ਸਵੇਰੇ 7 ਵਜੇ ਤੱਕ ਆਵਾਜਾਈ ਦੀ ਆਗਿਆ ਦੇ ਹੁਕਮ ਜਾਰੀ ਕੀਤੇ ਹਨ ਅਤੇ ਇਸ ਸਮੇਂ ਤੋਂ ਇਲਾਵਾ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ 'ਤੇ ਰੋਕ ਰਹੇਗੀ। ਜ਼ਿਲ੍ਹਾ ਪ੍ਰਸ਼ਾਸਨ ਦੇ ਧਿਆਨ ਵਿਚ ਆਇਆ ਹੈ ਕਿ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਪੈਂਦੇ ਮਾਹਿਲਪੁਰ ਰੋਡ ਅਤੇ ਨੰਗਲ ਤੋਂ ਗੜ੍ਹਸ਼ੰਕਰ ਰੋਡ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੇ ਕਾਰਨ ਸੜਕਾਂ 'ਤੇ ਹਾਦਸੇ ਹੋ ਰਹੇ ਹਨ ਜਿਨ੍ਹਾਂ ਕਾਰਨ ਜਾਨੀ ਅਤੇ ਮਾਲੀ ਨੁਕਸਾਨ ਹੁੰਦਾ ਹੈ ਜਿਸ ਕਰਕੇ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਇਨ੍ਹਾਂ ਸੜਕਾਂ 'ਤੇ ਮਾਈਨਿੰਗ ਮਟੀਰੀਅਲ ਲਿਜਾਣ ਵਾਲੇ ਟਿੱਪਰ/ਟਰੱਕਾਂ ਦੀ ਆਵਾਜਾਈ ਨੂੰ ਸਮਾਂਬੱਧ ਤਰੀਕੇ ਨਾਲ ਚਲਾਉਣ ਦੀ ਜ਼ਰੂਰਤ ਹੈ। ਡਿਪਟੀ ਕਮਿਸ਼ਨਰ ਵਲੋਂ ਜਾਰੀ ਹੁਕਮਾਂ ਅਨੁਸਾਰ ਉਪ ਪੁਲਿਸ ਕਪਤਾਨ, ਗੜ੍ਹਸ਼ੰਕਰ ਇਹ ਯਕੀਨੀ ਬਣਾਉਣਗੇ ਕਿ ਟ੍ਰੈਫਿਕ ਪੁਲਿਸ ਵਲੋਂ ਟਿੱਪਰ/ਟਰੱਕਾਂ ਦੀ ਓਵਰਸਪੀਡ ਚੈਕ ਕੀਤੀ ਗਈ ਹੈ। ਰੀਜਨਲ ਟਰਾਂਸਪੋਰਟ ਅਥਾਰਟੀ, ਹੁਸ਼ਿਆਰਪੁਰ ਇਨ੍ਹਾਂ ਹੁਕਮਾਂ ਸਨਮੁੱਖ ਓਵਰਲੋਡਿੰਗ ਅਤੇ ਹੋਰ ਨਿਯਮਾਂ ਦੀ ਉਲੰਘਣਾ ਸਬੰਧੀ ਚੈਕਿੰਗ ਅਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਉਣਗੇ। ਕਾਰਜਕਾਰੀ ਇੰਜੀਨੀਅਰ, ਡਰੇਨੇਜ-ਕਮ- ਜ਼ਿਲ੍ਹਾ ਮਾਈਨਿੰਗ ਅ਼ਫ਼ਸਰ, ਹੁਸ਼ਿਆਰਪੁਰ ਅੰਤਰ-ਰਾਜੀ ਚੈਕ ਪੋਸਟਾਂ 'ਤਚ 24/7 ਨਿਗਰਾਨੀ ਯਕੀਨੀ ਬਣਾਉਣਗੇ ਅਤੇ ਇਸ ਦੇ ਨਾਲ ਹੀ ਚੈਕ ਪੋਸਟ 'ਤੇ ਭਾਰ ਤੋਲਣ ਵਾਲੇ ਕੰਡੇ ਦੀ ਵਰਤੋਂ ਕਰਕੇ ਓਵਰਲੋਡਿੰਡ ਟਿੱਪਰਾਂ ਦੀ ਚੈਕਿੰਗ ਅਤੇ ਇਨ੍ਹਾਂ 'ਤੇ ਬਣਦੀ ਕਾਰਵਾਈ ਅਮਲ ਵਿਚ ਲਿਆਉਣਗੇ। ਇਹ ਹੁਕਮ 20 ਜੁਲਾਈ 2026 ਤੱਕ ਲਾਗੂ ਰਹਿਣਗੇ।

# ਵੋਟਰ ਆਪਣੀ ਪਛਾਣ ਲਈ ਈਪਿਕ ਕਾਰਡ ਤੋਂ ਇਲਾਵਾ ਹੋਰ 15 ਦਸਤਾਵੇਜ਼ ਕਰ ਸਕਣਗੇ ਵਰਤੋ



ਅਮ੍ਰਿਤਸਰ, 25 ਮਈ (ਰਾਜੇਸ਼ ਡੈਨੀ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣਕਾਰ ਅ਼ਫ਼ਸਰ ਸ਼੍ਰੀ ਦਲਵਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2026 ਲਈ ਵੋਟਰਾਂ ਦੀ ਪਛਾਣ ਸਬੰਧੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਚੋਣਾਂ ਦੌਰਾਨ ਵੋਟਰ ਆਪਣੀ ਪਛਾਣ ਲਈ ਇਲੈਕਟੋਰਲ ਫੋਟੋ ਆਈਡੈਂਟੀਟੀ ਕਾਰਡ ਤੋਂ ਇਲਾਵਾ ਹੋਰ ਵਿਕਲਪਿਕ ਦਸਤਾਵੇਜ਼ ਵੀ ਵਰਤ ਸਕਣਗੇ। ਜਿਨ੍ਹਾਂ ਵੋਟਰਾਂ ਕੋਲ ਈਪਿਕ ਕਾਰਡ ਉਪਲਬਧ ਹੈ, ਉਹ ਆਪਣੇ ਕਾਰਡ ਰਾਹੀਂ ਵੋਟ ਪਾ ਸਕਣਗੇ। ਇਸ ਤੋਂ ਇਲਾਵਾ ਜਿਨ੍ਹਾਂ ਵੋਟਰਾਂ ਕੋਲ ਈਪਿਕ ਕਾਰਡ ਨਹੀਂ ਹੈ, ਉਹ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਗਨਰੇਗਾ ਜਾਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਸਮੇਤ ਆਰਮਜ਼ ਲਾਇਸੈਂਸ, ਪੈਨਸ਼ਨ ਦਸਤਾਵੇਜ਼, ਆਜ਼ਾਦੀ ਘੁਲਾਟੀਏ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਦੀ ਫੋਟੋ ਵਾਲੀ ਪਾਸਬੁੱਕ, ਮਜ਼ਦੂਰੀ ਮੰਤਰਾਲੇ ਵੱਲੋਂ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਸਰਕਾਰੀ ਪਛਾਣ ਪੱਤਰ, ਯੂਨੀਕ ਡਿਸੇਬਿਲਟੀ ਆਈਡੀ ਕਾਰਡ ਕੇਂਦਰ/ਰਾਜ ਸਰਕਾਰ, ਪੀਐੱਸਯੂ ਜਾਂ ਪਬਲਿਕ ਲਿਮਟਿਡ ਕੰਪਨੀਆਂ ਵੱਲੋਂ ਜਾਰੀ ਸਰਵਿਸ ਆਈਡੀ ਕਾਰਡ ਅਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵੱਲੋਂ ਜਾਰੀ ਵਿਦਿਆਰਥੀ ਪਛਾਣ ਪੱਤਰ ਦੀ ਵਰਤੋਂ ਕਰ ਸਕਦੇ ਹਨ। ਜੇਕਰ ਕੋਈ ਦਸਤਾਵੇਜ਼ ਪਰਿਵਾਰ ਦੇ ਮੁਖੀ ਦੇ ਨਾਮ 'ਤੇ ਹੈ ਤਾਂ ਉਸ ਦੇ ਆਧਾਰ 'ਤੇ ਪਰਿਵਾਰ ਦੇ ਹੋਰ ਮੈਂਬਰਾਂ ਦੀ ਵੀ ਪਛਾਣ ਕੀਤੀ ਜਾ ਸਕਦੀ ਹੈ, ਬਸ਼ਰਤੇ ਉਨ੍ਹਾਂ ਦੀ ਪਛਾਣ ਸਪੱਸ਼ਟ ਹੋਵੇ।ਉਨ੍ਹਾਂ ਕਿਹਾ ਕਿ ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਿੰਗ ਵਾਲੇ ਦਿਨ ਆਪਣੇ ਨਾਲ ਲਾਜ਼ਮੀ ਪਛਾਣ ਦਸਤਾਵੇਜ਼ ਜ਼ਰੂਰ ਲੈ ਕੇ ਆਉਣ ਤਾਂ ਜੋ ਕਿਸੇ ਕਿਸਮ ਦੀ ਅਸੁਵਿਧਾ ਤੋਂ ਬਚਿਆ ਜਾ ਸਕੇ।

# ਵੋਟਰ ਸੂਚੀ ਦੀ ਸਪੈਸ਼ਲ ਇੰਟੈਸ਼ਿਵ ਰਿਵੀਜ਼ਨ ਨੂੰ ਮੁੱਖ ਰੱਖਦੇ ਜ਼ਿਲ੍ਹਾ ਪੱਧਰ ਤੇ ਕਮਰਾ ਨੰ 427 ਬਲਾਕ-ਬੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੈਲਪਡੈਸਕ ਸਥਾਪਿਤ

ਗੁਰਦਾਸਪੁਰ, 25 ਮਈ (ਸੰਜੀਵ ਨਈਅਰ) ਸ੍ਰੀ ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ -ਕਮ- ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਵਲੋਂ ਜਾਰੀ ਹੁਕਮ ਵਿੱਚ ਦੱਸਿਆ ਗਿਆ ਹੈ ਕਿ ਮਾਣਯੋਗ ਮੁੱਖ ਚੋਣ ਅਫਸਰ, ਪੰਜਾਬ ਦੇ ਦਫਤਰ ਦੇ ਪੱਤਰ ਰਾਹੀਂ ਪ੍ਰਾਪਤ ਹੋਈਆਂ ਹਦਾਇਤਾਂ ਅਨੁਸਾਰ ਵੋਟਰ ਸੂਚੀ ਦੀ ਸਪੈਸ਼ਲ ਇੰਟੈਸ਼ਿਵ ਰਿਵੀਜ਼ਨ ਨੂੰ ਮੁੱਖ ਰੱਖਦੇ ਹੋਏ ਸਪੈਸ਼ਲ ਇੰਟੈਸ਼ਿਵ ਰਿਵੀਜ਼ਨ ਦੌਰਾਨ ਚੋਣ ਸੇਵਾਵਾਂ ਤੱਕ ਆਸਾਨ ਪਹੁੰਚ ਦੀ ਸਹੂਲਤ ਦੇਣ ਅਤੇ ਸਾਰੇ ਯੋਗ ਨਾਗਰਿਕਾਂ, ਖਾਸ ਕਰਕੇ ਦਿਵਿਆਂਗ, ਪ੍ਰਵਾਸੀ ਅਤੇ ਬਜ਼ੁਰਗ ਵੋਟਰਾਂ ਦੀ ਸ਼ਮੂਲੀਅਤ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰ ਤੇ ਕਮਰਾ ਨੰਬਰ 427 ਬਲਾਕ-ਬੀ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਵਿਖੇ ਹੈਲਪਡੈਸਕ ਸਥਾਪਤ ਕੀਤਾ ਗਿਆ ਹੈ । ਉਹਨਾਂ ਦੱਸਿਆ ਕਿ ਹੈਲਪਡੈਸਕ ਵਿਚ ਮੁੱਖ ਤੌਰ ਤੇ ਵੱਖ-ਵੱਖ ਸੇਵਾਵਾਂ ਪ੍ਰਧਾਨ ਕਰਵਾਇਆ ਜਾਣਗੀਆਂ। ਜਿਵੇ ਕਿ SIR ਸਮਾਂ-ਸੀਮਾਂ, ਵੋਟ ਬਣਾਉਣ, ਸੋਧ ਕਰਨ ਜਾਂ ਵੋਟ ਕਟਾਉਣ ਲਈ ਲੋੜੀਂਦੇ ਦਸਤਾਵੇਜ਼ਾਂ ਬਾਰੇ ਜਾਣਕਾਰੀ ਪ੍ਰਦਾਨ ਕਰਵਾਉਣਾ। ਵੋਟਰਾਂ ਨੂੰ ਪਿਛਲੀ ਆਖਰੀ SIR ਸਾਲ-2003 ਦੀ ਵੋਟਰ ਸੂਚੀ ਦੇ ਰਿਕਾਰਡ ਨਾਲ ਖੋਜ/ਲਿੰਕ ਕਰਨ ਵਿੱਚ ਸਹੂਲਤ ਦੇਣਾ , ਵੋਟਰਾਂ ਨੂੰ ਫਾਰਮ (ਗਣਨਾ ਫਾਰਮ) ਭਰਨ ਅਤੇ ਜਮ੍ਹਾਂ ਕਰਨ ਵਿੱਚ ਸਹਾਇਤਾ ਕਰਨਾ (ਆਨਲਾਈਨ/ਆਫਲਾਈਨ), ਪ੍ਰਵਾਸੀ ਵੋਟਰਾਂ ਨੂੰ ਉਨ੍ਹਾਂ ਦੇ ਮੌਜੂਦਾ ਅਤੇ ਪਿਛਲੇ ਵਿਧਾਨ ਸਭਾ ਚੋਣ ਹਲਕਿਆਂ ਦੀ ਪਛਾਣ ਕਰਨ ਵਿੱਚ ਸਹਾਇਤਾ ਕਰਨਾ ਅਤੇ ਉਨ੍ਹਾਂ ਰਜਿਸਟ੍ਰੇਸ਼ਨ ਸਹੀ ਜਗ੍ਹਾ ਤੇ ਯਕੀਨੀ ਬਣਾਉਣਾ , ਨਾਗਰਿਕਾਂ/ਵੋਟਰਾਂ ਨੂੰ ਵੋਟਰ ਹੈਲਪਲਾਈਨ ਨੰਬਰ-1950 ਅਤੇ ਸਭ-ਸੰਮਲਿਤ ਮੋਬਾਈਲ ਐਪ (ECINet) ਅਤੇ ਇਸ ਦੀਆਂ ਵਿਸ਼ੇਸ਼ਤਾਵਾਂ ਬਾਰੇ ਸੂਚਿਤ ਕਰਨਾ , ਖਾਸ ਤੌਰ ਤੇ 'BLO ਨਾਲ ਕਾਲ ਬੁੱਕ ਕਰੋ ਸੰਬੰਧੀ ਵੋਟਰਾਂ/ਨਾਗਰਿਕਾਂ ਨੂੰ ਜਾਗਰੂਕ ਕਰਵਾਉਣਾ। ਉਨ੍ਹਾਂ ਸਟਾਫ ਨੂੰ ਹਦਾਇਤ ਕੀਤੀ ਕਿ ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। SIR ਦੇ ਕੰਮ ਵਿਚ ਕਿਸੇ ਕਿਸਮ ਦੀ ਕੁਤਾਹੀ ਜਾਂ ਅਣਗਹਿਲੀ ਦੀ ਸੂਰਤ ਵਿਚ ਚੋਣ ਨਿਯਮਾਂ ਤਹਿਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

# ਤੇਲ ਦੀਆਂ ਕੀਮਤਾਂ ਚ ਵਾਧਾ ਕੇਂਦਰ ਦੀਆਂ ਗਲਤ ਨੀਤੀਆਂ ਦਾ ਸਿੱਟਾ, ਖੇਤੀ ਸੈਕਟਰ ਬਰਬਾਦੀ ਵੱਲ: ਕਰਨ ਸਿੰਘ ਰਾਣਾ



ਕਾਠਗੜ੍ਹ, 25 ਮਈ (ਤਜਿੰਦਰ ਜੋਤ) ਡੀਜ਼ਲ ਅਤੇ ਪੈਟਰੋਲ ਦੇ ਰੇਟਾਂ ਵਿੱਚ ਲਗਾਤਾਰ ਹੋ ਰਹੇ ਵਾਧੇ ਨੂੰ ਕੇਂਦਰ ਸਰਕਾਰ ਦੀਆਂ ਗਲਤ ਨੀਤੀਆਂ ਦਾ ਸਿੱਟਾ ਦੱਸਦਿਆਂ, ਸਾਂਝਾ ਕਿਸਾਨ ਮਜ਼ਦੂਰ ਮੋਰਚਾ (ਸਬੰਧਤ ਭਾਈ ਲਾਲੋ ਲੋਕ ਮੰਚ) ਦੇ ਸੂਬਾਈ ਆਗੂ ਸਾਥੀ ਕਰਨ ਸਿੰਘ ਰਾਣਾ ਨੇ ਗੰਭੀਰ ਚਿੰਤਾ ਪ੍ਰਗਟ ਕੀਤੀ ਹੈ। ਇਨ੍ਹਾਂ ਨੀਤੀਆਂ ਕਾਰਨ ਦੇਸ਼ ਦਾ ਖੇਤੀ ਸੈਕਟਰ ਲਗਾਤਾਰ ਬਰਬਾਦੀ ਵੱਲ ਵਧ ਰਿਹਾ ਹੈ।ਪਿੰਡ ਰੱਤੇਵਾਲ ਵਿਖੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਰਨ ਸਿੰਘ ਰਾਣਾ ਨੇ ਕਿਹਾ ਕਿ ਪਿਛਲੇ ਦਸ ਦਿਨਾਂ ਤੋਂ ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਕਰਕੇ ਦੇਸ਼ ਦੇ ਆਮ ਲੋਕਾਂ ਤੇ ਭਾਰੀ ਆਰਥਿਕ ਬੋਝ ਪਾਇਆ ਜਾ ਰਿਹਾ ਹੈ। ਤੇਲ ਦੀਆਂ ਵਧੀਆਂ ਕੀਮਤਾਂ ਕਾਰਨ ਹਰ ਚੀਜ਼ ਮਹਿੰਗੀ ਹੋਣੀ ਸ਼ੁਰੂ ਹੋ ਗਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਕੇਂਦਰੀ ਹਕੂਮਤ ਇਸ ਵਾਧੇ ਨੂੰ ਜਾਇਜ਼ ਠਹਿਰਾਉਣ ਲਈ ਝੂਠੇ ਅਤੇ ਬੇਬੁਨਿਆਦ ਕਾਰਨ ਦੱਸ ਕੇ ਲੋਕਾਂ ਨੂੰ ਗੁਮਰਾਹ ਕਰ ਰਹੀ ਹੈ, ਜਦਕਿ ਅਸਲ ਕਾਰਨ ਕੇਂਦਰ ਸਰਕਾਰ ਦੀ ਫੇਲ੍ਹ ਹੋ ਚੁੱਕੀ ਵਿਦੇਸ਼ ਅਤੇ ਵਪਾਰ ਨੀਤੀ ਹੈ। ਅਮਰੀਕਨ ਸਾਮਰਾਜ ਨਾਲ ਬੇਲੋੜੀ ਨੇੜਤਾ ਅਤੇ ਨਿਰਭਰਤਾ। ਦੇਸ਼ ਦੀ ਰਵਾਇਤੀ ਗੁੱਟ ਨਿਰਲੇਪਤਾ ਦੀ ਨੀਤੀ ਨੂੰ ਛੱਡਣਾ। ਪਿਛਲੇ ਚਾਰ ਸਾਲਾਂ ਤੋਂ ਦੇਸੀ-ਵਿਦੇਸ਼ੀ ਪੂੰਜੀ ਦਾ ਲਗਾਤਾਰ ਦੇਸ਼ ਤੋਂ ਬਾਹਰ ਜਾਣਾ।ਪਿਛਲੇ ਦਸ ਸਾਲਾਂ ਤੋਂ ਡਾਲਰ ਦੇ ਮੁਕਾਬਲੇ ਰੁਪਏ ਦਾ ਕਮਜ਼ੋਰ ਹੋਣਾ।ਸਰਕਾਰ ਵੱਲੋਂ ਸਿਰਫ਼ ਕਾਰਪੋਰੇਟਾਂ ਅਤੇ ਸਾਮਰਾਜੀ ਪੂੰਜੀਪਤੀਆਂ ਲਈ ਕੰਮ ਕਰਨਾ।ਦੇਸ਼ ਵਿੱਚ ਡੀਜ਼ਲ-ਪੈਟਰੋਲ ਲਈ ਲੰਬੇ ਸਮੇਂ ਦੇ ਰਿਜ਼ਰਵ (ਭੰਡਾਰ) ਨਾ ਬਣਾਉਣਾ। ਕਿਸਾਨ ਆਗੂ ਨੇ ਚੇਤਾਵਨੀ ਦਿੱਤੀ ਕਿ ਜੇਕਰ ਅਜਿਹੇ ਹਾਲਾਤ ਬਣੇ ਰਹੇ ਤਾਂ ਦੇਸ਼ ਵਿੱਚ ਖੇਤੀ ਦੀ ਪੈਦਾਵਾਰ ਵਿੱਚ ਬੇਹਿਸਾਬ ਕਮੀ ਆਵੇਗੀ ਅਤੇ ਦੇਸ਼ ਨੂੰ ਵੱਡੇ ਅੰਨ ਸੰਕਟ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਉਨ੍ਹਾਂ ਮੰਗ ਕੀਤੀ ਕਿ ਤੇਜ਼ੀ ਨਾਲ ਵਧ ਰਹੀ ਮਹਿੰਗਾਈ ਤੇ ਕਾਬੂ ਪਾਉਣ ਲਈ ਤੁਰੰਤ ਠੋਸ ਬੰਦੋਬਸਤ ਕੀਤੇ ਜਾਣ। ਡੀਜ਼ਲ, ਪੈਟਰੋਲ, ਰਸੋਈ ਗੈਸ ਅਤੇ ਖੇਤੀ ਖਾਦਾਂ ਆਮ ਲੋਕਾਂ ਨੂੰ ਸਸਤੇ ਭਾਅ ਤੇ ਮਿਲਣੀਆਂ ਯਕੀਨੀ ਬਣਾਈਆਂ ਜਾਣ ਅਤੇ ਇਨ੍ਹਾਂ ਵਸਤੂਆਂ ਦੀ ਹੋ ਰਹੀ ਕਾਲਾ ਬਜ਼ਾਰੀ ਨੂੰ ਸਖ਼ਤੀ ਨਾਲ ਰੋਕਿਆ ਜਾਵੇ। ਇਸ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਨਾਲ ਕਰਨੈਲ ਸਿੰਘ ਭੱਲਾ, ਮਨੋਹਰ ਲਾਲ ਰਤਿਆ ਅਤੇ ਅਜੇ ਕੁਮਾਰ ਰਤਿਆ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਕ੍ਰਿਸ਼ ਭਗਤ ਨੇ ਆਪਣੀ ਮਿਹਨਤ, ਲਗਨ ਤੇ ਪ੍ਰਤਿਭਾ ਨਾਲ ਸੂਬੇ ਤੇ ਦੇਸ਼ ਦਾ ਨਾਮ ਕੀਤਾ ਰੌਸ਼ਨ : ਕੈਬਨਿਟ ਮੰਤਰੀ ਮੋਹਿੰਦਰ ਭਗਤ



ਜਲੰਧਰ, 25 ਮਈ (ਪਰਮਜੀਤ ਸਿੰਘ) ਹੋਣਹਾਰ ਕ੍ਰਿਕਟ ਖਿਡਾਰੀ ਕ੍ਰਿਸ਼ ਭਗਤ ਦਾ ਅੱਜ ਜਲੰਧਰ ਸਥਿਤ ਆਪਣੇ ਨਿਵਾਸ 'ਤੇ ਪਹੁੰਚਣ 'ਤੇ ਪਰਿਵਾਰਕ ਮੈਂਬਰਾਂ, ਇਲਾਕਾ ਵਾਸੀਆਂ ਅਤੇ ਕ੍ਰਿਕਟ ਪ੍ਰੇਮੀਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ, ਜੋ ਕਿ ਰਿਸ਼ਤੇ ਵਿੱਚ ਕ੍ਰਿਸ਼ ਭਗਤ ਦੇ ਤਾਇਆ ਜੀ ਹਨ, ਨੇ ਕਿਹਾ ਕਿ ਕ੍ਰਿਸ਼ ਭਗਤ ਨੇ ਆਪਣੀ ਮਿਹਨਤ, ਲਗਨ ਅਤੇ ਪ੍ਰਤਿਭਾ ਨਾਲ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਹੈ। ਕ੍ਰਿਸ਼ ਨੇ ਨਾ ਸਿਰਫ਼ ਜਲੰਧਰ ਦਾ ਮਾਣ ਵਧਾਇਆ ਹੈ, ਸਗੋਂ ਸੂਬੇ ਦੇ ਨੌਜਵਾਨਾਂ ਲਈ ਵੀ ਪ੍ਰੇਰਨਾ ਸਰੋਤ ਬਣੇ ਹਨ ਕਿ ਸਖ਼ਤ ਮਿਹਨਤ ਨਾਲ ਕੋਈ ਵੀ ਮੰਜ਼ਿਲ ਸਰ ਕੀਤੀ ਜਾ ਸਕਦੀ ਹੈ। ਕੈਬਨਿਟ ਮੰਤਰੀ ਨੇ ਕ੍ਰਿਸ਼ ਨੂੰ ਆਸ਼ੀਰਵਾਦ ਦਿੰਦਿਆਂ ਵਧਾਈ ਦਿੱਤੀ ਕਿ ਉਨ੍ਹਾਂ ਨੂੰ ਆਈ.ਪੀ.ਐਲ. ਵਿੱਚ ਮੁੰਬਈ ਇੰਡੀਅਨਜ਼ ਅਤੇ ਵਿਸ਼ਵ ਪੱਧਰੀ ਖਿਡਾਰੀਆਂ ਨਾਲ ਖੇਡਣ ਦਾ ਮੌਕਾ ਮਿਲਿਆ। ਉਨ੍ਹਾਂ ਕ੍ਰਿਸ਼ ਭਗਤ ਦੀ ਹੌਸਲਾ ਅਫਜ਼ਾਈ ਕਰਦਿਆਂ ਆਸ ਪ੍ਰਗਟਾਈ ਕਿ ਉਹ ਦਿਨ ਦੂਰ ਨਹੀਂ, ਜਦੋਂ ਉਹ ਭਾਰਤੀ ਟੀਮ ਵਿੱਚ ਖੇਡਦੇ ਨਜ਼ਰ ਆਉਣਗੇ। ਉਨ੍ਹਾਂ ਇਸ ਮੌਕੇ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ, ਪੰਜਾਬ ਕ੍ਰਿਕਟ ਐਸੋਸੀਏਸ਼ਨ ਤੋਂ ਇਲਾਵਾ ਉਨ੍ਹਾਂ ਅਕੈਡਮੀਆਂ ਅਤੇ ਕੋਚਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ, ਜਿਨ੍ਹਾਂ ਖਿਡਾਰੀ ਨੂੰ ਇਸ ਮੁਕਾਮ 'ਤੇ ਲਿਜਾਣ ਵਿੱਚ ਵਿਸ਼ੇਸ਼ ਯੋਗਦਾਨ ਪਾਇਆ। ਕ੍ਰਿਸ਼ ਭਗਤ ਦੇ ਦਾਦਾ ਅਤੇ ਸਾਬਕਾ ਮੰਤਰੀ ਚੁੰਨੀ ਲਾਲ ਭਗਤ, ਪਿਤਾ ਅਸ਼ਵਨੀ ਭਗਤ, ਮਾਤਾ ਮਨੂੰ ਭਗਤ ਤੋਂ ਇਲਾਵਾ ਅਤੁਲ ਭਗਤ, ਚੰਦਨ ਭਗਤ, ਵਰੁਣ ਭਗਤ, ਸੁਮੇਸ਼, ਈਸ਼ਾ ਭਗਤ, ਪ੍ਰਗਤੀ ਭਗਤ, ਜਾਗ੍ਰਿਤੀ ਭਗਤ, ਲਕਸ਼ ਭਗਤ ਤੇ ਹੋਰ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਵਲੋਂ ਸੂਬੇ ਵਿਚ ਖੇਡ ਸਭਿਆਚਾਰ ਪੈਦਾ ਕੀਤਾ ਗਿਆ ਹੈ। ਮਾਨ ਸਰਕਾਰ ਸਦਕਾ ਪੰਜਾਬ ਵਿੱਚ ਚੋਟੀ ਦੇ ਖਿਡਾਰੀਆਂ ਨੂੰ ਬਣਦਾ ਮਾਣ ਸਤਿਕਾਰ ਕੀਤਾ ਜਾ ਰਿਹਾ ਹੈ।

# ਸੀਤਲਾ ਮੰਦਰ ਵਿਖੇ ਦੂਸਰੀ ਵਿਸ਼ਾਲ ਬਾਬਾ ਬਾਲਕ ਨਾਥ ਜੀ ਦੀ ਚੌਂਕੀ ਕਰਵਾਈ



ਬੰਗਾ 25 ਮਈ (ਮਨਜਿੰਦਰ ਸਿੰਘ) ਸ਼੍ਰੀ ਸਨਾਤਨ ਧਰਮ ਮਾਤਾ ਸੀਤਲਾ ਦੇਵੀ ਮੰਦਰ ਪ੍ਰਬੰਧਕ ਕਮੇਟੀ, ਸਰਬ ਹਿਤਕਾਰੀ ਲੋਕ ਭਲਾਈ ਸੇਵਾ ਸੰਮਤੀ ਵੈਲਫੇਅਰ ਸੋਸਾਇਟੀ, ਸਮੂਹ ਇਲਾਕਾ ਨਿਵਾਸੀ ਸੰਗਤਾਂ ਅਤੇ ਸ਼ਾਰਦਾ ਪਰਿਵਾਰ ਬੰਗਾ ਦੇ ਸਹਿਯੋਗ ਨਾਲ ਮੰਦਰ ਕਮੇਟੀ ਪ੍ਰਧਾਨ ਬਾਬਾ ਦਵਿੰਦਰ ਕੋੜਾ ਦੀ ਰਹਿਨੁਮਾਈ ਹੇਠ ਬਾਬਾ ਬਾਲਕ ਨਾਥ ਜੀ ਦੀ ਦੂਸਰੀ ਵਿਸ਼ਾਲ ਚੌਂਕੀ ਬੀਤੀ ਦੇਰ ਰਾਤ ਕਰਵਾਈ ਗਈ। ਚੌਂਕੀ ਦੀ ਸ਼ੁਰੂਆਤ ਸ਼੍ਰੀ ਸਿੱਧ ਬਾਬਾ ਬਾਲਕ ਨਾਥ ਜੀ ਦੀ ਪਾਵਨ ਜੋਤ ਦਿਉਟ ਸਿੱਧ ਹਿਮਾਚਲ ਪ੍ਰਦੇਸ਼ ਤੋਂ ਲਿਆ ਕੇ ਸੰਗਤਾਂ ਦੇ ਦਰਸ਼ਨਾਂ ਲਈ ਉਚਿਤ ਥਾਂ ਤੇ ਬਿਰਾਜਮਾਨ ਕਰ ਕੀਤੀ ਗਈ। ਸੰਗਤਾਂ ਵਿੱਚ ਵਿਸ਼ੇਸ਼ ਤੌਰ ਤੇ ਦਿਉਟ ਸਿੱਧ ਬਾਬਾ ਬਾਲਕ ਨਾਥ ਗੁਫਾ ਹਿਮਾਚਲ ਪ੍ਰਦੇਸ਼ ਦੇ ਮੁੱਖ ਗੱਦੀ ਨਸ਼ੀਨ ਸ਼੍ਰੀ ਸ਼੍ਰੀ 1008 ਮਹੰਤ ਰਜਿੰਦਰ ਗਿਰੀ ਜੀ ਵਿਸ਼ੇਸ਼ ਤੌਰ ਤੇ ਉਪਸਥਿਤ ਹੋਏ ਜਿਨਾਂ ਨੇ ਚੌਂਕੀ ਦੌਰਾਨ ਆਈਆਂ ਸੰਗਤਾਂ ਨੂੰ ਆਪਣਾ ਅਸ਼ੀਰਵਾਦ ਦੇ ਕੇ ਨਿਹਾਲ ਕੀਤਾ। ਪੰਜਾਬ ਦੀ ਮਸ਼ਹੂਰ ਗਾਇਕ ਮੰਡਲੀ ਮੁਕੇਸ਼ ਅਨਾਇਕ ਵੱਲੋਂ ਬਾਬਾ ਬਾਲਕ ਨਾਥ ਜੀ ਦੀਆਂ ਸੁੰਦਰ ਭੇਟਾਂ,ਇਕ ਰਸਤਾ ਹੋਵੇ ਬੰਦ ਤਾਂ ਰੱਬ ਚਾਰ ਖੋਲਦਾ ਏ ', ਮੋਰਾ ਵੇ ਮੋਰਾ, ਬਾਬਾ ਸ਼ਾਹ ਤਲਾਈਆਂ ਵਾਲਿਆ, ਸਾਨੂੰ ਤੇਰੀ ਬੜੀ ਲੋੜ ਹੈ,ਅਤੇ ਹੋਰ ਮਨਮੋਹਕ ਭੇਟਾਂ ਗਾ ਕੇ ਬੈਠੀ ਸੰਗਤ ਨੂੰ ਝੂੰਮਣ ਲਈ ਮਜਬੂਰ ਕਰ ਦਿੱਤਾ। ਬਾਬਾ ਜੀ ਦਾ ਪਾਵਨ ਭੰਡਾਰਾ ਆਈਆਂ ਸੰਗਤਾਂ ਲਈ ਸਾਰੀ ਰਾਤ ਅਟੁੱਟ ਚੱਲਦਾ ਰਿਹਾ। ਹਾਜ਼ਰ ਸੰਗਤਾਂ ਵਿੱਚ ਵਿਸ਼ੇਸ਼ ਤੌਰ ਤੇ ਪੰਡਿਤ ਮਨੀਸ਼ ਭਾਰਦਵਾਜ,ਸ਼ਾਮ ਸੁੰਦਰ ਸ਼ਾਰਦਾ, ਚੰਦਰ ਮੋਹਨ ਸ਼ਾਰਦਾ ,ਬਾਬਾ ਦਵਿੰਦਰ ਕੋੜਾ ਪ੍ਰਧਾਨ ਸ਼ੀਤਲਾ ਮੰਦਰ ਪ੍ਰਬੰਧਕ ਕਮੇਟੀ, ਬਲਰਾਮ ਭਾਰਦਵਾਜ, ਡਾ ਹਰੀ ਕ੍ਰਿਸ਼ਨ, ਵਿਨੋਦ ਆਨੰਦ, ਹਿੰਮਤ ਤੇਜਪਾਲ ਮਿਉਂਸੀਪਲ ਕੌਂਸਲਰ, ਸ਼ਿਵ ਕੋੜਾ ,ਸ਼ਿਵ ਕੁਮਾਰ ਆਨੰਦ, ਪੰਡਿਤ ਕੁਸ਼ਮਾਰਕਰ ਸ਼ਰਮਾ, ਸੁਦੇਸ਼ ਆਨੰਦ, ਜਸਕਰਨ, ਦਿਨੇਸ਼ ਭਾਰਦਵਾਜ, ਪੁਲਕਿਤ, ਸੁਨੀਤਾ ਸ਼ਾਰਦਾ, ਰੋਹਿਤ ਸ਼ਾਰਦਾ, ਨੇਹਾ ਸ਼ਾਰਦਾ, ਮੋਹਿਤ ਸ਼ਾਰਦਾ, ਸਾਰਥਿਕ ਸ਼ਾਰਦਾ, ਲਕਸ਼ਿਤਾ, ਚਾਹਤ, ਕੇਸ਼ਵ, ਚੇਤਕਿਸ਼, ਹਨੀ ਭਾਰਦਵਾਜ ਬੋਬੀ ਆਨੰਦ, ਰੇਨੂ ਸ਼ਰਮਾ, ਮੈਡਮ ਸੁਦੇਸ਼ ਸ਼ਰਮਾ, ਰਜਿੰਦਰ ਅਗਰਵਾਲ, ਅਤੇ ਵੱਡੀ ਗਿਣਤੀ ਵਿੱਚ ਹੋਰ ਸੰਗਤਾਂ ਹਾਜ਼ਰ ਸਨ।

# ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਕੈਰੀਅਰ ਗਾਈਡੈਂਸ ਸੈਲ ਨੇ ਕੀਤਾ ਕਾਰਜ ਸ਼ੁਰੂ



ਗੁਰਦਾਸਪੁਰ, 26 ਮਈ (ਗੁਲਸ਼ਨ ਰਣੀਆ) ਗੁਰਦਾਸਪੁਰ ਦੇ ਡਿਪਟੀ ਕਮਿਸ਼ਨਰ ਸ੍ਰੀ ਅਦਿਤਿਆ ਉੱਪਲ ਦੀ ਰਹਿਨੁਮਾਈ ਹੇਠ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸਥਾਪਿਤ ਸਮਰਪਣ ਸੋਸਾਇਟੀ ਦੇ ਸਹਿਯੋਗ ਨਾਲ ਕਾਲਜ ਦੇ ਕੈਰੀਅਰ ਗਾਈਡੈਂਸ ਸੈਲ ਨੇ ਵਿਦਿਆਰਥੀਆਂ ਦੀ ਭਲਾਈ ਲਈ ਆਪਣਾ ਕਾਰਜ ਪੂਰੇ ਉਤਸ਼ਾਹ ਨਾਲ ਸ਼ੁਰੂ ਕਰ ਦਿੱਤਾ ਹੈ।ਇਸ ਸੈਲ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਚ ਸਿੱਖਿਆ, ਰੁਜ਼ਗਾਰਮੁਖੀ ਕੋਰਸਾਂ, ਦਾਖਲਾ ਪ੍ਰਕਿਰਿਆ ਅਤੇ ਭਵਿੱਖੀ ਕੈਰੀਅਰ ਸਬੰਧੀ ਸਹੀ ਦਿਸ਼ਾ-ਨਿਰਦੇਸ਼ ਪ੍ਰਦਾਨ ਕਰਨਾ ਹੈ।ਕਾਲਜ ਦੇ ਪ੍ਰਿੰਸੀਪਲ ਪ੍ਰੋ. ਅਸ਼ਵਨੀ ਭੱਲਾ ਨੇ ਦੱਸਿਆ ਕਿ ਕੈਰੀਅਰ ਗਾਈਡੈਂਸ ਸੈਲ ਵੱਲੋਂ ਵਿਦਿਆਰਥੀਆਂ ਦੀ ਸਹਾਇਤਾ ਲਈ ਵਿਸ਼ੇਸ਼ ਹੈਲਪਡੈਸਕ ਸਥਾਪਿਤ ਕੀਤੇ ਗਏ ਹਨ, ਜਿਨ੍ਹਾਂ ਰਾਹੀਂ ਵਿਦਿਆਰਥੀ ਕਿਸੇ ਵੀ ਸਮੇਂ ਆਪਣੇ ਕੋਰਸਾਂ, ਦਾਖਲਿਆਂ, ਕੈਰੀਅਰ ਚੋਣ ਅਤੇ ਸਰਕਾਰੀ ਯੋਜਨਾਵਾਂ ਸਬੰਧੀ ਜਾਣਕਾਰੀ ਅਤੇ ਸਲਾਹ ਪ੍ਰਾਪਤ ਕਰ ਸਕਦੇ ਹਨ। ਕਾਲਜ ਦੇ [illegible] ਸਮਰਪਣ ਸੋਸਾਇਟੀ [illegible] ਵਿਦਿਆਰਥੀਆਂ ਦੀ ਕੌਂਸਲਿੰਗ ਕਰ ਰਹੇ ਹਨ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਇਸ ਸਹੂਲਤ ਦਾ ਲਾਭ ਲੈ ਰਹੇ ਹਨ।ਇਸ ਸਮਰਪਣ ਸੋਸਾਇਟੀ ਦੇ ਸਕੱਤਰ ਸ੍ਰੀ ਪਰਮਿੰਦਰ ਸਿੰਘ ਸੈਣੀ, ਜੋ ਪਹਿਲਾਂ ਜ਼ਿਲ੍ਹਾ ਕੈਰੀਅਰ ਗਾਈਡੈਂਸ ਅਤੇ ਕਾਉਂਸਲਰ ਵਜੋਂ ਵੀ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ, ਨੇ ਵਿਦਿਆਰਥੀਆਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਪ੍ਰੋਫੈਸ਼ਨਲ ਅਤੇ ਰੁਜ਼ਗਾਰਮੁਖੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਅਤੇ ਕੈਰੀਅਰ ਗਾਈਡੈਂਸ ਸੈੱਲ ਦੀ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਕਾਲਜ ਵਿੱਚ ਸਥਾਪਿਤ ਕੈਰੀਅਰ ਗਾਈਡੈਂਸ ਸੈਲ ਅਤੇ ਹੈਲਪ ਡੈਸਕ ਦਾ ਵਿਦਿਆਰਥੀ ਭਰਪੂਰ ਲਾਭ ਲੈ ਰਹੇ ਹਨ। ਕਾਲਜ ਪ੍ਰਸ਼ਾਸਨ ਵੱਲੋਂ ਵਿਦਿਆਰਥੀਆਂ ਦੀ ਸਹੂਲਤ ਲਈ ਕੰਪਿਊਟਰ ਲੈਬ ਵਿੱਚ ਪੰਜਾਬ ਸਰਕਾਰ ਦੇ ਆਨਲਾਈਨ ਪੋਰਟਲ 'ਤੇ ਮੁਫ਼ਤ ਦਾਖਲਾ ਫਾਰਮ ਭਰਨ ਦੀ ਵਿਸ਼ੇਸ਼ ਸਹੂਲਤ ਪ੍ਰਦਾਨ ਕੀਤੀ ਗਈ ਹੈ, ਕਾਲਜ ਦੇ ਅਧਿਆਪਕ ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ [illegible] ਗਰਮੀ ਦੇ ਬਾਵਜੂਦ ਸ਼ਾਮ ਦੇ ਸਮੇਂ ਵੀ [illegible] ਤਿੰਨ-ਤਿੰਨ ਦੀਆਂ ਸ਼ਿਫਟਾਂ ਵਿੱਚ ਕੰਪਿਊਟਰ ਸੈਂਟਰ ਵਿੱਚ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ ਅਤੇ ਵਿਦਿਆਰਥੀਆਂ ਦੇ ਫਾਰਮ ਭਰਵਾਉਣ ਵਿੱਚ ਸਹਾਇਤਾ ਕਰ ਰਹੇ ਹਨ। ਵਿਦਿਆਰਥੀਆਂ ਅਤੇ ਮਾਪਿਆਂ ਵੱਲੋਂ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ ਜਾ ਰਹੀ ਹੈ।ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦਾ ਕਾਲਜ ਵਿੱਚ ਆ ਕੇ ਦਾਖਲਾ ਫਾਰਮ ਭਰਨਾ ਇਸ ਗੱਲ ਦਾ ਪ੍ਰਮਾਣ ਹੈ ਕਿ ਸਮਰਪਣ ਸੋਸਾਇਟੀ ਅਤੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਸਾਂਝੇ ਉਪਰਾਲਿਆਂ ਨਾਲ ਚੱਲ ਰਹੇ ਇਹ ਦਾਖਲਾ ਸਹਾਇਤਾ ਕੇਂਦਰ ਵਿਦਿਆਰਥੀਆਂ ਲਈ ਬਹੁਤ ਹੀ ਲਾਭਕਾਰੀ ਸਾਬਤ ਹੋ ਰਹੇ ਹਨ ਅਤੇ ਲੋਕਾਂ ਦਾ ਸਰਕਾਰੀ ਕਾਲਜਾਂ ਪ੍ਰਤੀ ਵਿਸ਼ਵਾਸ ਹੋਰ ਮਜ਼ਬੂਤ ਹੋ ਰਿਹਾ ਹੈ [illegible] ਪ੍ਰੋਫੈਸ਼ਨਲ ਕੋਰਸਾਂ ਵੱਲ ਵੱਧ ਧਿਆਨ ਦੇ ਰਹੇ ਹਨ। ਖਾਸ ਤੌਰ 'ਤੇ ਬੀ.ਕਾਮ. ਟੈਕਸ ਪਲੈਨਿੰਗ ਐਂਡ ਮੈਨੇਜਮੈਂਟ, ਬੀ.ਬੀ.ਏ. (ਬੈਂਕਿੰਗ, ਫਾਇਨੈਂਸ਼ੀਅਲ ਸਰਵਿਸਿਜ਼ ਐਂਡ ਇੰਸ਼ੋਰੈਂਸ), ਬੀ.ਐੱਸ.ਸੀ., ਬੀ.ਐੱਸ.ਸੀ. ਇਕਨਾਮਿਕਸ, ਬੀ.ਐੱਸ.ਸੀ. ਕੰਪਿਊਟਰ ਸਾਇੰਸ ਅਤੇ ਬੀ.ਏ. ਕੰਪਿਊਟਰ ਸਾਇੰਸ ਵਰਗੇ ਕੋਰਸਾਂ ਵਿੱਚ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਦਿਲਚਸਪੀ ਦਿਖਾਈ ਜਾ ਰਹੀ ਹੈ। ਪ੍ਰਿੰਸੀਪਲ ਪ੍ਰੋ. ਅਸ਼ਵਨੀ ਭੱਲਾ ਨੇ ਇਹ ਵੀ ਦੱਸਿਆ ਕਿ ਦਾਖਲਿਆਂ ਲਈ ਆਨਲਾਈਨ ਅਪਲਾਈ ਕਰਨ ਦੀ ਆਖਰੀ ਮਿਤੀ 31.05.2026 ਹੈ। ਉਨ੍ਹਾਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਮਿਤੀ ਤੋਂ ਪਹਿਲਾਂ ਕਾਲਜ ਵਿਖੇ ਆ ਕੇ ਜਾਂ ਆਨਲਾਈਨ ਅਪਲਾਈ ਕਰਕੇ ਆਪਣਾ ਦਾਖਲਾ ਸੁਨਿਸ਼ਚਿਤ ਕਰਨ ਤਾਂ ਜੋ ਬਾਅਦ ਵਿੱਚ ਕਿਸੇ ਕਿਸਮ ਦੀ ਅਸੁਵਿਧਾ ਦਾ ਸਾਹਮਣਾ ਨਾ ਕਰਨਾ ਪਵੇ।ਕਾਲਜ ਪ੍ਰਸ਼ਾਸਨ ਨੇ ਵਿਦਿਆਰਥੀਆਂ ਅਤੇ ਸਾਥੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਸਥਾਪਿਤ ਕੈਰੀਅਰ ਗਾਈਡੈਂਸ ਸੈਲ ਦੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਭਵਿੱਖ ਨੂੰ ਸਹੀ ਦਿਸ਼ਾ ਦੇਣ ਲਈ ਮਾਹਿਰਾਂ ਦੀ ਸਲਾਹ ਜ਼ਰੂਰ ਪ੍ਰਾਪਤ ਕਰਨ।

# ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨੂੰ ਮਿਲੀ ਮਜ਼ਬੂਤੀ



ਨਵਾਂਸ਼ਹਿਰ/ਕਾਠਗੜ੍ਹ 25 ਮਈ (ਜਤਿੰਦਰ ਪਾਲ ਸਿੰਘ ਕਲੇਰ) ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਕਾਂਗਰਸ ਪਾਰਟੀ ਦੀਆਂ ਜੜ੍ਹਾਂ ਹੋ ਰਹੀਆਂ ਹੋਰ ਵੀ ਮਜ਼ਬੂਤ [illegible] ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦਾ ਬੀਤੇ ਦਿਨੀ ਪਿੰਡ- ਰੱਤੇਵਾਲ ਤੋਂ ਸੀਮਾ ਦੇਵੀ ਆਮ ਆਦਮੀ ਪਾਰਟੀ [illegible] ਅਜੇ ਮੰਗੂਪੁਰ ਦੀ ਅਗਵਾਈ ਹੇਠ ਆਪਣੇ ਸਾਥੀਆਂ ਊਸ਼ਾ ਦੇਵੀ, ਮਨਜੀਤ ਕੌਰ, ਸ਼ੋਭਾ ਰਾਣੀ, ਲੱਛਮੀ ਦੇਵੀ, ਰਿੰਕੂ ਬਾਬਾ, ਰਾਕੇਸ਼ ਕੁਮਾਰ, ਪਰਮਜੀਤ, ਰੇਖਾ ਰਾਣੀ, ਕੁਲਵਿੰਦਰ, ਸੋਨੂੰ, ਬਬਲੀ, ਰੀਨਾ, ਜਸਵਿੰਦਰ ਕੌਰ, ਸੰਤੋਸ਼ ਤੋਸ਼ੀ, ਸੋਨੂੰ, ਰੋਹਿਤ, ਗੋਪੀ, ਨਰਿੰਦਰ ਕੁਮਾਰ ਨਿੰਦੀ, ਰਾਮ ਪਾਲ, ਮੋਹਨ ਲਾਲ, ਜੱਸਾ, ਬੱਲਾ, ਤਰਸੇਮ, ਕਾਲਾ, ਮਾਨਵ, ਮਨਦੀਪ, ਡੋਲ੍ਹਾ, ਰਵੀ, ਮੁੱਗਾ, ਬਖਸ਼ੋ, ਸੀਮਾ, ਸੋਨੂੰ ਅਤੇ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ। ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਨੇ ਲੋਕਾਂ ਨੂੰ ਕਾਂਗਰਸ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਜਾਣੂ ਕਰਵਾਇਆ। ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਕਾਂਗਰਸ ਪਾਰਟੀ ਉਨ੍ਹਾਂ ਲਈ ਹਰ ਸਮੇਂ ਹਾਜ਼ਰ ਰਹੇਗੀ। ਅਜੇ ਮੰਗੂਪੁਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਲੋਕਾਂ ਦਾ ਕਾਂਗਰਸ ਪਾਰਟੀ ਵੱਲ ਵੱਧ ਰਿਹਾ ਵਿਸ਼ਵਾਸ ਕਾਂਗਰਸ ਪਾਰਟੀ ਦੀ ਜਿੱਤ ਤੇ ਪੱਕੀ ਮੋਹਰ ਲਗਾ ਰਿਹੈ। ਇਸ ਮੌਕੇ ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਧਰਮਪਾਲ ਸਾਬਕਾ ਚੇਅਰਮੈਨ, ਨਾਨਕ ਬਾਂਠ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਮੋਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ, ਰਜਿੰਦਰ ਸਿੰਘ ਛਿੰਦੀ ਦਫ਼ਤਰ ਸਕੱਤਰ ਡੀ ਸੀ ਸੀ, ਕੁਲਦੀਪ ਕੁਮਾਰ ਪ੍ਰਧਾਨ ਕਿਸਾਨ ਵਿੰਗ, ਹੇਮੰਤ ਚੌਧਰੀ ਮੰਡਲ ਪ੍ਰਧਾਨ, ਕੇਵਲ ਕ੍ਰਿਸ਼ਨ ਸੀਨੀਅਰ ਮੀਤ ਪ੍ਰਧਾਨ, ਵਿਜੇ ਮੋਹਨ ਜ਼ਿਲ੍ਹਾ ਪ੍ਰਿਸ਼ਦ ਮੈਂਬਰ, ਰਾਜੀਵ ਕੁਮਾਰ ਬਲਾਕ ਸੰਮਤੀ ਮੈਂਬਰ, ਰਾਮ ਨਾਥ ਸਰਪੰਚ ਨਵਾਂ ਪਿੰਡ ਟੱਪਰੀਆਂ, ਵਿਜੇ ਚੌਧਰੀ ਸਾਬਕਾ ਸਰਪੰਚ, ਗੁਲਸ਼ਨ ਕੁਮਾਰ ਇੰਚਾਰਜ ਸੋਸ਼ਲ ਮੀਡੀਆ, ਸੋਮਨਾਥ ਤੱਕਲਾ ਮੀਤ ਪ੍ਰਧਾਨ, ਹਰਪ੍ਰੀਤ ਹੈਰੀ ਪ੍ਰਧਾਨ ਯੂਥ ਸ਼ਹਿਰੀ, ਰਾਕੇਸ਼ ਰਾਣੀ ਜਨਰਲ ਸਕੱਤਰ ਡੀ ਸੀਸੀ, ਰਮੇਸ਼ ਚੌਧਰੀ ਸਰਪੰਚ, ਹਰਮੇਸ਼ ਚੌਧਰੀ ਸਾਬਕਾ ਸਰਪੰਚ, ਧਰਮਪਾਲ ਉਧਨਵਾਲ, ਹਰਮੇਸ਼ ਬਿੱਲਾ, ਹਰਮਨਜੀਤ ਸਿੰਘ ਆਦਿ ਪਾਰਟੀ ਵਰਕਰ ਹਾਜ਼ਰ ਸਨ

# ਕਲੇਰ ਅਤੇ ਗਰੇਵਾਲ ਵੱਲੋਂ ਵਾਰਡ ਨੰਬਰ 19 ਤੋਂ ਬੀਬੀ ਲਲੀਤਾ ਦੇ ਹੱਕ ਵਿੱਚ ਕੀਤਾ ਡੋਰ-ਟੂ-ਡੋਰ ਚੋਣ ਪ੍ਰਚਾਰ



ਜਗਰਾਉਂ 25 ਮਈ (ਜਸਵਿੰਦਰ ਸਿੰਘ ਡਾਂਗੀਆ) ਵਾਰਡ ਨੰਬਰ 19 ਤੋਂ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਬੀਬੀ ਲਲੀਤਾ ਦੇ ਹੱਕ ਵਿੱਚ ਹਲਕਾ ਇੰਚਾਰਜ ਐਸ ਆਰ ਕਲੇਰ ਸਾਬਕਾ ਵਿਧਾਇਕ ਅਤੇ ਐਸਜੀਪੀਸੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਵੱਲੋਂ ਡੋਰ-ਟੂ-ਡੋਰ ਚੋਣ ਪ੍ਰਚਾਰ ਨੂੰ ਤੇਜ਼ ਕਰਦੇ ਹੋਏ ਘਰ-ਘਰ ਪਹੁੰਚ ਕੇ ਲੋਕਾਂ ਨਾਲ ਰਾਬਤਾ ਕਾਇਮ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਉਮੀਦਵਾਰ ਦੇ ਹੱਕ ਵਿੱਚ ਵੱਧ ਤੋਂ ਵੱਧ ਵੋਟਾਂ ਪਾਉਣ ਦੀ ਅਪੀਲ ਕੀਤੀ। ਚੋਣ ਪ੍ਰਚਾਰ ਦੌਰਾਨ ਇਲਾਕਾ ਵਾਸੀਆਂ ਵੱਲੋਂ ਭਰਪੂਰ ਪਿਆਰ, ਸਤਿਕਾਰ ਅਤੇ ਸਹਿਯੋਗ ਮਿਲਿਆ, ਜਿਸ ਨਾਲ ਟੀਮ ਵਿੱਚ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਰੂਬੀ ਠੇਕੇਦਾਰ, ਲੱਖ ਰਾਜ ਅਤੇ ਐਸ.ਸੀ. ਵਿੰਗ ਹਲਕਾ ਪ੍ਰਧਾਨ ਰੇਸ਼ਮ ਸਿੰਘ ਮਾਨੂੰਕੇ ਸਮੇਤ ਟੀਮ ਦੇ ਮੈਂਬਰ ਹਾਜ਼ਰ ਰਹੇ।

# ਧੀਰੋਵਾਲ ਮੰਡ ਵਾਲੀ ਡਰੇਨ ਦੀ ਸਫਾਈ ਨੂੰ ਲੈ ਕੇ ਕਿਸਾਨਾਂ ਦੀ ਏ.ਡੀ.ਸੀ ਨਾਲ ਅਹਿਮ ਮੀਟਿੰਗ



ਹਰਚੋਵਾਲ 25 ਮਈ (ਪ੍ਰਦੀਪ ਸਿੰਘ ਬੇਦੀ) ਭਾਰਤੀ ਕਿਸਾਨ ਯੂਨੀਅਨ ਏਕਤਾ ਸੰਘਰਸ਼ ਵੱਲੋਂ ਅੱਜ ਏਡੀਸੀ ਅਤੇ ਡਰੇਨ ਵਿਭਾਗ ਦੇ ਐਕਸੀਅਨ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਧੀਰੋਵਾਲ ਮੰਡ ਵਾਲੀ ਡਰੇਨ ਦੀ ਖਰਾਬ ਹਾਲਤ ਅਤੇ ਸਫਾਈ ਦੇ ਮਸਲੇ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਗਿਆ। ਪ੍ਰਸ਼ਾਸਨ ਵੱਲੋਂ ਯੂਨੀਅਨ ਨੂੰ ਭਰੋਸਾ ਦਿਵਾਇਆ ਗਿਆ ਕਿ ਡਰੇਨ ਦੀ ਸਫਾਈ ਦਾ ਕੰਮ ਜਲਦੀ ਸ਼ੁਰੂ ਕਰਵਾ ਕੇ 10 ਦਿਨਾਂ ਅੰਦਰ ਮਸਲਾ ਹੱਲ ਕੀਤਾ ਜਾਵੇਗਾ। ਸਰੂਪ ਸਿੰਘ ਅਤੇ ਕਲਵੰਤ ਸਿੰਘ ਪੰਨੂੰ ਨੇ ਕਿਹਾ ਕਿ ਏ ਡੀ ਸੀ ਗੁਰਦਾਸਪੁਰ ਵੱਲੋਂ ਕਿਸਾਨਾਂ ਦੀ ਗੱਲ ਪੂਰੀ ਗੰਭੀਰਤਾ ਨਾਲ ਸੁਣੀ ਗਈ, ਜਿਸ ਲਈ ਯੂਨੀਅਨ ਧੰਨਵਾਦ ਕਰਦੀ ਹੈ।

# ਸਵੇਰੇ 7:30 ਤੋਂ ਦੁਪਹਿਰ 3:30 ਵਜੇ ਤੱਕ ਰਹਿਣੇ ਖੁੱਲ੍ਹੇ: ਡਿਪਟੀ ਕਮਿਸ਼ਨਰ



ਸ਼ਹੀਦ ਭਗਤ ਸਿੰਘ ਨਗਰ, 25 ਮਈ (ਜਤਿੰਦਰ ਪਾਲ ਸਿੰਘ ਕਲੇਰ) ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਅਤਿ ਦੀ ਪੈ ਰਹੀ ਗਰਮੀ ਦੇ ਮੁੱਦੇ ਨਜ਼ਰ ਪੰਜਾਬ ਸਰਕਾਰ ਦੇ ਆਦੇਸ਼ਾਂ ਅਨੁਸਾਰ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰਾਂ ਦਾ ਸਮਾਂ ਬਦਲਿਆ ਗਿਆ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਜ਼ਿਲ੍ਹੇ ਦੇ ਸਮੂਹ ਸੇਵਾ ਕੇਂਦਰ ਸਵੇਰੇ 7:30 ਵਜੇ ਤੋਂ ਦੁਪਹਿਰ 3:30 ਵਜੇ ਤੱਕ ਖੁੱਲ੍ਹੇ ਰਹਿਣਗੇ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਨਿਰਧਾਰਿਤ ਸਮੇਂ ਅਨੁਸਾਰ ਸੇਵਾ ਕੇਂਦਰਾਂ ਵਿੱਚ ਜਾ ਕੇ ਕੰਮ ਕਰਵਾਉਣ ਤਾਂ ਜੋ ਉਹਨਾਂ ਨੂੰ ਕਿਸੇ ਕਿਸਮ ਦੀ ਕੋਈ ਪਰੇਸ਼ਾਨ ਪੇਸ਼ ਨਾ ਆਵੇ।

# ਚੌਧਰੀ ਜਸਪਾਲ ਕਸਾਣਾ 38 ਸਾਲਾਂ ਦੀਆਂ ਬੇਦਾਗ ਸੇਵਾਵਾਂ ਨਿਭਾਉਣ ਉਪਰੰਤ ਬਤੌਰ ਇੰਸਪੈਕਟਰ ਹੋਏ ਸੇਵਾ ਮੁਕਤ



ਬਲਾਚੌਰ, 25 ਮਈ (ਤਜਿੰਦਰ ਜੋਤ):'ਦੀ ਹੁਸ਼ਿਆਰਪੁਰ ਐਕਸਪ੍ਰੈਸ ਟਰਾਂਸਪੋਰਟ ਲਿਮਟਿਡ ਕੰਪਨੀ' ਵਿੱਚ ਲੰਮਾ ਸਮਾਂ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਚੌਧਰੀ ਜਸਪਾਲ ਕਸਾਣਾ ਖੀਵੇਵਾਲ ਅੱਜ 38 ਸਾਲਾਂ ਦੀ ਬੇਦਾਗ ਨੌਕਰੀ ਪੂਰੀ ਕਰਨ ਉਪਰੰਤ ਬਤੌਰ ਇੰਸਪੈਕਟਰ ਸੇਵਾ ਮੁਕਤ ਹੋ ਗਏ ਹਨ। ਇਸ ਖਾਸ ਮੌਕੇ ਤੇ ਸਮੁੱਚੇ ਐਕਸਪ੍ਰੈਸ ਬੱਸ ਸਰਵਿਸ ਕੰਪਨੀ ਦੇ ਕਰਮਚਾਰੀਆਂ ਅਤੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਇੱਕ ਵਿਸ਼ੇਸ਼ ਵਿਦਾਇਗੀ ਪਾਰਟੀ ਦਿੱਤੀ ਗਈ ਅਤੇ ਉਨ੍ਹਾਂ ਦੇ ਸੁਖਾਵੇਂ ਭਵਿੱਖ ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ ਗਈਆਂ।ਜ਼ਿਕਰਯੋਗ ਹੈ ਕਿ ਚੌਧਰੀ ਜਸਪਾਲ ਕਸਾਣਾ 3 ਮਾਰਚ 1987 ਨੂੰ ਬਤੌਰ ਕੰਡਕਟਰ ਐਕਸਪ੍ਰੈਸ ਬੱਸ ਸਰਵਿਸ ਵਿੱਚ ਭਰਤੀ ਹੋਏ ਸਨ। ਵੱਖ-ਵੱਖ ਰੂਟਾਂ ਤੇ ਪੂਰੀ ਇਮਾਨਦਾਰੀ, ਮਿਹਨਤ ਅਤੇ ਤਨਦੇਹੀ ਨਾਲ ਡਿਊਟੀ ਨਿਭਾਉਣ ਸਦਕਾ ਕੰਪਨੀ ਵੱਲੋਂ ਉਨ੍ਹਾਂ ਦੀ ਕਾਬਲੀਅਤ ਨੂੰ ਦੇਖਦੇ ਹੋਏ ਉਨ੍ਹਾਂ ਨੂੰ ਇੰਸਪੈਕਟਰ ਦੇ ਅਹੁਦੇ ਤੇ ਪਦਉਨਤ ਕੀਤਾ ਗਿਆ ਸੀ। ਆਪਣੀ ਸੇਵਾ ਮੁਕਤੀ ਦੇ ਮੌਕੇ ਤੇ ਚੌਧਰੀ ਜਸਪਾਲ ਕਸਾਣਾ ਨੇ ਭਾਵੁਕ ਹੁੰਦਿਆਂ 'ਦੀ ਹੁਸ਼ਿਆਰਪੁਰ ਐਕਸਪ੍ਰੈਸ ਟਰਾਂਸਪੋਰਟ ਲਿਮਟਿਡ ਕੰਪਨੀ' ਦੇ ਪ੍ਰਬੰਧਕਾਂ ਅਤੇ ਸਮੁੱਚੇ ਸਟਾਫ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਨੇ ਪੂਰੇ ਸਫ਼ਰ ਦੌਰਾਨ ਉਨ੍ਹਾਂ ਨੂੰ ਭਰਪੂਰ ਸਹਿਯੋਗ ਦਿੱਤਾ।ਇਸ ਵਿਦਾਇਗੀ ਸਮਾਰੋਹ ਦੌਰਾਨ ਕੰਪਨੀ ਦੇ ਜਰਨਲ ਮੈਨੇਜਰ ਹਰਦੀਪ ਸਿੰਘ ਗਿੱਲ, ਕੈਸ਼ੀਅਰ ਲਵਪ੍ਰੀਤ ਸਿੰਘ, ਇੰਸਪੈਕਟਰ ਪੰਡਿਤ ਓਮ ਪ੍ਰਕਾਸ਼, ਇੰਸਪੈਕਟਰ ਜਗਜੀਤ ਸਿੰਘ, ਅਵਤਾਰ ਸਿੰਘ, ਸਰਦਾਰ ਮਲਕੀਅਤ ਸਿੰਘ, ਤੇਜਿੰਦਰ ਸਿੰਘ ਰਿੰਕੂ ਅਤੇ ਸਤਨਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸਟਾਫ ਮੈਂਬਰ ਹਾਜ਼ਰ ਸਨ, ਜਿਨ੍ਹਾਂ ਨੇ ਜਸਪਾਲ ਕਸਾਣਾ ਨੂੰ ਹਾਰ ਪਾ ਕੇ ਅਤੇ ਸਨਮਾਨਿਤ ਕਰਕੇ ਰਵਾਨਾ ਕੀਤਾ।

# ਇਮਾਨਦਾਰ ਰਾਜਨੀਤੀ ਲਈ ਝਾੜੂ ਦੇ ਨਿਸ਼ਾਨ 'ਤੇ ਮੋਹਰ ਲਾ ਕੇ ਆਮ ਆਦਮੀ ਪਾਰਟੀ ਨੂੰ ਜਿਤਾਉਣ ਲਈ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਕੀਤੀ ਅਪੀਲ



ਕਾਦੀਆਂ (ਅਸ਼ੋਕ ਨਈਅਰ,ਦਵਿੰਦਰ ਸਿੰਘ ਕਾਹਲੋਂ) ਹਲਕਾ ਕਾਦੀਆਂ ਤੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਘਰਾਂ ਤੋਂ ਬਾਹਰ ਨਿਕਲ ਕੇ ਝਾੜੂ ਦੇ ਨਿਸ਼ਾਨ 'ਤੇ ਮੋਹਰ ਲਗਾਉਣ ਅਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਕਾਮਯਾਬ ਬਣਾਉਣ। ਪੰਜਾਬ ਦੀ ਜਨਤਾ ਹੁਣ ਵਿਕਾਸ ਅਤੇ ਲੋਕਾਂ ਦੀ ਭਲਾਈ ਕਰਨ ਵਾਲੀ ਰਾਜਨੀਤੀ ਦੇ ਨਾਲ ਖੜ੍ਹੀ ਹੈ ਅਤੇ ਲੋਕ ਇਮਾਨਦਾਰ ਸਰਕਾਰ ਨੂੰ ਹੋਰ ਮਜ਼ਬੂਤ ਕਰਨਾ ਚਾਹੁੰਦੇ ਹਨ। ਆਮ ਆਦਮੀ ਪਾਰਟੀ ਨੇ ਹਮੇਸ਼ਾ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਉਂਦੀ ਹੈ ਅਤੇ ਸਿੱਖਿਆ, ਸਿਹਤ, ਬਿਜਲੀ, ਪਾਣੀ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਲਗਾਤਾਰ ਕੰਮ ਕੀਤਾ ਹੈ। ਪੰਜਾਬ ਦੀ ਜਨਤਾ ਹੁਣ ਪੁਰਾਣੀ ਰਵਾਇਤੀ ਸਿਆਸਤ ਤੋਂ ਅੱਕ ਚੁੱਕੀ ਹੈ ਅਤੇ ਲੋਕ ਉਹਨਾਂ ਆਗੂਆਂ ਨੂੰ ਅੱਗੇ ਲਿਆਉਣਾ ਚਾਹੁੰਦੇ ਹਨ ਜੋ ਸੱਚੇ ਦਿਲੋਂ ਲੋਕ ਸੇਵਾ ਕਰਨ ਅਤੇ ਵਿਕਾਸ ਨੂੰ ਪਹਿਲ ਦੇਣ। ਅੱਜ ਹਰ ਸ਼ਹਿਰ, ਹਰ ਕਸਬੇ ਅਤੇ ਹਰ ਵਾਰਡ ਵਿੱਚ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ ਅਤੇ ਵਿਕਾਸ ਦੀ ਸੋਚ 'ਤੇ ਆਪਣਾ ਭਰੋਸਾ ਜਤਾ ਰਹੇ ਹਨ। ਸੇਖਵਾਂ ਨੇ ਦਾਅਵਾ ਕੀਤਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਮਜ਼ਬੂਤ ਲਹਿਰ ਚੱਲ ਰਹੀ ਹੈ ਅਤੇ ਲੋਕ ਵੱਡੇ ਫ਼ੈਸਲੇ ਦੇ ਮੂਡ ਵਿੱਚ ਹਨ। ਹਰ ਇੱਕ ਵੋਟ ਪੰਜਾਬ ਦੇ ਚੰਗੇ ਭਵਿੱਖ ਲਈ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ, ਦੋਸਤਾਂ ਅਤੇ ਜਾਣ-ਪਹਿਚਾਣ ਵਾਲਿਆਂ ਸਮੇਤ ਵੱਧ ਤੋਂ ਵੱਧ ਗਿਣਤੀ ਵਿੱਚ ਪੋਲਿੰਗ ਬੂਥਾਂ 'ਤੇ ਪਹੁੰਚਣ ਅਤੇ ਝਾੜੂ ਦੇ ਨਿਸ਼ਾਨ 'ਤੇ ਮੋਹਰ ਲਾ ਕੇ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣ। ਪੰਜਾਬ ਦੇ ਲੋਕ ਹੁਣ ਅਜਿਹੀ ਰਾਜਨੀਤੀ ਨੂੰ ਸਮਰਥਨ ਦੇ ਰਹੇ ਹਨ ਜੋ ਲੋਕਾਂ ਦੇ ਘਰ-ਘਰ ਤੱਕ ਵਿਕਾਸ ਪਹੁੰਚਾਉਣ ਦੀ ਸੋਚ ਰੱਖਦੀ ਹੋਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਮੇਸ਼ਾ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਣ ਦੀ ਕੋਸ਼ਿਸ਼ ਕੀਤੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਲਹਿਰ ਹੋਰ ਤੇਜ਼ ਕੀਤੀ ਜਾਵੇਗੀ।

# ਜ਼ਿਲ੍ਹਾ ਕੋਰਟ ਕੰਪਲੈਕਸ ਦੇ ਅਫ਼ਸਰਾਂ ਤੇ ਕਰਮਚਾਰੀਆਂ ਨੂੰ ਫਾਇਰ ਸੇਫਟੀ ਸਬੰਧੀ ਦਿਵਾਈ ਟ੍ਰੇਨਿੰਗ





ਤਰਨ ਤਾਰਨ 25 ਮਈ (ਤਰਸੇਮ ਸਿੰਘ ਭੁਪਾਲ, ਸਾਹਿਬ ਸਿੰਘ) ਪ੍ਰਿੰਸੀਪਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਦੀ ਅਗਵਾਈ ਹੇਠ ਅੱਜ ਜ਼ਿਲ੍ਹਾ ਕੋਰਟ ਕੰਪਲੈਕਸ, ਤਰਨ ਤਾਰਨ ਵਿਖੇ ਨਿਆਇਕ ਅਫ਼ਸਰਾਂ ਅਤੇ ਕਰਮਚਾਰੀਆਂ ਨੂੰ ਕਿਸੇ ਵੀ ਕਾਰਨਾਂ ਕਰਕੇ ਅੱਗ ਲੱਗਣ ਵਾਲੇ ਐਮਰਜੈਂਸੀ ਹਾਲਾਤ ਵਿੱਚ ਸੇਫਟੀ ਵਰਤਣ ਅਤੇ ਅੱਗ ਬੁਝਾਉਣੀ ਦੀ ਟ੍ਰੇਨਿੰਗ ਦਿਵਾਈ ਗਈ। ਟ੍ਰੇਨਿੰਗ ਪ੍ਰੋਗਰਾਮ ਪੰਜਾਬ ਫਾਇਰ ਸਰਵਿਸ ਦੀ ਸਤੀਸ਼ ਸਲਵਾਨ ਦੀ ਅਗਵਾਈ ਵਾਲੀ ਜ਼ਿਲ੍ਹਾ ਫਾਇਰ ਵਿਭਾਗ ਦੀ ਵੱਲੋਂ ਕਰਵਾਇਆ ਗਿਆ, ਜਿਸ ਵਿੱਚ ਰਾਮਦੀਪ ਸਿੰਘ, ਅਮਨਦੀਪ ਸਿੰਘ, ਸੁਖਵਿੰਦਰ ਸਿੰਘ, ਦਾਨਿਸ਼ ਚੌਹਾਨ, ਜਗਦੀਪ ਸਿੰਘ ਅਤੇ ਯਾਦਵਿੰਦਰ ਸਿੰਘ ਸ਼ਾਮਿਲ ਸਨ, ਦੇ ਸਹਿਯੋਗ ਨਾਲ ਕਰਵਾਇਆ ਗਿਆ। ਫਾਇਰ ਸੇਫਟੀ ਦੀ ਇਕ ਮੌਕ ਡਰਿੱਲ ਵੀ ਕੀਤੀ ਗਈ। ਪੰਜਾਬ ਫਾਇਰ ਸਰਵਿਸ ਦੀ ਟੀਮ ਵੱਲੋਂ ਨਿਆਇਕ ਅਫ਼ਸਰਾਂ ਅਤੇ ਕਰਮਚਾਰੀਆਂ ਨੂੰ ਅੱਗ ਦੀਆਂ ਬਾਰੇ ਦੱਸਿਆ ਗਿਆ ਅਤੇ ਟ੍ਰੇਨਿੰਗ ਦੌਰਾਨ ਅੱਗ ਦੀਆਂ ਸ਼੍ਰੇਣੀਆਂ ਅਤੇ ਉਨ੍ਹਾਂ ਤੇ ਕਾਬੂ ਪਾਉਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ। ਕਲਾਸ ਏ ਅੱਗ ਵਿੱਚ ਲੱਕੜ, ਕਾਗਜ਼, ਕੱਪੜਾ, ਰਬੜ ਅਤੇ ਪਲਾਸਟਿਕ ਵਰਗੀਆਂ ਆਮ ਜਲਣਸ਼ੀਲ ਵਸਤਾਂ ਸ਼ਾਮਲ ਹੁੰਦੀਆਂ ਹਨ। ਕਲਾਸ ਬੀ ਅੱਗ ਪੈਟਰੋਲ, ਡੀਜ਼ਲ, ਤੇਲ, ਪੇਂਟ ਅਤੇ ਰਸਾਇਣਕ ਪਦਾਰਥਾਂ ਵਰਗੀਆਂ ਜਲਣਸ਼ੀਲ ਤਰਲ ਵਸਤਾਂ ਨਾਲ ਸੰਬੰਧਿਤ ਹੁੰਦੀ ਹੈ। ਕਲਾਸ ਸੀ ਅੱਗ ਵਿੱਚ ਐਲ.ਪੀ.ਜੀ ਅਤੇ ਪ੍ਰੋਪੇਨ ਵਰਗੀਆਂ ਜਲਣਸ਼ੀਲ ਗੈਸਾਂ ਸ਼ਾਮਲ ਹੁੰਦੀਆਂ ਹਨ। ਕਲਾਸ ਡੀ ਅੱਗ ਮੈਗਨੀਸ਼ੀਅਮ, ਸੋਡੀਅਮ ਅਤੇ ਐਲੂਮੀਨੀਅਮ ਪਾਊਡਰ ਵਰਗੀਆਂ ਧਾਤਾਂ ਨਾਲ ਸੰਬੰਧਿਤ ਹੁੰਦੀ ਹੈ, ਜਦਕਿ ਕਲਾਸ ਈ ਅੱਗ ਬਿਜਲੀ ਉਪਕਰਣਾਂ, ਇਲੈਕਟ੍ਰੀਕਲ ਐਪਲਾਇੰਸਿਜ਼ ਅਤੇ ਸ਼ਾਰਟ ਸਰਕਿਟ ਨਾਲ ਜੁੜੀਆਂ ਘਟਨਾਵਾਂ ਨਾਲ ਸੰਬੰਧਿਤ ਹੁੰਦੀ ਹੈ। ਫੋਰਮ ਫਾਇਰ ਐਕਸਟਿੰਗੂਇਸ਼ਰ, ਕਾਰਬਨ ਫਾਇਰ ਐਕਸਟਿੰਗੂਇਸ਼ਰ, ਡਰਾਈ ਕੈਮੀਕਲ ਪਾਊਡਰ ਐਕਸਟਿੰਗੂਇਸ਼ਰ ਦੀ ਵੱਖ-ਵੱਖ ਐਮਰਜੈਂਸੀ ਸਥਿਤੀਆਂ ਵਿੱਚ ਵਰਤੋਂ ਦਾ ਪ੍ਰੈਕਟੀਕਲ ਡੈਮੋ ਵੀ ਦਿੱਤਾ ਗਿਆ ਅਤੇ ਫਿਰ (ਆਰ.ਏ.ਸੀ.ਈ) ਅਤੇ (ਪੀ.ਏ.ਐਸ.ਐਸ) ਦੀਆਂ ਵਿਧੀਆਂ ਬਾਰੇ ਦੱਸਿਆ ਗਿਆ, ਅੱਗ ਲੱਗਣ ਦੀ ਸੂਰਤ ਵਿੱਚ ਲਿਫਟ ਦੀ ਵਰਤੋਂ ਨਹੀਂ ਕਰਨਾ ਚਾਹੀਦੀ, ਸਗੋਂ ਪੌੜੀਆਂ ਦੀ ਵਰਤੋਂ ਕਰਨੀ ਚਾਹੀਦੀ ਹੈ। ਅੱਗ ਲੱਗਣ ਦੀ ਸੂਰਤ ਵਿੱਚ 101 ਐਮਰਜੈਂਸ਼ੀ ਨੰਬਰਾਂ ਤੇ ਸੰਪਰਕ ਕਰਨਾ ਚਾਹੀਦਾ ਹੈ ਅਤੇ ਨਾਲ ਹੀ ਉਪਰ ਦੱਸੇ ਮੁਤਾਬਿਕ ਅੱਗ ਨੂੰ ਕੰਟਰੋਲ ਕਰਨ ਦਾ ਯਤਨ ਕਰਨਾ ਚਾਹੀਦਾ ਹੈ। ਕਰਮਚਾਰੀਆਂ ਨੂੰ ਬਾਹਰ ਖੁੱਲ੍ਹੇ ਮੈਦਾਨ ਵਿੱਚ ਇਕ ਸਥਾਨ ਤੇ ਇੱਕੱਠੇ ਹੋ ਜਾਣਾ ਚਾਹੀਦਾ ਹੈ ਤਾਂ ਜੋ ਇਹ ਪਤਾ ਲੱਗ ਸਕੇ ਕਿ ਕਿਹੜਾ ਕਰਮਚਾਰੀ ਬਾਹਰ ਆ ਗਿਆ ਅਤੇ ਕਿਹੜਾ ਕਰਮਚਾਰੀ ਅੰਦਰ ਰਹਿ ਗਿਆ ਹੈ। ਟੀਮ ਵੱਲੋਂ ਕਰਮਚਾਰੀਆਂ ਨੂੰ ਬਿਜਲੀ ਉਪਕਰਨ ਵਰਤੋਂ ਵਿੱਚ ਨਾ ਹੋਣ ਤੇ ਉਪਕਰਨਾਂ ਨੂੰ ਬੰਦ ਕਰਨ ਲਈ ਵੀ ਆਖਿਆ। ਇਸ ਮੌਕੇ ਕਰਮਚਾਰੀਆਂ ਨੂੰ ਟ੍ਰੇਨਿੰਗ ਮਟੀਰੀਅਲ ਵੀ ਵੰਡਿਆ ਗਿਆ। ਪ੍ਰਿੰਸੀਪਲ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਤਰਨ ਤਾਰਨ ਕੰਵਲਜੀਤ ਸਿੰਘ ਬਾਜਵਾ ਨੇ ਇਸ ਮੌਕੇ ਦੱਸਿਆ ਕਿ ਇਸ ਤਰਾਂਊ ਦੀ ਟ੍ਰੇਨਿੰਗ ਔਖੇ ਸਮੇਂ ਬੜੀ ਮਦਦਗਾਰ ਸਾਬਿਤ ਹੋਵੇਗੀ ਅਤੇ ਕੋਈ ਵੀ ਵੱਡੀ ਅਨਹੋਣੀ ਹੋਣ ਤਾਂ ਬਚਾਅ ਹੋ ਸਕਦਾ ਹੈ। ਉਨ੍ਹਾਂ ਇਸ ਮੌਕੇ ਆਈ ਟੀਮ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਨਿਆਇਕ ਅਫ਼ਸਰਾਂ ਅਤੇ ਕਰਮਚਾਰੀਆਂ ਤੋਂ ਇਲਾਵਾ ਅਮਨਦੀਪ ਸਿੰਘ (ਸਿਵਲ ਜੱਜ ਸੀਨੀਅਰ ਡਵੀਜ਼ਨ), ਇੰਦੂ ਬਾਲਾ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ, ਕਿਰਨ ਜਯੋਤੀ, ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨ ਤਾਰਨ, ਪੀ.ਐਸ.ਢਿੱਲੋਂ ਪ੍ਰਧਾਨ ਬਾਰ ਐਸ਼ੋਸ਼ੀਏਸ਼ਨ ਤਰਨ ਤਾਰਨ ਅਤੇ ਹੋਰ ਵਕੀਲ ਸਾਹਿਬਾਨ ਵੀ ਹਾਜ਼ਰ ਸਨ।

# ਪੰਜਾਬ ਸੀਵਰੇਜ਼ ਬੋਰਡ ਇੰਪਲਾਈਜ਼ ਕੰਨਟ੍ਰੈਕਟਰ ਵਰਕਰ ਯੂਨੀਅਨ ਦੀ ਮੀਟਿੰਗ



ਨਵਾਂਸ਼ਹਿਰ 25 ਮਈ (ਜਤਿੰਦਰ ਪਾਲ ਸਿੰਘ ਕਲੇਰ) ਪੰਜਾਬ ਸੀਵਰੇਜ਼ ਬੋਰਡ ਇੰਪਲਾਈਜ਼ ਕੰਨਟ੍ਰੈਕਟਰ ਵਰਕਰ ਯੂਨੀਅਨ ਦੀ ਮੀਟਿੰਗ ਜਿਲਾ ਪ੍ਰਧਾਨ ਮੇਜਰ ਸਿੰਘ ,ਸੀਨੀਅਰ ਉਪ ਪ੍ਰਧਾਨ ਬਲਵੀਰ ਸਿੰ੍ਹ, ਉਪ ਪ੍ਰਧਾਨ ਪਰਮਜੀਤ ਦੀ ਅਗੁਵਾਈ ਵਿੱਚ ਹੋਈ । ਜਿਸ ਵਿੱਚ ਲਗਾਤਾਰ ਨਿਗੁਣੇ ਵੇਤਨ ਤੇ 15/15 ਸਾਲਾਂ ਤੋਂ ਕੰਮ ਕਰਦੇ ਆ ਰਹੇ ਕੰਟਰੈਕਟ ਮੁਲਾਜ਼ਮਾਂ ਨੂੰ ਅਜੇ ਤੱਕ ਵਿਭਾਗ ਵਿੱਚ ਪੱਕਾ ਨਹੀ ਕੀਤਾ ਗਿਆ ਸਾਢੇ ਚਾਰ ਸਾਲ ਸਿਵਾਏ ਲਾਰਿਆ ਦੇ ਕੁਝ ਵੀ ਸਰਕਾਰ ਨੇ ਨਹੀ ਦਿੱਤਾ ਇਸ ਲਈ ਸੂਬਾ ਕਮੇਟੀ ਵਲੋਂ 28 ਤੋ ਮੁਕੰਮਲ ਕੰਮ ਦਾ ਬਾਈਕਾਟ ਕਰਕੇ ਹੈਡ ਆਫਿਸ ਚੰਡੀਗੜ੍ਹ ਵਿਖੇ ਧਰਨਾ ਲਗਾਇਆ ਜਾਵੇਗਾ ਨਵਾਂਸ਼ਹਿਰ ਤੋਂ ਵੀ ਸਮੂਹ ਕੰਨਟ੍ਰੈਕਟਰ ਵਰਕਰਜ਼ ਮੁਕੰਮਲ ਕੰਮਕਾਜ ਬੰਦ ਕਰਕੇ ਹੈਡ ਆਫਿਸ ਚੰਡੀਗੜ੍ਹ ਧਰਨੇ ਵਿੱਚ ਸ਼ਾਮਲ ਹੋਣਗੇ

# ਵੋਟਰਾਂ ਨੂੰ ਨਿਡਰ ਹੋ ਕੇ ਵੋਟ ਪਾਉਣ ਦੀ ਅਪੀਲ; 26 ਮਈ ਨੂੰ ਨਗਰ ਕੌਂਸਲਾਂ ਲਈ ਹੋਵੇਗੀ ਪੋਲਿੰਗ



ਸ਼ਹੀਦ ਭਗਤ ਸਿੰਘ ਨਗਰ, 25 ਮਈ (ਜਤਿੰਦਰ ਪਾਲ ਸਿੰਘ ਕਲੇਰ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫਸਰ ਗੁਲਪ੍ਰੀਤ ਸਿੰਘ ਔਲਖ ਨੇ ਐਤਵਾਰ ਨੂੰ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਵੋਟਰਾਂ ਕੋਲ ਵੋਟਰ ਫੋਟੋ ਪਛਾਣ ਪੱਤਰ ਨਾ ਹੋਣ ਦੀ ਸੂਰਤ ਵਿੱਚ ਵੀ ਵੋਟ ਪਾਉਣ ਦਾ ਹੱਕ ਹੈ, ਬਸ਼ਰਤੇ ਉਨ੍ਹਾਂ ਦਾ ਨਾਂ ਵਾਰਡ-ਵਾਰ ਵੋਟਰ ਸੂਚੀਆਂ ਵਿੱਚ ਦਰਜ ਹੋਵੇ। ਵੇਰਵੇ ਸਾਂਝੇ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਵੋਟ ਪਾਉਣ ਲਈ ਪਛਾਣ ਦੇ ਸਬੂਤ ਵਜੋਂ 15 ਬਦਲਵੇਂ ਦਸਤਾਵੇਜ਼ਾਂ ਨੂੰ ਮਾਨਤਾ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਯੋਗ ਵੋਟਰ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਨਰੇਗਾ ਜੌਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਵਾਲਾ ਅਸਲਾ ਲਾਇਸੈਂਸ, ਫੋਟੋ ਵਾਲੇ ਪੈਨਸ਼ਨ ਦਸਤਾਵੇਜ਼, ਸੁਤੰਤਰਤਾ ਸੈਨਾਨੀ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਵੱਲੋਂ ਜਾਰੀ ਫੋਟੋ ਵਾਲੀ ਪਾਸਬੁੱਕ, ਕਿਰਤ ਮੰਤਰਾਲੇ ਦੀਆਂ ਸਕੀਮਾਂ ਤਹਿਤ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਅਧਿਕਾਰਤ ਪਛਾਣ ਪੱਤਰ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵੱਲੋਂ ਜਾਰੀ ਯੂ.ਡੀ.ਆਈ.ਡੀ. ਕਾਰਡ, ਕੇਂਦਰ/ਰਾਜ ਸਰਕਾਰ ਦੇ ਵਿਭਾਗਾਂ, ਪੀ.ਐਸ.ਯੂ. ਜਾਂ ਪਬਲਿਕ ਲਿਮਟਿਡ ਕੰਪਨੀਆਂ ਵੱਲੋਂ ਜਾਰੀ ਸਰਵਿਸ ਪਛਾਣ ਪੱਤਰ, ਅਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵੱਲੋਂ ਜਾਰੀ ਫੋਟੋ ਪਛਾਣ ਪੱਤਰ ਵਰਗੇ ਦਸਤਾਵੇਜ਼ ਦਿਖਾ ਕੇ ਵੋਟ ਪਾ ਸਕਦੇ ਹਨ। ਸ. ਔਲਖ ਨੇ ਦੱਸਿਆ ਕਿ ਬੰਗਾ, ਨਵਾਂਸ਼ਹਿਰ ਅਤੇ ਰਾਹੋਂ ਸਮੇਤ ਤਿੰਨ ਨਗਰ ਕੌਂਸਲਾਂ ਦੀਆਂ ਚੋਣਾਂ ਲਈ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਵੋਟਾਂ ਪੈਣਗੀਆਂ, ਜਦਕਿ ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ। ਉਨ੍ਹਾਂ ਦੁਹਰਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਨੂੰ ਯਕੀਨੀ ਬਣਾਉਣ ਲਈ ਵਿਆਪਕ ਪ੍ਰਬੰਧ ਕੀਤੇ ਗਏ ਹਨ। ਵੋਟਰਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਦੀ ਅਪੀਲ ਕਰਦਿਆਂ ਡਿਪਟੀ ਕਮਿਸ਼ਨਰ ਨੇ ਉਨ੍ਹਾਂ ਨੂੰ ਬਿਨਾਂ ਕਿਸੇ ਡਰ, ਦਬਾਅ ਜਾਂ ਲਾਲਚ ਦੇ ਆਪਣੀ ਵੋਟ ਪਾਉਣ ਦੀ ਬੇਨਤੀ ਕੀਤੀ। ਜ਼ਿਲ੍ਹੇ ਭਰ ਵਿੱਚ ਸ਼ਾਂਤੀਪੂਰਨ ਅਤੇ ਸੁਚਾਰੂ ਢੰਗ ਨਾਲ ਪੋਲਿੰਗ ਕਰਵਾਉਣ ਲਈ ਸਾਰੇ ਲੋੜੀਂਦੇ ਸੁਰੱਖਿਆ ਅਤੇ ਲੌਜਿਸਟਿਕ ਪ੍ਰਬੰਧ ਕੀਤੇ ਗਏ ਹਨ।

# ਧੰਨ ਸ੍ਰੀ ਗੁਰੂ ਨਾਨਕ ਦੇਵ ਵੈਲਫੇਅਰ ਸੁਸਾਇਟੀ ਵੱਲੋ ਚਲਾਏ ਸੈਂਟਰਾਂ ਦੀ ਗਿਣਤੀ ਵਧ ਕੇ 38 ਹੋਈ

ਅੰਮ੍ਰਿਤਸਰ 25 ਮਈ (ਮੋਹਕਮ ਸਿੰਘ) ਧੰਨ ਸ੍ਰੀ ਗੁਰੂ ਨਾਨਕ ਦੇਵ ਵੈਲਫੇਅਰ ਸੁਸਾਇਟੀ ਦੇ ਵਲੋ ਚਲਾਏ ਜਾ ਰਹੇ ਵਿਦਿਅਕ ਤੇ ਧਾਰਮਿਕ ਸਿਖਆ ਦੇਣ ਲਈ ਸੈਂਟਰਾਂ ਦੀ ਗਿਣਤੀ ਵਿਚ ਵਾਧਾ ਕਰਦਿਆਂ ਨਗਰ ਵਲਟੋਹਾ ਤੇ ਚੋਹਲਾ ਸਾਹਿਬ ਵਿਖੇ ਨਵੇ ਸੈਂਟਰਾਂ ਦੀ ਵਿਚ ਅਰੰਭਤਾ ਕੀਤੀ।ਇਨਾਂ ਸੈਂਟਰਾਂ ਵਿਚ ਵਿਦਿਆਰਥੀਆਂ ਨੂੰ ਧਾਰਮਿਕ ਤੇ ਦੁਨੀਆਵੀ ਵਿਦਿਆ ਦੇਣ ਦੇ ਉਚੇਚੇ ਪ੍ਰਬੰਧ ਕੀਤੇ ਗਏ ਹਨ। ਵਿਦਿਆਰਥੀਆਂ ਲਈ ਸਕੂਲੀ ਪੁਸਤਕਾਂ, ਕਾਪੀਆਂ ਅਤੇ ਹੋਰ ਸ਼ਟੇਸਨਰੀ ਦੇ ਸਮਾਨ ਦੇ ਨਾਲ ਨਾਲ ਧਾਰਮਿਕ ਪੋਥੀਆਂ ਵੀ ਦਿੱਤੀਆਂ ਜਾ ਰਹੀਆਂ ਹਨ।ਜਾਣਕਾਰੀ ਦਿੰਦੇ ਹੋਏ ਭਾਈ ਜਸਪਾਲ ਸਿੰਘ ਉਰਫ ਸਾਹਿਬ ਸਿੰਘ ਨਾਮਧਾਰੀ ਨੇ ਦਸਿਆ ਕਿ ਛੋਟੇ ਲਾਲਚ ਵਿਚ ਫਸ ਕੇ ਧਰਮ ਪ੍ਰਵਰਤਨ ਕਰਨ ਵਾਲੇ ਪਰਿਵਾਰਾਂ ਨੂੰ ਮੁੜ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਘਰ ਨਾਲ ਜੋੜਣਾ ਤੇ ਇਨਾਂ ਪਰਵਾਰਾਂ ਵਿਚ ਮੁੜ ਗੁਰਮਤਿ ਚੇਤਨਾ ਪੈਦਾ ਕਰਨ ਲਈ ਅਸੀ ਯਤਨਸ਼ੀਲ ਹਾਂ। ਧਰਮ ਪ੍ਰਵਰਤਨ ਤੋ ਰੋਕਣ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਸਕੂਲੀ ਵਿਦਿਆ ਦੇ ਕੇ ਸਮੇ ਦਾ ਹਾਣੀ ਬਣਾਉਣਾ ਹੈ। ਭਵਿਖ ਦੀਆਂ ਚਣੌਤੀਆਂ ਨੂੰ ਸਰ ਕਰਨ ਲਈ ਇਹ ਵਿਦਿਆਰਥੀ ਤਿਆਰ ਬਰ ਤਿਆਰ ਹੋਣ। ਉਨਾਂ ਕਿਹਾ ਕਿ ਧੰਨ ਸ੍ਰੀ ਗੁਰੂ ਨਾਨਕ ਦੇਵ ਵੈਲਫੇਅਰ ਸੁਸਾਇਟੀ ਵਲੋ ਇਨਾਂ ਵਿਦਿਆਰਥੀਆਂ ਦੇ ਸਾਰੇ ਖਰਚ ਉਠਾਏ ਜਾ ਰਹੇ ਹਨ ਤੇ ਉਚੇਰੀ ਸਿੱਖਿਆ ਲਈ ਤਿਆਰ ਕੀਤਾ ਜਾ ਰਿਹਾ ਹੈ। ਉਨਾਂ ਦਸਿਆ ਕਿ ਸੁਸਾਇਟੀ ਵਲੋ ਚਲਾਏ ਜਾ ਰਹੇ ਸੈਂਟਰਾਂ ਵਿਚ ਤੈਨਾਤ ਅਧਿਆਪਕ ਅਤੇ ਅਧਿਆਪਕਾਵਾਂ ਇਨਾਂ ਵਿਦਿਆਰਥੀਆਂ ਨੂੰ ਸਕੂਲੀ ਸਿਖਆ ਦੇ ਨਾਲ ਨਾਲ ਗੁਰਮਤਿ ਦੀ ਪੜਾਈ ਲਈ ਵੀ ਪ੍ਰੇਰਨਾ ਕਰਦੇ ਹਨ ਤੇ ਹਰ ਸੈਂਟਰ ਵਿਚ ਗੁਰਬਾਣੀ ਪੜਾਈ ਜਾਂਦੀ ਹੈ।ਸਮੇ ਸਮੇ ਤੇ ਬੱਚਿਆਂ ਪਾਸੋ ਮੂਲਮੰਤਰ ਦਾ ਪਾਠ ਸੁਣਿਆ ਜਾਂਦਾ ਹੈ ਤੇ ਵਿਦਿਆਰਥੀਆਂ ਨੂੰ ਕੇਸਾਂ ਦੀ ਮਹਤੱਤਾ ਤੋ ਜਾਣੂ ਕਰਵਾਇਆ। ਅਜਿਹੇ 38 ਸੈਂਟਰ ਸਰਹੱਦੀ ਖੇਤਰ ਵਿਚ ਕੰਮ ਕਰ ਰਹੇ ਹਨ। ਉਨਾਂ ਖ਼ਾਲਸਾ ਪੰਥ ਨੂੰ ਅਪੀਲ ਕੀਤੀ ਕਿ ਕੌਮ ਦਾ ਭਵਿਖ ਸੁਰਖਿਅਤ ਕਰਨ ਲਈ ਪਿੰਡਾਂ ਵਿਚ ਚਲ ਰਹੀ ਧਰਮ ਪ੍ਰਵਰਤਨ ਲਹਿਰ ਦੇ ਜਵਾਬ ਦਈਏ।ਭਾਈ ਜ਼ਸਪਾਲ ਸਿੰਘ ਉਰਫ ਸਾਹਿਬ ਸਿੰਘ ਨਾਮਧਾਰੀ ਨੇ ਕਿਹਾ ਕਿ ਸਾਡੇ ਦਿਨ ਤਿਉਹਾਰ ਮਨਾਉਣੇ ਤਾਂ ਹੀ ਸਫਲ ਹਨ ਜੇ ਅਸੀ ਕੌਮ ਦੀ ਪਨੀਰੀ ਦੀ ਸੰਭਾਲ ਕਰਾਂਗੇ ਇਸ ਮੌਕੇ ਤੇ ਪ੍ਰਧਾਨ ਸ੍ਰ ਗੁਰਚਰਨ ਸਿੰਘ, ਸੈਕਟਰੀ ਸ੍ਰ ਬਲਜੀਤ ਸਿੰਘ, ਦਵਿੰਦਰ ਸਿੰਘ ਨਾਗੀ, ਪ੍ਰਦੀਪ ਸਿੰਘ ਦਰਸ਼ਨ ਸਿੰਘ ਤੇ ਨਿਰਮਲ ਸਿੰਘ ਹਾਜਰ ਸਨ।

# ਪੰਜਾਬ ਸਰਕਾਰ ਵੱਲੋਂ 26 ਮਈ ਨੂੰ ਵੋਟਿੰਗ ਵਾਲੇ ਕਰਮਚਾਰੀਆਂ ਲਈ ਤਨਖਾਹ ਸਮੇਤ ਛੁੱਟੀ ਦਾ ਐਲਾਨ

ਅੰਮ੍ਰਿਤਸਰ 25 ਮਈ (ਰਾਜੇਸ਼ ਡੈਨੀ) ਪੰਜਾਬ ਸਰਕਾਰ ਦੇ ਕਿਰਤ ਵਿਭਾਗ ਵੱਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਪੰਜਾਬ ਵਿੱਚ ਹੋਣ ਵਾਲੀਆਂ ਮਿਉਂਸਪਲ ਚੋਣਾਂ-2026 ਦੇ ਮੱਦੇਨਜ਼ਰ 26 ਮਈ 2026 (ਮੰਗਲਵਾਰ) ਨੂੰ ਰਜਿਸਟਰਡ ਦੁਕਾਨਾਂ ਅਤੇ ਵਪਾਰਕ ਅਦਾਰਿਆਂ ਵਿੱਚ ਕੰਮ ਕਰਦੇ ਉਹਨਾਂ ਕਰਮਚਾਰੀਆਂ ਨੂੰ ਤਨਖਾਹ ਸਮੇਤ ਛੁੱਟੀ ਦਿੱਤੀ ਜਾਵੇਗੀ, ਜੋ ਆਪਣੇ-ਆਪਣੇ ਮਿਉਂਸਪਲ ਕਾਰਪੋਰੇਸ਼ਨ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਹੱਦ ਅੰਦਰ ਵੋਟਰ ਵਜੋਂ ਦਰਜ ਹਨ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਇਹ ਫੈਸਲਾ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ, 1958 ਦੀ ਧਾਰਾ 10 ਦੀ ਉਪ-ਧਾਰਾ 1 ਅਧੀਨ ਪ੍ਰਦੱਤ ਅਧਿਕਾਰਾਂ ਦਾ ਪ੍ਰਯੋਗ ਕਰਦਿਆਂ ਲਿਆ ਗਿਆ ਹੈ, ਤਾਂ ਜੋ ਕਰਮਚਾਰੀ ਆਪਣੇ ਵੋਟ ਦਾ ਸੁਤੰਤਰ ਤੌਰ 'ਤੇ ਇਸਤੇਮਾਲ ਕਰ ਸਕਣ। ਨੋਟੀਫਿਕੇਸ਼ਨ ਵਿੱਚ ਇਹ ਵੀ ਸਪੱਸ਼ਟ ਕੀਤਾ ਗਿਆ ਹੈ ਕਿ 24 ਮਈ ਤੋਂ 30 ਮਈ 2026 ਦੇ ਦਰਮਿਆਨ ਆਉਣ ਵਾਲੀ ਹਫਤਾਵਾਰੀ ਛੁੱਟੀ ਦੀ ਥਾਂ 26 ਮਈ ਨੂੰ ਕਲੋਜ਼ਡ ਡੇ ਨਹੀਂ ਮੰਨਿਆ ਜਾਵੇਗਾ।

# ਨਵੇਂ ਸਮੇਂ ਅਨੁਸਾਰ ਖੁੱਲ੍ਹੇ ਸਰਕਾਰੀ ਦਫ਼ਤਰ: ਪ੍ਰਸ਼ਾਸਨ ਨੇ ਸਵੇਰੇ ਸਾਢੇ 7 ਵਜੇ ਸੰਭਾਲਿਆ ਕੰਮਕਾਜ

ਹੁਸ਼ਿਆਰਪੁਰ 25 ਮਈ (ਪਰਮਿੰਦਰ ਘੁੰਮਣ) ਪੰਜਾਬ ਸਰਕਾਰ ਵਲੋਂ ਮੌਜੂਦਾ ਸਮੇਂ ਪੈ ਰਹੀ ਗਰਮੀ ਦੇ ਮੱਦੇਨਜ਼ਰ ਸੋਮਵਾਰ ਤੋਂ ਦਫ਼ਤਰਾਂ ਦੇ ਤਬਦੀਲ ਕੀਤੇ ਸਮੇਂ ਅਨੁਸਾਰ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀਆਂ ਨੇ ਅੱਜ ਸਵੇਰੇ ਸਾਢੇ 7 ਵਜੇ ਆਪਣੇ ਦਫ਼ਤਰੀ ਕੰਮਾਂ ਦੀ ਸ਼ੁਰੂਆਤ ਕੀਤੀ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਦਫ਼ਤਰਾਂ ਦੇ ਬਦਲੇ ਸਮੇਂ ਅਨੁਸਾਰ ਅੱਜ ਵਾਂਗ ਰੋਜ਼ਾਨਾ ਸਵੇਰੇ ਸਮੇਂ ਦੀ ਪਾਬੰਦਗੀ ਨੂੰ ਬਰਕਰਾਰ ਰੱਖਦਿਆਂ ਆਪੋ-ਆਪਣੇ ਦਫ਼ਤਰਾਂ ਵਿਚ ਪਹੁੰਚਣ ਦੀ ਤਾਕੀਦ ਕੀਤੀ ਤਾਂ ਜੋ ਲੋਕਾਂ ਨੂੰ ਨਾਗਰਿਕ ਸੇਵਾਵਾਂ ਅਤੇ ਹੋਰ ਸਹੂਲਤਾਂ ਹਾਸਲ ਕਰਨ ਵਿਚ ਕੋਈ ਦਿੱਕਤ ਪੇਸ਼ ਨਾ ਆਵੇ। ਡਿਪਟੀ ਕਮਿਸ਼ਨਰ ਨੇ ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮਦ ਬੰਬਾਹ ਨੂੰ ਨਿਰਦੇਸ਼ ਦਿੱਤੇ ਕਿ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਅਤੇ ਹੋਰ ਥਾਵਾਂ 'ਤੇ ਸਥਿਤ ਸਰਕਾਰੀ ਦਫ਼ਤਰਾਂ ਵਿਚ ਪ੍ਰਸ਼ਾਸਨਿਕ ਅਤੇ ਲੋਕ ਹਿੱਤਾਂ ਦੇ ਮੱਦੇਨਜ਼ਰ ਸਮੇਂ ਦੀ ਪਾਬੰਦਗੀ ਨੂੰ ਹਰ ਹਾਲ ਬਰਕਰਾਰ ਰੱਖਿਆ ਜਾਵੇ। ਸੋਮਵਾਰ ਸਵੇਰੇ ਆਪਣੇ ਦਫ਼ਤਰ ਵਿਚ 7:25 ਵਜੇ ਪਹੁੰਚੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸੁਵਿਧਾ ਕੇਂਦਰ ਅਤੇ ਹੋਰ ਦਫ਼ਤਰਾਂ ਵਿਚ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਮੌਜੂਦਗੀ ਬਾਰੇ ਜਾਣਕਾਰੀ ਲੈਂਦਿਆਂ ਕਿਹਾ ਕਿ ਲੋਕਾਂ ਨੂੰ ਉਨ੍ਹਾਂ ਦੇ ਕੰਮਾਂ ਲਈ ਕਿਸੇ ਤਰ੍ਹਾਂ ਦੀ ਪ੍ਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਸਾਰੇ ਦਫ਼ਤਰਾਂ ਦੇ ਸਬੰਧਤ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਦਿੱਤੇ ਜਾ ਚੁੱਕੇ ਹਨ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਬਦਲੇ ਸਮੇਂ ਅਨੁਸਾਰ ਆਪਣੀ ਮੌਜੂਦਗੀ ਨੂੰ ਯਕੀਨੀ ਬਣਾਇਆ ਜਾਵੇ। ਲੋਕਾਂ ਨੂੰ ਲੋੜੀਂਦੀਆਂ ਸੇਵਾਵਾਂ ਪਹਿਲਾਂ ਵਾਂਗ ਤੈਅ ਸਮੇਂ ਵਿਚ ਮੁਹੱਈਆ ਹੋਣਗੀਆਂ ਅਤੇ ਦਫ਼ਤਰਾਂ ਦਾ ਸਟਾਫ਼ ਸਵੇਰੇ ਸਾਢੇ 7 ਵਜੇ ਆਪਣੀਆਂ ਸੀਟਾਂ 'ਤੇ ਮੌਜੂਦ ਰਹੇਗਾ।

# ਮੋਟਰਸਾਈਕਲ ਦਾ ਸਤੁੰਨਲ ਵਿਗੜਨ ਨਾਲ ਅੱਗੇ ਜਾ ਰਹੀ ਔਰਤ ਨੂੰ ਮਾਰੀਂ ਟੱਕਰ



ਨਵਾਂਸ਼ਹਿਰ/ਕਾਠਗੜ੍ਹ 24 (ਜਤਿੰਦਰ ਪਾਲ ਸਿੰਘ ਕਲੇਰ) ਰੋਪੜ੍ਹ ਬਲਾਚੌਰ ਨੈਸ਼ਨਲ ਹਾਈਵੇ ਤੇ ਨੇੜੇ ਟੋਲ ਪਲਾਜ਼ਾ ਬੱਛੂਆਂ ਦੇ ਕੋਲ ਐਕਸੀਡੈਂਟ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ, ਐਸ ਐਸ ਐਫ ਟੀਮ ਨੇ ਦੱਸਿਆ ਕਿ ਉਹਨਾਂ ਨੂੰ ਰਾਹਗੀਰ ਤੋਂ ਸੂਚਨਾ ਪ੍ਰਾਪਤ ਹੋਈ ਸੀ ਤਾਂ ਉਨ੍ਹਾਂ ਨੇ ਤੁਰੰਤ ਜਾ ਕੇ ਦੇਖਿਆ ਇੱਕ ਔਰਤ ਤ੍ਰਿਪਤਾ ਦੇਵੀ ਪਤਨੀ ਇੰਦਰਪਾਲ ਵਾਸੀ ਬਾਗੋਵਾਲ ਤਹਿਸੀਲ ਬਲਾਚੌਰ ਜੋ ਕਿ ਪੈਦਲ ਰੋਪੜ੍ਹ ਵੱਲ ਨੂੰ ਜਾ ਰਹੇ ਸੀ ਤੇ ਪਿੱਛੇ ਆ ਰਿਹਾ ਸਪਲੈਂਡਰ ਮੋਟਰਸਾਈਕਲ ਜਿਸ ਦਾ ਨੰਬਰ ਪੀ ਬੀ 20 ਬੀ 0341 ਜਿਸ ਨੂੰ ਬਲਵੀਰ ਕੁਮਾਰ ਪੁੱਤਰ ਅਵਤਾਰ ਸਿੰਘ ਵਾਸੀ ਰੈਲਮਾਜਰਾ, ਚਲਾ ਰਿਹਾ ਸੀ ਇਹ ਮੋਟਰਸਾਈਕਲ ਵਿਚ ਰੋਪੜ੍ਹ ਸਾਇਡ ਜਾ ਰਿਹਾ ਸੀ ਜਦੋਂ ਇਹ ਮੋਟਰਸਾਈਕਲ ਟੋਲ ਪਲਾਜ਼ਾ ਦੇ ਨੇੜੇ ਪਹੁੰਚੀਆਂ ਤਾਂ ਅਚਾਨਕ ਮੋਟਰਸਾਈਕਲ ਦਾ ਸੰਤੁਲਨ ਵਿਗੜ ਜਾ ਰਹੀ ਪੈਦਲ ਔਰਤ ਨਾਲ ਜਾ ਟਕਰਾਇਆ ਮੋਟਰਸਾਈਕਲ ਚਾਲਕ ਗੰਭੀਰ ਰੂਪ ਵਿੱਚ ਜਖਮੀ ਹੋ ਗਿਆ ਜਿਸਨੂੰ ਨੈਸ਼ਨਲ ਹਾਈਵੇ ਅਥਾਰਟੀ ਦੀ ਐਂਬੂਲੈਂਸ ਦੀ ਮਦਦ ਨਾਲ ਸਰਕਾਰੀ ਹਸਪਤਾਲ ਰੋਪੜ੍ਹ ਦਾਖਿਲ ਕਰਵਾਇਆ ਗਿਆ, ਐਸ ਐਸ ਐਫ ਵਲੋਂ ਔਰਤ ਨੂੰ ਫਸਟਏਡ ਦੇ ਕਿ ਘਰ ਭੇਜ ਦਿੱਤਾ ਹਾਦਸੇ ਵਿੱਚ ਮੋਟਰਸਾਈਕਲ ਨੁਕਸਾਨਿਆ ਗਿਆ ਜਾਨੀ ਨੁਕਸਾਨ ਦਾ ਬਚਾਅ, ਹਾਦਸੇ ਦੀ ਜਾਣਕਾਰੀ ਥਾਣਾ ਕਾਠਗੜ੍ਹ ਅਤੇ ਕੰਟ੍ਰੋਲਰ ਰੂਮ ਨਵਾਂਸ਼ਹਿਰ ਦੇ ਦਿਤੀ ਗਈ ਦਿੱਤੀ ਗਈ

# ਸੁਪਰੀਮ ਕੋਰਟ ਨੇ ਕਾਕਰੋਚ ਜਨਤਾ ਪਾਰਟੀ ਵਿਰੁਧ ਜਾਂਚ ਪਟੀਸ਼ਨ 'ਤੇ ਤੁਰੰਤ ਸੁਣਵਾਈ ਤੋਂ ਕੀਤਾ ਇਨਕਾਰ

**ਨਵੀਂ ਦਿੱਲੀ, 25 ਮਈ (ਦੇਸ਼ ਪ੍ਰਦੇਸ਼ ਬਿਊਰੋ) :** ਸੁਪਰੀਮ ਕੋਰਟ ਨੇ ਸੋਮਵਾਰ ਨੂੰ ਕਾਕਰੋਚ ਜਨਤਾ ਪਾਰਟੀ ਨਾਲ ਜੁੜੇ ਜਾਅਲੀ ਵਕੀਲਾਂ ਅਤੇ ਗਤੀਵਿਧੀਆਂ ਬਾਰੇ ਦੋਸ਼ਾਂ ਦੀ ਜਾਂਚ ਦੀ ਮੰਗ ਕਰਨ ਵਾਲੀ ਪਟੀਸ਼ਨ 'ਤੇ ਤੁਰੰਤ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ, ਜੋ ਕਿ ਇੱਕ ਵਿਅੰਗਮਈ ਡਿਜੀਟਲ ਸੰਗਠਨ ਹੈ ਜਿਸਨੇ ਹਾਲ ਹੀ ਵਿੱਚ ਸੋਸ਼ਲ ਮੀਡੀਆ 'ਤੇ ਤੂਫ਼ਾਨ ਮਚਾ ਦਿੱਤਾ ਹੈ। ਇਹ ਪੂਰਾ ਵਿਵਾਦ ਉਦੋਂ ਸ਼ੁਰੂ ਹੋਇਆ ਸੀ ਜਦੋਂ ਸੀਜੇਆਈ ਨੇ ਅਦਾਲਤ ਵਿੱਚ ਆਉਣ ਵਾਲੇ ਕੁਝ ਲੋਕਾਂ ਨੂੰ ਲੈ ਕੇ ਇੱਕ ਟਿੱਪਣੀ ਕੀਤੀ ਸੀ। ਮੁੱਖ ਜੱਜ ਨੇ ਬਾਅਦ ਵਿੱਚ ਇਸ 'ਤੇ ਸਥਿਤੀ ਸਾਫ਼ ਕਰਦਿਆਂ ਕਿਹਾ ਸੀ ਕਿ ਉਨ੍ਹਾਂ ਦੇ ਬਿਆਨ ਨੂੰ ਤੋੜ-ਮਰੋੜ ਕੇ ਅਤੇ ਸੰਦਰਭ ਤੋਂ ਬਾਹਰ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਦਾ ਇਰਾਦਾ ਸਿਰਫ਼ ਉਨ੍ਹਾਂ ਲੋਕਾਂ ਨੂੰ ਸੁਚੇਤ ਕਰਨਾ ਅਤੇ ਨਿਸ਼ਾਨਾ ਬਣਾਉਣਾ ਸੀ ਜੋ ਫਰਜ਼ੀ ਅਤੇ ਬੋਗਸ ਡਿਗਰੀਆਂ ਦੇ ਸਹਾਰੇ ਵਕਾਲਤ ਦੇ ਪੇਸ਼ੇ ਵਿੱਚ ਦਾਖਲ ਹੋ ਰਹੇ ਹਨ ਅਤੇ ਨਿਆਂ ਪ੍ਰਣਾਲੀ ਦੀ ਗਰਿਮਾ ਨੂੰ ਨੁਕਸਾਨ ਪਹੁੰਚਾ ਰਹੇ ਹਨ। ਸ਼ੁਰੂਆਤ ਵਿੱਚ ਜਿਸ ਕਾਕਰੋਚ ਜਨਤਾ ਪਾਰਟੀ ਨੂੰ ਸਿਰਫ਼ ਇੱਕ ਆਨਲਾਈਨ ਵਿਅੰਗ ਅਤੇ ਮਜ਼ਾਕ ਵਜੋਂ ਸ਼ੁਰੂ ਕੀਤਾ ਗਿਆ ਸੀ, ਉਹ ਬਹੁਤ ਘੱਟ ਸਮੇਂ ਵਿੱਚ ਡਿਜੀਟਲ ਅਸੰਤੋਸ਼ ਅਤੇ ਦੇਸ਼ ਦੇ ਨੌਜਵਾਨਾਂ ਦੀ ਨਿਰਾਸ਼ਾ ਨੂੰ ਪ੍ਰਗਟ ਕਰਨ ਦਾ ਇੱਕ ਵੱਡਾ ਮੰਚ ਬਣ ਚੁੱਕਾ ਹੈ। ਇਸੇ ਦੌਰਾਨ, ਬੀਤੇ ਸ਼ਨੀਵਾਰ ਨੂੰ ਕਾਕਰੋਚ ਜਨਤਾ ਪਾਰਟੀ ਦੀ ਅਧਿਕਾਰਤ ਵੈੱਬਸਾਈਟ ਨੂੰ ਅਚਾਨਕ ਬੈਨ ਕਰ ਦਿੱਤਾ ਗਿਆ। ਵੈੱਬਸਾਈਟ ਡਾਊਨ ਹੋਣ ਤੋਂ ਬਾਅਦ ਇਸ ਦੇ ਸੰਸਥਾਪਕ ਅਭਿਜੀਤ ਦਿਪਕੇ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇੱਕ ਭਾਵੁਕ ਪੋਸਟ ਸਾਂਝੀ ਕੀਤੀ। ਸੋਸ਼ਲ ਮੀਡੀਆ 'ਤੇ ਇਸ ਨਵੇਂ ਅੰਦੋਲਨ ਦੀ ਪ੍ਰਸਿੱਧੀ ਦਾ ਗ੍ਰਾਫ ਬਹੁਤ ਤੇਜ਼ੀ ਨਾਲ ਉੱਪਰ ਵੱਲ ਗਿਆ ਹੈ। ਵਰਤਮਾਨ ਵਿੱਚ ਇੰਸਟਾਗ੍ਰਾਮ 'ਤੇ ਇਸ ਪਲੇਟਫਾਰਮ ਦੇ 22 ਮਿਲੀਅਨ (2.2 ਕਰੋੜ) ਤੋਂ ਵੱਧ ਫਾਲੋਅਰਜ਼ ਹਨ, ਜਿਨ੍ਹਾਂ ਵਿੱਚ ਸਭ ਤੋਂ ਵੱਡੀ ਗਿਣਤੀ ਮਿਲੇਨੀਅਲਸ ਅਤੇ ਜੇਨ-ਜ਼ੀ ਨੌਜਵਾਨਾਂ ਦੀ ਹੈ। ਇਸ ਸੰਗਠਨ ਨੇ ਹਾਲ ਹੀ ਵਿੱਚ ਸਿੱਖਿਆ ਖੇਤਰ ਵਿੱਚ ਲਗਾਤਾਰ ਹੋ ਰਹੀਆਂ ਗੜਬੜੀਆਂ ਅਤੇ ਨੀਟ-ਯੂਜੀ 2026 ਪੇਪਰ ਲੀਕ ਵਿਵਾਦ ਨੂੰ ਲੈ ਕੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦੇ ਹੋਏ ਇੱਕ ਵੱਡੀ ਆਨਲਾਈਨ ਮੁਹਿੰਮ ਸ਼ੁਰੂ ਕੀਤੀ ਸੀ। ਆਪਣੇ ਬੈਕਅੱਪ ਸੋਸ਼ਲ ਮੀਡੀਆ ਖਾਤਿਆਂ 'ਤੇ ਸਾਂਝੀ ਕੀਤੀ ਗਈ ਜਾਣਕਾਰੀ ਵਿੱਚ ਇਸ ਅੰਦੋਲਨ ਨੇ ਦਾਅਵਾ ਕੀਤਾ ਹੈ ਕਿ ਪਹਿਲੇ ਇੱਕ ਹਫ਼ਤੇ ਦੇ ਅੰਦਰ-ਅੰਦਰ ਹੀ ਉਨ੍ਹਾਂ ਨਾਲ 10 ਲੱਖ ਤੋਂ ਵੱਧ ਰਜਿਸਟਰਡ 'ਕਾਕਰੋਚ' ਯਾਨੀ ਸਮਰਥਕ ਜੁੜ ਚੁੱਕੇ ਹਨ।



'ਕਾਕਰੋਚ ਜਨਤਾ ਪਾਰਟੀ' ਮਾਮਲੇ 'ਚ ਸੁਪਰੀਮ ਕੋਰਟ ਦੀ ਅਹਿਮ ਟਿੱਪਣੀ: ਸੀਜੇਆਈ ਸੂਰਿਆਕਾਂਤ ਬੋਲੇ- 'ਇੰਨੇ ਭਾਵੁਕ ਨਾ ਹੋਵੋ'

### ਪੰਜਾਬ 'ਚ ਝੋਨੇ ਦੀ ਸਿੱਧੀ ਬਿਜਾਈ ਲਈ ਸਰਕਾਰ ਵਲੋਂ ਵੱਡੀ ਮੁਹਿੰਮ ਸ਼ੁਰੂ

# ਪੰਜਾਬ ਸਰਕਾਰ ਨੇ ਮਿੱਥਿਆ 5 ਲੱਖ ਏਕੜ ਦਾ ਟੀਚਾ, ਕਿਸਾਨਾਂ ਨੂੰ ਮਿਲੇਗੀ 1500 ਰੁਪਏ ਸਬਸਿਡੀ

**ਪਟਿਆਲਾ, 25 ਮਈ (ਰਾਜਿੰਦਰ ਸਿੰਘ ਥਿੰਦ) :** ਭਾਰਤ ਵਿੱਚ ਸਭ ਤੋਂ ਵੱਧ ਪਾਣੀ ਦੇ ਸੰਕਟ ਨਾਲ ਜੂਝ ਰਹੇ ਸੂਬਿਆਂ ਵਿੱਚੋਂ ਇੱਕ, ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦੇ ਤੇਜ਼ੀ ਨਾਲ ਡਿੱਗ ਰਹੇ ਪੱਧਰ ਨੂੰ ਰੋਕਣ ਲਈ ਸੂਬਾ ਸਰਕਾਰ ਨੇ ਕਮਰ ਕੱਸ ਲਈ ਹੈ। ਪਾਣੀ ਦੀ ਬਚਤ ਕਰਨ ਵਾਲੀ ਤਕਨੀਕ 'ਝੋਨੇ ਦੀ ਸਿੱਧੀ ਬਿਜਾਈ' ਨੂੰ ਵੱਡੇ ਪੱਧਰ 'ਤੇ ਉਤਸ਼ਾਹਿਤ ਕਰਨ ਲਈ ਸਰਕਾਰ ਨੇ ਇਸ ਵਾਰ ਵਿਸ਼ੇਸ਼ ਰਣਨੀਤੀ ਉਲੀਕੀ ਹੈ। ਸਰਕਾਰੀ ਅੰਕੜਿਆਂ ਮੁਤਾਬਕ ਪੰਜਾਬ ਆਪਣੀ ਸਾਲਾਨਾ ਰੀਚਾਰਜ ਸਮਰੱਥਾ ਦੇ ਮੁਕਾਬਲੇ 156.36 ਫੀਸਦੀ ਜ਼ਿਆਦਾ ਪਾਣੀ ਹੇਠੋਂ ਕੱਢ ਰਿਹਾ ਹੈ। ਚਿੰਤਾਜਨਕ ਗੱਲ ਇਹ ਹੈ ਕਿ ਸੂਬੇ ਦੇ ਕੁੱਲ 153 ਪ੍ਰਸ਼ਾਸਨਿਕ ਬਲਾਕਾਂ ਵਿੱਚੋਂ 111 ਬਲਾਕਾਂ ਨੂੰ ਡਾਰਕ ਜ਼ੋਨ (ਓਵਰ-ਐਕਸਪਲੋਇਟਿਡ) ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਸਾਰੇ ਬਲਾਕਾਂ ਵਿੱਚ, 72.5 ਫੀਸਦੀ ਇਲਾਕਿਆਂ ਵਿੱਚ ਪਾਣੀ ਉਨਾ ਜ਼ਮੀਨ ਦੇ ਅੰਦਰ ਜਾ ਨਹੀਂ ਰਿਹਾ, ਜਿਨਾ ਮੋਟਰਾਂ ਰਾਹੀਂ ਬਾਹਰ ਖਿੱਚਿਆ ਜਾ ਰਿਹਾ ਹੈ। ਇਸ ਗੰਭੀਰ ਸੰਕਟ ਨੂੰ ਦੇਖਦਿਆਂ ਪੰਜਾਬ ਸਰਕਾਰ ਵੱਲੋਂ ਸਿੱਧੀ ਬਿਜਾਈ 'ਤੇ ਜ਼ੋਰ ਦਿੱਤਾ ਜਾ ਰਿਹਾ ਹੈ। ਸਾਲ 2026-27 ਦੇ ਫ਼ਸਲੀ ਸੀਜ਼ਨ ਲਈ ਸਰਕਾਰ ਨੇ ਸੂਬੇ ਭਰ ਵਿੱਚ 5 ਲੱਖ ਏਕੜ ਖੇਤੀ ਯੋਗ ਜ਼ਮੀਨ ਨੂੰ ਡੀ.ਐੱਸ.ਆਰ. ਤਕਨੀਕ ਅਧੀਨ ਲਿਆਉਣ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਟੀਚਾ ਮਿੱਥਿਆ ਹੈ। ਇਸ ਯੋਜਨਾ ਤਹਿਤ ਇਸ ਤਕਨੀਕ ਨੂੰ ਅਪਣਾਉਣ ਵਾਲੇ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਲਈ ਇੱਕ ਆਨਲਾਈਨ ਪੋਰਟਲ ਰਾਹੀਂ 1500 ਰੁਪਏ ਪ੍ਰਤੀ ਏਕੜ ਦੀ ਵਿੱਤੀ ਸਹਾਇਤਾ ਸਿੱਧੀ ਉਨ੍ਹਾਂ ਦੇ ਖਾਤਿਆਂ ਵਿੱਚ ਦਿੱਤੀ ਜਾਵੇਗੀ। ਸਰਕਾਰ ਨੇ ਆਉਣ ਵਾਲੇ ਵਿੱਤੀ ਸਾਲ ਦੌਰਾਨ ਇਸ ਪ੍ਰੋਗਰਾਮ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ 40 ਕਰੋੜ ਰੁਪਏ ਦਾ ਬਜਟ ਰਾਖਵਾਂ ਰੱਖਿਆ ਹੈ। ਸਰਕਾਰੀ ਰਿਕਾਰਡ ਅਨੁਸਾਰ, ਪਿਛਲੇ ਸਾਲ (2025-26) ਦੌਰਾਨ ਸੂਬੇ ਦੇ ਲਗਭਗ 23,410 ਕਿਸਾਨਾਂ ਨੇ ਇਸ ਪਾਣੀ ਬਚਾਓ ਤਕਨੀਕ ਨੂੰ ਅਪਣਾਇਆ ਸੀ, ਜਿਨ੍ਹਾਂ ਨੂੰ ਸਰਕਾਰ ਵੱਲੋਂ ਸਮੂਹਿਕ ਤੌਰ 'ਤੇ 35.38 ਕਰੋੜ ਰੁਪਏ ਦੀ ਮਦਦ ਰਾਸ਼ੀ ਜਾਰੀ ਕੀਤੀ ਗਈ ਸੀ। ਇਹ ਮੁਹਿੰਮ ਪੰਜਾਬ ਸਰਕਾਰ ਦੀ ਉਸ ਵਿਆਪਕ ਰਣਨੀਤੀ ਦਾ ਹਿੱਸਾ ਹੈ ਜਿਸ ਤਹਿਤ ਰਵਾਇਤੀ ਕੱਦੂ ਕਰਕੇ ਝੋਨਾ ਲਾਉਣ ਦੀ ਪ੍ਰਥਾ 'ਤੇ ਨਿਰਭਰਤਾ ਘਟਾਉਣੀ ਹੈ। ਖੇਤੀਬਾੜੀ ਮਾਹਰਾਂ ਦਾ ਮੰਨਣਾ ਹੈ ਕਿ ਰਵਾਇਤੀ ਤਰੀਕਿਆਂ ਦੇ ਮੁਕਾਬਲੇ ਸਿੱਧੀ ਬਿਜਾਈ ਨਾ ਸਿਰਫ਼ ਪਾਣੀ ਦੀ ਖਪਤ ਨੂੰ ਬਹੁਤ ਘਟਾਉਂਦੀ ਹੈ, ਸਗੋਂ ਇਸ ਨਾਲ ਲੇਬਰ ਦਾ ਖਰਚਾ ਅਤੇ ਬਿਜਲੀ ਦੀ ਵਰਤੋਂ ਵੀ ਘੱਟ ਹੁੰਦੀ ਹੈ, ਜਿਸ ਨਾਲ ਪੰਜਾਬ ਦੇ ਕਿਸਾਨਾਂ ਅਤੇ ਵਾਤਾਵਰਣ ਦੋਵਾਂ ਨੂੰ ਵੱਡੀ ਰਾਹਤ ਮਿਲ ਸਕਦੀ ਹੈ।



## ਭਾਰਤ ਵਿੱਚ ਲਾਂਚ ਹੋਈ ਨਵੀਂ ਮਿਨੀ ਕੂਪਰ ਐਸ ਜੀਪੀ ਇੰਸਪਾਇਰਡ ਐਡੀਸ਼ਨ



**ਚੰਡੀਗੜ੍ਹ, 25 ਮਈ (ਬਿਊਰੋ) :** ਬੀਐਮਡਬਲਿਊ ਗਰੁੱਪ ਇੰਡੀਆ ਨੇ ਭਾਰਤ ਵਿੱਚ ਨਵੀਂ ਮਿਨੀ ਕੂਪਰ ਐਸ ਜੀਪੀ ਇੰਸਪਾਇਰਡ ਐਡੀਸ਼ਨ ਲਾਂਚ ਕਰ ਦਿੱਤੀ ਹੈ। [illegible] ਕਾਰ ਦੀ ਐਕਸ-ਸ਼ੋਅਰੂਮ ਕੀਮਤ 58.90 ਲੱਖ ਰੁਪਏ ਰੱਖੀ ਗਈ ਹੈ। ... '1/30' ... 204 hp ਦੀ ਪਾਵਰ ਅਤੇ 300 ਐਨਐਮ ਟਾਰਕ ... 0 ਤੋਂ 100 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ 6.6 ਸਕਿੰਟ ਵਿੱਚ ਫੜ ਲੈਂਦੀ ਹੈ, ਜਦਕਿ ਇਸਦੀ ਟਾਪ ਸਪੀਡ 242 ਕਿਲੋਮੀਟਰ ਪ੍ਰਤੀ ਘੰਟਾ ਹੈ।

# ਯੂਰੀਆ ਖਾਦ ਨਾਲ ਫਾਲਤੂ ਵਸਤੂਆਂ ਐਡ ਕਰਕੇ ਕਿਸਾਨਾਂ ਦੀ ਲੁੱਟ ਕਰਨ ਵਾਲਿਆਂ ਖਿਲਾਫ਼ ਪੰਜਾਬ ਸਰਕਾਰ ਕਰੇ ਸਖਤ ਕਾਰਵਾਈ : ਦੌਲਤਪੁਰਾ



**ਮੋਗਾ, 25 ਮਈ (ਜਗਰਾਜ ਸਿੰਘ ਸੰਧਾ) :** ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਭੂਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਯੂਥ ਪ੍ਰਧਾਨ ਜਸਵੀਰ ਸਿੰਘ ਜੱਗੀ ਬਾਘਾ ਪੁਰਾਣਾ, ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ, ਅਤੇ ਸੁਖਚੈਨ ਸਿੰਘ ਬਰਾੜ ਕੰਨੀਆਂ ਨੇ ਮੀਡੀਆ ਨੂੰ ਸਾਂਝੇ ਤੌਰ ਤੇ ਬਿਆਨ ਜਾਰੀ ਕਰਦੇ ਹੋਏ ਕਿਹਾ ਹੈ ਕਿ ਪੰਜਾਬ ਵਿੱਚ ਯੂਰੀਆ ਖਾਦ ਦੀ ਕਾਲਾਬਾਜ਼ਾਰੀ ਦੇ ਨਾਲ-ਨਾਲ ਹੁਣ ਖਾਦ ਕੰਪਨੀਆਂ ਅਤੇ ਡੀਲਰਾਂ ਵੱਲੋਂ ਕਿਸਾਨਾਂ ਨੂੰ ਯੂਰੀਆ ਦੇ ਗੱਟੇ ਨਾਲ ਜਬਰੀ ਨੈਨੋ ਯੂਰੀਆ, ਸਲਫਰ, ਜ਼ਿੰਕ, ਮਾਈਕ੍ਰੋ ਰਾਜਾ, ਅਤੇ ਹੋਰ ਵਾਧੂ ਉਤਪਾਦ ਖਰੀਦਣ ਲਈ ਮਜਬੂਰ ਕੀਤਾ ਜਾ ਰਿਹਾ ਹੈ। ਕਿਸਾਨ ਯੂਨੀਅਨਾਂ ਨੇ ਇਸ ਨੂੰ 'ਟੈਗਿੰਗ ਦਾ ਕਾਲਾ ਧੰਦਾ' ਕਰਾਰ ਦਿੰਦਿਆਂ ਹੋਇਆਂ ਕਿਹਾ ਹੈ ਕਿ ਇਹ ਸਿੱਧੇ ਤੌਰ ਤੇ ਕਿਸਾਨਾਂ ਨਾਲ ਸਰਾਸਰ ਬੇਇਨਸਾਫੀ ਹੈ। ਪ੍ਰਧਾਨ ਦੌਲਤਪੁਰਾ ਨੇ ਦੱਸਿਆ, '266 ਰੁਪਏ ਵਾਲੇ ਯੂਰੀਆ ਦੇ ਗੱਟੇ ਨਾਲ 500 ਤੋਂ 1200 ਰੁਪਏ ਦੀਆਂ ਵਸਤੂਆਂ ਜਬਰੀ ਦਿੱਤੀਆਂ ਜਾ ਰਹੀਆਂ ਹਨ। ਕਿਸਾਨ ਨੂੰ ਸਿਰਫ ਯੂਰੀਆ ਚਾਹੀਦਾ ਹੈ ਪਰ ਡੀਲਰ ਕਹਿੰਦਾ ਹੈ 'ਪਹਿਲਾਂ ਇਹ ਬੋਤਲ ਲਓ, ਫਿਰ ਯੂਰੀਆ ਮਿਲੇਗਾ'। ਜਿਸ ਨੈਨੋ ਯੂਰੀਆ ਦੀ ਕਿਸਾਨ ਨੂੰ ਲੋੜ ਹੀ ਨਹੀਂ, ਉਹ 240 ਰੁਪਏ ਦੀ ਬੋਤਲ ਟਿਕਾ ਦਿੱਤੀ ਜਾਂਦੀ ਹੈ। ਇਹ ਸਰਾਸਰ ਗੁੰਡਾਗਰਦੀ ਹੈ।' ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਬਠਿੰਡਾ, ਮਾਨਸਾ, ਸੰਗਰੂਰ, ਮੋਗਾ ਜ਼ਿਲ੍ਹਿਆਂ ਤੋਂ ਆ ਰਹੀਆਂ ਜਾਣਕਾਰੀਆਂ ਮੁਤਾਬਕ ਡੀਲਰ ਯੂਰੀਆ ਦੇ 1 ਗੱਟੇ ਨਾਲ 2 ਬੋਤਲ ਨੈਨੋ ਯੂਰੀਆ, 1 ਕਿੱਲੋ ਸਲਫਰ ਤੇ 1 ਡੱਬਾ ਕੀਟਨਾਸ਼ਕ, ਤੇ ਕਈ ਹੋਰ ਕਿਸਮ ਦੀਆਂ ਫਾਲਤੂ ਦਵਾਈਆਂ ਜਬਰੀ ਦੇ ਰਹੇ ਹਨ। ਕੁੱਲ ਬਿੱਲ 1500 ਰੁਪਏ ਬਣ ਜਾਂਦਾ ਹੈ ਜਾਣਬੁੱਝ ਕੇ ਯੂਰੀਆ ਦੀ ਕਿੱਲਤ ਪੈਦਾ ਕੀਤੀ ਜਾਂਦੀ ਹੈ ਤਾਂ ਜੋ ਕਿਸਾਨ ਮਜਬੂਰੀ ਵੱਸ ਫਾਲਤੂ ਸਾਮਾਨ ਖਰੀਦੇ ਕਈ ਡੀਲਰ ਫਾਲਤੂ ਵਸਤੂਆਂ ਦਾ ਬਿੱਲ ਹੀ ਨਹੀਂ ਦਿੰਦੇ ਇਫਕੋ, ਕ੍ਰਿਭਕੋ ਸਮੇਤ ਨਿੱਜੀ ਕੰਪਨੀਆਂ ਦੇ ਏਜੰਟ ਡੀਲਰਾਂ 'ਤੇ ਟਾਰਗੇਟ ਪੂਰਾ ਕਰਨ ਦਾ ਦਬਾਅ ਪਾਉਂਦੇ ਹਨ ਉਹਨਾਂ ਨੇ ਪੰਜਾਬ ਦੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਸਾਰੇ ਕਿਸਾਨ ਹਰ ਇਕ ਚੀਜ਼ ਦਾ ਯੂਰੀਆ ਰੇਹਾਂ ਸਪਰੇਹਾਂ ਅਤੇ ਜੋ ਵੀ ਵਾਧੂ ਵਸਤੂਆਂ ਨਾਲ ਦਿੱਤੀਆਂ ਜਾਂਦੀਆਂ ਹਨ ਉਸ ਦਾ ਪੱਕਾ ਬਿੱਲ ਜਰੂਰ ਲੈਣ ਪੱਕੇ ਬਿੱਲ ਤੋਂ ਬਗੈਰ ਕੋਈ ਵੀ ਵਸਤੂ ਨਾ ਖਰੀਦੀ ਜਾਵੇ। ਜਿਹੜਾ ਡੀਲਰ ਯੂਰੀਆ ਨਾਲ ਫਾਲਤੂ ਸਾਮਾਨ ਟੈਗ ਕਰੇ, ਉਸ ਦਾ ਲਾਇਸੈਂਸ ਤੁਰੰਤ ਰੱਦ ਕਰਕੇ 5 ਲੱਖ ਜੁਰਮਾਨਾ ਕੀਤਾ ਜਾਵੇ ਹਰ ਜ਼ਿਲ੍ਹੇ ਵਿੱਚ 43 ਦੀ ਅਗਵਾਈ ਹੇਠ ਉਡਣ ਦਸਤੇ ਬਣਾਏ ਜਾਣ। ਜਿਹੜੇ ਡੀਲਰਾਂ ਦਾ ਕੋਟਾ 50% ਘਟਾਇਆ ਜਾਵੇ ਟੈਗਿੰਗ ਦੀ ਸ਼ਿਕਾਇਤ ਲਈ ਟੋਲ ਫ੍ਰੀ ਨੰਬਰ ਜਾਰੀ ਕੀਤਾ ਜਾਵੇ ਜਿਸ ਤੇ 24 ਘੰਟੇ ਵਿੱਚ ਕਾਰਵਾਈ ਹੋਵੇ। ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਨੇ ਕਿਹਾ ਜੋ ਮਾਨਯੋਗ ਸੁਪਰੀਮ ਕੋਰਟ ਨੇ ਅਵਾਰਾ ਕੁੱਤਿਆਂ ਲਈ ਫੈਸਲਾ ਕੀਤਾ ਹੈ ਉਹ ਬਹੁਤ ਸ਼ਲਾਘਾਯੋਗ ਹੈ ਉਹਨਾਂ ਕਿਹਾ ਹੈ ਕਿ ਅਸੀਂ ਕੁੱਤਿਆਂ ਦੇ ਦੁਸ਼ਮਣ ਨਹੀਂ, ਪਰ ਜਦੋਂ 10-15 ਕੁੱਤਿਆਂ ਦਾ ਝੁੰਡ ਖੇਤ ਵਿੱਚ ਵੜ ਕੇ 2 ਕਿੱਲੇ ਕਣਕ ਤਬਾਹ ਕਰ ਦੇਵੇ ਜਾਂ ਗਰੀਬ ਦੀ ਇੱਕ-ਇੱਕ ਬੱਕਰੀ ਪਾੜ ਦੇਵੇ, ਅਤੇ ਸ਼ਹਿਰਾਂ ਪਿੰਡਾਂ ਵਿੱਚ ਨਿੱਕੇ ਨਿੱਕੇ ਮਾਸੂਮ ਬੱਚਿਆਂ ਬਜ਼ੁਰਗਾਂ ਨੂੰ ਬੁਰੀ ਤਰ੍ਹਾਂ ਨੋਚ ਕੇ ਮਾਰ ਦਿੰਦੇ ਹਨ ਤਾਂ ਆਮ ਲੋਕ ਤੇ ਕਿਸਾਨ ਕਿੱਥੇ ਜਾਵੇ? ਅਦਾਲਤ ਨੇ ਇਨਸਾਨ ਤੇ ਜਾਨਵਰ ਦੋਵਾਂ ਦਾ ਸੰਤੁਲਨ ਬਣਾਇਆ ਹੈ। ਨਾ ਕੁੱਤੇ ਮਾਰਨ ਦੀ ਗੱਲ, ਨਾ ਕਿਸਾਨ ਮਰਨ ਦੀ ਗੱਲ। ਇਹ ਹੀ ਇਨਸਾਫ ਹੁੰਦਾ ਹੈ। ਕੁੱਤਾ ਵੱਢਣ ਨਾਲ ਕਿਸਾਨ ਜਾਂ ਪਸ਼ੂ ਦੇ ਨੁਕਸਾਨ ਦਾ ਮੁਆਵਜ਼ਾ 50 ਹਜ਼ਾਰ ਤੈਅ ਕੀਤਾ ਜਾਵੇ ਹਰ ਬਲਾਕ ਵਿੱਚ ਇੱਕ ਮੋਬਾਈਲ ਵੈਟਨਰੀ ਵੈਨ ਸਿਰਫ ਕੁੱਤਿਆਂ ਦੀ ਨਸਬੰਦੀ ਲਈ ਲਾਈ ਜਾਵੇ।

# ਨਗਰ ਨਿਗਮ ਬਠਿੰਡਾ ਸਮੇਤ 6 ਨਗਰ ਕੌਂਸਲ ਅਤੇ 8 ਨਗਰ ਪੰਚਾਇਤਾਂ ਲਈ ਸਵੇਰ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ ਵੋਟਾਂ : ਜ਼ਿਲ੍ਹਾ ਚੋਣ ਅਫ਼ਸਰ

**ਬਠਿੰਡਾ, 25 ਮਈ (ਰਾਣਾ ਸ਼ਰਮਾ) :** ਨਗਰ ਨਿਗਮ/ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ 2026 ਦੇ ਮੱਦੇਨਜ਼ਰ ਰਾਜੇਸ਼ ਧੀਮਾਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਅਤੇ ਜ਼ਿਲ੍ਹਾ ਪੁਲੀਸ ਮੁਖੀ ਡਾ. ਜਯੋਤੀ ਯਾਦਵ ਬੈਂਸ ਨੇ ਅੱਜ ਜ਼ਿਲ੍ਹਾ ਬਠਿੰਡਾ ਦਾ ਦੌਰਾ ਕਰਕੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਸਰਕਾਰੀ ਰਜਿੰਦਰਾ ਸਕੂਲ, ਤਲਵੰਡੀ ਸਾਬੋ ਦਾ ਦੌਰਾ ਕੀਤਾ ਜਿੱਥੇ ਸਟਰਾਂਗ ਰੂਮ ਅਤੇ ਗਿਣਤੀ ਕੇਂਦਰ ਦਾ ਨਿਰੀਖਣ ਕੀਤਾ। ਇਸ ਮਗਰੋਂ ਉਨ੍ਹਾਂ ਪੋਸਕੋ ਬਠਿੰਡਾ ਵਿਖੇ ਸਥਿਤ ਸਟਰਾਂਗ ਰੂਮ ਅਤੇ ਗਿਣਤੀ ਕੇਂਦਰ ਦੇ ਨਿਰੀਖਣ ਤੋਂ ਇਲਾਵਾ ਵੱਖ-ਵੱਖ ਚੋਣ ਬੂਥਾਂ ਦਾ ਦੌਰਾ ਕੀਤਾ ਅਤੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ। ਰਾਜੇਸ਼ ਧੀਮਾਨ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਬਠਿੰਡਾ ਵਿੱਚ ਨਗਰ ਨਿਗਮ ਬਠਿੰਡਾ, ਨਗਰ ਕੌਂਸਲ ਭੁੱਚੋ ਮੰਡੀ, ਗੋਨਿਆਣਾ, ਰਾਮਾਂ, ਮੌੜ, ਕੋਟਫੱਤਾ ਅਤੇ ਸੰਗਤ ਦੇ ਨਾਲ-ਨਾਲ ਨਗਰ ਪੰਚਾਇਤ ਕੋਟਸ਼ਮੀਰ, ਲਹਿਰਾ ਮੁਹੱਬਤ, ਨਥਾਣਾ, ਭਗਤਾ ਭਾਈਕਾ, ਭਾਈ ਰੂਪਾ, ਕੋਠਾਗੁਰੂ, ਮਲੂਕਾ ਅਤੇ ਮਹਿਰਾਜ ਨਗਰ ਪੰਚਾਇਤਾਂ ਲਈ ਵੋਟਾਂ ਭਲਕੇ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਉਨ੍ਹਾਂ ਦੱਸਿਆ ਕਿ ਕੁੱਲ 387 ਪੋਲਿੰਗ ਪਾਰਟੀਆਂ ਅੱਜ 387 ਪੋਲਿੰਗ ਬੂਥਾਂ ਲਈ ਰਵਾਨਾ ਕੀਤੀਆਂ ਗਈਆਂ। ਇਨ੍ਹਾਂ ਵਿੱਚ ਕੁਲ 1930 ਕਰਮਚਾਰੀ ਤੈਨਾਤ ਹਨ। ਉਨ੍ਹਾਂ ਸਮੂਹ ਵੋਟਰਾਂ, ਰਾਜਨੀਤਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਇਸ ਪ੍ਰਕਿਰਿਆ ਨੂੰ ਨਿਰਪੱਖ ਅਤੇ ਅਮਨ-ਅਮਾਨ ਨਾਲ ਸਿਰੇ ਚੜ੍ਹਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ। ਇਥੇ ਜ਼ਿਕਰਯੋਗ ਹੈ ਕਿ ਜ਼ਿਲ੍ਹੇ ਭਰ ਵਿੱਚ ਕੁੱਲ 1118 ਨਾਮਜ਼ਦਗੀ ਪੱਤਰ ਦਾਖਲ ਹੋਏ ਸਨ, ਜਿਸ ਵਿੱਚੋਂ 82 ਨਾਮਜ਼ਦਗੀਆਂ ਵੱਖ-ਵੱਖ ਕਾਰਨਾਂ ਕਰਕੇ ਰੱਦ ਪਾਈਆਂ ਗਈਆਂ, 227 ਨਾਮਜ਼ਦਗੀ ਪੱਤਰ ਵਾਪਿਸ ਲਏ ਗਏ ਅਤੇ 14 ਉਮੀਦਵਾਰ ਬਿਨਾ ਮੁਕਾਬਲਾ ਜੇਤੂ ਰਹੇ ਅਤੇ ਹੁਣ 210 ਵਾਰਡਾਂ ਲਈ 795 ਉਮੀਦਵਾਰ ਚੋਣ ਮੈਦਾਨ ਵਿੱਚ ਰਹਿ ਗਏ ਹਨ। ਐੱਸ.ਐੱਸ.ਪੀ. ਬਠਿੰਡਾ ਡਾ. ਜਯੋਤੀ ਯਾਦਵ ਬੈਂਸ ਨੇ ਦੱਸਿਆ ਕਿ ਚੋਣਾਂ ਨੂੰ ਸੁਚੱਜੇ ਢੰਗ ਨਾਲ ਅਤੇ ਅਮਨ ਕਾਨੂੰਨ ਨਾਲ ਨੇਪਰੇ ਚਾੜ੍ਹਨ ਲਈ 1600 ਪੁਲਿਸ ਅਫਸਰਾਂ ਅਤੇ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ। ਹਰ ਇਕ ਰਿਟਰਨਿੰਗ ਅਫਸਰ ਨਾਲ ਗਜ਼ਟਿਡ ਪੁਲਿਸ ਅਫਸਰ ਅਤੇ ਪੁਲਿਸ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਤੋਂ ਇਲਾਵਾ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਂਦਿਆਂ ਪੁਲਿਸ ਟੀਮਾਂ 24 ਘੰਟੇ ਵੱਖ-ਵੱਖ ਸਥਾਨਾਂ ਉੱਤੇ ਤਾਇਨਾਤ ਹਨ। ਚੋਣ ਕਮਿਸ਼ਨ ਦੀਆਂ ਹਿਦਾਇਤਾਂ ਅਨੁਸਾਰ ਸਥਾਪਤ ਕੀਤੇ ਗਏ ਸਟਰਾਂਗ ਰੂਮ ਅਤੇ ਗਿਣਤੀ ਕੇਂਦਰਾਂ ਵਿਖੇ ਵੀ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ।



- ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ
- 387 ਟੀਮਾਂ 'ਚ 1930 ਚੋਣ ਅਮਲਾ ਤਾਇਨਾਤ
- 1600 ਪੁਲਿਸ ਕਰਮੀ ਤਾਇਨਾਤ
- 795 ਉਮੀਦਵਾਰ ਮੈਦਾਨ 'ਚ

# ਖੇਤੀਬਾੜੀ ਵਿਕਾਸ ਬੈਂਕ ਨਾਲ ਜੁੜੀਆਂ ਮੰਗਾਂ ਮੰਨੇ ਸਰਕਾਰ ਨਹੀਂ ਤਾਂ ਹੋਵੇਗਾ ਵੱਡੇ ਸੰਘਰਸ਼ ਦਾ ਐਲਾਨ : ਭਾਰਤੀ ਕਿਸਾਨ ਯੂਨੀਅਨ ਏਕਤਾ



**ਲਹਿਰਾਗਾਗਾ, 25 ਮਈ (ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ) :** ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੀ ਬਲਾਕ ਪੱਧਰੀ ਮੀਟਿੰਗ ਬਲਾਕ ਜਨਰਲ ਸਕੱਤਰ ਗੁਰਮੇਲ ਸਿੰਘ ਜਲੂਰ ਦੀ ਅਗਵਾਈ ਹੇਠ ਗੁਰਦੁਆਰਾ ਸਾਹਿਬ ਧੰਨਾ ਭਗਤ ਲਹਿਰਾਗਾਗਾ ਵਿਖੇ ਹੋਈ ਜਿਸ ਵਿੱਚ ਬਲਾਕ ਦੀ ਗਿਣਤੀ ਦੇ ਪਿੰਡ ਇਕਾਈਆਂ ਦੇ ਆਗੂਆਂ ਨੇ ਹਿੱਸਾ ਲਿਆ, ਮੀਟਿੰਗ ਵਿੱਚ ਜ਼ਿਲ੍ਹਾ ਜਨਰਲ ਸਕੱਤਰ ਰਣ ਸਿੰਘ ਚੱਠਾ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਮੀਟਿੰਗ ਦੌਰਾਨ ਬਲਾਕ ਕਮੇਟੀ ਦੇ ਵਾਧਾ ਕਰਦਿਆਂ ਸਰਬਸੰਮਤੀ ਨਾਲ ਮਨਿੰਦਰ ਸਿੰਘ ਲਦਾਲ ਨੂੰ ਬਲਾਕ ਮੀਤ ਪ੍ਰਧਾਨ ਤੇ ਮੇਜਰ ਸਿੰਘ ਸੁਜਾਣ ਸਿੰਘ ਭੈਣੀ ਨੂੰ ਜਥੇਬੰਦਕ ਸਕੱਤਰ ਤੇ ਗੁਰਦਿਆਲ ਸਿੰਘ ਗਦੜਿਆਣੀ ਨੂੰ ਪ੍ਰਚਾਰ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਰਣ ਸਿੰਘ ਚੱਠਾ ਨੇ ਕਿਹਾ ਕਿ ਖੇਤੀਬਾੜੀ ਵਿਕਾਸ ਬੈਂਕ ਨਾਲ ਸਬੰਧਿਤ ਮੰਗਾਂ ਨੂੰ ਲੈ ਕੇ ਪੰਜਾਬ ਦੇ 12 ਜ਼ਿਲ੍ਹਿਆਂ ਚ ਇਨ੍ਹਾਂ ਬੈਂਕਾਂ ਨੂੰ ਜਿੰਦਰਾ ਮਾਰਕੇ ਚੱਲ ਰਹੇ ਧਰਨਿਆਂ ਤਹਿਤ ਜ਼ਿਲ੍ਹਾ ਸੰਗਰੂਰ ਅੰਦਰ ਸੁਨਾਮ ਬੈਂਕ ਅੱਗੇ ਵੀ ਪੱਕਾ ਧਰਨਾ 11 ਮਈ ਤੋਂ ਲਗਾਤਾਰ ਜਾਰੀ ਹੈ, ਰਣ ਸਿੰਘ ਚੱਠਾ ਨੇ ਕਿਹਾ ਕਿ ਕਿਸਾਨਾਂ ਦੀਆਂ ਖੇਤੀਬਾੜੀ ਵਿਕਾਸ ਬੈਂਕਾਂ ਨਾਲ ਜੁੜੀਆਂ ਮੰਗਾਂ ਸਰਕਾਰ ਫੌਰੀ ਤੌਰ ਤੇ ਮੰਨੇ ਨਹੀਂ ਤਾਂ 27 ਅਕਤੂਬਰ ਨੂੰ ਸਿੱਧੂਪੁਰ ਦੀ ਹੋਣ ਵਾਲੀ ਸੂਬਾ ਪੱਧਰੀ ਮੀਟਿੰਗ ਵਿੱਚ ਵਿਚਾਰ ਚਰਚਾ ਕਰਕੇ ਵੱਡੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਰਣ ਸਿੰਘ ਚੱਠਾ ਨੇ ਕਿਹਾ ਕਿ ਕੇਂਦਰ ਸਰਕਾਰ ਨਾਲ ਸੰਬੰਧਿਤ ਮੰਗਾਂ ਨੂੰ ਲੈ ਕੇ ਜੋ ਲੰਮਾ ਸਮਾਂ ਖਨੌਰੀ ਤੇ ਸ਼ੰਭੂ ਬਾਰਡਰਾਂ ਤੇ ਚੱਲੇ ਕਿਸਾਨ ਅੰਦੋਲਨ ਨੂੰ ਪੰਜਾਬ ਸਰਕਾਰ ਵੱਲੋਂ ਜੋ ਸੋਚੀ ਸਮਝੀ ਸਾਜਿਸ਼ ਤਹਿਤ ਖਦੇੜਨ ਲਈ ਜੋ ਧੋਖੇ ਨਾਲ ਕਿਸਾਨਾਂ ਦੀ ਭਰਪਾਈ ਨੂੰ ਲੈ ਕੇ ਪੂਰੇ ਪੰਜਾਬ ਅੰਦਰ ਮੁੱਖ ਮੰਤਰੀ ਦੀ ਆਮਦ ਤੇ ਸਵਾਲ ਜਵਾਬ ਕਰਨ ਦੇ ਉਲੀਕੇ ਪ੍ਰੋਗਰਾਮ ਲਗਾਤਾਰ ਜਾਰੀ ਹਨ, ਜ਼ਿਲ੍ਹਾ ਸੰਗਰੂਰ ਅੰਦਰ ਮੁੱਖ ਮੰਤਰੀ ਭਗਵੰਤ ਮਾਨ ਜਿੱਥੇ ਵੀ ਆਉਣਗੇ ਉਹਨਾਂ ਦੇ ਹਰ ਪ੍ਰੋਗਰਾਮ ਚ ਸਵਾਲ ਕਰਨ ਲਈ ਪਹੁੰਚਿਆ ਜਾਵੇਗਾ। ਮੀਟਿੰਗ ਚ ਰਾਮਫਲ ਸਿੰਘ ਜਲੂਰ, ਜਤਿੰਦਰ ਸਿੰਘ ਜਲੂਰ, ਮਨਿੰਦਰ ਸਿੰਘ ਲਦਾਲ, ਮੇਜਰ ਸਿੰਘ ਸੁਜਾਣ ਸਿੰਘ ਭੈਣੀ, ਬਲਕਾਰ ਸਿੰਘ ਲਹਿਲ ਖੁਰਦ ਵੱਲੋਂ ਵੀ ਸੰਬੋਧਨ ਕੀਤਾ ਗਿਆ। ਇਸ ਮੌਕੇ ਮਨਪ੍ਰੀਤ ਸਿੰਘ ਗਾਗਾ, ਗੁਰਦਿਆਲ ਸਿੰਘ ਗਦੜਿਆਣੀ, ਕਾਕਾ ਸਿੰਘ ਲਲੌਮਡਡ, ਮਿੱਠੂ ਸਿੰਘ ਭੂਟਾਲ ਕਲਾਂ, ਗੁਰਦੇਵ ਸਿੰਘ ਜਲੂਰ, ਨਿਰਭੈ ਸਿੰਘ ਰੋੜੇਵਾਲਾ, ਸੁਖਦੇਵ ਸਿੰਘ ਖੋਖਰ ਕਲਾਂ, ਜੱਸੀ ਗਾਗਾ, ਬਲਵਿੰਦਰ ਸਿੰਘ ਡੋਲਾ, ਮਿੱਠੂ ਭਟਾਲ, ਰੂਪ ਸਿੰਘ ਭਾਠੂਆਂ, ਕ੍ਰਿਸ਼ਨ ਸਿੰਘ ਨੰਗਲਾ, ਪਰਸ ਰਾਮ ਕੱਲਰ ਭੈਣੀ, ਗੁਰਚਰਨ ਸਿੰਘ ਡਸਕਾ, ਅੰਗਰੇਜ਼ ਸਿੰਘ , ਸੁਨੀਲ ਰਾਮਗੜ੍ਹ, ਮਿੱਠੂ ਸਿੰਘ ਭੂਟਾਲ ਕਲਾਂ, ਜਗਤਾਰ ਸਿੰਘ ਤਾਰਾ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਸਫ਼ਾ ਇੱਕ ਦੀਆਂ ਬਾਕੀ...

### ਪੰਜਾਬੀ ਮਾਂ ਬੋਲੀ ਤੇ.....

ਦੀ ਲੋਕ ਗਾਇਕੀ ਅਤੇ ਵਿਰਸੇ ਨੂੰ ਵਿਸ਼ਵ ਪੱਧਰ 'ਤੇ ਮਾਣ ਦਿਵਾਉਣ ਵਿੱਚ ਸੀਐਮ ਮਾਨ ਦੀ ਭੂਮਿਕਾ ਸ਼ਲਾਘਾਯੋਗ ਹੈ। ਇਸ ਮੌਕੇ ਪਰਮਵੀਰ ਸਿੰਘ, ਵਾਈਸ ਚੇਅਰਮੈਨ ਮੀਡੀਅਮ ਇੰਡਸਟਰੀਜ਼ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਕਾਰਨ ਪੰਜਾਬ ਵਿੱਚ ਕਲਾ, ਮੀਡੀਆ ਅਤੇ ਸੱਭਿਆਚਾਰਕ ਖੇਤਰ ਨੂੰ ਨਵੀਂ ਤਾਕਤ ਮਿਲ ਰਹੀ ਹੈ ਅਤੇ ਪੰਜਾਬੀ ਸਭਿਆਚਾਰ ਨੂੰ ਹੋਰ ਮਜ਼ਬੂਤੀ ਮਿਲੇਗੀ। ਅੰਤ ਵਿੱਚ ਰਵਿੰਦਰ ਸਿੰਘ ਰੰਗੂਵਾਲ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਕਲਚਰਲ ਸੋਸਾਇਟੀ ਹਮੇਸ਼ਾ ਪੰਜਾਬ ਸਰਕਾਰ ਦੇ ਨਾਲ ਮਿਲ ਕੇ ਪੰਜਾਬੀ ਭਾਸ਼ਾ, ਲੋਕ ਵਿਰਸੇ ਅਤੇ ਪੰਜਾਬੀਅਤ ਦੀ ਸੇਵਾ ਲਈ ਸਮਰਪਿਤ ਰਹੇਗੀ।

### ਮੋਗਾ ਦੇ 50 ਵਾਰਡਾਂ ਤੇ.....

ਪੋਲਿੰਗ 26 ਮਈ (ਮੰਗਲਵਾਰ) ਨੂੰ ਸਵੇਰੇ 08:00 ਵਜੇ ਤੋਂ ਸ਼ਾਮ 05:00 ਵਜੇ ਤੱਕ ਹੋਵੇਗੀ। ਉਹਨਾਂ ਦੱਸਿਆ ਕਿ ਨਗਰ ਨਿਗਮ ਦੇ 50 ਵਾਰਡਾਂ ਲਈ 130321 ਵੋਟਰ ਅਤੇ ਨਗਰ ਪੰਚਾਇਤ ਕੋਟ ਈਸੇ ਖਾਂ ਦੇ 13 ਵਾਰਡਾਂ ਲਈ 10452 ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਨਗੇ। ਪੋਲ ਹੋਈਆਂ ਵੋਟਾਂ ਦੀ ਗਿਣਤੀ 29 ਮਈ 2026 (ਸ਼ੁੱਕਰਵਾਰ) ਨੂੰ ਹੋਵੇਗੀ । ਉਹਨਾਂ ਦੱਸਿਆ ਕਿ ਇਹਨਾਂ ਚੋਣਾਂ ਲਈ 710 ਪੋਲਿੰਗ ਪਾਰਟੀਆਂ ਤੇ 497 ਰਿਜਰਵ ਪੋਲਿੰਗ ਪਾਰਟੀਆਂ ਨਿਯੁਕਤ ਕੀਤੀਆਂ ਗਈਆਂ ਹਨ। ਕਾਊਂਟਿੰਗ ਲਈ 336 ਕਰਮੀਆਂ ਦੀ ਡਿਊਟੀ ਲਗਾਈ ਗਈ ਹੈ। ਉਹਨਾਂ ਕਿਹਾ ਕਿ ਚੋਣਾਂ ਨੂੰ ਵਧੀਆ ਤਰੀਕੇ ਨਾਲ ਕਰਵਾਉਣ ਲਈ ਨਗਰ ਨਿਗਮ ਮੋਗਾ ਦੇ 50 ਵਾਰਡਾਂ ਲਈ 129 ਪੋਲਿੰਗ ਬੂਥ ਅਤੇ ਨਗਰ ਪੰਚਾਇਤ ਕੋਟ ਈਸੇ ਖਾਂ ਦੇ 13 ਵਾਰਡਾਂ ਲਈ 13 ਪੋਲਿੰਗ ਬੂਥ ਤਿਆਰ ਕੀਤੇ ਗਏ ਹਨ। ਇਸ ਮੌਕੇ ਐਸ ਐਸ ਪੀ ਸਰਤਾਜ ਸਿੰਘ ਚਾਹਲ ਨੇ ਕਿਹਾ ਕਿ " ਪੰਜਾਬ ਪੁਲਿਸ ਵੱਲੋਂ ਨਿਰਧਾਰਤ ਮਾਪਦੰਡਾਂ ਅਨੁਸਾਰ ਵੱਡੀ ਗਿਣਤੀ ਵਿੱਚ ਪੁਲਿਸ ਅਧਿਕਾਰੀ ਅਤੇ ਕਰਮਚਾਰੀ ਅਮਨ ਕਾਨੂੰਨ ਦੀ ਵਿਵਸਥਾ ਨੂੰ ਬਣਾਈ ਰੱਖਣ ਲਈ ਡਿਊਟੀ ਉੱਤੇ ਤਾਇਨਾਤ ਰਹਿਣਗੇ। ਉਨ੍ਹਾਂ ਕਿਹਾ ਕਿ ਚੋਣ ਜ਼ਾਬਤੇ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

### ਨਗਰ ਨਿਗਮ/ਕੌਂਸਲ ਚੋਣਾਂ.....

ਇਸ ਮੰਤਵ ਲਈ ਬਣਾਏ 95 ਪੋਲਿੰਗ ਬੂਥਾਂ ਉੱਪਰ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਚੋਣਾਂ ਨਿਰਪੱਖ ਤਰੀਕੇ ਨਾਲ ਕਰਵਾਉਣ ਲਈ ਪੋਲਿੰਗ ਬੂਥਾਂ 'ਤੇ ਵੀਡੀਓਗ੍ਰਾਫੀ ਵੀ ਕਰਵਾਈ ਜਾਵੇਗੀ। ਇਸੇ ਤਰ੍ਹਾਂ ਨਗਰ ਕੌਂਸਲ ਧਨੌਲਾ ਲਈ 13 ਵਾਰਡਾਂ ਲਈ 58 ਉਮੀਦਵਾਰ ਮੈਦਾਨ ਵਿੱਚ ਹਨ ਤੇ 21 ਪੋਲਿੰਗ ਬੂਥਾਂ 'ਤੇ ਪੋਲਿੰਗ ਕਰਵਾਈ ਜਾਵੇਗੀ। ਨਗਰ ਕੌਂਸਲ ਤਪਾ ਦੇ 15 ਵਾਰਡਾਂ ਲਈ 59 ਉਮੀਦਵਾਰ ਚੋਣ ਮੈਦਾਨ ਵਿਚ ਹਨ ਅਤੇ 17 ਪੋਲਿੰਗ ਬੂਥ ਸਥਾਪਿਤ ਕੀਤੇ ਗਏ ਹਨ। ਨਗਰ ਕੌਂਸਲ ਭਦੌੜ ਦੇ ਕੁੱਲ 13 ਵਾਰਡਾਂ ਲਈ ਬਣਾਏ ਗਏ 16 ਪੋਲਿੰਗ ਬੂਥਾਂ 'ਤੇ ਵੋਟਿੰਗ ਹੋਵੇਗੀ ਅਤੇ ਇਥੇ 55 ਉਮੀਦਵਾਰ ਚੋਣ ਮੈਦਾਨ ਵਿਚ ਹਨ। ਉਹਨਾਂ ਦੱਸਿਆ ਕਿ ਨਗਰ ਨਿਗਮ ਬਰਨਾਲਾ ਅਧੀਨ 84858 ਵੋਟਰ, ਜਦਕਿ ਨਗਰ ਕੌਂਸਲ ਤਪਾ, ਭਦੌੜ ਤੇ ਧਨੌਲਾ ਅਧੀਨ ਕੁੱਲ 45107 ਵੋਟਰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰ ਸਕਣਗੇ। ਉਹਨਾਂ ਸਮੂਹ ਵੋਟਰਾਂ, ਰਾਜਨੀਤਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਇਸ ਪ੍ਰਕਿਰਿਆ ਨੂੰ ਨਿਰਪੱਖ ਤਰੀਕੇ ਅਤੇ ਅਮਨ-ਅਮਾਨ ਨਾਲ ਸਿਰੇ ਚੜ੍ਹਾਉਣ ਲਈ ਸਹਿਯੋਗ ਦੇਣ ਦੀ ਅਪੀਲ ਕੀਤੀ।

### ਗੁਲਮਰਗ ਗੋਂਡੋਲਾ 'ਚ ਤਕਨੀਕੀ.....

ਸੇਵਾਵਾਂ ਰੁਕਣ ਕਾਰਨ ਕਈ ਸੈਲਾਨੀ ਪ੍ਰਤੀਕੂਲ ਮੌਸਮ ਵਿਚ ਫਸ ਗਏ ਸਨ। ਇਕ ਸਥਾਨਕ ਵਿਅਕਤੀਨੇ ਕਿਹਾ, 'ਜਿਵੇਂ ਹੀ ਸਾਨੂੰ ਜਾਣਕਾਰੀ ਮਿਲੀ, ਅਸੀਂ ਮੌਕੇ 'ਤੇ ਪਹੁੰਚੇ ਅਤੇ ਦੇਖਿਆ ਕਿ ਗੰਡੋਲਾ ਕੰਮ ਨਹੀਂ ਕਰ ਰਿਹਾ ਸੀ। ਅਸੀਂ ਸੈਲਾਨੀਆਂ ਨੂੰ ਬਚਾਉਣ ਵਿਚ ਮਦਦ ਕੀਤੀ ਅਤੇ ਬਾਅਦ ਵਿਚ ਉਨ੍ਹਾਂ ਨੂੰ ਆਪਣੇ ਵਾਹਨਾਂ ਵਿਚ ਗੁਲਮਰਗ ਵਿਖੇ ਛੱਡ ਦਿੱਤਾ... ਉੱਥੇ ਘੱਟੋ-ਘੱਟ 100 ਕੈਬਿਨ ਹਨ, ਅਤੇ ਹਰੇਕ ਕੈਬਿਨ ਵਿਚ 6 ਲੋਕ ਬੈਠਦੇ ਹਨ...'। ਐਸ.ਡੀ.ਆਰ.ਐਫ., ਗੁਲਮਰਗ ਪੁਲਿਸ, ਐਸ.ਓ.ਜੀ.ਜੀ., ਸਨੋ ਲੈਪਰਡਸ ਅਤੇ ਜੰਮੂ-ਕਸ਼ਮੀਰ ਆਰਮਡ ਪੁਲਿਸ (14 ਪਹਾੜੀ ਬਚਾਅ ਟੀਮਾਂ ਸਮੇਤ) ਦੇ ਕਰਮਚਾਰੀਆਂ ਦੁਆਰਾ 200 ਤੋਂ ਵੱਧ ਫਸੇ ਹੋਏ ਸੈਲਾਨੀਆਂ ਨੂੰ ਬਚਾਇਆ ਗਿਆ ਹੈ। ਕਸ਼ਮੀਰ ਜ਼ੋਨ ਪੁਲਿਸ ਅਨੁਸਾਰ ਐਨ.ਡੀ.ਆਰ.ਐਫ.ਅਤੇ ਐਚ.ਏ.ਡਬਲਯੂ.ਐਸ. ਦੀਆਂ ਟੀਮਾਂ ਵੀ ਇਸ ਟੀਮ ਯਤਨ ਵਿਚ ਮਿਸਾਲੀ ਯੋਗਦਾਨ ਪਾ ਰਹੀਆਂ ਹਨ। ਪ੍ਰਸ਼ਾਸਨ ਨੇ ਕਿਹਾ ਹੈ ਕਿ ਸਾਰੇ ਕੈਬਿਨ ਸੁਰੱਖਿਅਤ ਹਨ ਅਤੇ ਕਿਸੇ ਵੀ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਮਿਲੀ ਹੈ। ਤਕਨੀਕੀ ਮਾਹਰ ਇਸ ਸਮੇਂ ਨੁਕਸ ਨੂੰ ਠੀਕ ਕਰਨ ਲਈ ਕੰਮ ਕਰ ਰਹੇ ਹਨ ਤਾਂ ਜੋ ਸੇਵਾ ਨੂੰ ਜਲਦੀ ਤੋਂ ਜਲਦੀ ਬਹਾਲ ਕੀਤਾ ਜਾ ਸਕੇ। ਹੁਣ ਤੱਕ, ਕਿਸੇ ਵੀ ਜ਼ਖਮੀ ਜਾਂ ਜ਼ਖਮੀ ਹੋਣ ਦੀ ਕੋਈ ਰਿਪੋਰਟ ਨਹੀਂ ਹੈ – ਇੱਕ ਤੱਥ ਨੂੰ ਰਾਹਤ ਦੇ ਸਰੋਤ ਵਜੋਂ ਦੇਖਿਆ ਜਾ ਰਿਹਾ ਹੈ। ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਵੀ ਇਸ ਪੂਰੇ ਮਾਮਲੇ 'ਤੇ ਪ੍ਰਤੀਕਿਰਿਆ ਦਿੱਤੀ ਹੈ। ਮੁੱਖ ਮੰਤਰੀ ਦਫ਼ਤਰ ਵੱਲੋਂ ਸੋਸ਼ਲ ਮੀਡੀਆ ਰਾਹੀਂ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਸਰਕਾਰ ਸਥਿਤੀ ਦੀ ਲਗਾਤਾਰ ਨਿਗਰਾਨੀ ਕਰ ਰਹੀ ਹੈ। ਬਿਆਨ ਵਿੱਚ ਲਿਖਿਆ ਹੈ: 'ਤਕਨੀਕੀ ਖਰਾਬੀ ਕਾਰਨ ਗੰਡੋਲਾ ਸੇਵਾ ਨੂੰ ਅਸਥਾਈ ਤੌਰ 'ਤੇ ਮੁਅੱਤਲ ਕਰ ਦਿੱਤਾ ਗਿਆ ਹੈ। ਸਾਰੇ ਕੈਬਿਨ ਸੁਰੱਖਿਅਤ ਹਨ, ਅਤੇ ਫਸੇ ਹੋਏ ਸੈਲਾਨੀਆਂ ਨੂੰ ਸੁਰੱਖਿਅਤ ਕੱਢਣ ਲਈ ਸਿਖਲਾਈ ਪ੍ਰਾਪਤ ਟੀਮਾਂ ਮੌਕੇ 'ਤੇ ਮੌਜੂਦ ਹਨ। ਸਥਿਤੀ ਪੂਰੀ ਤਰ੍ਹਾਂ ਕਾਬੂ ਹੇਠ ਹੈ, ਅਤੇ ਘਬਰਾਉਣ ਦੀ ਕੋਈ ਲੋੜ ਨਹੀਂ ਹੈ।'

### ਨਗਰ ਕੌਂਸਲ ਚੋਣਾਂ ਲਈ.....

ਕੋਈ ਅਧਿਕਾਰਤ ਨੋਟਿਸ ਨਹੀਂ ਮਿਲਿਆ ਹੈ, ਉਨ੍ਹਾਂ ਨੇ ਇਸ ਬਾਰੇ ਸਿਰਫ਼ ਖ਼ਬਰਾਂ ਵਿੱਚ ਸੁਣਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪਾਰਟੀ ਨੋਟਿਸ ਮਿਲਣ ਤੋਂ ਬਾਅਦ ਹੀ ਆਪਣੀ ਸਥਿਤੀ ਸਪੱਸ਼ਟ ਕਰੇਗੀ। ਇਹ ਦੱਸਿਆ ਗਿਆ ਹੈ ਕਿ ਪ੍ਰਸ਼ਾਸਨ ਘਟਨਾ ਦੇ ਵੀਡੀਓ ਫੁਟੇਜ ਅਤੇ ਹੋਰ ਰਿਕਾਰਡਾਂ ਦੀ ਜਾਂਚ ਕਰ ਰਿਹਾ ਹੈ। ਜੇਕਰ ਉਲੰਘਣਾਵਾਂ ਦੀ ਪੁਸ਼ਟੀ ਹੁੰਦੀ ਹੈ, ਤਾਂ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਅੱਗੇ ਦੀ ਕਾਰਵਾਈ ਕੀਤੀ ਜਾ ਸਕਦੀ ਹੈ।

### ਦਿਲਜੀਤ ਦੋਸਾਂਝ ਨੂੰ ਬੰਬ.....

ਅਮਰੀਕਾ ਦੇ ਨਿਊਯਾਰਕ ਸਥਿਤ ਵਿਸ਼ਵ ਪ੍ਰਸਿੱਧ 'ਮੈਡੀਸਨ ਸਕੁਏਅਰ ਗਾਰਡਨ' ਵਿੱਚ ਆਪਣਾ ਇਤਿਹਾਸਕ ਸ਼ੋਅ ਕਰਕੇ ਗਲੋਬਲ ਪੱਧਰ 'ਤੇ ਭਾਰੀ ਸੁਰਖੀਆਂ ਬਟੋਰ ਰਹੇ ਹਨ ਅਤੇ ਪੂਰੀ ਦੁਨੀਆ ਵਿੱਚ ਪੰਜਾਬ ਦਾ ਨਾਂ ਰੌਸ਼ਨ ਕਰ ਰਹੇ ਹਨ। ਪਰ ਦੂਜੇ ਪਾਸੇ, ਉਨ੍ਹਾਂ ਦੀ ਜਾਨ ਨੂੰ ਲੈ ਕੇ ਮਿਲੀ ਇਸ ਗੰਭੀਰ ਧਮਕੀ ਨੇ ਕਲਾਕਾਰ ਦੀ ਸੁਰੱਖਿਆ ਅਤੇ ਮੌਜੂਦਾ ਪ੍ਰਬੰਧਾਂ 'ਤੇ ਬਹੁਤ ਵੱਡੇ ਸਵਾਲੀਆ ਨਿਸ਼ਾਨ ਖੜ੍ਹੇ ਕਰ ਦਿੱਤੇ ਹਨ। ਪੁਲਿਸ ਅਤੇ ਸੁਰੱਖਿਆ ਏਜੰਸੀਆਂ ਹੋਈਆਂ ਚੌਕਸ ਇਸ ਸੈਂਸੇਸ਼ਨਲ ਮਾਮਲੇ ਦੀ ਭਿਣਕ ਲੱਗਦਿਆਂ ਹੀ ਪੰਜਾਬ ਪੁਲਿਸ ਦੇ ਉੱਚ ਅਧਿਕਾਰੀਆਂ ਅਤੇ ਖੁਫ਼ੀਆ ਏਜੰਸੀਆਂ ਵੱਲੋਂ ਮਾਮਲੇ ਨੂੰ ਬੇਹੱਦ ਗੰਭੀਰਤਾ ਨਾਲ ਲਿਆ ਜਾ ਰਿਹਾ ਹੈ। ਧਮਕੀ ਦਾ ਪਤਾ ਲਗਾਉਣ ਲਈ ਸਾਈਬਰ ਸੈੱਲ ਅਤੇ ਤਕਨੀਕੀ ਟੀਮਾਂ ਦੀ ਮਦਦ ਲਈ ਜਾ ਰਹੀ ਹੈ। ਪੁਲਿਸ ਪ੍ਰਸ਼ਾਸਨ ਵੱਲੋਂ ਦਿਲਜੀਤ ਦੋਸਾਂਝ ਅਤੇ ਉਨ੍ਹਾਂ ਦੇ ਪਰਿਵਾਰ ਦੀ ਸੁਰੱਖਿਆ ਦੀ ਵੀ ਸਮੀਖਿਆ ਕੀਤੀ ਜਾ ਰਹੀ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ। ਫਿਲਹਾਲ, ਇਸ ਮਾਮਲੇ ਨੂੰ ਲੈ ਕੇ ਹਰ ਪਹਿਲੂ ਤੋਂ ਬਾਰੀਕੀ ਨਾਲ ਜਾਂਚ ਜਾਰੀ ਹੈ।

### ਦਿਲਜੀਤ ਦੋਸਾਂਝ ਅਮਰੀਕਾ ਦੇ.....

ਨੂੰ ਮਿਲ ਰਿਹਾ ਹੈ। ਉਨ੍ਹਾਂ ਨੇ ਨਾ ਸਿਰਫ਼ ਨਿਊਯਾਰਕ, ਬਲਕਿ ਕੈਨੇਡਾ ਦੇ ਐਡਮੰਟਨ ਸਮੇਤ ਅਮਰੀਕਾ ਦੇ ਕਈ ਹੋਰ ਵੱਡੇ ਸ਼ਹਿਰਾਂ ਵਿੱਚ ਲਗਾਤਾਰ ਬੈਕ-ਟੂ-ਬੈਕ ਹਾਊਸਫੁੱਲ ਸ਼ੋਅ ਕੀਤੇ ਹਨ। ਅੰਤਰਰਾਸ਼ਟਰੀ ਮੀਡੀਆ ਅਤੇ ਫੈਨਜ਼ ਵੱਲੋਂ ਉਨ੍ਹਾਂ ਦੇ ਲਾਈਵ ਸ਼ੋਅ ਦੇ ਸ਼ਾਨਦਾਰ ਪ੍ਰਦਰਸ਼ਨ ਅਤੇ ਸਟੇਜ ਪ੍ਰੈਜ਼ੈਂਸ ਨੂੰ ਦੇਖਦੇ ਹੋਏ ਉਨ੍ਹਾਂ ਦੀ ਤੁਲਨਾ 'ਪੰਜਾਬ ਦੇ ਮਾਈਕਲ ਜੈਕਸਨ' ਵਜੋਂ ਕੀਤੀ ਜਾ ਰਹੀ ਹੈ। ਦਿਲਜੀਤ ਦੋਸਾਂਝ ਦੇ ਇਸ ਕੰਸਰਟ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਸੰਗੀਤ ਦੀ ਕੋਈ ਸਰਹੱਦ ਨਹੀਂ ਹੁੰਦੀ ਅਤੇ ਪੰਜਾਬੀ ਮਿਊਜ਼ਿਕ ਹੁਣ ਪੂਰੀ ਤਰ੍ਹਾਂ ਗਲੋਬਲ ਹੋ ਚੁੱਕਾ ਹੈ। ਸੋਸ਼ਲ ਮੀਡੀਆ 'ਤੇ ਵੀ ਇਸ ਇਤਿਹਾਸਕ ਕੰਸਰਟ ਦੀਆਂ ਵੀਡੀਓਜ਼ ਅਤੇ ਤਸਵੀਰਾਂ ਕਾਫੀ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ ਅਤੇ ਦੁਨੀਆ ਭਰ ਦੇ ਫੈਨਜ਼ ਉਨ੍ਹਾਂ ਨੂੰ ਇਸ ਵੱਡੀ ਅਚੀਵਮੈਂਟ ਲਈ ਵਧਾਈਆਂ ਦੇ ਰਹੇ ਹਨ।

### ਸੀਐਮ ਸੈਣੀ ਨੇ ਪੁਲਿਸ.....

ਉਮੀਦਵਾਰਾਂ ਨੇ ਮੁੱਖ ਮੰਤਰੀ ਨਾਲ ਸੈਲਫੀ ਵੀ ਲਈ। ਮੁੱਖ ਮੰਤਰੀ ਨੇ ਬਦਲੇ ਵਿੱਚ ਉਨ੍ਹਾਂ ਦੀਆਂ ਸ਼ੁਭਕਾਮਨਾਵਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਅਤੇ ਉਨ੍ਹਾਂ ਦਾ ਮਨੋਬਲ ਹੋਰ ਵਧਾਇਆ। ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੇ ਮੁੱਖ ਮੰਤਰੀ ਵੱਲੋਂ ਨਿੱਜੀ ਤੌਰ 'ਤੇ ਸਥਾਨ ਦਾ ਦੌਰਾ ਕਰਨ, ਪ੍ਰਬੰਧਾਂ ਦੀ ਸਮੀਖਿਆ ਕਰਨ ਅਤੇ ਉਨ੍ਹਾਂ ਨੂੰ ਉਤਸ਼ਾਹ ਦੇਣ ਦੀ ਪਹਿਲਕਦਮੀ ਲਈ ਆਪਣੀ ਸ਼ਲਾਘਾ ਪ੍ਰਗਟ ਕੀਤੀ। ਉਨ੍ਹਾਂ ਇਸ ਸੰਕੇਤ ਨੂੰ ਸੰਵੇਦਨਸ਼ੀਲ ਅਤੇ ਪ੍ਰੇਰਨਾਦਾਇਕ ਦੱਸਿਆ। ਤਾਊ ਦੇਵੀ ਲਾਲ ਸਟੇਡੀਅਮ ਵਿਖੇ ਰੋਜ਼ਾਨਾ ਲਗਭਗ 3,000 ਉਮੀਦਵਾਰਾਂ ਦੇ ਸਰੀਰਕ ਮਾਪ ਟੈਸਟ ਕੀਤੇ ਜਾ ਰਹੇ ਹਨ। ਉਮੀਦਵਾਰਾਂ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਸਹੂਲਤ ਲਈ, ਸਟੇਡੀਅਮ ਦੇ ਪ੍ਰਵੇਸ਼ ਦੁਆਰ 'ਤੇ ਇੱਕ ਆਰਾਮ ਖੇਤਰ ਸਥਾਪਤ ਕੀਤਾ ਗਿਆ ਹੈ, ਜਿਸ ਵਿੱਚ ਬੈਠਣ ਦੇ ਢੁਕਵੇਂ ਪ੍ਰਬੰਧ ਹਨ। ਇਸ ਤੋਂ ਇਲਾਵਾ, ਸਾਮਾਨ ਜਮ੍ਹਾਂ ਕਰਵਾਉਣ ਦੀ ਸਹੂਲਤ ਵੀ ਉਪਲਬਧ ਕਰਵਾਈ ਗਈ ਹੈ। ਇਸ ਮੌਕੇ 'ਤੇ ਡਿਪਟੀ ਕਮਿਸ਼ਨਰ ਸਤਪਾਲ ਸ਼ਰਮਾ, ਡਿਪਟੀ ਕਮਿਸ਼ਨਰ ਆਫ਼ ਪੁਲਿਸ ਸ੍ਰਿਸ਼ਟੀ ਗੁਪਤਾ, ਹਰਿਆਣਾ ਸਟਾਫ ਸਿਲੈਕਸ਼ਨ ਕਮਿਸ਼ਨ ਦੇ ਮੈਂਬਰ, ਨਾਲ ਹੀ ਉਮੀਦਵਾਰ ਅਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਮੌਜੂਦ ਸਨ।


## ਕਲਾਸੀਫਾਇਡ

### ਨਾਮ ਬਦਲੀ

➢ **I, Aksha** D/o Robin Masih R/o Vill-Kalian Teh-Batala Distt.Gurdaspur have changed my name Aksha to Aksha Masih.

➢ **I, Arshdeep Singh** S/o Dhana Singh R/o Dehriwal Kiran Dehriwala Po. Bishankot Distt. Gurdaspur Pb-143512, India, declare that my given name as Arshdeep and my surname as Singh.

➢ **I Rita** W/o Deepak Soni R/o 106/18 Nangal Kotli Mohalla, Gurdaspur have changed my name from Rita to Reeta. concerned note please.

### ਬੇਦਖਲੀ

➢ **ਮੈਂ ਨਛੱਤਰ ਸਿੰਘ** ਪੁੱਤਰ ਅਰਜਨ ਸਿੰਘ ਵਾਸੀ ਪਿੰਡ: ਆਲਮਪੁਰ ਡਾਕ: ਤਲਵੰਡੀ ਮਲਿਕ ਤਹਿ: ਸਮਾਣਾ ਜਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਸਿੰਘ ਅਤੇ ਨੂੰਹ ਪਰਮਿੰਦਰ ਕੌਰ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈਂ ਰਾਮ ਲੁਭਾਇਆ** ਪੁੱਤਰ ਦਾਨੂੰ ਰਾਮ ਵਾਸੀ ਪਿੰਡ ਲਲਵਾਨ, ਤਹਿ: ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੇਰੇ ਲੜਕੇ ਦਾ ਨਾਮ ਹਰਮੀਤ ਹੈ ਮੈਂ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲ ਲੜਾਈ ਝਗੜਾ ਕਰਦਾ ਹੈ ਅਤੇ ਮੇਰੀ ਸੇਵਾ ਨਹੀਂ ਕਰਦਾ ਹੈ। ਇਸ ਲਈ ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ।

**Public Notice**

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸਵ : ਹਰਨੇਕ ਸਿੰਘ ਪੁੱਤਰ ਗੁਰਦਿਆਲ ਸਿੰਘ ਵਾਸੀ ਮਕਾਨ ਨੰਬਰ 2625, ਵਾਰਡ ਨੰਬਰ 12 ਟਾਊਨ ਰੋਡ ਖਰੜ ਜਿਲਾ ਐਸ ਏ ਐਸ ਨਗਰ ਮੋਹਾਲੀ ਪੰਜਾਬ-140301 ਦੀ ਮੌਤ ਮਿਤੀ 07-02-2026 ਨੂੰ ਹੋ ਚੁੱਕੀ ਹੈ। ਜਿਸ ਦੇ ਨਾਮ ਤੇ ਦੋ ਵਹੀਕਲਜ਼ PB27G5572, PB27K5045 ਹੈ। ਹੁਣ ਇਸ ਵਹੀਕਲਜ਼ ਤੀ ਮਾਲਕੀ ਤਬਦੀਲ ਕਰਨ ਲਈ ਉਸਦੀ ਪਤਨੀ ਮਨਜੀਤ ਕੌਰ ਪਤਨੀ ਸਵ: ਹਰਨੇਕ ਸਿੰਘ ਵਾਸੀ ਮਕਾਨ ਨੰਬਰ 2625, ਵਾਰਡ ਨੰਬਰ 12/15 ਟਾਊਨ ਰੋਡ ਖਰੜ ਜਿਲਾ ਐਸ ਏ ਐਸ ਨਗਰ ਮੋਹਾਲੀ ਪੰਜਾਬ- 140301 ਨੇ ਅਪਲਾਈ ਕੀਤੀ ਹੈ। ਉਸ ਦੀ ਅਰਜੀ ਮੁਤਾਬਕ ਹਰਨੇਕ ਸਿੰਘ ਦੇ ਵਾਰਸ ਮਨਜੀਤ ਕੌਰ ਪਤਨੀ ਗੁਰਜੋਤ ਸਿੰਘ ਲੌਂਗੀਆ ਪੁੱਤਰ (ਨਾਬਾਲਗ) ਹਨ। ਇਸ ਤੋਂ ਇਲਾਵਾ ਹੋਰ ਕੋਈ ਵਾਰਸ ਨਹੀਂ ਹੈ। ਇਸ ਲਈ ਜੇਕਰ ਵਹੀਕਲਜ਼ ਦੀ ਮਲਕੀਅਤ ਮਨਜੀਤ ਕੌਰ ਦੇ ਨਾਮ ਤੇ ਤਬਦੀਲ ਕਰਨ ਸਬੰਧੀ ਕਿਸੇ ਵਿਅਕਤੀ ਨੂੰ ਕੋਈ ਵੀ ਇਤਰਾਜ ਹੋਵੇ ਤਾਂ ਇਸ ਇਸ਼ਤਿਹਾਰ ਦੇ ਪ੍ਰਕਾਸ਼ਿਤ ਹੋਣ ਤੇ 15 ਦਿਨਾਂ ਦੇ ਅੰਦਰ ਦੋ ਨਿਮਨ ਲਿਖਤ ਹਸਤਾਖਰ ਦੇ ਕੇ ਪੇਸ਼ ਹੋ ਸਕਦਾ ਹੈ ਇਤਰਾਜ਼ ਪ੍ਰਾਪਤ ਨਾ ਹੋਣ ਉਪਰੰਤ ਇਸ ਵਹੀਕਲਜ਼ ਦੀ ਮਲਕੀਅਤ ਮਨਜੀਤ ਕੌਰ ਦੇ ਨਾਮ ਤਬਦੀਲ ਕਰ ਦਿੱਤੀ ਜਾਵੇਗੀ।

**Registering Office SAS Nagar.**

### ਬੇਦਖਲੀ

➢ **We, Rakesh Duggal** S/o Late Sh. N.C.Duggal and Gita Rani W/o Sh. Rakesh Duggal R/o House No. 3321, Sector 32-D, Chandigarh declare that our married daughter Arpana Bhalla is out of our control, We disown her from our moveable/immoveable property anybody dealing with her at their own risk.

➢ **ਮੈਂ ਜਸਪਾਲ ਸਿੰਘ** (ਆਧਾਰ ਕਾਰਡ ਨੰ: 8866 0548 3192) ਪੁੱਤਰ ਬੁੱਧ ਰਾਮ ਵਾਸੀ ਪਿੰਡ ਬਡਾਲੀ, ਤਹਿਸੀਲ ਖਰੜ, ਜਿਲ੍ਹਾ ਐਸ ਏ ਐਸ ਨਗਰ (ਮੋਹਾਲੀ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਗੁਰਚਰਨ ਸਿੰਘ ਮੇਰੇ ਕਹਿਣੇ ਵਿੱਚ ਨਹੀ ਅਤੇ ਬੁਰੀ ਸੰਗਤ ਵਿਚ ਪੈ ਗਿਆ ਹੈ। ਮੈਂ ਉਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੈਂ ਅਤੇ ਮੇਰਾ ਪਰਿਵਾਰ ਉਸ ਦੇ ਕੋਈ ਚੰਗੇ-ਮਾੜੇ ਕੰਮ, ਲੈਣ-ਦੇਣ, ਜਾਨੀ-ਮਾਲੀ ਨੁਕਸਾਨ ਜਾਂ ਕਾਰਵਾਈ ਸਬੰਧੀ ਜ਼ੁੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ੁੰਮੇਵਾਰ ਹੋਵੇਗਾ।

➢ **ਮੈਂ ਉਮ ਪ੍ਰਕਾਸ਼** ਪੁੱਤਰ ਸਾਵਨ ਰਾਮ ਵਾਸੀ ਪਿੰਡ: ਬੱਲੂਆਣਾ ਤਹਿ: ਅਬੋਹਰ ਜਿਲ੍ਹਾ ਫਾਜਿਲਕਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਕਿਰਨ ਬਾਲਾ (ਨੇ ਆਪਣੀ ਮਰਜੀ ਨਾਲ ਮਿਤੀ 21-05-2026 ਨੂੰ ਵਿਆਹ ਕਰਵਾ ਲਿਆ ਹੈ) ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰਾ ਜਾਂ ਮੇਰੇ ਪਰਿਵਾਰ ਦਾ ਕੋਈ ਵੀ ਤਾਲੁਕ ਵਾ ਵਾਸਤਾ ਨਹੀਂ ਹੋਵੇਗਾ।

➢ **ਮੈ ਕਾਲਾ ਰਾਮ** ਪੁੱਤਰ ਸ੍ਰੀ ਸਾਧੂ ਰਾਮ ਵਾਸੀ ਵਾਰਡ ਨੰ: 5 ਅਨੰਦ ਬਸਤੀ ਪਾਤੜਾਂ (ਪਟਿਆਲਾ) ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਬਬੀਤਾ (ਪਤਨੀ ਬਿੱਟੂ ਰਾਮ) ਮੇਰੇ ਕਹਿਣੇ ਤੋ ਬਾਹਰ ਹੈ ਅਤੇ ਬੁਰੀ ਸੰਗਤ ਦਾ ਸ਼ਿਕਾਰ ਹੈ।ਮੈਂ ਇਸ ਨੂੰ ਆਪਣੀ ਸਾਰੀ ਚਲ-ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ। ਮੇਰੇ ਅਤੇ ਮੇਰੇ ਪਰਿਵਾਰ ਨਾਲ ਕਿਸੇ ਵੀ ਪ੍ਰਕਾਰ ਦਾ ਕੋਈ ਵੀ (ਤਾਲੁਕ ਵਾਸਤਾ)/ਲੈਣਾ-ਦੇਣਾ ਨਹੀ ਹੈ। ਜੋ ਵੀ ਇਸ ਨਾਲ ਵਰਤੇਗਾ ਉਸ ਦਾ ਉਹ ਖੁਦ ਜਿਮੇਵਾਰ ਹੋਵੇਗਾ ।

➢ **ਮੈਂ, ਮੁਹੰਮਦ ਬਸ਼ੀਰ ਥਿੰਦ** ਪੁੱਤਰ ਰੌਸ਼ਨ ਥਿੰਦ, ਵਾਸੀ ਪਿੰਡ ਅਸਦੁੱਲਾਪੁਰ (ਬੌੜਹਾਈ ਖੁਰਦ) ਤਹਿਸੀਲ ਅਹਿਮਦਗੜ੍ਹ, ਜਿਲਾ ਮਾਲੇਰਕੋਟਲਾ ਹਲਫੀਆ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਹੁਸੈਨ ਥਿੰਦ ਅਤੇ ਉਸਦੀ ਪਤਨੀ ਤੇ ਔਲਾਦ ਨੂੰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਆਪਣੀ ਹਰ ਤਰ੍ਹਾਂ ਦੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਲੈਣ ਦੇਣਾ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਮੂਹ ਸੰਬੰਧਿਤ ਨੋਟ ਕਰਨ।

### ਨਾਮ ਬਦਲੀ

➢ **I, Paldeep Singh** S/o Baldev Singh R/o Jago Sangha Chuheki Distt. Jalandhar have changed my name from Paldeep Singh to Kuldeep Singh and my given name is Kuldeep and my surname is Singh.

➢ **I, Paldeep Singh** S/o Baldev Singh R/o Jago Sangha Chuheki Distt. Jalandhar declare that my minor son given name is Ekaagyakar and surname is Singh.

➢ **I, Kuljinder Ram** S/o Tarsem Lal R/o Vpo. Mahalon Teh-Nawanshahr Distt. SBS Nagar, Pb, declared that my name is Kuljinder and my surname is Ram.

➢ **I, Rekha Rani** W/o Jodha Singh R/o Vpo. Teur Teh-Kharar Distt. SAS Nagar have changed my name from Rekha to Rekha Rani.

➢ **I Gurmukh Kumar** S/o Gian Chand R/o Vill-Mahal Khurd Po Garcha, Distt SBS Nagar Pb, declared that my given name is Gurmukh and surname is Kumar.

➢ **I Yashpreet Kaur** W/o Baljit Kumar R/o Vpo Kamam Sub Teh-Aur Distt. SBS Nagar Pb, declared that my given name is Yashpreet and surname is Kaur.

➢ **I Inderjit Singh** S/o Ranjit Singh R/o Vpo Sheikhupur Bagh Teh-Nawanshahr Distt. SBS Nagar Pb, declared that my given name is Inderjit and surname is Singh.

➢ **I Harbans Singh Katoch** S/o Sarwan Singh Katoch R/o Vill-Jian, Po Bassi Kalan, Hoshiarpur, 146102, Punjab have changed my name from Harbans Singh Katoch to Harbans Singh concerned note.

➢ **I, Shivali Baroot** W/o Nitin Hans R/o H.No.370, Mohalla Balmiki Near Clock Tower, Hoshiarpur 146001 Punjab have changed my name Shivali Baroot. to Shivali Hans. Shivali as given name and Hans as surname Concerned note.

➢ **I, Ashish** S/O Laddi R/o H.No.509, Gounspura Tehsil.Batala Distt.Gurdaspur have changed my name Ashish to Ashish Mattu.

### ਨਾਮ ਬਦਲੀ

➢ **ਮੈਂ ਕੁਲਦੀਪ ਕੌਰ**, ਪਤਨੀ ਬਲਬੀਰ ਸਿੰਘ ਸ਼ੇਰਗਿੱਲ, ਨਿਵਾਸੀ ਮਕਾਨ ਨੰਬਰ ਆਰ 1ਐਫ 801,ਡੀਐੱਲਐੱਫ ਹਾਈਡ ਪਾਰਕ, ਨਿਊ ਚੰਡੀਗੜ੍ਹ, ਸਲਾਮਤਪੁਰ, ਜ਼ਿਲ੍ਹਾ ਐਸ.ਏ.ਐਸ ਨਗਰ (ਮੋਹਾਲੀ), ਨੇ ਆਪਣਾ ਨਾਮ ਬਦਲ ਕੇ ਕੁਲਦੀਪ ਕੌਰ ਸ਼ੇਰਗਿੱਲ ਰੱਖ ਲਿਆ ਹੈ।

➢ **ਮੈਂ ਅਨਮੋਲਪ੍ਰੀਤ ਕੌਰ** ਪੁੱਤਰੀ ਸੁਖਵਿੰਦਰ ਸਿੰਘ ਵਾਸੀ ਪਿੰਡ: ਉਸਮਾਨਪੁਰ ਤਹਿ: ਨਵਾਂਸ਼ਹਿਰ ਜਿਲ੍ਹਾ ਸ.ਭ.ਸ. ਨਗਰ ਨੇ ਆਪਣਾ ਨਾਮ ਅਨਮੋਲਪ੍ਰੀਤ ਤੋਂ ਬਦਲ ਕੇ ਅਨਮੋਲਪ੍ਰੀਤ ਕੌਰ ਰੱਖ ਲਿਆ ਹੈ।

➢ **ਮੈਂ Gurjit Kaur** ਪਤਨੀ ਸ਼ਮਸ਼ੇਰ ਸਿੰਘ ਵਾਸੀ ਵਾਰਡ ਨੰ. 1 ਕੋਹਾੜਾ ਰੋਡ ਸਾਹਨੇਵਾਲ ਜਿਲ੍ਹਾ ਲੁਧਿਆਣਾ ਪੰਜਾਬ-141120 ਨੇ ਆਪਣਾ ਨਾਮ ਬਦਲ ਕੇ Gurjeet Kaur ਰੱਖ ਲਿਆ ਹੈ।

➢ **ਮੈਂ ਜਤਿੰਦਰ ਕੁਮਾਰ** ਪੁਤਰ ਅਮਰਨਾਥ ਮਕਾਨ ਨੰਬਰ 270/2 ਕ੍ਰਿਸ਼ਨ ਨਗਰ ਬੰਗਾ ਜਿਲਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣੀ ਨਬਾਲਿਕ ਲੜਕੀ ਦਾ ਨਾਂ ਬਦਲ ਕੇ ਤਨਵੀ ਤੋਂ ਤਨਵੀ ਮਹਿਰਾ ਰੱਖ ਲਿਆ ਨੋਟ ਕੀਤਾ ਜਾਵੇ।

➢ **ਮੈਂ ਜਤਿੰਦਰ ਕੁਮਾਰ** ਪੁੱਤਰ ਅਮਰਨਾਥ ਮਕਾਨ ਨੰਬਰ 270/2 ਕ੍ਰਿਸ਼ਨ ਨਗਰ ਬੰਗਾ ਜਿਲਾ ਸ਼ਹੀਦ ਭਗਤ ਸਿੰਘ ਨਗਰ ਨੇ ਆਪਣੀ ਨਬਾਲਿਕ ਲੜਕੀ ਦਾ ਨਾਂ ਬਦਲ ਕੇ ਖਾਈਵਿਆ ਤੋਂ ਬਦਲ ਕੇ ਖਾਈਵਿਆ ਮਹਿਰਾ ਰੱਖ ਲਿਆ ਹੈ ਨੋਟ ਕੀਤਾ ਜਾਵੇ।

➢ **ਮੈ ਦਵਿੰਦਰ ਕੌਰ ਕਿੰਗਰਾ** ਪਤਨੀ ਗੁਰਭੇਜ ਸਿੰਘ ਢਿੱਲੋਂ ਵਾਸੀ ਪਿੰਡ ਢਿਲਵਾਂ ਕਲਾਂ (ਫ਼ਰੀਦਕੋਟ) ਨੇ ਆਪਣਾ ਨਾਮ ਬਦਲ ਕੇ ਦਵਿੰਦਰ ਕੌਰ ਰੱਖ ਲਿਆ ਹੈ।

➢ **ਮੈਂ ਮੁਹੰਮਦ ਇਕਬਾਲ (Mohd.Iqbal)** ਪੁੱਤਰ ਗੁਲਾਮ ਰਸੂਲ ਮੁਹੱਲਾ ਹਾਜਣ ਵਾਲਾ ਮਾਲੇਰ ਕੋਟਲਾ ਜਿਲਾ ਮਲੇਰਕੋਟਲਾ ਨੇ ਆਪਣਾ ਨਾਮ ਬਦਲ ਕੇ ਮੁਹੰਮਦ ਇਕਬਾਲ (Mohammad Iqbal) ਰੱਖ ਲਿਆ ਹੈ ਸੰਬੰਧਿਤ ਨੋਟ ਕਰਨ।

➢ **ਮੈਂ ਸਨੀ ਕੁਮਾਰ** ਪੁੱਤਰ ਸੱਤਪਾਲ ਰਵਿਦਾਸ ਨਗਰ ਮਾਲੇਰਕੋਟਲਾ ਜ਼ਿਲ੍ਹਾ ਮਾਲੇਰਕੋਟਲਾ ਨੇ ਆਪਣਾ ਨਾਮ ਸਨੀ ਅਤੇ ਸਰ ਨੇਮ ਕੁਮਾਰ ਕਰ ਲਿਆ ਹੈ ਸੰਬੰਧਿਤ ਨੋਟ ਕਰਨ।

➢ **I, Lovepreet Singh Pamal** S/o Harjinder Singh R/o Vpo. Badduwal Teh-Dharamkot (Moga) have changed my name to Lovepreet Singh.

➢ **I, Rawan Kumar** S/O Surinder Kumar R/O Village Ghagon Guru PO Gogon tehsil Garhshankar, Distt. Hoshiarpur, Punjab, India, have changed my name from Rawan Kumar to Dubb Rawan.

➢ **I, Prabhjot Singh** S/O Jarnail Singh R/O VPO Ibrahimpur, Tehsil Garhshankar, Distt. Hoshiarpur, Punjab, India, have changed my name from Prabhjot Singh to Singh Prabhjot.


ਦੇਸ਼ ਪ੍ਰਦੇਸ਼ ਮੀਡੀਆ ਵੱਲੋਂ ਰਾਜੀਵ ਜੈਨ ਪ੍ਰਕਾਸ਼ਕ, CHANDIGARH OFFICE S.C.O 1136, SECTOR 22-B, CHANDIGARH ਅਤੇ MOHALI OFFICE ਪਲਾਟ ਨੰਬਰ 7-8, ਕਿਲ੍ਹਾ ਕੰਪਲੈਕਸ, ਐਸ.ਏ.ਐਸ ਨਗਰ (ਮੋਹਾਲੀ) 140301 ਤੋਂ ਪ੍ਰਕਾਸ਼ਿਤ ਕੀਤਾ। (ਪੀ.ਆਰ.ਬੀ ਐਕਟ ਤਹਿਤ ਖ਼ਬਰਾਂ ਦੇ ਚੋਣ ਲਈ ਜ਼ਿੰਮੇਵਾਰ) ਪ੍ਰਿੰਟਰ : ਤੰਨਮੇ ਮਹੇਸ਼ਵਰੀ ਇੰਪ੍ਰੈਸ਼ਨਜ਼ ਪ੍ਰਿੰਟਿੰਗ, ਇੰਡਸਟ੍ਰੀਅਲ ਏਰੀਆ, ਫ਼ੇਜ਼ 2, ਪੰਚਕੂਲਾ, ਹਰਿਆਣਾ 134113 ਤੋਂ ਛਪਵਾਇਆ। ਮੁੱਖ ਸੰਪਾਦਕ ਅਤੇ ਮਾਲਿਕ: ਸ਼ਸ਼ੀ ਪਾਲ ਜੈਨ, ਚੰਡੀਗੜ੍ਹ ਦਫ਼ਤਰ: ਐੱਸਸੀਓ 1136, ਸੈਕਟਰ 22-ਬੀ ਚੰਡੀਗੜ੍ਹ। ਖ਼ਬਰਾਂ ਦੀ ਜਵਾਬਦੇਹੀ ਪੱਤਰਕਾਰ ਦੀ ਹੋਵੇਗੀ। ਇਸ਼ਤਿਹਾਰਾਂ ਦੀ ਪਾਠਕ ਆਪ ਦੇਖਰੇਖ ਕਰਕੇ ਹੀ ਸਮਾਨ ਖਰੀਦਣ, ਅਦਾਰੇ ਦੀ ਕਿਸੇ ਵੀ ਸਮਾਨ ਵਿੱਚ ਸਹਿਮਤੀ ਨਹੀਂ। ਰਾਜਨੀਤੀਕ, ਸਮਾਜਿਕ ਇਸ਼ਤਿਹਾਰ ਲਈ ਪੱਤਰਕਾਰ ਜਵਾਬਦੇਹ ਹੋਵੇਗਾ। ਲੇਖ, ਆਰਟੀਕਲ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ। ਕਿਸੇ ਵੀ ਵਿਵਾਦ ਵਿੱਚ ਖਰੜ ਦੀ ਅਦਾਲਤ ਹੀ ਮੰਨੀ ਜਾਵੇਗੀ।

# ਕਿਸਾਨ ਦਾ ਪੁੱਤ ਹੋਣ ਦਾ ਵਿਖਾਵਾ ਕਰਨ ਵਾਲੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਆਪਣੀ ਅਗਵਾਈ ਵਾਲੇ ਲੈਂਡ ਮੌਰਗੇਜ ਬੈਂਕ ਦੇ ਭ੍ਰਿਸ਼ਟ ਅਫਸਰਾਂ ਨੂੰ ਬਚਾਉਣ ਲਈ ਹਰ ਤਰ੍ਹਾਂ ਦੇ ਕੀਤੇ ਜਾ ਰਹੇ ਹਨ ਉਪਰਾਲੇ

## ਲੈਂਡ ਮੋਰਗੇਜ ਬੈਂਕ ਦੀ ਧੋਖਾਧੜੀ ਦਾ ਸ਼ਿਕਾਰ ਹੋਏ ਕਿਸਾਨਾਂ ਨੂੰ ਇਨਸਾਫ ਦਿਵਾਉਣ ਲਈ ਲੈਂਡ ਮੋਰਗੇਜ ਬੈਂਕ ਬੱਸੀ ਪਠਾਣਾ ਅੱਗੇ ਬੀਕੇਯੂ ਏਕਤਾ ਸਿੱਧੂਪੁਰ ਵੱਲੋਂ ਚੱਲ ਰਿਹਾ ਹੈ ਲਗਾਤਾਰ ਧਰਨਾ



ਫ਼ਤਹਿਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ) ਜਦੋਂ ਬਾੜ ਹੀ ਖੇਤ ਨੂੰ ਖਾਣ ਲੱਗ ਜਾਵੇ ਫੇਰ ਦੱਸੋ ਕਿਸਾਨ ਆਪਣੀ ਫਸਲ ਦੀ ਰਖਵਾਲੀ ਦੀ ਆਸ ਕਿਸ ਤੋਂ ਕਰੇ, ਇਹਨਾ ਵਿਚਾਰਾਂ ਦਾ ਪ੍ਰਗਟਾਵਾ ਲੈਂਡ ਮੋਰਗਜ ਬੈਂਕ ਬੱਸੀ ਪਠਾਣਾ ਅੱਗੇ ਪਿੱਛਲੇ ਅੱਠ ਦਿਨਾਂ ਤੋਂ ਲਗਾਤਾਰ ਦਿਨ ਰਾਤ ਚੱਲ ਰਹੀ ਧਰਨੇ ਉੱਪਰ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਹੋਇਆ ਜਿਲ੍ਹਾ ਜਨਰਲ ਸਕੱਤਰ ਗੁਰਜੀਤ ਸਿੰਘ ਵਜੀਦਪੁਰ ਨੇ ਕਿਹਾ ਕਿ ਕਿਸਾਨ ਸ਼ਾਹੂਕਾਰਾਂ ਤੋਂ ਬਚਣ ਦੇ ਲਈ ਸਹਿਕਾਰੀ ਬੈਂਕਾਂ ਤੋਂ ਆਪਣੀ ਫਸਲ ਪਾਲਣ ਲਈ ਕਰਜ਼ ਲੈ ਕੇ ਖੇਤੀਬਾੜੀ ਕਰਦਾ ਹੈ ਪ੍ਰੰਤੂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੇ ਆਪਣੇ ਅਦਾਰੇ ਲੈਂਡ ਮੋਰਗੇਜ ਬੈਂਕ ਵੱਲੋਂ ਸ਼ਾਹੂਕਾਰਾਂ ਦੁਆਰਾ ਕਿਸਾਨਾਂ ਦੀ ਕੀਤੀ ਜਾਂਦੀ ਲੁੱਟ ਨੂੰ ਵੀ ਪਿੱਛੇ ਛੱਡਦੇ ਹੋਏ ਕਿਸਾਨਾਂ ਤੋਂ ਵੀਹ ਵੀਹ ਗੁਣਾ ਪਿਆਜ ਸਮੇਤ ਪੈਸੇ ਵਸੂਲਣ ਤੋਂ ਬਾਅਦ ਕਿਸਾਨਾਂ ਨੂੰ ਕਲੀਅਰੈਂਸ ਸਰਟੀਫਿਕੇਟ ਦਿੱਤੇ ਗਏ ਸਨ ਅਤੇ ਹੁਣ ਉਹਨਾ ਹੀ ਪੈਸੇ ਭਰ ਕੇ ਕਲੀਅਰੈਂਸ ਸਰਟੀਫਿਕੇਟ ਪ੍ਰਾਪਤ ਕਰਨ ਵਾਲੇ ਕਿਸਾਨਾਂ ਦੀਆਂ ਜਮੀਨਾਂ ਖੋਹਣ ਲਈ ਲੈਂਡ ਮੋਰਗੇਜ ਬੈਂਕ ਵੱਲੋਂ ਫਿਰ ਤੋਂ ਉਸੇ ਵਿਆਜ ਸਮੇਤ ਪੈਸੇ ਵਾਪਸ ਕਰ ਚੁੱਕੇ ਕਿਸਾਨ ਦੀ ਜਮੀਨ ਦੀ ਫਰਦ ਵਿੱਚ ਆੜ ਰਹਿਣ ਦੀਆਂ ਐਂਟਰੀਆਂ ਕਰਵਾਈਆਂ ਜਾ ਰਹੀਆਂ ਹਨ ਅਤੇ ਮੁੱਖ ਮੰਤਰੀ ਦੀ ਅਗਵਾਈ ਵਾਲੇ ਲੈਂਡ ਮੋਰਗੇਜ ਬੈਂਕ ਵੱਲੋਂ ਕਿਸਾਨਾਂ ਤੋਂ ਲਏ ਗਏ ਖਾਲੀ ਚੈੱਕਾਂ ਨੂੰ ਅਦਾਲਤ ਵਿੱਚ ਲਗਾ ਕੇ ਕਿਸਾਨਾਂ ਦੀਆਂ ਜਮੀਨਾਂ ਕੁਰਕ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਦੇਣ ਲਈ ਸਾਜਿਸ਼ਾਂ ਘੜੀਆਂ ਜਾ ਰਹੀਆਂ ਹਨ ਜਿਸ ਦੀਆਂ ਕਿ ਅਨੇਕਾਂ ਹੀ ਸ਼ਿਕਾਇਤਾਂ ਸਮੇਤ ਸਬੂਤ ਕਿਸਾਨਾਂ ਵੱਲੋਂ ਬੀਕੇਯੂ ਏਕਤਾ ਸਿੱਧੂਪੁਰ ਜਥੇਬੰਦੀ ਕੋਲ ਪਹੁੰਚ ਦੀਆ ਕੀਤੀਆ ਜਾ ਚੁੱਕੀਆਂ ਹਨ। ਗੁਰਜਿੰਦਰ ਸਿੰਘ ਖੋਜੇ ਮਾਜਰਾ ਨੇ ਅੱਗੇ ਗੱਲਬਾਤ ਕਰਦਿਆਂ ਹੋਇਆ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਕਿਸਾਨ ਵਿਰੋਧੀ ਅਤੇ ਕਾਰਪੋਰੇਟ ਪੱਖੀ ਚਿਹਰਾ ਇਸ ਗੱਲ ਤੋਂ ਹੀ ਨੰਗਾ ਹੋ ਜਾਂਦਾ ਹੈ ਕਿ ਪਿੱਛਲੀ 30 ਮਾਰਚ ਤੋਂ ਲੈਂਡ ਮੋਰਗੇਜ ਬੈਂਕ ਫਰੀਕੋਟ ਅੱਗੇ ਪਿੰਡ ਹਰੀ ਨੌ ਦੇ ਦੋ ਸਕੇ ਭਰਾਵਾਂ ਨੂੰ ਇਨਸਾਫ ਦਿਵਾਉਣ ਲਈ ਅਤੇ ਲੈਂਡ ਮੋਰਗੇਜ ਬੈਂਕ ਵੱਲੋਂ ਲਏ ਗਏ ਖਾਲੀ ਚੈੱਕਾਂ ਨੂੰ ਵਾਪਸ ਕਰਵਾਉਣ ਲਈ ਅਤੇ ਬੈਂਕ ਦੀ ਭ੍ਰਿਸ਼ਟ ਅਫਸਰਸ਼ਾਹੀ ਵੱਲੋਂ ਕਿਸਾਨਾਂ ਨਾਲ ਕੀਤੀਆਂ ਗਈਆਂ ਧੋਖਾਧੜੀ ਦੇ ਦੋਸ਼ੀ ਅਫਸਰਾਂ ਨੂੰ ਸਜ਼ਾ ਦਿਵਾਉਣ ਲਈ ਲਗਾਤਾਰ ਦਿਨ ਰਾਤ ਧਰਨਾ ਚੱਲ ਰਿਹਾ ਹੈ ਅਤੇ ਜਿਸ ਉਪਰੰਤ ਅੰਦੋਲਨ ਨੂੰ ਹੋਰ ਤੇਜ਼ ਕਰਦੇ ਹੋਏ ਜਥੇਬੰਦੀ ਵੱਲੋਂ 12 ਤੋਂ ਵੱਧ ਹੋਰ ਜ਼ਿਲਿਆਂ ਵਿੱਚ ਲੈਂਡ ਮੋਰਗੇਜ ਬੈਂਕ ਦੀਆਂ ਮੇਨ ਬਰਾਂਚਾ ਨੂੰ ਬੰਦ ਕਰਕੇ ਉਹਨਾਂ ਦੇ ਅੱਗੇ ਵੀ ਧਰਨਾ ਦਿੱਤਾ ਜਾ ਰਿਹਾ ਹੈ ਪ੍ਰੰਤੂ ਮੁੱਖ ਮੰਤਰੀ ਵੱਲੋਂ ਪੀੜਤ ਕਿਸਾਨਾਂ ਨੂੰ ਇਨਸਾਫ ਦੇਣ ਦੀ ਬਜਾਏ ਆਪਣੀ ਭ੍ਰਿਸ਼ਟ ਅਫਸਰਸ਼ਾਹੀ ਨੂੰ ਬਚਾਉਣ ਲਈ ਹੀ ਹੱਥਕੰਡੇ ਵਰਤੇ ਜਾ ਰਹੇ ਹਨ । ਗੁਰਜਿੰਦਰ ਸਿੰਘ ਖੋਜੇ ਮਾਜਰਾ ਨੇ ਅੱਗੇ ਗੱਲਬਾਤ ਕਰਦਿਆਂ ਹੋਇਆ ਕਿਹਾ ਕਿ ਬੀਕੇਯੂ ਏਕਤਾ ਸਿੱਧੂਪੁਰ ਆਪਣੇ ਕਿਸਾਨਾਂ ਦੇ ਹੱਕਾਂ ਲਈ ਹਰ ਇੱਕ ਸੰਘਰਸ਼ ਲੜਨ ਲਈ ਬਚਨਵਧ ਹੈ ਅਤੇ ਕਿਸੇ ਵੀ ਕਿਸਾਨ ਦੀ ਜਮੀਨ ਦੀ ਕੁਰਕੀ ਨਹੀਂ ਹੋਣ ਦੇਵੇਗੀ ਅਤੇ ਲੈਂਡ ਮੋਰਗੇਜ ਬੈਂਕ ਦੇ ਭ੍ਰਿਸ਼ਟ ਅਫਸਰਾਂ ਜਿੰਨਾਂ ਵੱਲੋਂ ਕਿਸਾਨਾਂ ਨਾਲ ਧੋਖਾਧੜੀ ਕੀਤੀ ਗਈ ਹੈ ਉਹਨਾਂ ਭ੍ਰਿਸ਼ਟ ਅਫਸਰਾਂ ਨੂੰ ਬੀਕੇਯੂ ਏਕਤਾ ਸਿੱਧੂਪੁਰ ਸਜਾਂ ਦਿਵਾਉਣ ਤੋਂ ਬਾਅਦ ਹੀ ਚੈਨ ਨਾਲ ਬੈਠੇਗੀ। ਇਸ ਮੌਕੇ ਉਹਨਾਂ ਨਾਲ: ਪ੍ਰਕਾਸ਼ ਸਿੰਘ ਬੱਬਲ ਬਲਪ੍ਰੀਤ ਸਿੰਘ ਅਬਦੁੱਲਾਪੁਰ ਅਵਤਾਰ ਸਿੰਘ ਖਰੌਡਾ ਬਲਕਾਰ ਸਿੰਘ ਢੀਂਡਸਾ ਨਵਪ੍ਰੀਤ ਸਿੰਘ ਖੋਜੇ ਮਾਜਰਾ ਹਜ਼ੂਰਾ ਸਿੰਘ ਬਾਲਾੜੀ ਬਲਵਿੰਦਰ ਸਿੰਘ ਮੈਣਮਾਜਰੀ ਵਰਿੰਦਰ ਸਿੰਘ ਜੜਖੇਲਾ ਖੇੜੀ

# ਨਾਭਾ ਦੇ ਪਿੰਡ ਸੰਕੋਹਾ ਦਾ ਪ੍ਰਸਿੱਧ ਕਬੱਡੀ ਖਿਡਾਰੀ ਅਮਨਦੀਪ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਿਤ



ਨਾਭਾ 25 ਮਈ ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਨਾਭਾ ਦੇ ਨਾਲ ਲੱਗਦੇ ਪਿੰਡ ਸੰਕੋਹਾ ਦੀ ਰਹਿਣ ਵਾਲੀ ਅਤੇ ਇਸ ਸਮੇਂ ਤੋਂ ਪੰਜਾਬ ਪੁਲਿਸ ਵਿੱਚ ਸੇਵਾ ਕਰ ਰਹੀ ਕਬੱਡੀ ਖਿਡਾਰਨ ਅਮਨਦੀਪ ਕੌਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵੱਲੋਂ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਦੇ ਨਾਲ ਹੀ ਖਿਡਾਰੀਆਂ ਦਾ ਮਨੋਬਲ ਵਧਾਉਣ ਲਈ ਪੰਜਾਬ ਸਰਕਾਰ ਦੀ ਤਰਫੋਂ ਉਸ ਨੂੰ 5 ਲੱਖ ਰੁਪਏ ਦੇ ਨਕਦ ਇਨਾਮ ਨਾਲ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਮਨਦੀਪ ਨੇ ਕਿਹਾ ਕਿ ਉਹ ਇਸ ਐਵਾਰਡ ਦਾ ਸਿਹਰਾ ਆਪਣੇ ਮਾਤਾ-ਪਿਤਾ ਨੂੰ ਦਿੰਦੀ ਹੈ, ਜਿਨ੍ਹਾਂ ਨੇ ਉਸ ਨੂੰ ਖੇਡ ਵਿੱਚ ਅੱਗੇ ਵਧਣ ਲਈ ਹਮੇਸ਼ਾ ਸਹਿਯੋਗ ਦਿੱਤਾ, ਦੂਜਾ ਉਹ ਆਪਣੇ ਪਤੀ ਨੂੰ ਦਿੰਦੀ ਹੈ, ਜਿਨ੍ਹਾਂ ਨੇ ਵਿਆਹ ਤੋਂ ਬਾਅਦ ਵੀ ਉਸ ਦਾ ਪੂਰਾ ਸਾਥ ਦਿੱਤਾ ਅਤੇ ਮੈਨੂੰ ਇਸੇ ਤਰ੍ਹਾਂ ਖੇਡਦੇ ਰਹਿਣ ਲਈ ਪ੍ਰੇਰਿਤ ਕੀਤਾ। ਜ਼ਿਕਰਯੋਗ ਹੈ ਕਿ ਅਮਨਦੀਪ ਕੌਰ ਜਿੱਥੇ ਪੰਜਾਬ ਪੁਲਿਸ ਵਿੱਚ ਏ.ਐਸ.ਆਈ ਵਜੋਂ ਸੇਵਾਵਾਂ ਨਿਭਾਅ ਰਹੀ ਹੈ, ਉੱਥੇ ਹੀ ਉਸ ਦੇ ਪਤੀ ਦੇਸ਼ ਦੀ ਸੇਵਾ ਵਿੱਚ ਫ਼ੌਜ ਵਿੱਚ ਹਨ। ਇਸ ਤੋਂ ਇਲਾਵਾ ਅਮਨ ਨੇ ਭਾਰਤ ਵਿੱਚ ਹੀ ਨਹੀਂ ਸਗੋਂ ਵਿਦੇਸ਼ਾਂ ਵਿੱਚ ਵੀ ਆਪਣੀ ਖੇਡ ਦਾ ਲੋਹਾ ਮਨਵਾਇਆ ਹੈ, ਜਿਸ ਕਾਰਨ ਪੰਜਾਬ ਸਰਕਾਰ ਨੇ ਉਸ ਨੂੰ ਇਸ ਸਨਮਾਨ ਦੇ ਹੱਕਦਾਰ ਸਮਝਦਿਆਂ ਸਨਮਾਨਿਤ ਕੀਤਾ ਹੈ।

# ਖ਼ਬਰਾਂ ਲੱਗਣ ਤੋਂ ਬਾਅਦ ਹਰਕਤ ਵਿੱਚ ਆਇਆਂ ਮਾਈਨਿੰਗ ਵਿਭਾਗ, ਕੀਤੀ ਜਾਂਚ



ਲੁਧਿਆਣਾ, 25 ਮਈ -(ਝੱਜ ਉਮੈਦਪੁਰ)- ਲੁਧਿਆਣਾ ਦੇ ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਪਿੰਡ ਸੂਦਾਂਵਾਲ ਵਿਖੇ ਖੇਤੀਬਾੜੀ ਜ਼ਮੀਨ ਵਿੱਚ ਚੱਲ ਰਹੀ ਕਥਿਤ ਨਜਾਇਜ਼ ਮਾਈਨਿੰਗ ਦੇ ਮਾਮਲੇ ਨੂੰ ਮੀਡੀਆ ਵੱਲੋਂ ਜ਼ੋਰਦਾਰ ਢੰਗ ਨਾਲ ਉਠਾਏ ਜਾਣ ਤੋਂ ਬਾਅਦ ਮਾਈਨਿੰਗ ਵਿਭਾਗ ਆਖ਼ਿਰਕਾਰ ਹਰਕਤ ਵਿੱਚ ਆ ਗਿਆ ਹੈ। ਖ਼ਬਰ ਸਾਹਮਣੇ ਆਉਂਦੇ ਹੀ ਵਿਭਾਗ ਨੇ ਤੁਰੰਤ ਮੌਕੇ 'ਤੇ ਟੀਮ ਭੇਜ ਕੇ ਜਾਂਚ ਸ਼ੁਰੂ ਕਰ ਦਿੱਤੀ। ਮਾਈਨਿੰਗ ਵਿਭਾਗ ਦੇ ਐਸਡੀਓ ਗਗਨਦੀਪ ਸਿੰਘ ਢਿੱਲੋਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਜੇਈ ਦੀ ਡਿਊਟੀ ਲਗਾਈ ਗਈ ਸੀ, ਜਿਸ ਨੇ ਮੌਕੇ 'ਤੇ ਪਹੁੰਚ ਕੇ ਜ਼ਮੀਨ ਦੀ ਜਾਂਚ ਕੀਤੀ। ਇਸ ਦੌਰਾਨ ਖੁਦਾਈ ਵਾਲੀ ਥਾਂ ਦੀ ਮਾਪਤੋਲ ਵੀ ਕੀਤੀ ਗਈ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿੰਨੀ ਮਾਤਰਾ ਵਿੱਚ ਮਿੱਟੀ ਕੱਢੀ ਗਈ ਹੈ ਅਤੇ ਕੀ ਨਿਯਮਾਂ ਦੀ ਉਲੰਘਣਾ ਹੋਈ ਹੈ। ਦੂਜੇ ਪਾਸੇ ਪਿੰਡ ਵਾਸੀਆਂ ਨੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਕਾਫ਼ੀ ਸਮੇਂ ਤੋਂ ਖੇਤੀਬਾੜੀ ਜ਼ਮੀਨ ਵਿੱਚ ਡੂੰਘੀ ਖੁਦਾਈ ਕਰਕੇ ਨਜਾਇਜ਼ ਤਰੀਕੇ ਨਾਲ ਮਿੱਟੀ ਕੱਢੀ ਜਾ ਰਹੀ ਸੀ। ਲੋਕਾਂ ਦਾ ਕਹਿਣਾ ਹੈ ਕਿ ਇਸ ਗੈਰਕਾਨੂੰਨੀ ਮਾਈਨਿੰਗ ਕਾਰਨ ਨਾ ਸਿਰਫ਼ ਉਪਜਾਊ ਜ਼ਮੀਨ ਨੂੰ ਨੁਕਸਾਨ ਪਹੁੰਚਿਆ ਹੈ, ਸਗੋਂ ਆਸ-ਪਾਸ ਦੇ ਇਲਾਕੇ ਦੇ ਵਾਤਾਵਰਣ ਅਤੇ ਭੂ-ਸੰਤੁਲਨ 'ਤੇ ਵੀ ਮਾੜਾ ਅਸਰ ਪਿਆ ਹੈ। ਪਿੰਡ ਵਾਸੀਆਂ ਨੇ ਇਹ ਵੀ ਦੋਸ਼ ਲਗਾਇਆ ਕਿ ਜੇ ਸਮੇਂ ਸਿਰ ਕਾਰਵਾਈ ਹੁੰਦੀ ਤਾਂ ਇੰਨੀ ਵੱਡੀ ਪੱਧਰ 'ਤੇ ਖੁਦਾਈ ਨਾ ਹੋ ਸਕਦੀ। ਸੂਤਰਾਂ ਮੁਤਾਬਕ ਮਾਈਨਿੰਗ ਵਿਭਾਗ ਵੱਲੋਂ ਹੁਣ ਪੂਰੀ ਰਿਪੋਰਟ ਤਿਆਰ ਕੀਤੀ ਜਾ ਰਹੀ ਹੈ ਅਤੇ ਜੇ ਜਾਂਚ ਦੌਰਾਨ ਨਿਯਮਾਂ ਦੀ ਉਲੰਘਣਾ ਸਾਬਤ ਹੁੰਦੀ ਹੈ ਤਾਂ ਸੰਬੰਧਿਤ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਸਕਦੀ ਹੈ। ਇਲਾਕੇ ਦੇ ਲੋਕਾਂ ਦੀ ਨਜ਼ਰ ਹੁਣ ਇਸ ਗੱਲ 'ਤੇ ਟਿਕੀ ਹੋਈ ਹੈ ਕਿ ਕੀ ਵਿਭਾਗ ਸਿਰਫ਼ ਕਾਗਜ਼ੀ ਕਾਰਵਾਈ ਤੱਕ ਸੀਮਿਤ ਰਹੇਗਾ ਜਾਂ ਫਿਰ ਮਾਈਨਿੰਗ ਮਾਫੀਆ ਖ਼ਿਲਾਫ਼ ਅਸਲ ਕਾਰਵਾਈ ਵੀ ਕੀਤੀ ਜਾਵੇਗੀ ਇਹ ਤਾਂ ਆਉਣ ਵਾਲਾ ਸਮਾਂ ਹੀ ਦੱਸੇਗਾ।

# ਕੇਂਦਰ ਦੀ ਭਾਜਪਾ ਸਰਕਾਰ ਝੂਠ ਤੇ ਜੁਮਲੇਬਾਜੀਆਂ ਦੀ ਸਰਕਾਰ : ਹਨੀ ਫੱਤਣਵਾਲਾ




ਸ਼੍ਰੀ ਮੁਕਤਸਰ ਸਾਹਿਬ, 18 ਮਈ (ਆਦੇਸ਼)- ਪਿਛਲੇ ਦਿਨੀਂ ਦੂਜੇ ਰਾਜਾਂ ਵਿੱਚ ਹੋਈਆਂ ਚੋਣਾਂ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਹਿ ਰਹੇ ਸਨ ਕਿ ਭਾਰਤ ਦੇਸ਼ ਦੀ ਆਰਥਿਕਤਾ ਬਹੁਤ ਵਧੀਆ ਹੈ। ਪ੍ਰੰਤੂ ਚੋਣਾਂ ਮਗਰੋਂ ਕੇਂਦਰ ਦੀ ਭਾਜਪਾ ਸਰਕਾਰ ਨੇ ਡੀਜ਼ਲ ਪੈਟਰੋਲ ਸੀ ਐਨ ਜੀ ਦੇ ਰੇਟਾਂ ਵਿੱਚ ਭਾਰੀ ਵਾਧਾ ਕਰਕੇ ਦੇਸ਼ ਦੀ ਜਨਤਾ ਉਪਰ ਬਹੁਤ ਵੱਡਾ ਬੋਝ ਪਾਇਆ ਹੈ। ਇਹਨਾ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਨੇ ਹਮੇਸ਼ਾ ਹੀ ਅਜਿਹੇ ਫੈਸਲੇ ਕਰਕੇ ਆਮ ਲੋਕਾਂ ਨੂੰ ਦੁਵਿਧਾ ਵਿੱਚ ਪਾਇਆ ਹੈ ਤੇ ਲੋਕਾਂ ਨਾਲ ਧੱਕਾ ਕੀਤਾ ਹੈ। ਉਹਨਾਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਉਂਝ ਤਾਂ ਲੋਕਾਂ ਨੂੰ ਕਹਿ ਰਹੇ ਹਨ ਕਿ ਡੀਜ਼ਲ ਪੈਟਰੋਲ ਦੀ ਵਰਤੋਂ ਘੱਟ ਕਰੋ, ਖਰੀਦੋ ਫਰੋਖਤ ਨਾ ਕਰੋ ਤੇ ਸੋਨਾ ਆਦਿ ਨਾ ਖਰੀਦ ਕਰੋ ਤੇ ਵਿਦੇਸ਼ਾਂ ਵਿਚ ਨਾ ਜਾਓ ਪਰ ਆਪ ਹੁਣ ਵਿਦੇਸ਼ੀ ਦੌਰੇ ਤੇ ਗਏ ਹੋਏ ਹਨ। ਹਨੀ ਫੱਤਣਵਾਲਾ ਨੇ ਕਿਹਾ ਕਿ ਦੇਸ਼ ਦਾ ਪ੍ਰਧਾਨ ਮੰਤਰੀ ਹੀ ਵੱਡੇ ਵੱਡੇ ਝੂਠ ਬੋਲ ਕੇ ਲੋਕਾਂ ਗੁੰਮਰਾਹ ਕਰ ਰਿਹਾ ਹੈ। ਉਹਨਾਂ ਕੇਂਦਰ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕੇਂਦਰ ਸਰਕਾਰ ਦੇ ਲੀਡਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਵੀ ਇਸ ਫੈਸਲੇ ਦਾ ਵਿਰੋਧ ਕਰਨ ਤਾਂ ਜੋ ਇਹ ਫੈਸਲਾ ਵਾਪਿਸ ਲਿਆ ਜਾ ਸਕੇ। ਇਸ ਮੌਕੇ ਭੁਪਿੰਦਰ ਸਿੰਘ ਚੜੇਵਾਨ ਸਾਬਕਾ ਪ੍ਰਧਾਨ ਬਾਰ ਕੌਂਸਲ ਮੁਕਤਸਰ, ਜਗਵੰਤ ਸਿੰਘ ਲੰਬੀ ਢਾਬ ਤੇ ਟੇਕ ਚੰਦ ਬੱਤਰਾ ਵੀ ਹਾਜਰ ਸਨ।

# ਨਵ ਨਿਯੁਕਤ ਜ਼ਿਲ੍ਹਾ ਅਤੇ ਸੈਸ਼ਨ ਜੱਜ ਮਾਨਵਤਾ ਸੇਵਾ ਆਸ਼ਰਮ ਪੁੱਜੇ ਪਹੁਚੇ

ਸ਼੍ਰੀ ਮੁਕਤਸਰ ਸਾਹਿਬ, 25 ਮਈ (ਆਦੇਸ਼)- ਬੱਚਿਆਂ ਔਰਤਾਂ ਅਤੇ ਬਜ਼ੁਰਗਾਂ ਦੀ ਸੇਵਾ ਸੰਭਾਲ ਨੂੰ ਸਮਰਪਿਤ ਇਲਾਕੇ ਦੇ ਨਾਮਵਰ ਸੰਸਥਾ ਮਾਨਵਤਾ ਫਾਊਂਡੇਸ਼ਨ ਵੱਲੋਂ ਅਨਾਥ ਬੇਸਹਾਰਾ ਅਤੇ ਅਣਗੋਲੇ ਬੱਚਿਆਂ ਲਈ 2015 ਤੋਂ ਮਾਨਵਤਾ ਸਪੈਸ਼ਲਾਈਜ ਅਡੋਪਸ਼ਨ ਏਜੰਸੀ (ਮਾਨਵਤਾ ਪੰਘੂੜਾ ਸੇਵਾ) ਅਤੇ ਮਾਨਵਤਾ ਚਾਇਲਡ ਕੇਅਰ ਇੰਸਟੀਟਿਊਟ ਚਲਾਇਆ ਜਾ ਰਿਹਾ ਸੀ। ਬੀਤੇ ਦਿਨੀ ਜਿਲਾ ਨਵ ਨਿਯੁਕਤ ਜ਼ਿਲ੍ਹਾ ਅਤੇ ਸੈਸ਼ਨ ਜੱਜ ਮੈਡਮ ਜਸਵਿੰਦਰ ਸਿਮਰ ਅਤੇ ਮੈਡਮ ਰਾਜਬੀਰ ਕੌਰ ਪ੍ਰਿੰਸੀਪਲ ਜੱਜ **J.J.B** ਮਾਨਵਤਾ ਸੇਵਾ ਆਸ਼ਰਮ ਪਹੁੰਚੇ। ਸੰਸਥਾ ਦੇ ਚੇਅਰਮੈਨ ਚੇਅਰਮੈਨ ਡਾ. ਨਰੇਸ਼ ਪਰੂਥੀ ਅਤੇ ਮੈਡਮ ਸਪਨਾ ਪਰੂਥੀ ਅਤੇ ਕਮੇਟੀ ਮੈਂਬਰ ਮਾਸਟਰ ਜਸਪਾਲ ਸਿੰਘ ਅਤੇ ਸੰਜੀਵ ਖੇੜਾ ਨੇ ਮੈਡਮ ਨੂੰ ਆਸ਼ਰਮ ਪਹੁੰਚਣ ਤੇ ਜੀ ਆਇਆ ਆਖਿਆ। ਪ੍ਰਬੰਧਕ ਕਮੇਟੀ ਵੱਲੋਂ ਮਾਨਵਤਾ ਸੇਵਾ ਆਸ਼ਰਮ ਵਿੱਚ ਬਣਾਏ ਮਾਨਵਤਾ ਸਪੈਸ਼ਲਾਈਜ ਅਡੋਪਸ਼ਨ ਏਜੰਸੀ ਅਤੇ ਮਾਨਵਤਾ ਚਾਇਲਡ ਕੇਅਰ ਇੰਸਟੀਟਿਊਟ ਅਤੇ ਮਾਨਵਤਾ ਪੰਘੂੜਾ ਸੇਵਾ ਦੀ ਵਿਜਿਟ ਕਰਵਾਈ ਅਤੇ ਸੰਸਥਾ ਵੱਲੋਂ ਆਸ਼ਰਮ ਵਿੱਚ ਦਿੱਤੀਆ ਜਾਣ ਵਾਲੀਆਂ ਸਹੂਲਤਾਂਵਾਂ ਜਿਵੇਂ ਕਿ ਬੱਚਿਆਂ ਲਈ ਮਨੋਰੰਜਨ, ਲਾਇਬਰੇਰੀ ਅਤੇ ਰਸੋਈ ਘਰ ਦੀ ਪੂਰੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਜਿਲਾ ਬਾਲ ਸੁਰੱਖਿਆ ਅਫਸਰ ਮੈਡਮ ਸ਼ਿਵਾਨੀ ਨਾਗਪਾਲ ਅਤੇ ਕੋਰਟ ਦੇ ਸੁਪਰਡੈਂਟ ਜੀਵਨ ਕੁਮਾਰ ਵੀ ਹਾਜ਼ਰ ਸਨ। ਮੈਡਮ ਜਸਵਿੰਦਰ ਸਿਮਰ ਵੱਲੋਂ ਪ੍ਰਬੰਧਕ ਕਮੇਟੀ ਵੱਲੋਂ ਆਸ਼ਰਮ ਲਈ ਕੀਤੇ ਜਾ ਰਹੇ ਵਧੀਆ ਕੰਮਾਂ ਦੀ ਸਲਾਘਾ ਕੀਤੀ ਗਈ।




# ਰਾਜ ਸਭਾ ਸੀਟਾਂ ਵੇਚਣ ਦੇ ਦੋਸ਼ਾਂ 'ਤੇ ਸੀ.ਐਮ. ਮਾਨ ਦੇਣ ਜਵਾਬ : ਗਾਗਾ, ਕੜੈਲ

## ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਤੋਂ ਮੁੱਕਰੀ ਆਪ ਸਰਕਾਰ : ਅਕਾਲੀ ਆਗੂ



ਨਿਰਮਲ ਸਿੰਘ ਕੜੈਲ



ਜਥੇ ਪਰਗਟ ਸਿੰਘ ਗਾਗਾ

ਲਹਿਰਾਗਾਗਾ 25 ਮਈ ( ਮਨਪ੍ਰੀਤ ਕੌਰ ਸੈਣੀ ਚੂੜਲ ਕਲਾਂ )ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਿਆਸੀ ਮਾਹੌਲ ਗਰਮਾਉਂਦਾ ਜਾ ਰਿਹਾ ਹੈ। ਇਸੇ ਤਹਿਤ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਸਥਾਨਕ ਆਗੂ ਤੇ ਮਾਰਕੀਟ ਕਮੇਟੀ ਮੂਨਕ ਦੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਕੜੈਲ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਹਲਕਾ ਲਹਿਰਾਗਾਗਾ ਇੰਚਾਰਜ ਜਥੇਦਾਰ ਪਰਗਟ ਸਿੰਘ ਗਾਗਾ ਨੇ ਆਪਣੇ ਅਲੱਗ-ਅਲੱਗ ਬਿਆਨਾਂ ਰਾਹੀਂ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਉੱਪਰ ਤਿੱਖੇ ਨਿਸ਼ਾਨੇ ਸਾਧੇ ਹਨ।ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਅਤੇ ਵਿਸ਼ਵਾਸਘਾਤ ਦਾ ਜਵਾਬ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਰਾਜ ਸਭਾ ਮੈਂਬਰ ਅਤੇ ਭਾਰਤੀ ਕ੍ਰਿਕਟਰ ਹਰਭਜਨ ਸਿੰਘ ਵੱਲੋਂ ਆਮ ਆਦਮੀ ਪਾਰਟੀ ਉੱਤੇ ਰਾਜ ਸਭਾ ਸੀਟਾਂ ਅਤੇ ਮੰਤਰੀ ਅਹੁਦੇ ਵੇਚਣ ਸਬੰਧੀ ਲਗਾਏ ਗਏ ਦੋਸ਼ ਬਹੁਤ ਹੀ ਗੰਭੀਰ ਹਨ, ਜਿਨ੍ਹਾਂ ਬਾਰੇ ਪੰਜਾਬ ਦੀ ਜਨਤਾ ਸੱਚਾਈ ਜਾਣਨਾ ਚਾਹੁੰਦੀ ਹੈ।ਨਿਰਮਲ ਸਿੰਘ ਕੜੈਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨਾਲ ਬਦਲਾਅ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇ ਵੱਡੇ ਵਾਅਦੇ ਕੀਤੇ ਸਨ, ਪਰ ਹੁਣ ਸਰਕਾਰ ਹਰ ਮੋਰਚੇ 'ਤੇ ਨਾਕਾਮ ਸਾਬਤ ਹੋ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਕਾਨੂੰਨ-ਵਿਵਸਥਾ ਦੀ ਸਥਿਤੀ ਕਮਜ਼ੋਰ ਹੋ ਚੁੱਕੀ ਹੈ ਅਤੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਤੋਂ ਨਿਰਾਸ਼ ਹਨ।ਜਥੇਦਾਰ ਪਰਗਟ ਸਿੰਘ ਗਾਗਾ ਨੇ ਕਿਹਾ ਕਿ ਜੇਕਰ ਹਰਭਜਨ ਸਿੰਘ ਵੱਲੋਂ ਲਗਾਏ ਗਏ ਦੋਸ਼ਾਂ ਵਿੱਚ ਕੋਈ ਸੱਚਾਈ ਨਹੀਂ ਹੈ ਤਾਂ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਸ ਮਾਮਲੇ 'ਤੇ ਖੁੱਲ੍ਹ ਕੇ ਆਪਣਾ ਸਪਸ਼ਟੀਕਰਨ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਨਤਾ ਹੁਣ ਸਿਰਫ਼ ਨਾਅਰਿਆਂ ਨਾਲ ਨਹੀਂ, ਸਗੋਂ ਜ਼ਮੀਨੀ ਹਕੀਕਤ ਦੇ ਅਧਾਰ 'ਤੇ ਫ਼ੈਸਲੇ ਕਰੇਗੀ। ਦੋਵਾਂ ਆਗੂਆਂ ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਵਿੱਚ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਨੂੰ ਉਸ ਦੀਆਂ ਨਾਕਾਮੀਆਂ ਦਾ ਜਵਾਬ ਦੇਣਗੇ।

# ਬੱਸ ਸਟੈਂਡ ਸਾਹਮਣੇ ਸੜਕ ਵਿਚਕਾਰ ਲੱਗਣ ਵਾਲੇ ਰੇਹੜੇ ਬਣਦੇ ਟਰੈਫਿਕ ਜਾਮ ਦਾ ਕਾਰਨ




ਸ੍ਰੀ ਮੁਕਤਸਰ ਸਾਹਿਬ, 25 ਮਈ (ਆਦੇਸ਼)- ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਬੱਸ ਸਟੈਂਡ ਦੇ ਸਾਹਮਣੇ ਸਬਜ਼ੀਆਂ ਅਤੇ ਫਲਾਂ ਦੇ ਲੱਦੇ ਰੇਹੜੇ ਸੜਕ ਦੇ ਵਿਚਕਾਰ ਖੜ੍ਹੇ ਹੋਣਾ ਹੁਣ ਆਮ ਗੱਲ ਬਣ ਚੁੱਕੀ ਹੈ, ਜਿਸ ਕਾਰਨ ਇੱਥੇ ਰੋਜ਼ਾਨਾ ਟਰੈਫਿਕ ਜਾਮ ਦੀ ਵੱਡੀ ਸਮੱਸਿਆ ਪੈਦਾ ਹੋ ਰਹੀ ਹੈ। ਜਦੋਂ ਬੱਸ ਸਟੈਂਡ ਤੋਂ ਬੱਸਾਂ ਬਾਹਰ ਨਿਕਲਦੀਆਂ ਹਨ ਜਾਂ ਮਲੋਟ ਰੋਡ ਅਤੇ ਹੋਰਨਾਂ ਸ਼ਹਿਰਾਂ ਵੱਲ ਜਾਣ ਵਾਲੀ ਆਵਾਜਾਈ ਇੱਥੋਂ ਲੰਘਦੀ ਹੈ, ਤਾਂ ਸੜਕ ਵਿਚਕਾਰ ਖੜ੍ਹੇ ਇਨ੍ਹਾਂ ਰੇਹੜਿਆਂ ਕਾਰਨ ਲੰਬੇ ਜਾਮ ਲੱਗ ਜਾਂਦੇ ਹਨ। ਇਸਦੇ ਨਾਲ ਹੀ ਅਬੋਹਰ ਰੋਡ ਵੱਲੋਂ ਆਉਣ ਵਾਲੇ ਵੱਡੇ ਵਾਹਨ ਵੀ ਇਸ ਜਾਮ ਵਿੱਚ ਫਸ ਜਾਂਦੇ ਹਨ, ਜਿਸ ਕਾਰਨ ਜਿੱਥੇ ਰਾਹਗੀਰਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਉੱਥੇ ਹੀ ਹਰ ਵੇਲੇ ਕਿਸੇ ਵੱਡੇ ਹਾਦਸੇ ਦੇ ਵਾਪਰਨ ਦਾ ਡਰ ਵੀ ਬਣਿਆ ਰਹਿੰਦਾ ਹੈ। ਬੇਜ਼ਬਾਨ ਪਸ਼ੂਆਂ 'ਤੇ ਅੱਤਿਆਚਾਰ ਇਸ ਸਬੰਧੀ ਗੱਲਬਾਤ ਕਰਦਿਆਂ ਇੱਕ ਰਾਹਗੀਰ ਜਵੰਧ ਸਿੰਘ ਰੁਪਾਣਾ ਨੇ ਦੱਸਿਆ ਕਿ ਇਸ ਕੜਕਦੀ ਗਰਮੀ ਵਿੱਚ, ਜਦੋਂ ਤਾਪਮਾਨ 45 ਡਿਗਰੀ ਦੇ ਆਸ-ਪਾਸ ਪਹੁੰਚ ਰਿਹਾ ਹੈ, ਰੇਹੜਿਆਂ ਅੱਗੇ ਜੋੜੇ ਬੇਜ਼ਬਾਨ ਪਸ਼ੂਆਂ ਨੂੰ ਸੜਕ ਦੇ ਵਿਚਕਾਰ ਲਗਾਤਾਰ ਖੜ੍ਹਾ ਰੱਖਣਾ ਪਸ਼ੂਆਂ ਤੇ ਸਿੱਧਾ ਅੱਤਿਆਚਾਰ ਹੈ, ਜੋ ਕਿ ਬਿਲਕੁਲ ਵੀ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਰੇਹੜਾ ਮਾਲਕਾਂ ਨੂੰ ਚਾਹੀਦਾ ਹੈ ਕਿ ਜਦੋਂ ਉਹ ਆਪ ਕੰਮ ਕਰਦੇ ਹਨ ਤਾਂ ਇਸ ਦੌਰਾਨ ਪਸ਼ੂਆਂ ਨੂੰ ਹਟਾ ਕੇ ਕਿਸੇ ਛਾਂਦਾਰ ਜਗ੍ਹਾ 'ਤੇ ਬੰਨ੍ਹਣ। ਨਾਜਾਇਜ਼ ਕਬਜ਼ਿਆਂ ਕਾਰਨ ਵਧ ਰਹੀ ਸਮੱਸਿਆ ਆਸ-ਪਾਸ ਦੇ ਦੁਕਾਨਦਾਰਾਂ ਅਤੇ ਰਾਹਗੀਰਾਂ ਅਨੁਸਾਰ ਸੜਕ ਦੀ ਜਗ੍ਹਾ ਤੇ ਵੱਡੇ ਪੱਧਰ'ਤੇ ਨਜਾਇਜ਼ ਕਬਜ਼ੇ ਕੀਤੇ ਹੋਏ ਹਨ। ਦੁਕਾਨਾਂ ਦੇ ਅੱਗੇ ਸੜਕਾਂ ਤੇ ਰੇਹੜੀਆਂ ਲੱਗਣ ਕਾਰਨ ਲੰਘਣ ਲਈ ਜਗ੍ਹਾ ਬਹੁਤ ਘੱਟ ਬਚਦੀ ਹੈ, ਜਿਸ ਨਾਲ ਆਵਾਜਾਈ ਵਿੱਚ ਵੱਡਾ ਵਿਘਨ ਪੈਂਦਾ ਹੈ। ਪ੍ਰਸ਼ਾਸਨ ਤੋਂ ਕਾਰਵਾਈ ਦੀ ਮੰਗ ਇਸ ਗੰਭੀਰ ਸਮੱਸਿਆ ਨੂੰ ਮੁੱਖ ਰੱਖਦਿਆਂ ਮਾਸਟਰ ਹਰਬੰਸ ਸਿੰਘ, ਅਮਨਦੀਪ ਸਿੰਘ ਕੰਗ, ਭਾਰਤੀ ਕਿਸਾਨ ਯੂਨੀਅਨ ਦੇ ਆਗੂ ਜਗਦੇਵ ਸਿੰਘ ਕਾਨਿਆਂਵਾਲੀ, ਗੁਰਦਰਸ਼ਨ ਸਿੰਘ ਰੁਪਾਣਾ ਅਤੇ ਹੋਰਨਾਂ ਸਮਾਜ ਸੇਵਕਾਂ ਨੇ ਜ਼ਿਲ੍ਹਾ ਪੁਲਿਸ ਅਤੇ ਸਿਵਲ ਪ੍ਰਸ਼ਾਸਨ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਬੱਸ ਸਟੈਂਡ ਦੇ ਸਾਹਮਣੇ ਆਵਾਜਾਈ ਨੂੰ ਸੁਚਾਰੂ ਰੂਪ ਵਿੱਚ ਚਲਾਉਣ ਲਈ ਸੜਕ ਵਿਚਕਾਰ ਫਲ-ਸਬਜ਼ੀਆਂ ਦੇ ਰੇਹੜੇ ਖੜ੍ਹੇ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਜਾਵੇ ਅਤੇ ਸੜਕਾਂ ਕਿਨਾਰੇ ਕੀਤੇ ਗਏ ਸਾਰੇ ਨਜਾਇਜ਼ ਕਬਜ਼ੇ ਤੁਰੰਤ ਹਟਾਏ ਜਾਣ।

# ਹਲਕਾ ਇੰਚਾਰਜ ਰਣਜੋਧ ਹਡਾਣਾ ਨੇ ਕੋਆਪਰੇਟਿਵ ਸੁਸਾਇਟੀ ਫ਼ਤਿਹਪੁਰ ਰਾਜਪੂਤਾਂ ਦੀ ਸਰਬਸੰਮਤੀ ਨਾਲ ਚੁਣੀ ਗਈ ਨਵੀਂ ਕਮੇਟੀ ਨੂੰ ਦਿੱਤੀਆਂ ਮੁਬਾਰਕਾਂ



ਪਟਿਆਲਾ, 25 ਮਈ (ਰਾਜਿੰਦਰ ਸਿੰਘ ਥਿੰਦ): ਕੋਆਪਰੇਟਿਵ ਸੁਸਾਇਟੀ ਫ਼ਤਿਹਪੁਰ ਰਾਜਪੂਤਾਂ ਦੀ ਪ੍ਰਬੰਧਕੀ ਕਮੇਟੀ ਦੀ ਚੋਣ ਅੱਜ ਪੂਰਨ ਤੌਰ @ਤੇ ਅਮਨ-ਅਮਾਨ ਅਤੇ ਸਰਬਸੰਮਤੀ ਨਾਲ ਸੰਪੰਨ ਹੋ ਗਈ। ਇਸ ਚੋਣ ਵਿੱਚ ਆਪਸੀ ਸਹਿਮਤੀ ਨਾਲ ਸ੍ਰ. ਰਵਿੰਦਰ ਸਿੰਘ ਨੂੰ ਕੋਆਪਰੇਟਿਵ ਸੁਸਾਇਟੀ ਦਾ ਪ੍ਰਧਾਨ ਚੁਣਿਆ ਗਿਆ। ਚੋਣ ਪ੍ਰਕਿਰਿਆ ਮੁਕੰਮਲ ਹੋਣ ਤੋਂ ਬਾਅਦ ਸੁਸਾਇਟੀ ਦੇ ਨਵ-ਨਿਯੁਕਤ ਅਹੁਦੇਦਾਰ ਅਤੇ ਪ੍ਰਬੰਧਕ ਮੈਂਬਰ ਵਿਸ਼ੇਸ਼ ਤੌਰ @ਤੇ ਹਲਕਾ ਇੰਚਾਰਜ ਅਤੇ ਚੇਅਰਮੈਨ ਸਰਦਾਰ ਰਣਜੋਧ ਸਿੰਘ ਹਡਾਣਾ ਦੇ ਗ੍ਰਹਿ ਪਹੁੰਚੇ, ਜਿੱਥੇ ਸ. ਹਡਾਣਾ ਵੱਲੋਂ ਸਮੁੱਚੀ ਟੀਮ ਦਾ ਮੂੰਹ ਮਿੱਠਾ ਕਰਵਾ ਕੇ ਨਿੱਘਾ ਸਵਾਗਤ ਕੀਤਾ ਗਿਆ ਅਤੇ ਭਵਿੱਖ ਦੇ ਕਾਰਜਾਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਸੰਦੀਪ ਕੌਰ ਪ੍ਰਬੰਧਨ ਮੈਂਬਰ, ਕੁਲਵੰਤ ਸਿੰਘ ਪ੍ਰਬੰਧਨ ਮੈਂਬਰ, ਦਲਜੀਤ ਸਿੰਘ ਪ੍ਰਬੰਧਨ ਮੈਂਬਰ, ਪੰਜਾਬ ਸਿੰਘ ਖੁੱਡਾ ਸ੍ਰੀ ਸੁਖਦੀਪ ਸਿੰਘ ਫਤਿਹਪੁਰ, ਸ੍ਰੀ ਹਰਪਾਲ ਸਿੰਘ ਫਤਿਹਪੁਰ, ਤਜਿੰਦਰ ਸਿੰਘ, ਲਖਵਿੰਦਰ ਸਿੰਘ ਸਰਪੰਚ, ਹਰਿੰਦਰ ਸਿੰਘ ਕੌੜਾ, ਮਨਦੀਪ ਸਿੰਘ, ਵਿਸ਼ਾਲ ਪਾਲ ਸਰਪੰਚ, ਸ੍ਰੀ ਜਸਬੀਰ ਸਿੰਘ, ਰਾਜਕੁਮਾਰ ਮੈਂਬਰ ਬਲਾਕ ਸੰਮਤੀ, ਸ੍ਰੀ ਭੁਪਿੰਦਰ ਸਿੰਘ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨਦੱਸਣਯੋਗ ਹੈ ਕਿ ਇਸ ਸਰਬਸੰਮਤੀ ਨਾਲ ਹੋਈ ਚੋਣ ਦੌਰਾਨ ਜਿੱਥੇ ਸ੍ਰ. ਰਵਿੰਦਰ ਸਿੰਘ ਨੂੰ ਪ੍ਰਧਾਨਗੀ ਦੀ ਜ਼ਿੰਮੇਵਾਰੀ ਸੌਂਪੀ ਗਈ, ਉੱਥੇ ਹੀ ਸ੍ਰੀ ਗੁਰਵਿੰਦਰ ਸਿੰਘ ਨੂੰ ਮੀਤ ਪ੍ਰਧਾਨ ਅਤੇ ਸ਼੍ਰੀਮਤੀ ਰਣਜੀਤ ਕੌਰ ਨੂੰ ਜੂਨੀਅਰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਤੋਂ ਇਲਾਵਾ ਕੋਆਪਰੇਟਿਵ ਸੁਸਾਇਟੀ ਦੇ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਪ੍ਰਬੰਧਕ ਮੈਂਬਰਾਂ ਵਜੋਂ ਸ਼੍ਰੀਮਤੀ ਸੰਦੀਪ ਕੌਰ, ਸ੍ਰੀ ਕੁਲਵੰਤ ਸਿੰਘ ਅਤੇ ਸ਼੍ਰੀ ਦਲਜੀਤ ਸਿੰਘ ਨੂੰ ਸਰਬਸੰਮਤੀ ਨਾਲ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ।ਨਵ-ਨਿਯੁਕਤ ਟੀਮ ਨੂੰ ਮੁਬਾਰਕਬਾਦ ਦਿੰਦਿਆਂ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸੋਚ ਸਦਕਾ ਅੱਜ ਪਿੰਡਾਂ ਵਿੱਚੋਂ ਧੜੇਬੰਦੀ ਖ਼ਤਮ ਹੋ ਰਹੀ ਹੈ। ਕੋਆਪਰੇਟਿਵ ਸੁਸਾਇਟੀਆਂ ਦੀ ਚੋਣ ਬਿਨਾਂ ਕਿਸੇ ਵਿਰੋਧ ਅਤੇ ਸਰਬਸੰਮਤੀ ਨਾਲ ਹੋਣਾ ਇਸ ਗੱਲ ਦਾ ਸਬੂਤ ਹੈ ਕਿ ਲੋਕ ਮਿਲਜੁਲ ਕੇ ਇਲਾਕੇ ਦੀ ਤਰੱਕੀ ਚਾਹੁੰਦੇ ਹਨ। ਉਨ੍ਹਾਂ ਉਮੀਦ ਜਤਾਈ ਕਿ ਇਹ ਨਵੀਂ ਕਮੇਟੀ ਕਿਸਾਨਾਂ ਅਤੇ ਸੁਸਾਇਟੀ ਦੇ ਮੈਂਬਰਾਂ ਦੇ ਹਿੱਤਾਂ ਲਈ ਪੂਰੀ ਇਮਾਨਦਾਰੀ ਤੇ ਪਾਰਦਰਸ਼ਤਾ ਨਾਲ ਕੰਮ ਕਰੇਗੀ ਅਤੇ ਕੋਆਪਰੇਟਿਵ ਸੁਸਾਇਟੀ ਨੂੰ ਹੋਰ ਬੁਲੰਦੀਆਂ @ਤੇ ਲੈ ਕੇ ਜਾਵੇਗੀ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਰਵਿੰਦਰ ਸਿੰਘ ਅਤੇ ਸਮੂਹ ਮੈਂਬਰਾਂ ਨੇ ਮਾਨ ਸਰਕਾਰ ਅਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਕਿਸਾਨ ਭਰਾਵਾਂ ਨੂੰ ਕੋਆਪਰੇਟਿਵ ਸੁਸਾਇਟੀ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਮੁਹੱਈਆ ਕਰਵਾਉਣਗੇ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਸਥਾਨਕ ਅਹੁਦੇਦਾਰ, ਪਿੰਡ ਦੇ ਪਤਵੰਤੇ ਸੱਜਣ ਅਤੇ ਸੁਸਾਇਟੀ ਦੇ ਮੈਂਬਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਪ੍ਰਸ਼ਾਸਨ ਵੱਲੋਂ ਨਗਰ ਕੌਂਸਲ ਚੋਣਾਂ ਨਿਰਪੱਖ ਤਰੀਕੇ ਨਾਲ ਕਰਵਾਈਆਂ ਜਾਣ : ਪ੍ਰੇਮ ਸਿੰਘ ਭੰਗੂ

ਜਗਰਾਉਂ, 25 ਮਈ (ਜਸਵਿੰਦਰ ਸਿੰਘ ਡਾਂਗੀਆ) : ਪੰਜਾਬ ਭਰ ਵਿੱਚ 26 ਮਈ ਨੂੰ ਹੋਣ ਵਾਲੀਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਦੀਆਂ ਚੋਣਾਂ ਸਬੰਧੀ ਸਾਰੀਆਂ ਹੀ ਪਾਰਟੀਆਂ ਅਤੇ ਆਜ਼ਾਦ ਉਮੀਦਵਾਰ ਵੱਲੋਂ ਅਣਥੱਕ ਮਿਹਨਤ ਕੀਤੀ ਜਾ ਰਹੀ ਹੈ ਜਿਸ ਵਿੱਚ ਨਾ ਸਿਰਫ ਪੁਰਸ਼ ਉਮੀਦਵਾਰ ਬਲਕਿ ਮਹਿਲਾਵਾਂ ਵੱਲੋਂ ਵੀ ਪੂਰੀ ਭਾਗੀਦਾਰੀ ਨਾਲ ਜੀ ਤੋੜ ਮਿਹਨਤ ਕੀਤੀ ਜਾ ਰਹੀ ਹੈ ਇਸ ਲਈ ਕਿਸੇ ਵੀ ਵਿਅਕਤੀ ਦੀ ਮਿਹਨਤ ਬੇਕਾਰ ਨਾ ਜਾਵੇ ਇਸ ਲਈ ਪ੍ਰਸ਼ਾਸਨ ਨੂੰ ਪੂਰੀ ਨਿਰਪੱਖਤਾ ਨਾਲ ਇਹਨਾਂ ਚੋਣਾਂ ਨੂੰ ਨੇਪਰੇ ਚਾੜਿਆ ਜਾਣਾ ਚਾਹੀਦਾ ਹੈ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਪੁਲਿਸ ਅਫਸਰ ਇੰਸਪੈਕਟਰ ਪ੍ਰੇਮ ਸਿੰਘ ਭੰਗੂ ਵੱਲੋਂ ਕੀਤਾ ਗਿਆ, ਉਨ੍ਹਾਂ ਕਿਹਾ ਕੀ ਸਾਰੇ ਉਮੀਦਵਾਰਾਂ ਵੱਲੋਂ ਇਨੀ ਗਰਮੀ ਵਿੱਚ ਬਹੁਤ ਹੀ ਜਿਆਦਾ ਮਿਹਨਤ ਕੀਤੀ ਜਾ ਰਹੀ ਹੈ ਪਰ ਇਹ ਅਕਸਰ ਹੀ ਇਹ ਸੁਨਣ ਨੂੰ ਮਿਲਦਾ ਹੈ ਕੀ ਮੌਕੇ ਦੀਆਂ ਸਰਕਾਰਾਂ ਵੱਲੋਂ ਧੱਕੇਸ਼ਾਹੀਆਂ ਕੀਤੀਆਂ ਜਾਂਦੀਆਂ ਹਨ, ਇਸ ਲਈ ਪ੍ਰਸ਼ਾਸਨ ਨੂੰ ਇਹ ਬੇਨਤੀ ਹੈ ਕਿ ਸਰਕਾਰੀ ਅਧਿਕਾਰੀ ਬਿਨਾਂ ਕਿਸੇ ਦਬਾਅ ਦੇ ਇਹਨਾਂ ਚੋਣਾਂ ਨੂੰ ਪੂਰੀ ਨਿਰਪੱਖਤਾ ਅਤੇ ਇਮਾਨਦਾਰੀ ਨਾਲ ਨੇਪਰੇ ਚਾੜਨ ਤਾਂ ਕੀ ਹਰ ਇੱਕ ਵਿਅਕਤੀ ਨੂੰ ਸੰਵਿਧਾਨ ਕਾਨੂੰਨ ਅਤੇ ਇਲੈਕਸ਼ਨ ਕਮਿਸ਼ਨ ਦੇ ਸੰਵਿਧਾਨਿਕ ਢਾਂਚੇ ਵਿੱਚ ਯਕੀਨ ਵਧੇ। ਭੰਗੂ ਨੇ ਕਿਹਾ ਕਿ ਨਿਰਪੱਖ ਚੋਣਾਂ ਹੀ ਲੋਕਤੰਤਰ ਦੀ ਮਜ਼ਬੂਤੀ ਦੀ ਨਿਸ਼ਾਨੀ ਹਨ ਅਤੇ ਪ੍ਰਸ਼ਾਸਨ ਦਾ ਫ਼ਰਜ਼ ਬਣਦਾ ਹੈ ਕਿ ਉਹ ਹਰ ਉਮੀਦਵਾਰ ਨੂੰ ਬਰਾਬਰ ਦਾ ਮੌਕਾ ਦੇਵੇ।



# ਚੋਰੀ ਤੋਂ ਬਾਅਦ ਫੈਕਟਰੀ ਨੂੰ ਲੱਗੀ ਭਿਆਨਕ ਅੱਗ, ਮਾਲਕ ਨੇ ਲਗਾਏ ਸਾਜ਼ਿਸ਼ ਦੇ ਦੋਸ਼

## ਦੋ ਦਿਨਾਂ ਵਿੱਚ ਇਨਸਾਫ਼ ਨਾ ਮਿਲਿਆ ਤਾਂ ਚੁੱਕਾਂਗਾ ਕਠੋਰ ਕਦਮ - ਪੀੜਤ ਦੀ ਪ੍ਰਸ਼ਾਸਨ ਨੂੰ ਚੇਤਾਵਨੀ



ਲੁਧਿਆਣਾ, 25 ਮਈ -(ਝੱਜ ਉਮੈਦਪੁਰ)- ਥਾਣਾ ਸਾਹਨੇਵਾਲ ਅਧੀਨ ਪੈਂਦੇ ਪਿੰਡ ਜੁਗਿਆਣਾ ਵਿੱਚ ਇੱਕ ਫੈਕਟਰੀ ਮਾਲਕ ਨਾਲ ਪਹਿਲਾਂ ਚੋਰੀ ਅਤੇ ਬਾਅਦ ਵਿੱਚ ਅੱਗਜ਼ਨੀ ਦੀ ਘਟਨਾ ਸਾਹਮਣੇ ਆਉਣ ਤੋਂ ਬਾਅਦ ਇਲਾਕੇ ਵਿੱਚ ਹੜਕੰਪ ਮਚ ਗਿਆ ਹੈ। ਪੀੜਤ ਫੈਕਟਰੀ ਮਾਲਕ ਨੇ ਪੂਰੇ ਮਾਮਲੇ ਨੂੰ ਇੱਕ ਸੋਚੀ-ਸਮਝੀ ਸਾਜ਼ਿਸ਼ ਕਰਾਰ ਦਿੰਦਿਆਂ ਪੁਲਿਸ ਅਤੇ ਪ੍ਰਸ਼ਾਸਨ ਕੋਲ ਇਨਸਾਫ਼ ਦੀ ਗੁਹਾਰ ਲਗਾਈ ਹੈ।

ਪੀੜਤ ਦੇ ਅਨੁਸਾਰ ਕਰੀਬ ਇੱਕ ਮਹੀਨਾ ਪਹਿਲਾਂ ਉਸ ਦੀ ਫੈਕਟਰੀ ਵਿੱਚ ਚੋਰੀ ਦੀ ਵਾਰਦਾਤ ਹੋਈ ਸੀ, ਜਿਸ ਸਬੰਧੀ ਥਾਣਾ ਸਾਹਨੇਵਾਲ ਵਿੱਚ ਸ਼ਿਕਾਇਤ ਵੀ ਦਿੱਤੀ ਗਈ ਸੀ। ਉਸ ਦਾ ਦੋਸ਼ ਹੈ ਕਿ ਚੋਰੀ ਦੇ ਮਾਮਲੇ ਵਿੱਚ ਕੋਈ ਢੰਗ ਦੀ ਕਾਰਵਾਈ ਨਾ ਹੋਣ ਕਾਰਨ ਦੋਸ਼ੀਆਂ ਦੇ ਹੌਂਸਲੇ ਇੰਨੇ ਬੁਲੰਦ ਹੋ ਗਏ ਕਿ ਕੁਝ ਦਿਨਾਂ ਬਾਅਦ ਫੈਕਟਰੀ ਨੂੰ ਹੀ ਅੱਗ ਦੇ ਹਵਾਲੇ ਕਰ ਦਿੱਤਾ ਗਿਆ।

ਫੈਕਟਰੀ ਮਾਲਕ ਨੇ ਦੱਸਿਆ ਕਿ ਅੱਗ ਇੰਨੀ ਭਿਆਨਕ ਸੀ ਕਿ ਅੰਦਰ ਲੱਗੀਆਂ ਮਹਿੰਗੀਆਂ ਮਸ਼ੀਨਾਂ, ਕੱਚਾ ਮਾਲ ਅਤੇ ਹੋਰ ਕੀਮਤੀ ਸਾਮਾਨ ਪੂਰੀ ਤਰ੍ਹਾਂ ਸੜ ਕੇ ਸੁਆਹ ਹੋ ਗਿਆ। ਉਸ ਨੇ ਕਿਹਾ ਕਿ ਇਸ ਹਾਦਸੇ ਕਾਰਨ ਉਸ ਨੂੰ ਲੱਖਾਂ ਰੁਪਏ ਦਾ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ ਹੈ ਅਤੇ ਫੈਕਟਰੀ ਦੇ ਅੰਦਰ ਕੁਝ ਵੀ ਬਚਿਆ ਨਹੀਂ।

ਪੀੜਤ ਨੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਫੈਕਟਰੀ ਦੇ ਸਾਹਮਣੇ ਬਣੇ ਇੱਕ ਵਿਹੜੇ ਦੇ ਮਾਲਕ ਜੱਗਾ ਸਿੰਘ ਅਤੇ ਉਸ ਦੇ ਸਾਥੀਆਂ ਨੇ ਪਹਿਲਾਂ ਚੋਰੀ ਅਤੇ ਫਿਰ ਅੱਗਜ਼ਨੀ ਦੀ ਘਟਨਾ ਨੂੰ ਅੰਜਾਮ ਦਿੱਤਾ ਹੈ। ਉਸ ਦਾ ਕਹਿਣਾ ਹੈ ਕਿ ਇਸ ਸਬੰਧੀ ਕਈ ਵਾਰ ਪੁਲਿਸ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਕੋਲ ਗੁਹਾਰ ਲਗਾਈ ਗਈ, ਪਰ ਅਜੇ ਤੱਕ ਕੋਈ ਢੁੱਕਵੀਂ ਕਾਰਵਾਈ ਨਹੀਂ ਹੋਈ।ਮੀਡੀਆ ਨਾਲ ਗੱਲਬਾਤ ਕਰਦਿਆਂ ਪੀੜਤ ਨੇ ਪ੍ਰਸ਼ਾਸਨ ਨੂੰ ਸਿੱਧੀ ਚੇਤਾਵਨੀ ਦਿੱਤੀ ਕਿ ਜੇਕਰ ਆਉਣ ਵਾਲੇ ਦੋ ਦਿਨਾਂ ਵਿੱਚ ਉਸ ਨੂੰ ਇਨਸਾਫ਼ ਨਾ ਮਿਲਿਆ ਤਾਂ ਉਹ ਕੋਈ ਕਠੋਰ ਕਦਮ ਚੁੱਕਣ ਲਈ ਮਜਬੂਰ ਹੋਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ।

ਇਸ ਘਟਨਾ ਤੋਂ ਬਾਅਦ ਇਲਾਕੇ ਵਿੱਚ ਡਰ ਅਤੇ ਚਰਚਾ ਦਾ ਮਾਹੌਲ ਬਣਿਆ ਹੋਇਆ ਹੈ। ਸਥਾਨਕ ਲੋਕਾਂ ਨੇ ਵੀ ਪ੍ਰਸ਼ਾਸਨ ਤੋਂ ਮਾਮਲੇ ਦੀ ਨਿਰਪੱਖ ਅਤੇ ਗਹਿਰਾਈ ਨਾਲ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

# ਐਮ ਟੀ ਐਮ ਯੂ ਐਨ 2026: ਐਮ.ਟੀ.ਐਸ. ਬਰਨਾਲਾ ਵਿੱਚ ਕੂਟਨੀਤੀ ਦੀ ਗੂੰਜ




ਬਰਨਾਲਾ 25 ਮਈ (ਅਵਤਾਰ ਸਿੰਘ ਫਰਵਾਹੀ) ਐਮ.ਟੀ.ਐਸ. ਬਰਨਾਲਾ ਨੇ ਐਮ ਟੀ ਐਮ ਯੂ ਐਨ 2026 ਦਾ ਸਫਲ ਆਯੋਜਨ ਕੀਤਾ, ਜਿਸ ਵਿੱਚ ਕਲਾਸ ੭9 ਤੋਂ ✓99 ਤੱਕ ਦੇ ਵਿਦਿਆਰਥੀਆਂ ਨੇ ਭਾਗ ਲਿਆ। ਸਕੂਲ ਦੇ ਕੈਂਪਸ ਨੂੰ ਕੂਟਨੀਤੀ, ਬਹਿਸ, ਲੀਡਰਸ਼ਿਪ ਅਤੇ ਵਿਸ਼ਵ ਜਾਗਰੂਕਤਾ ਦਾ ਇੱਕ ਉਤਸ਼ਾਹ ਭਰਿਆ ਮੰਚ ਬਣਾਇਆ ਗਿਆ। ਵਿਦਿਆਰਥੀਆਂ ਨੇ ਆਪਣਾ ਆਤਮਵਿਸ਼ਵਾਸ, ਰਿਸਰਚ ਸਕਿਲਸ ਅਤੇ ਪਬਲਿਕ ਸਪੀਕਿੰਗ ਦੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਕਾਨਫਰੰਸ ਦਾ ਆਯੋਜਨ ਪੰਜ ਵੱਖ-ਵੱਖ ਵੇਨਿਊਜ਼ ਵਿੱਚ ਕੀਤਾ ਗਿਆ, ਜਿੱਥੇ ਹਰ ਵੇਨਿਊ ਵਿੱਚ ਇੱਕ ਵਿਸ਼ੇਸ਼ ਕਮੇਟੀ ਨੇ ਆਪਣਾ ਐਜੈਂਡਾ ਚਲਾਇਆ। ਹਰ ਕਮੇਟੀ ਦਾ ਸੁਚੱਜਾ ਪ੍ਰਬੰਧ ਚੇਅਰਪਰਸਨ ਵੱਲੋਂ ਕੀਤਾ ਗਿਆ, ਜਿਸ ਨੇ ਚਰਚਾ ਨੂੰ ਸੁਗਮ, ਮਾਇਨੇਦਾਰ ਅਤੇ ਅਨੁਸ਼ਾਸਿਤ ਬਣਾਇਆ। ਐਜੈਂਡਿਆਂ ਦਾ ਮਕਸਦ ਅੰਤਰਰਾਸ਼ਟਰੀ ਅਤੇ ਸਮਾਜਿਕ ਮੁੱਦਿਆਂ 'ਤੇ ਸੋਚ ਨੂੰ ਪ੍ਰੋਤਸਾਹਿਤ ਕਰਨਾ ਅਤੇ ਪ੍ਰਭਾਵਸ਼ਾਲੀ ਹੱਲ ਤਿਆਰ ਕਰਨਾ ਸੀ।ਸਮਾਗਮ ਵਿੱਚ ਸਕੂਲ ਦੇ ਮਾਣਯੋਗ ਪ੍ਰਿੰਸੀਪਲ ਅਤੇ ਕਲਾਸ ੭9-✓99 ਦੇ ਕੋਆਰਡੀਨੇਟਰਜ਼ ਮੌਜੂਦ ਸਨ। ਉਨ੍ਹਾਂ ਨੇ ਵਿਦਿਆਰਥੀਆਂ ਦੀ ਭਾਗੀਦਾਰੀ ਅਤੇ ਕੂਟਨੀਤਿਕ ਹੁਨਰ ਦੀ ਖੂਬ ਸਰਾਹਨਾ ਕੀਤੀ। ਉਨ੍ਹਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਅਤੇ ਸਮਾਗਮ ਦੇ ਮਾਹੌਲ ਨੂੰ ਹੋਰ ਵੀ ਮਹੱਤਵਪੂਰਣ ਬਣਾਇਆ।ਕਮੇਟੀਆਂ ਨੇ ਇੱਕ ਮਾਡਲ ਯੂਨਾਈਟਡ ਨੇਸ਼ਨਸ ਕਾਨਫਰੰਸ ਦੀ ਅਸਲੀ ਰੂਹ ਨੂੰ ਦਰਸਾਇਆ — ਸਹਿਮਤੀ, ਸਹਿਯੋਗ, ਨੀਤੀ-ਨਿਰਮਾਣ ਅਤੇ ਲੀਡਰਸ਼ਿਪ। ਵਿਦਿਆਰਥੀਆਂ ਨੇ ਆਪਣੇ ਵਿਚਾਰ ਨਿਰਭੀਕਤਾ ਨਾਲ ਪੇਸ਼ ਕੀਤੇ, ਨਿਯੰਤ੍ਰਿਤ ਚਰਚਾ ਵਿੱਚ ਭਾਗ ਲਿਆ, ਰੈਜ਼ੋਲੂਸ਼ਨ ਤਿਆਰ ਕੀਤੇ ਅਤੇ ਵਿਸ਼ਵ ਭਰ ਦੀਆਂ ਚੁਣੌਤੀਆਂ ਲਈ ਸਮੂਹਿਕ ਹੱਲ ਲੱਭਣ 'ਤੇ ਕੰਮ ਕੀਤਾ।ਸਕੂਲ ਦੇ ਕੈਂਪਸ ਵਿੱਚ ਬੌਧਿਕ ਊਰਜਾ ਦਾ ਮਹੌਲ ਬਣਿਆ ਰਿਹਾ, ਕਿਉਂਕਿ ਵਿਦਿਆਰਥੀਆਂ ਨੇ ਕੂਟਨੀਤਿਗਤ ਅਤੇ ਭਵਿੱਖ ਦੇ ਨੇਤਿਆਂ ਦੀ ਭੂਮਿਕਾ ਨਿਭਾਈ। ਆਯੋਜਕ ਟੀਮ, ਚੇਅਰਪਰਸਨ ਅਤੇ ਵਿਦਿਆਰਥੀਆਂ ਦੇ ਯਤਨਾਂ ਨੇ ਐਮ ਟੀ ਐਮ ਯੂ ਐਨ 2026 ਨੂੰ ਇੱਕ ਸ਼ਾਨਦਾਰ ਸਫਲਤਾ ਅਤੇ ਯਾਦਗਾਰ ਅਨੁਭਵ ਬਣਾਇਆ।

## ਪ੍ਰਸ਼ਾਸਨ ਦੀ ਲਾਪਰਵਾਹੀ ਕਾਰਨ ਪਟਿਆਲਾ ਦੇ 22 ਨੰਬਰ ਫਾਟਕ ਤੇ ਮੀਂਹ ਤੋਂ ਬਿਨਾਂ ਗੰਦੇ ਪਾਣੀ ਦਾ ਆਇਆ ਹੜ



ਪਟਿਆਲਾ 25 ਮਈ (ਰਾਜਿੰਦਰ ਸਿੰਘ ਬਿੰਦ) ਪ੍ਰਸ਼ਾਸਨ ਅਤੇ ਨਗਰ ਨਿਗਮ ਦੀ ਲਾਪਰਵਾਹੀ ਕਾਰਨ ਪਟਿਆਲਾ ਦੇ ਪੌਸ਼ ਏਰੀਆ 22 ਨੰਬਰ ਫਾਟਕ ਵਿਖੇ ਪੈਟ੍ਰੋਲ ਪੰਪ ਦੇ ਨਜ਼ਦੀਕ ਸੜਕ ਤੇ ਬਿਨਾਂ ਮੀਂਹ ਵਰਨ ਤੋਂ ਗੰਦੇ ਪਾਣੀ ਦੇ ਭਰਨ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਟਿਆਲਾ ਚ ਸੜਕਾਂ ਦਾ ਮੰਦਾ ਹਾਲ ਹੈ ਪ੍ਰੰਤੂ ਪ੍ਰਸ਼ਾਸਨ ਕੁੰਭ ਕਰਨੀ ਨੀਂਦ ਸੁੱਤਾ ਪਿਆ ਹੈ। ਪਟਿਆਲਾ ਚ ਪ੍ਰਸ਼ਾਸਨ ਦੀ ਨਲਾਇਕੀ ਅੱਧੀ ਪੱਧਰੀ ਹੋਵੇ ਤਾਂ ਕੋਈ ਗੱਲ ਨਹੀਂ...ਜਦ ਸਾਰੇ ਹੀ ਨਲਾਇਕ ਇਕੱਠੇ ਹੋ ਜਾਣ ਤਾਂ ਨਲਾਇਕੀਆਂ ਕਿੱਥੇ ਰੁਕਦੀਆਂ...ਹਨ। [illegible] ਪਟਿਆਲਾ ਦੇ 22 ਨੰ: ਫਾਟਕ 'ਤੇ [illegible] ਪਾਣੀ ਨਾਲ ਭਰੀ [illegible] ਪਟਿਆਲਾ, ਐਸਐਸਪੀ ਪਟਿਆਲਾ ਸਮੇਤ ਕਈ ਅਫ਼ਸਰ [illegible] ਪਰ ਕਿਸੇ ਵੀ ਅਧਿਕਾਰੀ ਨੇ ਇਸ ਵੱਲ ਧਿਆਨ ਨਹੀਂ ਦਿੱਤਾ। [illegible] ਇਸ ਸਮੱਸਿਆ ਦਾ ਛੇਤੀ ਤੋਂ ਛੇਤੀ ਹੱਲ ਕਰਨ ਦੀ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ।

## ਈਦਗਾਹ ਕਿਲਾ ਰਹਿਮਤਗੜ੍ਹ ਵਿਖੇ ਈਦ ਦੀ ਨਮਾਜ਼ 7:00 ਵਜੇ ਅਦਾ ਕੀਤੀ ਜਾਵੇਗੀ

**ਮੁਸਲਿਮ ਭਾਈਚਾਰੇ ਨੂੰ ਜੇਲ੍ਹਾਂ ਬੰਦ ਨਿਰਦੋਸ਼ ਮੁਸਲਮਾਨਾਂ ਦੀ ਰਿਹਾਈ ਲਈ ਵਿਸ਼ੇਸ਼ ਦੁਆਵਾਂ ਕਰਨ ਦੀ ਅਪੀਲ- ਪ੍ਰਧਾਨ ਘੁੱਲੂ**



ਮਲੇਰਕੋਟਲਾ, 25 ਮਈ ( ਮੁਨਸ਼ੀ ਫ਼ਾਰੂਕ ) ਦੇਸ਼ ਭਰ ਵਿੱਚ ਮੁਸਲਮਾਨਾਂ ਦਾ ਪਵਿੱਤਰ ਤਿਉਹਾਰ 'ਈਦ-ਉਲ-ਅਜ਼ਹਾ' 28 ਮਈ ਨੂੰ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਈਦਗਾਹ ਕਮੇਟੀ ਕਿਲਾ ਰਹਿਮਤਗੜ੍ਹ (ਮਲੇਰਕੋਟਲਾ) ਦੀ ਇੱਕ ਅਹਿਮ ਇਕੱਤਰਤਾ ਮੁਹੰਮਦ ਅਨਵਾਰ ਘੁੱਲੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਕਮੇਟੀ ਦੀ ਪਿਛਲੇ ਸਾਲ ਦੀ ਕਾਰਗੁਜ਼ਾਰੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਈਦ ਦੀ ਨਮਾਜ਼ ਲਈ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ। ਇਸ ਸਬੰਧੀ ਸਾਡੇ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਕਮੇਟੀ ਦੇ ਪ੍ਰਧਾਨ ਮੁਹੰਮਦ ਅਨਵਾਰ ਨੇ ਦੱਸਿਆ ਕਿ ਕਮੇਟੀ ਵੱਲੋਂ ਸਰਬਸੰਮਤੀ ਨਾਲ ਫੈਸਲਾ ਲਿਆ ਗਿਆ ਕਿ ਈਦਗਾਹ ਕਿਲਾ ਰਹਿਮਤਗੜ੍ਹ ਵਿਖੇ ਈਦ ਦੀ ਨਮਾਜ਼ 28 ਮਈ ਦਿਨ ਵੀਰਵਾਰ ਨੂੰ ਮਰਹੂਮ ਕਾਰੀ ਮੁਹੰਮਦ ਅਸਲਮ ਸਾਹਿਬਜ਼ਾਦੇ ਹਜ਼ਰਤ ਮੌਲਾਨਾ ਮੁਫ਼ਤੀ ਮੁਹੰਮਦ ਅਸਗਰ ਸਾਹਿਬ ਵੱਲੋਂ ਸਵੇਰੇ 7:00 ਵਜੇ ਅਦਾ ਕਰਵਾਈ ਜਾਵੇਗੀ। ਉਹਨਾਂ ਦੇਸ਼ ਭਰ ਦੇ ਮੁਸਲਮਾਨਾਂ ਨੂੰ ਈਦ ਦੀ ਨਮਾਜ਼ ਤੋਂ ਬਾਅਦ ਜੇਲ੍ਹਾਂ 'ਚ ਬੰਦ ਨਿਰਦੋਸ਼ ਮੁਸਲਮਾਨਾਂ ਦੀ ਰਿਹਾਈ ਲਈ ਵਿਸ਼ੇਸ਼ ਦੁਆਵਾਂ ਕਰਨ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਵੱਡੀ ਈਦਗਾਹ ਮਲੇਰਕੋਟਲਾ ਵਿਖੇ ਈਦ ਦੀ ਨਮਾਜ਼ 6:30 ਵਜੇ ਅਦਾ ਕੀਤੀ ਜਾਵੇਗੀ।

## ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਦਾ ਕੁਈਨਜ਼ਲੈਂਡ ਵਾਟਰ ਪਾਰਕ ਵਿਖੇ ਵਿਦਿਅਕ ਅਤੇ ਮਨੋਰੰਜਕ ਦੌਰਾ



ਫ਼ਤਹਿਗੜ੍ਹ ਸਾਹਿਬ, 25 ਮਈ (ਅਭਿਸ਼ੇਕ ਮਲਹੋਤਰਾ) ਦੇਸ਼ ਭਗਤ ਗਲੋਬਲ ਸਕੂਲ ਨੇ ਬਾਲਵਾਟਿਕਾ ਤੋਂ ਤੀਜੀ ਜਮਾਤ ਤੱਕ ਦੇ ਵਿਦਿਆਰਥੀਆਂ ਲਈ ਕੁਈਨਜ਼ਲੈਂਡ ਵਾਟਰ ਪਾਰਕ ਦੇ ਇੱਕ ਵਿਦਿਅਕ ਅਤੇ ਮਨੋਰੰਜਕ ਦੌਰੇ ਦਾ ਆਯੋਜਨ ਕੀਤਾ। ਇਸ ਦੌਰੇ ਦੌਰਾਨ ਵਿਦਿਆਰਥੀਆਂ ਦੀ ਉਤਸ਼ਾਹੀ ਭਾਗੀਦਾਰੀ ਦੇਖਣ ਨੂੰ ਮਿਲੀ, ਜਿਨ੍ਹਾਂ ਨੇ ਇਸ ਦਿਲਚਸਪ ਅਤੇ ਤਾਜ਼ਗੀ ਭਰੀ ਸੈਰ ਦਾ ਪੂਰਾ ਆਨੰਦ ਮਾਣਿਆ। ਇਸ ਯਾਤਰਾ ਨੇ ਗਰਮੀ ਤੋਂ ਛੁਟਕਾਰਾ ਪ੍ਰਦਾਨ ਕੀਤਾ ਕਿਉਂਕਿ ਵਿਦਿਆਰਥੀਆਂ ਨੇ ਰੋਮਾਂਚਕ ਪਾਣੀ ਦੀਆਂ ਸਵਾਰੀਆਂ ਅਤੇ ਵੱਖ-ਵੱਖ ਮਨੋਰੰਜਨ ਪਾਰਕ ਆਕਰਸ਼ਣਾਂ ਦਾ ਅਨੁਭਵ ਕੀਤਾ। ਉਨ੍ਹਾਂ ਨੇ ਜੀਵੰਤ ਡਾਂਸ ਪ੍ਰਦਰਸ਼ਨਾਂ ਅਤੇ ਦਿਲਚਸਪ ਸਮੂਹ ਗਤੀਵਿਧੀਆਂ ਵਿੱਚ ਵੀ ਹਿੱਸਾ ਲਿਆ ਜੋ ਸਾਥੀਆਂ ਵਿੱਚ ਟੀਮ ਵਰਕ, ਆਤਮਵਿਸ਼ਵਾਸ ਅਤੇ ਦੋਸਤੀ ਨੂੰ ਉਤਸ਼ਾਹਿਤ ਕਰਦੇ ਹਨ। ਦਿਨ ਦਾ ਸਮਾਪਨ ਪਾਰਕ ਦੇ ਰੈਸਟੋਰੈਂਟ ਵਿੱਚ ਇੱਕ ਸੁਆਦੀ ਦੁਪਹਿਰ ਦੇ ਖਾਣੇ ਨਾਲ ਹੋਇਆ।ਪ੍ਰਿੰਸੀਪਲ ਇੰਦੂ ਸ਼ਰਮਾ ਨੇ ਇਸ ਮਨੋਰੰਜਕ ਦੌਰੇ ਦੇ ਸੁਚਾਰੂ ਅਤੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਡਿਊਟੀ 'ਤੇ ਮੌਜੂਦ ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਅਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਜ਼ੋਰ ਦੇ ਕੇ ਕਿਹਾ ਕਿ ਸਹਿ-ਪਾਠਕ੍ਰਮ ਗਤੀਵਿਧੀਆਂ ਵਿਦਿਆਰਥੀਆਂ ਦੇ ਸੰਪੂਰਨ ਵਿਕਾਸ, ਮਾਨਸਿਕ ਅਤੇ ਸਮੁੱਚੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

## ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਮੁਹਿੰਮ ਤਹਿਤ ਜਾਗਰੂਕਤਾ ਕੈਂਪ ਆਯੋਜਿਤ

ਬਠਿੰਡਾ, 25 ਮਈ :(ਰਾਣਾ ਸ਼ਰਮਾ) ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਮੁਹਿੰਮ ਤਹਿਤ ਪਿੰਡ ਜੱਸੀ ਪੌਂ ਵਾਲੀ ਵਿਖੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਕਿਸਾਨਾਂ ਨੇ ਭਾਗ ਲਿਆ ਜਿਸ ਦੌਰਾਨ ਉਨ੍ਹਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਣੂੰ ਕਰਵਾਇਆ ਗਿਆ। ਇਸ ਮੌਕੇ ਡਾ. ਗੁਰਦੀਪ ਸਿੰਘ ਸਿੱਧੂ, ਡਿਪਟੀ ਡਾਇਰੈਕਟਰ (ਟ੍ਰੇਨਿੰਗ), ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨੇ ਕਿਸਾਨਾਂ ਨੂੰ ਝੋਨੇ ਅਤੇ ਨਰਮੇ ਦੀ ਫਸਲ ਵਿੱਚ ਜੀਵਾਣੂੰ ਖਾਦ ਦੀ ਵਰਤੋਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜੈਵਿਕ ਖਾਦਾਂ ਦੀ ਵਰਤੋਂ ਨਾਲ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਘਟਾਈ ਜਾ ਸਕਦੀ ਹੈ ਅਤੇ ਫਸਲ ਦੀ ਪੈਦਾਵਾਰ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਲਿਆਂਦਾ ਜਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੀ ਫਸਲ ਵਿੱਚ ਅੱਧੀ ਕਿੱਲੋ ਕੰਸ਼ੋਰਸ਼ੀਅਮ ਜੀਵਾਣੂੰ ਖਾਦ ਨੂੰ 100 ਲਿਟਰ ਪਾਣੀ ਵਿੱਚ ਮਿਲਾਉ ਅਤੇ ਇਸ ਘੋਲ ਵਿੱਚ ਝੋਨੇ ਦੀ ਪਨੀਰੀ ਦੀਆਂ ਜੜ੍ਹਾਂ ਨੂੰ




45 ਮਿੰਟ ਲਈ ਡੋਬਾ ਦਿਉ। ਇਸ ਖਾਦ ਦੀ ਵਰਤੋਂ ਨਾਲ ਝੋਨੇ ਦਾ ਝਾੜ ਵਧਦਾ ਹੈ ਅਤੇ ਜ਼ਮੀਨ ਦੀ ਸਿਹਤ ਵਿੱਚ ਵੀ ਸੁਧਾਰ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਇਹ ਖਾਦ ਕ੍ਰਿਸ਼ੀ ਵਿਗਿਆਨ ਕੇਂਦਰ, ਬਠਿੰਡਾ ਦੀ ਦੁਕਾਨ 'ਤੇ ਉਪਲੱਬਧ ਹੈ। ਇਸ ਮੌਕੇ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਪ੍ਰੋਸੈਸਿੰਗ ਐਂਡ ਫੂਡ ਇੰਜੀਨੀਅਰਿੰਗ), ਨੇ ਝੋਨੇ ਦੀ ਸਿੱਧੀ ਬਿਜਾਈ ਦੀ ਤਕਨੀਕ, ਲੱਕੀ ਸੀਡ ਡ੍ਰਿੱਲ ਰਾਹੀਂ ਬਿਜਾਈ ਕਰਨ ਦੇ ਢੰਗ ਅਤੇ ਇਸ ਤਕਨੀਕ ਦੇ ਲਾਭਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਡੀ.ਐੱਸ.ਆਰ. ਤਕਨੀਕ ਨਾਲ ਪਾਣੀ ਅਤੇ ਮਜ਼ਦੂਰੀ ਦੀ ਬਚਤ ਹੁੰਦੀ ਹੈ ਜਿਸ ਨਾਲ ਖੇਤੀ ਦੀ ਲਾਗਤ ਘਟਦੀ ਹੈ। ਉਨ੍ਹਾਂ ਕਿਸਾਨਾਂ ਨੂੰ ਖੇਤੀ ਦੇ ਨਾਲ-ਨਾਲ ਸਹਾਇਕ ਧੰਦੇ ਅਪਣਾਉਣ ਲਈ ਵੀ ਪ੍ਰੇਰਿਤ ਕੀਤਾ ਤਾਂ ਜੋ ਖੇਤੀ ਆਮਦਨ ਵਿੱਚ ਵਾਧਾ ਕੀਤਾ ਜਾ ਸਕੇ। ਕੈਂਪ ਦੌਰਾਨ ਕਿਸਾਨਾਂ ਨੇ ਖਾਦਾਂ ਦੀ ਵਰਤੋਂ ਅਤੇ ਝੋਨੇ ਦੀ ਸਿੱਧੀ ਬਿਜਾਈ ਨਾਲ ਸਬੰਧਿਤ ਆਪਣੇ ਸਵਾਲਾਂ ਦੇ ਜਵਾਬ ਪ੍ਰਾਪਤ ਕੀਤੇ ਅਤੇ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਕਿਸਾਨਾਂ ਨੂੰ ਜੀਵਾਣੂੰ ਖਾਦ ਵੀ ਮੁਹੱਈਆ ਕਰਵਾਈ ਗਈ। ਕਿਸਾਨਾਂ ਨੇ ਅਜਿਹੇ ਜਾਗਰੂਕਤਾ ਕੈਂਪਾਂ ਨੂੰ ਸਮੇਂ ਦੀ ਲੋੜ ਦੱਸਦਿਆਂ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਮਾਹਿਰਾਂ ਦਾ ਧੰਨਵਾਦ ਕੀਤਾ।

# ਸ਼ੁਕਰਾਨਾ ਸਮਾਗਮ ਵਿੱਚ ਗੁਰਦੁਆਰਾ ਦਾਦੂ ਸਾਹਿਬ ਵਿਖੇ ਉਮੜਿਆ ਸਿੱਖ ਸੰਗਤਾਂ ਦਾ ਜਨ ਸੈਲਾਬ

**ਜਥੇਦਾਰ ਦਾਦੂਵਾਲ ਨੂੰ ਸੰਤ ਸਿਪਾਹੀ ਐਵਾਰਡ ਨਾਲ ਕੀਤਾ ਸਨਮਾਨਿਤ**

ਸਰਬਜੀਤ ਸੂਫ਼ੀ ਲੁਧਿਆਣਾ ਮੀਰੀ ਪੀਰੀ ਇੰਸਟੀਚਿਊਟ ਆਫ ਮੈਡੀਕਲ ਸਾਇੰਸ ਐਂਡ ਰਿਸਰਚ ਸ਼ਾਹਬਾਦ ਮਾਰਕੰਡਾ ਦੇ ਕੇਸ ਵਿੱਚ ਪੰਜਾਬ ਐਂਡ ਹਰਿਆਣਾ ਹਾਈਕੋਰਟ ਤੋਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਕ ਵਿੱਚ ਆਈ ਇਤਿਹਾਸਿਕ ਜਿੱਤ ਦੀ ਖੁਸ਼ੀ ਵਿੱਚ ਗੁਰਦੁਆਰਾ ਗੁਰੂ ਗੁੰਬਸਰ ਦਾਦੂ ਸਾਹਿਬ ਸਿਰਸਾ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਦੀ ਅਗਵਾਈ ਹੇਠ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਭਾਈ ਸੁਖਵਿੰਦਰ ਸਿੰਘ ਸ਼ੌਕੀ ਦੇ ਢਾਡੀ ਜਥੇ ਨੇ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਦੌਰਾਨ ਵਿਸ਼ੇਸ਼ ਤੌਰ 'ਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਪਹੁੰਚੀਆਂ। ਇਸ ਮੌਕੇ ਸਿੱਖ ਸੰਗਤਾਂ ਅਤੇ ਹਰਿਆਣਾ ਕਮੇਟੀ ਦੇ ਅਹੁਦੇਦਾਰਾਂ ਵੱਲੋਂ




ਜਥੇਦਾਰ ਦਾਦੂਵਾਲ ਨੂੰ ਸੰਤ ਸਿਪਾਹੀ ਐਵਾਰਡ ਦੇ ਕੇ ਵਿਸ਼ੇਸ਼ ਸਨਮਾਨਿਤ ਕੀਤਾ ਗਿਆ। ਜੈਕਾਰਿਆਂ ਦੀ ਗੂੰਜ ਵਿੱਚ ਪੰਜ ਮਤੇ ਵੀ ਪਾਸ ਕੀਤੇ ਗਏ। ਪਹਿਲੇ ਮਤੇ ਰਾਹੀਂ ਹਾਈਕੋਰਟ ਵਿੱਚ ਜਿੱਤ ਲਈ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਸਹਿਯੋਗੀ ਸਾਥੀਆਂ, ਵਕੀਲਾਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ। ਦੂਜੇ ਮਤੇ ਵਿੱਚ ਪੰਜਾਬ ਸਰਕਾਰ ਵੱਲੋਂ ਬਣਾਏ ਜਾਗਤ ਜੋਤ ਸਤਿਕਾਰ ਐਕਟ 2026 ਦੀ ਸ਼ਲਾਘਾ ਕਰਦਿਆਂ ਇਸ ਵਿੱਚ ਲੋੜੀਂਦੀਆਂ ਸੋਧਾਂ ਕਰਨ ਦੀ ਅਪੀਲ ਕੀਤੀ ਗਈ।ਤੀਜੇ ਮਤੇ ਵਿੱਚ ਜਗਦੀਸ਼ ਸਿੰਘ ਝੀਂਡਾ 'ਤੇ ਹਰਿਆਣਾ ਕਮੇਟੀ ਦੇ ਭਰੋਸਾ ਗੁਆਉਣ ਦੇ ਦੋਸ਼ ਲਗਾਉਂਦਿਆਂ ਉਨ੍ਹਾਂ ਨੂੰ ਮਹੂਦਾ ਛੱਡਣ ਦੀ ਅਪੀਲ ਕੀਤੀ ਗਈ। ਚੌਥੇ ਮਤੇ ਵਿੱਚ ਕਮੇਟੀ ਮੈਂਬਰਾਂ ਨੂੰ ਆਪਸੀ ਮਤਭੇਦ ਭੁਲਾ ਕੇ ਨਵੀਂ ਅੰਤ੍ਰਿੰਗ ਕਮੇਟੀ ਬਣਾਉਣ ਲਈ ਕਿਹਾ ਗਿਆ ਤਾਂ ਜੋ ਗੁਰੂ ਘਰਾਂ, ਵਿਦਿਅਕ ਅਤੇ ਸਿਹਤ ਸੰਸਥਾਵਾਂ ਦਾ ਪ੍ਰਬੰਧ ਸੁਚਾਰੂ ਢੰਗ ਨਾਲ ਚੱਲ ਸਕੇ। ਪੰਜਵੇਂ ਮਤੇ ਵਿੱਚ ਦੇਸ਼-ਵਿਦੇਸ਼ ਦੀਆਂ ਸਿੱਖ ਸੰਗਤਾਂ ਨੂੰ ਗ੍ਰੰਥੀ, ਰਾਗੀ, ਢਾਡੀ ਅਤੇ ਪ੍ਰਚਾਰਕ ਸਿੰਘਾਂ ਦਾ ਬਣਦਾ ਮਾਣ-ਸਤਿਕਾਰ ਕਰਨ ਦੀ ਅਪੀਲ ਕੀਤੀ ਗਈ। ਬੁਲਾਰਿਆਂ ਨੇ ਕਿਹਾ ਕਿ ਮੀਰੀ ਪੀਰੀ ਹਸਪਤਾਲ ਸ਼ਾਹਬਾਦ ਮਾਰਕੰਡਾ ਦਾ ਕੇਸ ਹਰਿਆਣਾ ਕਮੇਟੀ ਦੇ ਹੱਕ ਵਿੱਚ ਜਿੱਤਣ ਲਈ ਜਥੇਦਾਰ ਦਾਦੂਵਾਲ ਅਤੇ ਉਨ੍ਹਾਂ ਦੀ ਟੀਮ ਨੇ ਅਹਿਮ ਭੂਮਿਕਾ ਨਿਭਾਈ ਹੈ। ਸਮਾਗਮ ਵਿੱਚ ਭਾਈ ਜਸਬੀਰ ਸਿੰਘ ਠੇਕੇ, ਭਾਈ ਪਰਮਜੀਤ ਸਿੰਘ ਸਹੌਲੀ, ਭਾਈ ਗੁਰਦੀਪ ਸਿੰਘ ਬਠਿੰਡਾ, ਜਥੇਦਾਰ ਭੁਪਿੰਦਰ ਸਿੰਘ ਅਸੰਧ, ਡਾ. ਮਨਜੀਤ ਸਿੰਘ ਭੋਮਾ, ਗਿਆਨੀ ਬਲਵੰਤ ਸਿੰਘ ਜੈਮੂ ਸਮੇਤ ਹਰਿਆਣਾ ਕਮੇਟੀ ਦੇ ਅਹੁਦੇਦਾਰ, ਮੈਂਬਰ, ਸਾਬਕਾ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

# ਪਟਿਆਲਾ ਦੇ ਤੋਪ ਖਾਨਾ ਮੋੜ ਦਾ ਨਾਮ ਬਦਲ ਕੇ ਰੱਖਿਆ ਗਿਆ, ਬਾਬਾ ਰਾਮਦੇਵ ਚੌਂਕ

- **ਵਿਧਾਇਕ ਕੋਹਲੀ ਅਤੇ ਮੇਅਰ ਗੋਗੀਆ ਵੱਲੋਂ ਉਦਘਾਟਨ**

ਪਟਿਆਲਾ, 25 ਮਈ (ਰਾਜਿੰਦਰ ਸਿੰਘ ਬਿੰਦ): ਪੰਜਾਬ ਸਰਕਾਰ ਵੱਲੋਂ ਸ਼ਹਿਰ ਦੀ ਇਤਿਹਾਸਕ ਅਤੇ ਧਾਰਮਿਕ ਪਛਾਣ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਅੱਜ ਪਟਿਆਲਾ ਦੇ ਤੋਪ ਖਾਨਾ ਮੋੜ ਦਾ ਨਾਮ ਬਾਬਾ ਰਾਮਦੇਵ ਚੌਂਕ ਰੱਖਣ ਦਾ ਉਦਘਾਟਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪਟਿਆਲਾ ਦੇ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਸ੍ਰੀ ਕੁੰਦਨ ਗੋਗੀਆ ਨੇ ਸਾਂਝੇ ਤੌਰ 'ਤੇ ਨਵੇਂ ਨਾਮ ਵਾਲੇ ਬੋਰਡ ਦਾ ਉਦਘਾਟਨ ਕੀਤਾ। ਸਮਾਗਮ ਦੌਰਾਨ ਇਲਾਕੇ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ ਅਤੇ ਵੱਡੀ ਗਿਣਤੀ ਵਿੱਚ ਸਥਾਨਕ ਨਿਵਾਸੀ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਅਤੇ ਧਾਰਮਿਕ ਆਗੂ ਹਾਜ਼ਰ ਰਹੇ। ਇਸ ਮੌਕੇ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਬਾਬਾ ਰਾਮਦੇਵ ਜੀ ਨੇ ਸਮਾਜ ਨੂੰ



ਭਾਈਚਾਰੇ, ਸੇਵਾ ਅਤੇ ਮਨੁੱਖਤਾ ਦਾ ਸੰਦੇਸ਼ ਦਿੱਤਾ ਹੈ ਅਤੇ ਉਨ੍ਹਾਂ ਦੇ ਨਾਮ 'ਤੇ ਚੌਂਕ ਦਾ ਨਾਮਕਰਨ ਕਰਨਾ ਪਟਿਆਲਾ ਲਈ ਮਾਣ ਦੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਮਹਾਨ ਸੰਤਾਂ ਅਤੇ ਮਹਾਪੁਰਖਾਂ ਦੀ ਧਰਤੀ ਹੈ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਵਿਧਾਇਕ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀਆਂ ਭਾਵਨਾਵਾਂ ਅਤੇ ਇਤਿਹਾਸਕ ਵਿਰਾਸਤ ਦਾ ਪੂਰਾ ਸਤਿਕਾਰ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਲੋਕਾਂ ਦੀ ਸਹੂਲਤ ਲਈ ਨਵੀਆਂ ਯੋਜਨਾਵਾਂ ਲਗਾਤਾਰ ਲਾਗੂ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਮੇਅਰ ਸ੍ਰੀ ਕੁੰਦਨ ਗੋਗੀਆ ਨੇ ਕਿਹਾ ਕਿ ਸ਼ਹਿਰ ਦੀ ਪਛਾਣ ਨੂੰ ਹੋਰ ਮਜ਼ਬੂਤ ਬਣਾਉਣ ਲਈ ਨਗਰ ਨਿਗਮ ਵੱਲੋਂ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤੋਪ ਖਾਨਾ ਮੋੜ ਨੂੰ ਬਾਬਾ ਰਾਮਦੇਵ ਚੌਂਕ ਦੇ ਨਾਮ ਨਾਲ ਜਾਣਿਆ ਜਾਣਾ ਲੋਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਮੰਗ ਸੀ, ਜਿਸ ਨੂੰ ਹੁਣ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸੁੰਦਰੀਕਰਨ, ਸਫ਼ਾਈ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਨਗਰ ਨਿਗਮ ਵਚਨਬੱਧ ਹੈ। ਸਮਾਗਮ ਦੌਰਾਨ ਧਾਰਮਿਕ ਆਗੂਆਂ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ ਅਤੇ ਇਸ ਉਪਰਾਲੇ ਲਈ ਵਿਧਾਇਕ ਸ੍ਰੀ ਅਜੀਤਪਾਲ ਸਿੰਘ ਕੋਹਲੀ ਅਤੇ ਮੇਅਰ ਸ੍ਰੀ ਕੁੰਦਨ ਗੋਗੀਆ ਦਾ ਧੰਨਵਾਦ ਕੀਤਾ। ਇਸ ਮੌਕੇ ਦੋਵੇਂ ਆਗੂਆਂ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਵਿੱਚ ਵਾਰਡ ਨੰਬਰ 45 ਤੋਂ ਕੌਂਸਲਰ ਮੀਨਾ ਦੇਵੀ, [illegible], ਸਨੀ ਡਾਬੀ, ਵਿੱਕੀ ਖੱਤਰੀ, ਦਵਾਰਕਾ ਦਾਸ, ਕ੍ਰਿਸ਼ਨ ਬੰਟੂ ਖੱਤਰੀ, ਹਰੀ ਗਹਿਲੋਤ, ਸੁਰੇਸ਼ ਨਿਵਾਸਨ, ਸ਼ਾਮ ਲਾਲ ਖੱਤਰੀ, ਮੰਗਤ ਡਾਬੀ, ਨਗਰ ਨਿਗਮ ਅਧਿਕਾਰੀ, ਵੱਖ-ਵੱਖ ਸਮਾਜਿਕ ਅਤੇ ਧਾਰਮਿਕ ਸੰਸਥਾਵਾਂ ਦੇ ਮੈਂਬਰਾਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਮੌਜੂਦ ਸਨ।

# ਮਾਲੇਰਕੋਟਲਾ ਪੁਲਿਸ ਵੱਲੋਂ ਅੰਨ੍ਹੇ ਕਤਲ ਕੇਸ ਦੀ ਗੁੱਥੀ ਸੁਲਝਾਉਂਦਿਆਂ ਦੋਸ਼ੀ ਕਾਬੂ

**ਕਤਲ ਦੀ ਵਾਰਦਾਤ ਨੂੰ 24 ਘੰਟਿਆਂ ਅੰਦਰ ਟਰੇਸ ਕਰਕੇ 02 ਦੋਸ਼ੀਆਂ ਨੂੰ ਕੀਤਾ ਗ੍ਰਿਫ਼ਤਾਰ**

ਮਾਲੇਰਕੋਟਲਾ, 24 ਮਈ – ( ਮੁਨਸ਼ੀ ਫ਼ਾਰੂਕ )-ਐਸ.ਐਸ.ਪੀ ਗੁਰਮੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਿਸ ਨੂੰ ਵੱਡੀ ਸਫਲਤਾ ਹਾਸਲ ਕਰਦੇ ਹੋਏ ਕਪਤਾਨ ਪੁਲਿਸ ਪੀ.ਬੀ.ਆਈ. ਰਾਜਵਿੰਦਰ ਸਿੰਘ ਦੀ ਟੀਮ ਵੱਲੋਂ ਕਤਲ ਦੀ ਵਾਰਦਾਤ ਨੂੰ ਸੁਲਝਾਉਂਦੇ ਹੋਏ 02 ਦੋਸ਼ੀਆਂ ਨੂੰ ਕਾਬੂ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ 22 ਮਈ ਨੂੰ 112 ਹੈਲਪਲਾਈਨ ਕੰਟਰੋਲ ਰੂਮ ਮਾਲੇਰਕੋਟਲਾ ਵਿਖੇ ਸੂਚਨਾ ਪ੍ਰਾਪਤ ਹੋਈ ਕਿ ਪਿੰਡ ਕੰਗਣਵਾਲ ਵਿਖੇ ਇੱਕ ਵਿਅਕਤੀ ਦਾ ਕਤਲ ਹੋਇਆ ਹੈ। ਸੂਚਨਾ ਮਿਲਣ ਉਪਰੰਤ ਮੁੱਖ ਅਫਸਰ ਥਾਣਾ ਸਦਰ ਅਹਿਮਦਗੜ੍ਹ ਵੱਲੋਂ ਮੌਕੇ 'ਤੇ ਪਹੁੰਚ ਕੇ ਜਾਂਚ ਕੀਤੀ ਗਈ ਅਤੇ ਮੌਕੇ 'ਤੇ ਮੌਜੂਦ ਮਨਦੀਪ ਸਿੰਘ ਪੁੱਤਰ ਹਰਕੇਸ ਸਿੰਘ ਵਾਸੀ ਕੰਗਣਵਾਲ ਦੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਦਰਜ ਕੀਤਾ ਗਿਆ।

ਬਿਆਨ ਅਨੁਸਾਰ ਮ੍ਰਿਤਕ ਹਰਬਿੰਦਰ ਸਿੰਘ ਉਰਫ਼ ਬਿੰਦਾ ਆਪਣੇ ਘਰ ਵਿੱਚ ਇਕੱਲਾ ਰਹਿੰਦਾ ਸੀ। ਜਦੋਂ ਬਿਆਨਕਰਤਾ ਉਸ ਦੇ ਘਰ ਪਹੁੰਚਿਆ ਤਾਂ ਉਹ ਕਿਤੇ ਨਹੀਂ ਮਿਲਿਆ। ਤਲਾਸ਼ ਕਰਨ 'ਤੇ ਉਸ ਦੀ ਲਾਸ਼



ਕਬੂਤਰਾਂ ਵਾਲੇ ਕਮਰੇ (ਖੁੱਡੇ) ਵਿੱਚੋਂ ਮਿਲੀ, ਜਿਸ ਦੇ ਹੱਥ-ਪੈਰ ਬੰਨੇ ਹੋਏ ਸਨ। ਇਸ ਉਪਰੰਤ ਅਣਪਛਾਤੇ ਵਿਅਕਤੀਆਂ ਖ਼ਿਲਾਫ਼ ਪੁਲਿਸ ਵੱਲੋਂ ਮੁਕੱਦਮਾ ਦਰਜ ਕੀਤਾ ਗਿਆ। ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਐਸ.ਐਸ.ਪੀ. ਮਾਲੇਰਕੋਟਲਾ ਵੱਲੋਂ ਕਪਤਾਨ ਪੁਲਿਸ ਪੀ.ਬੀ.ਆਈ. ਰਾਜਵਿੰਦਰ ਸਿੰਘ ਰੰਧਾਵਾ ਦੀ ਨਿਗਰਾਨੀ ਹੇਠ ਉਪ ਕਪਤਾਨ ਪੁਲਿਸ ਇਨਵੈਸਟੀਗੇਸ਼ਨ ਦੀਪਿੰਦਰਪਾਲ ਸਿੰਘ ਜੇਜੀ, ਉਪ ਕਪਤਾਨ ਪੁਲਿਸ ਅਹਿਮਦਗੜ੍ਹ ਇੰਦਰਪਾਲ ਚੌਹਾਨ, ਸੀ.ਆਈ.ਏ. ਇੰਚਾਰਜ ਇੰਸਪੈਕਟਰ ਹਰਜਿੰਦਰ ਸਿੰਘ ਅਤੇ ਮੁੱਖ ਅਫਸਰ ਥਾਣਾ ਸਦਰ ਅਹਿਮਦਗੜ੍ਹ ਇੰਸਪੈਕਟਰ ਗੁਰਪ੍ਰੀਤ ਕੌਰ ਦੀ ਵਿਸ਼ੇਸ਼ ਟੀਮ ਦਾ ਗਠਨ ਕੀਤਾ ਗਿਆ। ਟੀਮ ਵੱਲੋਂ ਫੋਰੈਂਸਿਕ ਟੀਮ ਦੀ ਮਦਦ ਨਾਲ ਸਬੂਤ ਇਕੱਠੇ ਕਰਕੇ ਤਕਨੀਕੀ ਅਧਾਰ 'ਤੇ ਜਾਂਚ ਅੱਗੇ ਵਧਾਈ ਗਈ।

ਜਾਂਚ ਦੌਰਾਨ ਸਾਹਮਣੇ ਆਈ ਜਾਣਕਾਰੀ ਦੇ ਆਧਾਰ 'ਤੇ ਮਨਦੀਪ ਸਿੰਘ ਉਰਫ਼ ਕਾਲਾ ਪੁੱਤਰ ਕਮਿੱਕਰ ਸਿੰਘ ਵਾਸੀ ਕੰਗਣਵਾਲ ਅਤੇ ਸੰਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਦਸੌਂਧਾ ਸਿੰਘ ਵਾਲਾ ਹਾਲ ਵਾਸੀ ਸੰਦੌੜ ਨੂੰ ਸ਼ੱਕ ਦੇ ਆਧਾਰ 'ਤੇ ਪੁੱਛਗਿੱਛ ਕੀਤੀ ਗਈ। ਪੁੱਛਗਿੱਛ ਦੌਰਾਨ ਦੋਸ਼ੀਆਂ ਨੇ ਖੁਲਾਸਾ ਕੀਤਾ ਕਿ ਉਨ੍ਹਾਂ ਦੀ ਮ੍ਰਿਤਕ ਨਾਲ ਪੈਸਿਆਂ ਦੇ ਲੈਣ-ਦੇਣ ਸਬੰਧੀ ਜਾਣ-ਪਛਾਣ ਸੀ। ਦੋਸ਼ੀਆਂ ਨੇ ਆਪਣਾ ਕੁਝ ਸਮਾਨ ਮ੍ਰਿਤਕ ਕੋਲ ਗਿਰਵੀ ਰੱਖ ਕੇ ਉਸ ਤੋਂ ਪੈਸੇ ਲਏ ਹੋਏ ਸਨ ਅਤੇ ਮ੍ਰਿਤਕ ਵੱਲੋਂ ਉਹ ਪੈਸੇ ਵਾਪਸ ਮੰਗੇ ਜਾ ਰਹੇ ਸਨ। ਇਸੇ ਰੰਜਿਸ਼ ਕਰਕੇ ਦੋਸ਼ੀਆਂ ਨੇ ਹਰਬਿੰਦਰ ਸਿੰਘ ਦੇ ਹੱਥ-ਪੈਰ ਬੰਨ੍ਹ ਕੇ ਉਸ ਨੂੰ ਕਮਰੇ (ਖੁੱਡੇ) ਵਿੱਚ ਬੰਦ ਕਰ ਦਿੱਤਾ। ਜਦੋਂ ਮ੍ਰਿਤਕ ਰੌਲਾ ਪਾਉਣ ਲੱਗਾ ਤਾਂ ਦੋਸ਼ੀਆਂ ਨੇ ਉਸ ਦਾ ਮੂੰਹ ਬੰਦ ਕਰਕੇ ਗਲਾ ਘੁੱਟ ਕੇ ਕਤਲ ਕਰ ਦਿੱਤਾ ਅਤੇ ਲਾਸ਼ ਨੂੰ ਕਬੂਤਰਾਂ ਵਾਲੇ ਕਮਰੇ (ਖੁੱਡੇ) ਵਿੱਚ ਬੰਦ ਕਰ ਦਿੱਤਾ।

ਪੁਲਿਸ ਵੱਲੋਂ ਦੋਵੇਂ ਦੋਸ਼ੀਆਂ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਦੋਸ਼ੀਆਂ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਜਾਵੇਗਾ।

# ਬਲਾਕ ਨੂਰਪੁਰਬੇਦੀ 'ਚ ਕੈਂਸਰ ਰੋਕਣ ਵਾਲੇ ਟੀਕੇ ਦੀ ਜਾਗਰੂਕਤਾ ਮੁਹਿਮ ਪਿੰਡ ਪੱਧਰ ਤੇ ਨਾ ਬਰਾਬਰ

**ਜਾਗਰੂਕਤਾ ਮੁਹਿੰਮ ਸਰਕਾਰੀ ਹਸਪਤਾਲ ਸਿੰਘਪੁਰ ਦੀ ਇਮਾਰਤ ਜਾਂ ਅਖਬਾਰਾਂ ਤੱਕ ਹੀ ਸੀਮਤ**

**• ਪਿੰਡ ਪੱਧਰ ਤੇ ਜਾਗਰੂਕਤਾ ਕੈਂਪ ਲਗਾ ਕੇ ਇਸ ਬਿਮਾਰੀ ਖਿਲਾਫ ਜਮੀਨੀ ਪੱਧਰ ਤੇ ਜੰਗ ਲੜਨ ਦੀ ਲੋੜ**

ਨੂਰਪੁਰਬੇਦੀ: 25ਮਈ (ਮਨਦੀਪ ਬਾਲੀ) ਦੇਸ਼ ਭਰ ਵਿੱਚ ਔਰਤਾਂ ਵਿੱਚ ਤੇਜ਼ੀ ਨਾਲ ਵਧ ਰਹੇ ਸਰਵਾਈਕਲ ਕੈਂਸਰ ਤੋਂ ਬਚਾਅ ਲਈ ਸਿਹਤ ਵਿਭਾਗ ਵੱਲੋਂ ਹਿਊਮਨ ਪੈਪਲੋਮਾ ਵਾਇਰਸ (ਐਚਪੀਵੀ) ਟੀਕਾਕਰਨ ਮੁਹਿੰਮ ਚਲਾਈ ਜਾ ਰਹੀ ਹੈ। ਇਹ ਟੀਕਾ ਖਾਸ ਤੌਰ ਤੇ 16 ਤੋਂ 18 ਸਾਲ ਦੀਆਂ ਕਿਸ਼ੋਰ ਉਮਰ ਦੀਆਂ ਲੜਕੀਆਂ ਲਈ ਲਗਾਇਆ ਜਾਣਾ ਹੈ ਤਾਂ ਜੋ ਭਵਿੱਖ ਵਿੱਚ ਉਹ ਇਸ ਗੰਭੀਰ ਬਿਮਾਰੀ ਤੋਂ ਬਚ ਸਕਨ। ਪਰ ਬਲਾਕ ਨੂਰਪੁਰਬੇਦੀ ਦੇ ਵੱਡੇ ਪੱਧਰ ਤੇ ਪਿੰਡਾਂ ਵਿੱਚ ਇਸ ਮੁਹਿੰਮ ਦੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੀ ਹੈ। ਜ਼ਮੀਨੀ ਪੱਧਰ ਤੇ ਜਾ ਕੇ ਵੇਖਿਆ ਜਾਵੇ ਤਾਂ ਕਈ ਪਿੰਡਾਂ ਦੇ ਲੋਕ ਅਜੇ ਵੀ ਇਸ ਟੀਕੇ ਬਾਰੇ ਬਿਲਕੁਲ ਅਣਜਾਣ ਨਜ਼ਰ ਆ ਰਹੇ ਹਨ। ਭਾਵੇਂ ਕਿ ਸਰਕਾਰੀ ਹਸਪਤਾਲ ਸਿੰਘਪੁਰ ਦਾ ਸਮੁੱਚਾ ਸਟਾਫ ਇਸ ਮੁਹਿੰਮ ਸਬੰਧੀ ਕੰਮ ਕਰਨ ਦੇ ਦਾਅਵੇ ਕਰ ਰਿਹਾ ਹੈ। ਪਰ ਦੂਜੇ ਪਾਸੇ ਜਦੋਂ ਪੱਤਰਕਾਰਾਂ ਦੀ ਟੀਮ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਲੋਕਾਂ ਨਾਲ ਗੱਲਬਾਤ ਕੀਤੀ ਗਈ ਤਾਂ ਹਾਲਾਤ ਕਾਫੀ ਹੈਰਾਨ ਕਰਨ ਵਾਲੇ ਸਾਹਮਣੇ ਆਏ। ਕਈ ਪਿੰਡਾਂ ਦੇ ਲੋਕਾਂ ਨੇ ਸਾਫ਼ ਸ਼ਬਦਾਂ ਵਿੱਚ ਕਿਹਾ ਕਿ ਉਨ੍ਹਾਂ ਨੂੰ ਅਜੇ ਤੱਕ ਨਾ ਤਾਂ ਕਿਸੇ ਸਿਹਤ ਕਰਮਚਾਰੀ ਨੇ ਇਸ ਟੀਕੇ ਬਾਰੇ ਸਮਝਾਇਆ ਹੈ ਅਤੇ ਨਾ ਹੀ ਉਨ੍ਹਾਂ ਦੇ ਘਰਾਂ ਦੀਆਂ ਲੜਕੀਆਂ ਦਾ ਟੀਕਾਕਰਨ ਕੀਤਾ ਗਿਆ ਹੈ। ਹੈਰਾਨੀ ਦੀ ਗੱਲ ਇਹ ਵੀ ਰਹੀ ਕਿ ਕਈ ਪੜ੍ਹੇ-ਲਿਖੇ ਪਰਿਵਾਰਾਂ ਨੂੰ ਵੀ ਇਸ ਟੀਕੇ ਬਾਰੇ ਕੋਈ ਵਿਸਥਾਰਪੂਰਵਕ ਜਾਣਕਾਰੀ ਨਹੀਂ ਸੀ। ਲੋਕਾਂ ਨੇ ਇਹ ਵੀ ਕਿਹਾ ਕਿ ਵਿਭਾਗ ਦੀ ਟੀਮ ਦੀਆਂ ਗਤੀਵਿਧੀਆਂ ਜ਼ਿਆਦਾਤਰ ਸਰਕਾਰੀ ਹਸਪਤਾਲ ਸਿੰਘਪੁਰ ਦੀ ਇਮਾਰਤ ਜਾਂ ਕਾਗਜ਼ੀ ਦਾਵਿਆਂ ਤੱਕ ਹੀ ਸੀਮਤ ਹੋ ਕੇ ਰਹਿ ਗਈਆਂ ਹਨ। ਪਿੰਡਾਂ ਵਿੱਚ ਘਰ-ਘਰ ਜਾ ਕੇ ਜਾਗਰੂਕਤਾ ਫੈਲਾਉਣ ਦੀ ਜ਼ਰੂਰਤ ਸੀ, ਪਰ ਜ਼ਮੀਨੀ ਪੱਧਰ ਤੇ ਇਸ ਤਰ੍ਹਾਂ ਦੀ ਕੋਈ ਵੱਡੀ ਸਰਗਰਮੀ ਨਜ਼ਰ ਨਹੀਂ ਆ ਰਹੀ। ਕਈ ਮਾਪਿਆਂ ਨੇ ਕਿਹਾ ਕਿ ਜੇਕਰ ਸਕੂਲਾਂ, ਆਂਗਣਵਾੜੀ ਕੇਂਦਰਾਂ, ਪੰਚਾਇਤ ਘਰਾਂ ਅਤੇ ਜਨਤਕ ਇਕੱਠਾਂ ਵਿੱਚ ਵੱਡੇ ਪੱਧਰ ਤੇ ਕੈਂਪ ਲਗਾਏ ਜਾਂਦੇ ਤਾਂ ਸ਼ਾਇਦ ਲੋਕ ਇਸ ਟੀਕੇ ਨੂੰ ਲੈ ਕੇ ਹੋਰ ਜਾਗਰੂਕ ਹੁੰਦੇ। ਸਮਾਜਿਕ ਵਰਗਾਂ ਦਾ ਮੰਨਣਾ ਹੈ ਕਿ ਸਿਰਫ ਅਖਬਾਰਾਂ ਵਿੱਚ ਅਪੀਲਾਂ ਜਾਰੀ ਕਰਨ ਜਾਂ ਹਸਪਤਾਲ ਤੱਕ ਸੀਮਤ ਰਹਿਣ ਨਾਲ ਇਸ ਤਰ੍ਹਾਂ ਦੀਆਂ ਗੰਭੀਰ ਬਿਮਾਰੀਆਂ ਖਿਲਾਫ ਮੁਹਿੰਮਾਂ ਕਾਮਯਾਬ ਨਹੀਂ ਹੋ ਸਕਦੀਆਂ। ਜਦ ਤੱਕ ਪਿੰਡਾਂ ਦੇ ਆਮ ਲੋਕਾਂ ਤੱਕ ਸਿੱਧੀ ਪਹੁੰਚ ਨਹੀਂ ਬਣਾਈ ਜਾਂਦੀ, ਉਦੋਂ ਤੱਕ ਟੀਕਾਕਰਨ ਮੁਹਿੰਮ ਦਾ ਅਸਲ ਮਕਸਦ ਪੂਰਾ ਹੋਣਾ ਮੁਸ਼ਕਿਲ ਹੈ। ਉਧਰ ਸਿਹਤ ਵਿਭਾਗ ਨਾਲ ਜੁੜੇ ਕਰਮਚਾਰੀਆਂ ਦਾ ਕਹਿਣਾ ਹੈ ਕਿ ਸਰਵਾਈਕਲ ਕੈਂਸਰ ਇੱਕ ਗੰਭੀਰ ਅਤੇ ਜਾਨਲੇਵਾ ਬਿਮਾਰੀ ਹੈ ਅਤੇ ਐਚਪੀਵੀ ਟੀਕਾ ਇਸ ਤੋਂ ਬਚਾਅ ਲਈ ਬਹੁਤ ਪ੍ਰਭਾਵਸ਼ਾਲੀ ਮੰਨਿਆ ਜਾਂਦਾ ਹੈ। ਉਨ੍ਹਾਂ ਨੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਅਫਵਾਹਾਂ ਅਤੇ ਗਲਤ ਧਾਰਨਾਵਾਂ ਤੋਂ ਦੂਰ ਰਹਿੰਦੇ ਹੋਏ ਆਪਣੀਆਂ ਧੀਆਂ ਦਾ ਸਮੇਂ ਸਿਰ ਟੀਕਾਕਰਨ ਕਰਵਾਉਣ ਤਾਂ ਜੋ ਭਵਿੱਖ ਵਿੱਚ ਵੱਡੇ ਖਤਰੇ ਤੋਂ ਬਚਿਆ ਜਾ ਸਕੇ। ਠੀਕ ਕਹਿਣਾ ਹੈ ਐਸਐਮਓ ਡਾਕਟਰ ਹਰਪ੍ਰੀਤ ਕੌਰ ਦਾ: ਇਸ ਸਬੰਧੀ ਗੱਲ ਕਰਨ ਤੇ ਸਰਕਾਰੀ ਹਸਪਤਾਲ ਸਿੰਘਪੁਰ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਇਹ ਟੀਕਾਕਰਨ ਮੁਹਿੰਮ ਸਰਕਾਰੀ ਹਸਪਤਾਲ ਸਿੰਘਪੁਰ ਵਿੱਚ ਲਗਭਗ ਮਾਰਚ ਮਹੀਨੇ ਤੋਂ ਸ਼ੁਰੂ ਕੀਤੀ ਗਈ ਸੀ ਤੇ ਹੁਣ ਤੱਕ 84 ਲੜਕੀਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਹੈ। ਜਦੋਂ ਉਹਨਾਂ ਨੂੰ ਇਹ ਪੁੱਛਿਆ ਗਿਆ ਕਿ ਟੀਕਾਕਰਨ ਦੀ ਇਹ ਦਰ ਇੰਨੀ ਘੱਟ ਕਿਉਂ ਹੈ ਤਾਂ ਉਹਨਾਂ ਨੇ ਦੱਸਿਆ ਕਿ ਸੋਸ਼ਲ ਮੀਡੀਆ ਤੇ ਜਾਂ ਕੁਝ ਹੋਰ ਤਰੀਕੇ ਨਾਲ ਇਸ ਟੀਕੇ ਬਾਰੇ ਅਫਵਾਹਾਂ ਫੈਲਾਈਆਂ ਜਾ ਰਹੀਆਂ ਹਨ । ਜਿਸਦੇ ਚਲਦਿਆਂ ਜਿਆਦਾਤਰ ਲੋਕ ਆਪਣੀਆਂ ਬੱਚੀਆਂ ਦੇ ਇਹ ਟੀਕਾ ਲਗਾਉਣ ਤੋਂ ਡਰ ਰਹੇ ਹਨ ਜਦਕਿ ਇਹ ਟੀਕਾ ਬਿਲਕੁਲ ਸੁਰੱਖਿਤ ਹੈ ਅਤੇ ਇਸ ਦੇ ਕੋਈ ਵੀ ਮਾੜੇ ਨਤੀਜੇ ਸਾਹਮਣੇ ਨਹੀਂ ਆਉਣਗੇ। ਉਹਨਾਂ ਨੇ ਕਿਹਾ ਕਿ ਉਹ ਭਵਿੱਖ ਵਿੱਚ ਇਸ ਟੀਕਾਕਰਨ ਦੀ ਜਾਗਰੂਕਤਾ ਮੁਹਿੰਮ ਨੂੰ ਪਿੰਡ ਪੱਧਰ ਤੇ ਹੋਰ ਤੇਜ਼ ਕਰਨਗੇ।

# ਲੁਧਿਆਣਾ ਵਿੱਚ ਗਲਾਡਾ ਦੀ ਵੱਡੀ ਕਾਰਵਾਈ, 5 ਅਣਅਧਿਕਾਰਤ ਕਲੋਨੀਆਂ ਢਾਹੀਆਂ

**ਗੈਰ-ਕਾਨੂੰਨੀ ਉਸਾਰੀਆਂ ਖ਼ਿਲਾਫ਼ ਗਲਾਡਾ ਸਖ਼ਤ,12 ਇਮਾਰਤਾਂ ਵਿਰੁੱਧ ਵੀ ਕਾਰਵਾਈ ਕੀਤੀ**



ਲੁਧਿਆਣਾ, 25 ਮਈ -(ਝੱਜ ਉਮੈਦਪੁਰ)- ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਗਲਾਡਾ ਦੇ ਮੁੱਖ ਪ੍ਰਸ਼ਾਸਕ ਉਜਸਵੀ ਅਲੰਕਾਰ ਦੇ ਨਿਰਦੇਸ਼ਾਂ @ਤੇ ਕਾਰਵਾਈ ਕਰਦੇ ਹੋਏ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਨੇ ਲੁਧਿਆਣਾ ਜ਼ਿਲ੍ਹੇ ਭਰ ਵਿੱਚ ਅਣਅਧਿਕਾਰਤ ਕਲੋਨੀਆਂ ਅਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ।ਕਾਰਵਾਈ ਦੌਰਾਨ ਗਲਾਡਾ ਨੇ ਡੇਹਲੋਂ, ਜਸਪਾਲ ਬਾਂਗੜ ਅਤੇ ਉੱਚੀ ਮੰਗਲੀ ਵਿਖੇ ਸਥਿਤ ਪੰਜ ਅਣਅਧਿਕਾਰਤ ਕਲੋਨੀਆਂ ਨੂੰ ਢਾਹ ਦਿੱਤਾ। ਅਥਾਰਟੀ ਨੇ ਮਰਾਡੋ ਚੌਂਕੀ ਅਤੇ ਟਿੱਬਾ ਦੇ ਨੇੜੇ ਸੰਘੂ ਪੈਲੇਸ ਦੇ ਨੇੜੇ ਭੈਰੋਮੁਨਾ, ਗਿੱਲ, ਜੰਡਿਆਲੀ, ਜਸਪਾਲ ਬਾਂਗਰ, ਕੋਹਾੜਾ ਸਮੇਤ ਖੇਤਰਾਂ ਵਿੱਚ 12 ਅਣਅਧਿਕਾਰਤ ਇਮਾਰਤਾਂ ਅਤੇ ਗੈਰ-ਕਾਨੂੰਨੀ ਉਸਾਰੀਆਂ ਵਿਰੁੱਧ ਵੀ ਕਾਰਵਾਈ ਕੀਤੀ ਗਈ।ਇਸ ਤੋਂ ਇਲਾਵਾ ਚੂਰਪੁਰ, ਦਾਦ, ਕਾਂਜੀਆ, ਮਾਣਕਵਾਲ ਅਤੇ ਥਰੀਕੇ ਵਰਗੇ ਪਿੰਡਾਂ ਵਿੱਚ 20 ਅਣਅਧਿਕਾਰਤ ਕਲੋਨੀਆਂ ਬਾਰੇ ਰਿਪੋਰਟਾਂ ਅਗਲੇਰੀ ਮਾਲੀਆ ਅਤੇ ਕਾਨੂੰਨੀ ਕਾਰਵਾਈ ਲਈ ਸਬੰਧਤ ਤਹਿਸੀਲਦਾਰਾਂ ਨੂੰ ਭੇਜੀਆਂ ਗਈਆਂ ਹਨ। ਗਲਾਡਾ ਦੇ ਵਧੀਕ ਮੁੱਖ ਪ੍ਰਸ਼ਾਸਕ ਵਿਕਾਸ ਹੀਰਾ ਨੇ ਲੋਕਾਂ ਨੂੰ ਅਣਅਧਿਕਾਰਤ ਕਲੋਨੀਆਂ ਵਿੱਚ ਪਲਾਟ ਜਾਂ ਇਮਾਰਤਾਂ ਨਾ ਖਰੀਦਣ ਦੀ ਅਪੀਲ ਕੀਤੀ ਅਤੇ ਵਸਨੀਕਾਂ ਨੂੰ ਸਲਾਹ ਦਿੱਤੀ ਕਿ ਉਹ ਕੋਈ ਵੀ ਨਿਵੇਸ਼ ਜਾਂ ਜਾਇਦਾਦ ਖਰੀਦਣ ਤੋਂ ਪਹਿਲਾਂ ਗਲਾਡਾ ਦੀ ਅਧਿਕਾਰਤ ਵੈੱਬਸਾਈਟ ਰਾਹੀਂ ਕਲੋਨੀਆਂ ਅਤੇ ਪ੍ਰੋਜੈਕਟਾਂ ਦੀ ਪ੍ਰਵਾਨਗੀ ਸਥਿਤੀ ਦੀ ਪੁਸ਼ਟੀ ਕਰਨ ਨੂੰ ਯਕੀਨੀ ਬਣਾਉਣ।

## ਹਫ਼ਤੇ 'ਚ ਤੇਲ ਦੀਆਂ ਕੀਮਤਾਂ 'ਚ ਚੌਥੀ ਵਾਰ ਹੋਇਆ ਵਾਧੇ ਨਾਲ ਟਰਾਂਸਪੋਰਟਰ ਮੰਦਹਾਲੀ ਦੇ ਕੰਗਾਰ ਤੇ:ਸੁਰਜੀਤ ਬਿੰਦ



ਪਟਿਆਲਾ 25ਮਈ (ਰਾਜਿੰਦਰ ਸਿੰਘ ਬਿੰਦ): ਪੰਜਾਬ ਅੰਦਰ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਇਕ ਹਫ਼ਤੇ 'ਚ ਚੌਥੀ ਵਾਰ ਹੋਏ ਵਾਧੇ ਦੇ ਫੈਸਲੇ ਨਾਲ ਆਮ ਲੋਕਾਂ, ਪ੍ਰਾਈਵੇਟ ਬੱਸ ਕ ਅਪਰੇਟਰਾਂ ਅਤੇ ਟਰਾਂਸਪੋਰਟਰਾਂ ਨੇ ਤਿੱਖਾ ਵਿਰੋਧ ਕੀਤਾ। ਲੋਕਾਂ ਦਾ ਕਹਿਣਾ ਹੈ ਕਿ ਪਹਿਲਾਂ ਹੀ ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਕੇ ਰੱਖ ਦਿੱਤੀ ਹੈ ਅਤੇ ਹੁਣ ਤੇਲ ਦੀਆਂ ਕੀਮਤਾਂ ਵਧਣ ਨਾਲ ਰੋਜ਼ਾਨਾ ਖਰਚ ਹੋਰ ਵੱਧ ਜਾਵੇਗਾ। ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਬਿੰਦ ਨੇ ਤੇਲ ਦੀਆਂ ਕੀਮਤਾਂ ਚ ਹੋਏ ਵਾਧੇ ਦੀ ਕੜੇ ਸ਼ਬਦਾਂ 'ਚ ਨਿੰਦਾ ਕਰਦੇ ਹੋਏ ਕਿਹਾ ਕਿ ਡੀਜ਼ਲ ਮਹਿੰਗਾ ਹੋਣ ਕਾਰਨ ਟਰਾਂਸਪੋਰਟ ਦਾ ਖਰਚ ਵਧੇਗਾ, ਜਿਸਦਾ ਸਿੱਧਾ ਅਸਰ ਸਮਾਨ ਦੀਆਂ ਕੀਮਤਾਂ ਉੱਤੇ ਪਵੇਗਾ। ਪ੍ਰਾਈਵੇਟ ਬੱਸ ਚਾਲਕਾਂ ਨੇ ਦੱਸਿਆ ਕਿ ਪਹਿਲਾਂ ਹੀ ਘੱਟ ਸਵਾਰੀਆਂ ਅਤੇ ਵਧਦੇ ਖਰਚਿਆਂ ਕਾਰਨ ਉਹ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ, ਉਪਰੋਂ ਡੀਜ਼ਲ ਦੀ ਕੀਮਤ ਵਧਣ ਨਾਲ ਹਾਲਾਤ ਹੋਰ ਖਰਾਬ ਹੋਣਗੇ। ਆਮ ਲੋਕਾਂ ਨੇ ਵੀ ਆਪਣੀ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਪੈਟਰੋਲ ਮਹਿੰਗਾ ਹੋਣ ਨਾਲ ਹਰ ਵਰਗ ਪ੍ਰਭਾਵਿਤ ਹੋਵੇਗਾ। ਲੋਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਕੀਤਾ ਗਿਆ ਵਾਧਾ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਆਮ ਜਨਤਾ ਨੂੰ ਰਾਹਤ ਮਿਲ ਸਕੇ। ਤੇਲ ਦੀਆਂ ਕੀਮਤਾਂ ਵਿਚ ਕੀਤਾ ਵਾਧਾ ਵਾਪਿਸ ਲਿਆ ਜਾਵੇ; ਸੁਰਜੀਤ ਬਿੰਦ ਟਰਾਂਸਪੋਰਟਰਾਂ ਅਤੇ ਜ਼ਿਮੀਦਾਰਾਂ ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਬਿੰਦ ਨੇ ਕਿਹਾ ਕਿ ਤੇਲ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਨਾਲ ਟਰਾਂਸਪੋਰਟਰਾਂ ਨੂੰ ਮੰਦਹਾਲੀ ਦੇ ਕਗਾਰ ਤੇ ਖੜਾ ਕਰ ਦੇਵੇਗਾ। ਉਨ੍ਹਾਂ ਕਿਹਾ ਕੀ ਟਰੱਕ ਉਪਰੇਟਰਾਂ ਦਾ ਧੰਦਾ ਪਹਿਲਾਂ ਹੀ ਘਾਟੇ ਵਾਲਾ ਸੌਦਾ ਬਣ ਗਿਆ ਹੈ ਅਤੇ ਹੁਣ ਤੇਲ ਦੀ ਕੀਮਤਾਂ ਦੇ ਵਧਣ ਨਾਲ ਇਸ ਕਾਰੋਬਾਰ ਨੂੰ ਭਾਰੀ ਵਿੱਤੀ ਘਾਟਾ ਸਹਿਣ ਕਰਨਾ ਪਵੇਗਾ।

## ਮਾਤਾ ਗੁਜਰੀ ਸਕੂਲ ਦੇ ਵਿਦਿਆਰਥੀਆਂ ਨੇ ਮਾਰੀਆਂ ਮੱਲਾਂ



ਦੇਵੀਗੜ੍ਹ/ਪਟਿਆਲਾ, 25 ਮਈ ਰਾਜਿੰਦਰ ਸਿੰਘ ਬਿੰਦ:ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ, ਦੁਧਨਸਾਧਾਂ ਦੇ ਵਿਦਿਆਰਥੀਆਂ ਨੇ 24 ਮਈ 2026 ਨੂੰ ਮਲੇਨੀਅਮ ਸਕੂਲ, ਪਟਿਆਲਾ ਵਿਖੇ ਆਯੋਜਿਤ ਅੱਠਵੀਂ ਪੰਜਾਬ ਤਾਈਕਵਾਂਡੋ ਕੱਪ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਕੋਚ ਹਰਦੀਪ ਕੁਮਾਰ ਦੀ ਅਗਵਾਈ ਹੇਠ ਸਕੂਲ ਦੀ ਟੀਮ ਨੇ ਇਸ ਮੁਕਾਬਲੇ ਵਿੱਚ ਭਾਗ ਲਿਆ, ਜਿਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਦੇ ਲਗਭਗ 20 ਤੋਂ 22 ਸਕੂਲਾਂ ਅਤੇ ਅਕੈਡਮੀਆਂ ਦੇ ਕਰੀਬ 550 ਖਿਡਾਰੀਆਂ ਨੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੌਰਾਨ ਮਾਤਾ ਗੁਜਰੀ ਸਕੂਲ ਦੇ ਖਿਡਾਰੀਆਂ ਨੇ 4 ਸੋਨ ਤਗਮੇ, 7 ਚਾਂਦੀ ਦੇ ਤਗਮੇ ਅਤੇ 11 ਕਾਂਸੀ ਦੇ ਤਗਮੇ ਜਿੱਤ ਕੇ ਸ਼ਾਨਦਾਰ ਪ੍ਰਾਪਤੀ ਦਰਜ ਕੀਤੀ। ਇਸ ਮੌਕੇ ਸਕੂਲ ਦੇ ਡਾਇਰੈਕਟਰ ਸਰਦਾਰ ਭੁਪਿੰਦਰ ਸਿੰਘ, ਪ੍ਰੈਜ਼ੀਡੈਂਟ ਸ੍ਰੀਮਤੀ ਰਵਿੰਦਰ ਕੌਰ, ਪ੍ਰਿੰਸੀਪਲ ਸ੍ਰੀਮਤੀ ਪ੍ਰਨਮ ਧੀਮਾਨ ਅਤੇ ਅਕਾਦਮਿਕ ਡਾਇਰੈਕਟਰ ਸ੍ਰੀਮਤੀ ਤੇਜਿੰਦਰ ਕੌਰ ਵਾਲੀਆ ਨੇ ਜੇਤੂ ਵਿਦਿਆਰਥੀਆਂ ਅਤੇ ਕੋਚ ਹਰਦੀਪ ਕੁਮਾਰ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਕਾਮਯਾਬੀਆਂ ਨਾਲ ਵਿਦਿਆਰਥੀਆਂ ਦਾ ਹੌਸਲਾ ਵਧਦਾ ਹੈ ਅਤੇ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੱਡੀਆਂ ਉਪਲਬਧੀਆਂ ਹਾਸਲ ਕਰਨ ਲਈ ਪ੍ਰੇਰਨਾ ਮਿਲਦੀ ਹੈ। ਸਕੂਲ ਪ੍ਰਬੰਧਕਾਂ ਨੇ ਵਿਦਿਆਰਥੀਆਂ ਦੀ ਇਸ ਸ਼ਾਨਦਾਰ ਸਫਲਤਾ 'ਤੇ ਖੁਸ਼ੀ ਪ੍ਰਗਟ ਕਰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਖਾਦ ਵਿਕਰੇਤਾਵਾਂ, ਥੋਕ ਵਿਕਰੇਤਾਵਾਂ, ਪਰਚੂਨ ਵਿਕਰੇਤਾਵਾਂ ਨੂੰ ਅਹਿਮ ਆਦੇਸ਼ ਜਾਰੀ

**ਖਾਦਾਂ ਦੀ ਜਮ੍ਹਾਂਖੋਰੀ, ਗੈਰ ਅਧਿਕਾਰਤ ਭੰਡਾਰਨ ਅਤੇ ਕਾਲਾਬਾਜ਼ਾਰੀ ਕਰਨ 'ਤੇ ਪੂਰਨ ਪਾਬੰਦੀ**



ਮੋਗਾ, 25 ਮਈ(ਜਗਰਾਜ ਸਿੰਘ ਸੰਘਾ ) ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਸ਼੍ਰੀ ਸਾਗਰ ਸੇਤੀਆ ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਘਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਮੋਗਾ ਦੀ ਹਦੂਦ ਮਹੱਤਵਪੂਰਨ ਆਦੇਸ਼ ਜਾਰੀ ਕੀਤੇ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਕੋਈ ਵੀ ਖਾਦ ਵਿਕਰੇਤਾ/ਥੋਕ ਵਿਕਰੇਤਾ/ਪਰਚੂਨ ਵਿਕਰੇਤਾ ਸਰਕਾਰ ਵੱਲੋਂ ਨਿਰਧਾਰਿਤ ਕੀਮਤਾਂ ਤੋਂ ਵੱਧ ਰੇਟ 'ਤੇ ਖਾਦਾਂ ਦੀ ਵਿਕਰੀ ਨਹੀਂ ਕਰੇਗਾ। ਕੋਈ ਵੀ ਵਿਕਰੇਤਾ ਖਾਦਾਂ ਦੇ ਨਾਲ ਕਿਸੇ ਹੋਰ ਸਮਾਨ/ਉਤਪਾਦ ਦੀ ਜ਼ਬਰਦਸਤੀ ਖਰੀਦ ਨਹੀਂ ਕਰਵਾਏਗਾ। ਖਾਦਾਂ ਦੀ ਜਮ੍ਹਾਂਖੋਰੀ, ਗੈਰ ਅਧਿਕਾਰਤ ਭੰਡਾਰਨ ਅਤੇ ਕਾਲਾਬਾਜ਼ਾਰੀ ਕਰਨ @ਤੇ ਪੂਰਨ ਪਾਬੰਦੀ ਹੋਵੇਗੀ। ਖਾਦਾਂ ਦੀ ਗੈਰ ਅਧਿਕਾਰਤ ਵਿਅਕਤੀਆਂ ਜਾਂ ਗੈਰ ਮਨਜ਼ੂਰਸ਼ੁਦਾ ਉਦੇਸ਼ਾਂ ਲਈ ਡਾਇਵਰਜ਼ਨ ਕਰਨ @ਤੇ ਪਾਬੰਦੀ ਹੋਵੇਗੀ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਮੂਹ ਖਾਦ ਵਿਕਰੇਤਾ ਆਪਣੇ ਸਟਾਕ ਰਜਿਸਟਰ, ਵਿਕਰੀ ਰਿਕਾਰਡ ਅਤੇ ਬਿੱਲ ਆਦਿ ਨਿਯਮਾਂ ਅਨੁਸਾਰ ਸੰਭਾਲ ਕੇ ਰੱਖਣਗੇ ਅਤੇ ਜਾਂਚ ਦੌਰਾਨ ਮੰਗੇ ਜਾਣ @ਤੇ ਤੁਰੰਤ ਪੇਸ਼ ਕਰਨਗੇ। ਉਹਨਾਂ ਕਿਹਾ ਕਿ ਖੇਤੀਬਾੜੀ ਵਿਭਾਗ, ਸਿਵਲ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਵੱਲੋਂ ਖਾਦਾਂ ਦੀਆਂ ਦੁਕਾਨਾਂ, ਗੋਦਾਮਾਂ ਅਤੇ ਭੰਡਾਰਨ ਸਥਾਨਾਂ ਦੀ ਨਿਯਮਿਤ ਜਾਂਚ ਕੀਤੀ ਜਾਵੇਗੀ ਤਾਂ ਜੋ ਉਪਰੋਕਤ ਹੁਕਮਾਂ ਦੀ ਪਾਲਣਾ ਯਕੀਨੀ ਬਣਾਈ ਜਾ ਸਕੇ।ਉਪਰੋਕਤ ਹੁਕਮਾਂ ਦੀ ਉਲੰਘਣਾ ਕਰਨ ਵਾਲੇ ਵਿਅਕਤੀਆਂ ਵਿਰੁੱਧ ਕਾਨੂੰਨ ਅਨੁਸਾਰ ਬਣਦੀ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਹ ਹੁਕਮ 19 ਜੁਲਾਈ 2026 ਤੱਕ ਲਾਗੂ ਰਹੇਗਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੋਗਾ ਅੰਦਰ ਕੁਝ ਖਾਦ ਵਿਕਰੇਤਾ/ਥੋਕ ਵਿਕਰੇਤਾ/ਪਰਚੂਨ ਵਿਕਰੇਤਾ ਅਤੇ ਹੋਰ ਸੰਬੰਧਿਤ ਵਿਅਕਤੀਆਂ ਵੱਲੋਂ ਖਾਦਾਂ ਦੀ ਓਵਰ ਪ੍ਰਾਇਸਿੰਗ/ਓਵਰ ਪਾਸਿੰਗ, ਟੈਗਿੰਗ, ਜਮ੍ਹਾਂਖੋਰੀ, ਕਾਲਾਬਾਜ਼ਾਰੀ, ਗੈਰ ਕਾਨੂੰਨੀ ਭੰਡਾਰਨ ਅਤੇ ਖਾਦਾਂ ਦੀ ਡਾਇਵਰਜ਼ਨ ਸੰਬੰਧੀ ਗਤੀਵਿਧੀਆਂ ਕੀਤੀ ਜਾ ਰਹੀਆਂ ਹਨ, ਜਿਸ ਕਾਰਨ ਖਾਦਾਂ ਦੀ ਸਪਲਾਈ ਵਿੱਚ ਕਮੀ ਆ ਰਹੀ ਹੈ ਅਤੇ ਕਿਸਾਨਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਲੋਕ ਹਿੱਤ, ਕਾਨੂੰਨ ਅਤੇ ਵਿਵਸਥਾ ਕਾਇਮ ਰੱਖਣ ਲਈ ਕਿਸਾਨਾਂ ਨੂੰ ਖਾਦਾਂ ਦੀ ਨਿਰਵਿਘਨ ਉਪਲਬਧਤਾ ਯਕੀਨੀ ਬਣਾਉਣ ਲਈ ਉਕਤ ਹੁਕਮ ਜਾਰੀ ਕੀਤੇ ਗਏ ਹਨ।

## ਸੈਣੀ ਮਾਜਰਾ ਵਿਖੇ 13ਵਾਂ ਵਿਸ਼ਾਲ ਮਾਤਾ ਦਾ ਜਾਗਰਣ ਸ਼ਰਧਾ ਤੇ ਭਗਤੀ ਦੀ ਅਮਿੱਟ ਛਾਪ ਛੱਡਦਾ ਹੋਇਆ ਸੰਪੰਨ

**ਮਾਨਵ ਹੀਰਾ ਤੇ ਸ਼ਾਹੀ ਮਾਨ ਦੀ ਸੁਰਲੀ ਗਾਇਕੀ ਨੇ ਸਰੋਤੇ ਕੀਲੇ**



ਨੂਰਪੁਰਬੇਦੀ, 25 ਮਈ:(ਮਨਦੀਪ ਬਾਲੀ) ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਜੈ ਮਾਤਾ ਨੈਣਾ ਦੇਵੀ ਸੇਵਾ ਕਲੱਬ (ਰਜਿ.), ਸੈਣੀ ਮਾਜਰਾ ਵੱਲੋਂ ਸਮੂਹ ਨਗਰ ਨਿਵਾਸੀਆਂ ਅਤੇ ਐਨ.ਆਰ.ਆਈ. ਭਰਾਵਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ 13ਵਾਂ ਵਿਸ਼ਾਲ ਭਗਵਤੀ ਜਾਗਰਣ ਬੇਹੱਦ ਸ਼ਰਧਾ, ਉਤਸ਼ਾਹ ਅਤੇ ਧਾਰਮਿਕ ਮਾਹੌਲ ਵਿੱਚ ਸੰਪੰਨ ਹੋ ਗਿਆ। ਪੂਰੀ ਰਾਤ ਚੱਲੇ ਇਸ ਅਧਿਆਤਮਿਕ ਸਮਾਗਮ ਨੇ ਸੰਗਤਾਂ ਦੇ ਮਨਾਂ 'ਤੇ ਡੂੰਘੀ ਭਗਤੀਮਈ ਛਾਪ ਛੱਡੀ। ਜਾਗਰਣ ਦੌਰਾਨ ਮਾਤਾ ਰਾਣੀ ਦਾ ਦਰਬਾਰ ਦੇਸੀ-ਵਿਦੇਸ਼ੀ ਫੁੱਲਾਂ, ਰੰਗ-ਬਿਰੰਗੀਆਂ ਲਾਈਟਾਂ ਅਤੇ ਮਨਮੋਹਕ ਸਜਾਵਟ ਨਾਲ ਇਸ ਕਦਰ ਸਜਾਇਆ ਗਿਆ ਸੀ ਕਿ ਦਰਸ਼ਨ ਕਰਨ ਵਾਲੇ ਸ਼ਰਧਾਲੂ ਭਗਤੀ ਰੰਗ ਵਿੱਚ ਰੰਗੇ ਨਜ਼ਰ ਆਏ। ਧਾਰਮਿਕ ਸਮਾਗਮ ਦੀ ਸ਼ੁਰੂਆਤ ਜ਼ਿਲ੍ਹਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਸ਼ਵਨੀ ਸ਼ਰਮਾ, ਜ਼ਿਲ੍ਹਾ ਪਰਿਸ਼ਦ ਮੈਂਬਰ ਦੇਸ ਰਾਜ ਸੈਣੀ ਅਤੇ ਕਲੱਬ ਮੈਂਬਰਾਂ ਵੱਲੋਂ ਪਵਿੱਤਰ ਜੋਤ ਪ੍ਰਚੰਡ ਕਰਕੇ ਕੀਤੀ ਗਈ। ਇਸ ਉਪਰੰਤ ਗਣੇਸ਼ ਵੰਦਨਾ ਨਾਲ ਭਜਨ ਗਾਇਕੀ ਦਾ ਆਗਾਜ਼ ਹੋਇਆ। ਭਜਨ ਗਾਇਕ ਮਾਨਵ ਹੀਰਾ ਅਤੇ ਸ਼ਾਹੀ ਮਾਨ ਨੇ ਆਪਣੀਆਂ ਸੁਰੀਲੀਆਂ ਅਤੇ ਜੋਸ਼ ਭਰੀਆਂ ਭੇਟਾਂ ਰਾਹੀਂ ਸੰਗਤਾਂ ਨੂੰ ਭਗਤੀ ਰਸ ਵਿੱਚ ਡੁੱਬੋ ਦਿੱਤਾ। ਮਾਤਾ ਦੇ ਜੈਕਾਰਿਆਂ ਨਾਲ ਪੂਰਾ ਪੰਡਾਲ ਗੂੰਜਦਾ ਰਿਹਾ ਅਤੇ ਸ਼ਰਧਾਲੂ ਰਾਤ ਭਰ ਭਗਤੀਮਈ ਰੰਗ ਵਿੱਚ ਝੂਮਦੇ ਰਹੇ। ਇਸ ਮੌਕੇ ਪੇਸ਼ ਕੀਤੀਆਂ ਗਈਆਂ ਸੁੰਦਰ ਝਾਕੀਆਂ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀਆਂ ।ਸਮਾਗਮ ਦੌਰਾਨ ਸੰਗਤਾਂ ਲਈ ਅਟੁੱਟ ਲੰਗਰ ਅਤੇ ਵੱਖ-ਵੱਖ ਪ੍ਰਕਾਰ ਦੇ ਪਕਵਾਨਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਅੰਮ੍ਰਿਤ ਵੇਲੇ ਤਾਰਾ ਰਾਣੀ ਦੀ ਪਾਵਨ ਕਥਾ ਅਤੇ ਕੰਜਕ ਪੂਜਨ ਉਪਰੰਤ ਪ੍ਰਸਾਦ ਵੰਡਿਆ ਗਿਆ, ਜਿਸ ਨਾਲ ਜਾਗਰਣ ਦੀ ਧਾਰਮਿਕ ਰਸਮਾਂ ਅਨੁਸਾਰ ਸੰਪੂਰਨਤਾ ਹੋਈ। ਇਸ ਮੌਕੇ ਕਲੱਬ ਪ੍ਰਧਾਨ ਦੇਵ ਰਾਜ, ਨੀਲਮ ਸ਼ਰਮਾ, ਹੇਮਰਾਜ ਹੇਮੀ, ਮੋਹਣ ਲਾਲ ਭਾਲੜੂ, ਹੇਮੰਤ ਸੈਣੀ, ਕਮਲੇਸ਼, ਪੂਜਾ, ਸੰਜੂ, ਮੀਨਾ ਕੁਮਾਰੀ, ਕਰਮਜੀਤ ਕੌਰ, ਸਰਪੰਚ ਰਾਮ ਸਰੂਪ, ਦੇਸ ਰਾਜ ਸੈਣੀ, ਨਿੰਦਰ ਗ੍ਰੀਸ, ਦੀਪੀ, ਰੋਸ਼ਨ ਲਾਲ, ਮੀਤ ਭਗਤ, ਲੇਖ ਰਾਜ ਭਗਤ, ਧਰਮਪਾਲ, ਸੱਤੂ ਭਾਲੜੂ, ਸ਼ਿਵ ਕੁਮਾਰ ਬਾਂਸਲ, ਲਖਵਿੰਦਰ ਸਿੰਘ, ਬਿੱਲੂ, ਵਿੱਕੀ ਪੰਡਿਤ, ਬਲਰਾਮ, ਸੁਰਿੰਦਰ ਸੈਣੀ, ਤਰਸੇਮ ਲਾਲ, ਮਾਸਟਰ ਰਾਮ ਜੀ ਦਾਸ, ਮਾਸਟਰ ਗੋਪਾਲ ਸੈਣੀ, ਲੇਖ ਰਾਜ ਮੁੰਡਰਾਂ, ਮਾਸਟਰ ਹਰਮੇਸ਼ ਸੈਣੀ, ਭਗਤ ਸਿੰਘ, ਮਨਦੀਪ ਫੌਜੀ, ਸੋਨੂ ਭਗਤ, ਇੰਦਰਜੀਤ, ਪਵਨ ਕੁਮਾਰ ਅਤੇ ਹੋਰ ਪਤਵੰਤੀਆਂ ਸਹਿਤ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਅਧਿਆਪਕਾਂ 'ਤੇ ਪੁਲਿਸ ਕਾਰਵਾਈ ਦੇ ਪੱਤਰ ਖਿਲਾਫ ਡੀਸੀ ਸੰਗਰੂਰ ਵਿਰੁੱਧ ਧਰਨਾ 29 ਨੂੰ

ਸੰਗਰੂਰ, 25 ਮਈ (ਜਸਪਾਲ ਸਰਾਓ) - ਰਿਟਰਨਿੰਗ ਅਫ਼ਸਰ ਨਗਰ ਕੌਂਸਲ ਚੋਣਾਂ ਧੂਰੀ ਕਮ ਬੀ.ਡੀ.ਪੀ.ਓ. ਧੂਰੀ ਵੱਲੋਂ ਜਨਗਣਨਾ ਕਰ ਰਹੇ ਅਧਿਆਪਕਾਂ ਵੱਲੋਂ ਚੋਣ ਰਿਹਰਸਲ ਵਿੱਚ ਸ਼ਾਮਿਲ ਨਾ ਹੋਣ ਕਾਰਨ ਉਹਨਾਂ ਵਿਰੁੱਧ ਪੁਲਿਸ ਕਾਰਵਾਈ ਅਤੇ ਸੇਵਾ ਪੱਤਰੀ ਵਿੱਚ ਇਸ ਦਾ ਇੰਦਰਾਜ਼ ਦਰਜ ਕਰਨ ਦੇ ਕੱਢੇ ਪੱਤਰ ਖਿਲਾਫ ਅਧਿਆਪਕ ਜਥੇਬੰਦੀਆਂ ਡੀ.ਟੀ.ਐੱਫ.(ਦਿਗਵਿਜੇ ਪਾਲ) ਤੇ ਡੀ.ਟੀ.ਐੱਫ. (ਵਿਕਰਮ ਦੇਵ ਸਬੰਧਤ ਡੀ.ਐੱਮ.ਐੱਫ) ਵੱਲੋਂ ਜ਼ਿਲ੍ਹਾ ਚੋਣ ਅਫ਼ਸਰ ਤੇ ਪ੍ਰਿੰਸੀਪਲ ਸੈਂਸਜ਼ ਅਫ਼ਸਰ ਕਮ ਡੀਸੀ ਸੰਗਰੂਰ ਵਿਰੁੱਧ ਉਹਨਾਂ ਦੇ ਦਫ਼ਤਰ ਵਿਖੇ 29 ਮਈ ਨੂੰ ਰੋਸ ਧਰਨਾ ਦਿੱਤਾ ਜਾਵੇਗਾ। ਜਾਣਕਾਰੀ ਦਿੰਦਿਆਂ ਆਗੂਆਂ ਦਾਤਾ ਸਿੰਘ ਨਮੋਲ ਤੇ ਸੁਖਵਿੰਦਰ ਗਿਰ ਨੇ ਦੱਸਿਆ ਕਿ ਇਸ ਧਰਨੇ ਵਿੱਚ ਇਲਾਕੇ ਦੀਆਂ ਜਨਤਕ ਜ਼ਮਹੂਰੀ, ਮਜ਼ਦੂਰ,ਕਿਸਾਨ,ਵਿਦਿਆਰਥੀ ਜਥੇਬੰਦੀਆਂ ਨੂੰ ਸ਼ਾਮਿਲ ਹੋ ਕੇ ਜ਼ਬਰ ਖਿਲਾਫ਼ ਖੜ੍ਹਨ ਦੀ ਅਪੀਲ ਵੀ ਕੀਤੀ ਜਾਵੇਗੀ। ਮਸਲੇ ਬਾਰੇ ਜਾਣਕਾਰੀ ਦਿੰਦਿਆਂ ਆਗੂਆਂ ਸੁਖਜਿੰਦਰ ਸੰਗਰੂਰ ,ਦਲਜੀਤ ਸਫੀਪੁਰ,ਜਸਬੀਰ ਨਮੋਲ ਤੇ ਦੀਨਾ ਨਾਥ ਨੇ ਕਿਹਾ ਕਿ ਉਕਤ ਰਿਟਰਨਿੰਗ ਅਫ਼ਸਰ ਵੱਲੋਂ 23 ਮਈ ਦੀ ਰਿਹਰਸਲ ਵਿੱਚ ਸ਼ਾਮਿਲ ਨਾ ਹੋਣ @ਤੇ ਅਧਿਆਪਕਾਂ ਵਿਰੁੱਧ @ਕਾਰਨ ਦੱਸੋ ਨੋਟਿਸ@ ਕੱਢੇ ਗਏ ਸਨ। ਜਥੇਬੰਦੀਆਂ ਨੇ ਰਿਟਰਨਿੰਗ ਅਫ਼ਸਰ ਨੂੰ ਲਿਖਤੀ ਸਾਰੀ ਸਥਿਤੀ ਤੋਂ ਜਾਣੂ



ਕਰਵਾ ਦਿੱਤਾ ਸੀ ਕਿ ਇਹ ਅਧਿਆਪਕ ਜਾਣ ਬੁੱਝ ਕੇ ਗ਼ੈਰ ਹਾਜ਼ਰ ਨਹੀਂ ਹੋਏ ਬਲਕਿ ਚੱਲ ਰਹੀ ਜਨਗਣਨਾ ਵਿੱਚ ਆਪਣੇ ਆਪਣੇ ਖੇਤਰ ਵਿੱਚ ਜਨਗਣਨਾ ਡਿਊਟੀ ਨਿਭਾ ਰਹੇ ਹਨ। ਇੱਕ ਅਧਿਆਪਕ ਲਈ ਇੱਕੋ ਸਮੇਂ ਦੋ ਡਿਊਟੀਆਂ ਕਰਨਾ ਸੰਭਵ ਨਹੀਂ ਹੈ।ਇਸ @ਤੇ ਅਧਿਆਪਕਾਂ ਵਿੱਚ ਵਿਆਪਕ ਰੋਸ ਪਾਇਆ ਗਿਆ ਤੇ ਉਹ ਅੱਜ ਇਕੱਠੇ ਹੋ ਕੇ ਜ਼ਿਲ੍ਹਾ ਚੋਣ ਅਫ਼ਸਰ ਸੰਗਰੂਰ ਨੂੰ ਮਿਲਣ ਪਹੁੰਚੇ ਤਾਂ ਦਫ਼ਤਰ ਵੱਲੋਂ ਉਹਨਾਂ ਦੀ ਮੁਲਾਕਾਤ ਜਨਰਲ ਸਹਾਇਕ ਨਾਲ ਕਰਵਾਈ ਗਈ ਜਿਹਨਾਂ ਨੇ ਜਥੇਬੰਦੀਆਂ ਦੀ ਗੱਲ ਸੁਣ ਕੇ ਮਸਲਾ ਹੱਲ ਕਰਨ ਦਾ ਭਰੋਸਾ ਦਿੱਤਾ। ਜਥੇਬੰਦੀਆਂ ਨੇ ਉਹਨਾਂ ਨੂੰ ਉਕਤ ਬੀ.ਡੀ.ਪੀ.ਓ. ਖ਼ਿਲਾਫ਼ ਅਧਿਆਪਕਾਂ ਦੀ ਜਨਗਣਨਾ ਡਿਊਟੀ ਵਿੱਚ ਵਿਘਨ ਪਾਉਣ @ਤੇ ਮੁੱਖ ਜਨਗਣਨਾ ਅਧਿਕਾਰੀ ਪੰਜਾਬ ਦੇ ਨਾਂ ਲਿਖੀ ਸ਼ਿਕਾਇਤ ਵੀ ਦਿੱਤੀ। ਇਸ ਉਪਰੰਤ ਜਥੇਬੰਦੀਆਂ ਵੱਲੋਂ ਸਾਂਝੀ ਮੀਟਿੰਗ ਕਰਕੇ ਫੈਸਲਾ ਕੀਤਾ ਗਿਆ ਕਿ ਉਕਤ ਪੱਤਰ ਖ਼ਿਲਾਫ਼ ਅਤੇ ਅਧਿਆਪਕਾਂ ਦੇ ਮਾਣ ਸਨਮਾਨ ਦੀ ਬਹਾਲੀ ਲਈ ਡੀਸੀ ਸੰਗਰੂਰ ਵਿਰੁੱਧ ਉਹਨਾਂ ਦੇ ਦਫ਼ਤਰ ਵਿਰੁੱਧ ਉਕਤ ਅਨੁਸਾਰ ਧਰਨਾ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਜ਼ਬਰ ਦਾ ਡਟ ਕੇ ਮੁਕਾਬਲਾ ਕਰਨਗੇ ਅਤੇ ਇਸ ਦੀਆਂ ਵਧੀਕੀਆਂ ਖਿਲਾਫ ਹਰੇਕ ਮੋਰਚੇ ਤੋਂ ਲੜਾਈ ਦੇਣਗੇ ਤੇ ਇਸ ਦੀਆਂ ਧਮਕੀਆਂ ਤੋਂ ਡਰਨਗੇ ਨਹੀਂ। ਇਸ ਸਮੇਂ ਉਕਤ ਆਗੂਆਂ ਤੋਂ ਇਲਾਵਾ ਪਵਨ ਕੁਮਾਰ, ਜਗਦੀਪ ਸਿੰਘ, ਭਿੰਦਰ ਸਿੰਘ,ਹਰਪ੍ਰੀਤ ਸਿੰਘ,ਗੁਰਦੀਪ ਸਿੰਘ,ਚਮਕੌਰ ਸਿੰਘ,ਗੁਰਚਰਨ ਸੇਖੂਵਾਸ,ਪ੍ਰਗਟ ਸਿੰਘ,ਕੁਲਵੰਤ ਖਨੌਰੀ,ਅਮਿਤ ਕੁਮਾਰ,ਗਗਨਦੀਪ ਧੂਰੀ,ਯਾਦਵਿੰਦਰ ਧੂਰੀ,ਮਨਜੀਤ ਸਿੰਘ ਤੇ ਰਮਨ ਗੋਇਲ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਹਾਜਰ ਸਨ।

## ਵੋਟਰ ਆਪਣੀ ਪਛਾਣ ਲਈ ਈਪਿਕ (ਓਫੀਛ) ਕਾਰਡ ਤੋਂ ਇਲਾਵਾ ਹੋਰ 15 ਦਸਤਾਵੇਜ਼ ਵੀ ਕਰ ਸਕਣਗੇ ਵਰਤੋਂ : ਜ਼ਿਲ੍ਹਾ ਚੋਣ ਅਫਸਰ

### ਨਗਰ ਨਿਗਮ/ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ-2026 ਸਬੰਧੀ ਹਦਾਇਤਾਂ ਜਾਰੀ



ਬਠਿੰਡਾ, 25 ਮਈ :(ਰਾਣਾ ਸ਼ਰਮਾ) ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਨਗਰ ਨਿਗਮ, ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਆਮ ਚੋਣਾਂ-2026 ਲਈ ਵੋਟਰਾਂ ਦੀ ਪਛਾਣ ਸਬੰਧੀ ਜ਼ਰੂਰੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਚੋਣਾਂ ਦੌਰਾਨ ਵੋਟਰ ਆਪਣੀ ਪਛਾਣ ਲਈ ਇਲੈਕਟਰਲ ਫੋਟੋ ਆਇਡੈਂਟਿਟੀ ਕਾਰਡ (ਓਫੀਛ) ਤੋਂ ਇਲਾਵਾ ਹੋਰ ਵਿਕਲਪਿਕ ਦਸਤਾਵੇਜ਼ ਵੀ ਵਰਤ ਸਕਣਗੇ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਵੋਟਰਾਂ ਕੋਲ ਫੋਟੋ ਵਾਲੇ ਵੋਟਰ ਆਈ ਕਾਰਡ ਉਪਲਬਧ ਹੈ, ਉਹ ਆਪਣੇ ਕਾਰਡ ਰਾਹੀਂ ਵੋਟ ਪਾ ਸਕਣਗੇ। ਇਸ ਤੋਂ ਇਲਾਵਾ ਜਿਨ੍ਹਾਂ ਵੋਟਰਾਂ ਕੋਲ ਇਹ ਕਾਰਡ ਨਹੀਂ ਹੈ, ਉਹ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਗਨਰੇਗਾ ਜਾਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਸਮੇਤ ਆਰਮਜ਼ ਲਾਇਸੈਂਸ, ਪੈਨਸ਼ਨ ਦਸਤਾਵੇਜ਼, ਆਜ਼ਾਦੀ ਘੁਲਾਟੀਏ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਦੀ ਫੋਟੋ ਵਾਲੀ ਪਾਸਬੁੱਕ, ਮਜ਼ਦੂਰੀ ਮੰਤਰਾਲੇ ਵੱਲੋਂ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਸਰਕਾਰੀ ਪਛਾਣ ਪੱਤਰ, ਯੂਨੀਕ ਡਿਸਏਬਿਲਟੀ ਆਈਡੀ ਕਾਰਡ (ਯੂਧੀਧ), ਕੇਂਦਰ/ਰਾਜ ਸਰਕਾਰ, ਪੀਐੱਸਯੂ ਜਾਂ ਪਬਲਿਕ ਲਿਮਟਿਡ ਕੰਪਨੀਆਂ ਵੱਲੋਂ ਜਾਰੀ ਸਰਵਿਸ ਆਈਡੀ ਕਾਰਡ ਅਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਵੱਲੋਂ ਜਾਰੀ ਵਿਦਿਆਰਥੀ ਪਛਾਣ ਪੱਤਰ ਦੀ ਵਰਤੋਂ ਕਰ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜੇਕਰ ਕੋਈ ਦਸਤਾਵੇਜ਼ ਪਰਿਵਾਰ ਦੇ ਮੁਖੀ ਦੇ ਨਾਮ 'ਤੇ ਹੈ ਤਾਂ ਉਸ ਦੇ ਆਧਾਰ 'ਤੇ ਪਰਿਵਾਰ ਦੇ ਹੋਰ ਮੈਂਬਰਾਂ ਦੀ ਵੀ ਪਛਾਣ ਕੀਤੀ ਜਾ ਸਕਦੀ ਹੈ, ਬਸ਼ਰਤੇ ਉਨ੍ਹਾਂ ਦੀ ਪਛਾਣ ਸਪੱਸ਼ਟ ਹੋਵੇ। ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੋਟਿੰਗ ਵਾਲੇ ਦਿਨ ਆਪਣੇ ਨਾਲ ਲਾਜ਼ਮੀ ਪਛਾਣ ਦਸਤਾਵੇਜ਼ ਜ਼ਰੂਰ ਲੈ ਕੇ ਆਉਣ ਤਾਂ ਜੋ ਕਿਸੇ ਕਿਸਮ ਦੀ ਅਸੁਵਿਧਾ ਤੋਂ ਬਚਿਆ ਜਾ ਸਕੇ।

## ਜੈ ਦੁਰਗਾ ਕੰਪਿਊਟਰ ਇੰਸਟੀਟਿਊਟ ਨੇ ਧਾਰਮਿਕ ਸਮਾਰੋਹ ਕਰਵਾਇਆ

ਭੀਖੀ,25ਮਈ (ਨਵੀਨ ਕੁਮਾਰ ਸਿੰਗਲਾ) ਜੈ ਦੁਰਗਾ ਕੰਪਿਊਟਰ ਇੰਸਟੀਟਿਊਟ ਅਤੇ ਕੋਚਿੰਗ ਸੈਂਟਰ ਭੀਖੀ ਵਲੋਂ ਨਵੇਂ ਸ਼ੈਸ਼ਨ ਦੀ ਸ਼ੁਰੂਆਤ ਕਰਨ ਅਤੇ ਇੰਸਟੀਟਿਊਟ ਦੀ 8ਵੀਂ ਵਰ੍ਹੇਗੰਢ ਮੌਕੇ ਧਾਰਮਿਕ ਸਮਾਰੋਹ ਕਰਵਾਇਆ ਗਿਆ। ਇਸ ਮੌਕੇ ਸ਼੍ਰੀ ਗੁਰੂ ਗ੍ਰੰਥ



ਸਾਹਿਬ ਜੀ ਦੀ ਪਵਿੱਤਰ ਬਾਣੀ ਦੇ ਸ਼੍ਰੀ ਸੁਖਮਨੀ ਸਾਹਿਬ ਪਾਠ ਦਾ ਭੋਗ ਪਾਇਆ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਸੈਂਟਰ ਦੇ ਹੈੱਡ ਜਗਸੀਰ ਸਿੰਘ ਅਤੇ ਮੈਨੇਜਿੰਗ ਡਾਇਰੈਕਟਰ ਅਮਨਦੀਪ ਕੌਰ ਨੇ ਦੱਸਿਆ ਕਿ ਇਸ ਸੰਸਥਾ ਪਿਛਲੇ 8 ਸਾਲਾਂ ਤੋਂ ਲਗਾਤਾਰ ਇਲਾਕੇ ਦੇ ਵਿਦਿਆਰਥੀਆਂ ਨੂੰ ਮਿਆਰੀ ਕੋਚਿੰਗ ਦੇਣ ਦੇ ਨਾਲ ਨਾਲ ਕੰਪਿਊਟਰ ਕੋਰਸ ਨਿਪੁੰਨਤਾ ਨਾਲ ਕਰਵਾ ਰਹੀ ਹੈ। ਇਸ ਸੰਸਥਾ ਤੋਂ ਕੋਚਿੰਗ ਹਾਸਿਲ ਕਰਕੇ ਸੈਂਕੜੇ ਵਿਦਿਆਰਥੀ ਸਰਕਾਰੀ ਅਤੇ ਗੈਰ ਸਰਕਾਰੀ ਅਦਾਰਿਆਂ ਵਿੱਚ ਰੁਤਬੇ ਹਾਸਿਲ ਕਰਕੇ ਆਪਣੀਆਂ ਸੇਵਾਵਾਂ ਦੇ ਰਹੇ ਹਨ। ਸਮਾਰੋਹ ਦੌਰਾਨ ਲੋਕ ਗਾਇਕਾ ਰੁਪਿੰਦਰ ਰਿੰਪੀ, ਯੂਥ ਅਕਾਲੀ ਦਲ ਦੇ ਕੁਲਸ਼ੇਰ ਸਿੰਘ ਰੂਬਲ, ਸੁਖਵਿੰਦਰ ਸਿੰਘ, ਹਰੀ ਸਿੰਘ, ਬਿੰਦਰ ਸਿੰਘ, ਗੁਰਜੰਟ ਸਿੰਘ, ਹਰਜਿੰਦਰ ਸਿੰਘ ਤੋਂ ਇਲਾਵਾ ਸੰਸਥਾ ਦੇ ਸਮੂਹ ਸਿਖਿਆਰਥੀ ਹਾਜਰ ਸਨ। ਇਸ ਮੌਕੇ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ।

## ਸ਼ਹੀਦਾਂ ਸਿੰਘਾਂ ਦੀ ਯਾਦ ਵਿੱਚ ਤਿੰਨ ਰੋਜ਼ਾ ਸਮਾਗਮ ਸਮਾਪਤ



ਲੁਧਿਆਣਾ, 25 ਮਈ (ਸੂਰਜ) ਸ਼ਹੀਦਾਂ ਸਿੰਘਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਤਿੰਨ ਰੋਜ਼ਾ ਧਾਰਮਿਕ ਸਮਾਗਮ ਗੁਰਦੁਆਰਾ ਸਾਹਿਬ ਸ੍ਰੀ ਸਿੰਘ ਸ਼ਹੀਦਾਂ ਜੀ ਮੁਹੱਲਾ ਬੇਗੋਆਣਾ ਨੇੜੇ ਲੁਹਾਰਾ ਪੁੱਲ ਵਿਖੇ ਸੁਖਵਿੰਦਰ ਸਿੰਘ ਜੈਪੁਰੇ ਵਾਲਿਆਂ ਦੀ ਦੇਖਰੇਖ ਹੇਠ ਇਲਾਕੇ ਦੀ ਸਾਧ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ 38ਵਾਂ ਸਲਾਨਾ ਸਮਾਗਮ ਸ਼ਰਧਾ ਨਾਲ ਸਮਾਪਤ ਹੋਇਆ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਦੂਰੋਂ ਨੇੜਿਓਂ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਗੁਰਬਾਣੀ ਕੀਰਤਨ, ਕਥਾ-ਵਿਚਾਰਾਂ ਦਾ ਆਨੰਦ ਮਾਣਿਆ। ਤਿੰਨ ਦਿਨ ਪ੍ਰਬੰਧਕਾਂ ਵੱਲੋਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸੰਤ ਬਾਬਾ ਦਲਵਾਰਾ ਸਿੰਘ ਰੋਹੀਸਰ ਮਾਲੋਵਾਲ ਵਾਲੇ,ਭਾਈ ਹਰਸਿਮਰਨ ਸਿੰਘ ਹੀਰਾਂ ਵਾਲਿਆਂ ਨੇ ਕਿਹਾ ਕਿ ਸ਼ਹੀਦ ਸਿੰਘਾਂ ਨੇ ਧਰਮ ਅਤੇ ਮਨੁੱਖਤਾ ਦੀ ਰੱਖਿਆ ਲਈ ਆਪਣੀਆਂ ਜਾਨਾਂ ਕੁਰਬਾਨ ਕੀਤੀਆਂ। ਉਨ੍ਹਾਂ ਕਿਹਾ ਕਿ ਸਾਨੂੰ ਸ਼ਹੀਦਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਗੁਰੂ ਘਰ ਨਾਲ ਜੁੜਨਾ ਚਾਹੀਦਾ ਹੈ। ਸੰਤ ਬਾਬਾ ਜੀਵਨ ਸਿੰਘ ਬਗੀਚੀ ਵਾਲਿਆਂ, ਭਾਈ ਸਿਮਰਨਦੀਪ ਸਿੰਘ ਰਾਏਕੋਟ ਬੱਸੀਆਂ ਵਾਲਿਆਂ ਨੇ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਗੁਰਬਾਣੀ ਅਤੇ ਸਿੱਖ ਇਤਿਹਾਸ ਨਾਲ ਜੋੜਨ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਿੱਖ ਕੌਮ ਦੀਆਂ ਮਹਾਨ ਪਰੰਪਰਾਵਾਂ ਨੂੰ ਜੀਵੰਤ ਰੱਖਦੇ ਹਨ।ਸੰਤ ਬਾਬਾ ਭਗਤ ਸਿੰਘ ਖਾਸੀ ਢੱਕੀ ਵਾਲਿਆਂ, ਸਵਾਮੀ ਓਮਾ ਨੰਦ ਭੂਰੀ ਵਾਲਿਆਂ ਨੇ ਕਿਹਾ ਕਿ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਉਨ੍ਹਾਂ ਸੰਗਤਾਂ ਨੂੰ ਨਾਮ ਸਿਮਰਨ ਅਤੇ ਸੇਵਾ ਨਾਲ ਜੁੜਨ ਦੀ ਅਪੀਲ ਕੀਤੀ।ਸੰਤ ਬਾਬਾ ਹਰਵਿੰਦਰ ਸਿੰਘ ਸ਼ੰਕਰ, ਹੈਡ ਗ੍ਰੰਥੀ ਗਿਆਨੀ ਬਲਵਿੰਦਰ ਸਿੰਘ ਗੁਰਦੁਆਰਾ ਮੰਜੀ ਸਾਹਿਬ ਆਲਮਗੀਰ ਵਾਲੇ, ਭਾਈ ਯੂਗੇਸ ਸਿੰਘ ਆਲਮਗੀਰ, ਭਾਈ ਹਰਨੇਕ ਸਿੰਘ ਆਲਮਗੀਰ ਵਾਲਿਆਂ ਨੇ ਕਿਹਾ ਕਿ ਸਿੱਖ ਇਤਿਹਾਸ ਸ਼ਹਾਦਤਾਂ ਨਾਲ ਭਰਪੂਰ ਹੈ ਅਤੇ ਸਾਨੂੰ ਆਪਣੇ ਬੱਚਿਆਂ ਨੂੰ ਇਨ੍ਹਾਂ ਮਹਾਨ ਸ਼ਹੀਦਾਂ ਬਾਰੇ ਜਾਣੂ ਕਰਵਾਉਣਾ ਚਾਹੀਦਾ ਹੈ ਤਾਂ ਜੋ ਉਹ ਆਪਣੀ ਵਿਰਾਸਤ ਨਾਲ ਜੁੜੇ ਰਹਿਣ। ਬਾਬਾ ਦੀਪ ਸਿੰਘ ਜੀ ਸੇਵਕ ਜੱਥਾ, ਭਾਈ ਅਮਨਦੀਪ ਸਿੰਘ ਆਦਿ ਨੇ ਵੀ ਆਪਣੀ ਹਾਜ਼ਰੀ ਲਗਵਾਈ ਇਸ ਮੌਕੇ ਭਾਈ ਸੁਖਵਿੰਦਰ ਸਿੰਘ ਜੈਪੁਰੇ ਵਾਲਿਆਂ ਨੇ ਪਹੁੰਚੀਆਂ ਹੋਈਆਂ ਸਮੂਹ ਸੰਗਤਾਂ, ਸੇਵਾਦਾਰਾਂ ਅਤੇ ਪ੍ਰਬੰਧਕਾਂ ਦਾ ਧੰਨਵਾਦ ਕੀਤਾ। ਪ੍ਰਬੰਧਕ ਕਮੇਟੀ ਵੱਲੋਂ ਸੇਵਾਦਾਰਾਂ, ਕੀਰਤਨੀ ਜੱਥਿਆਂ ਅਤੇ ਧਾਰਮਿਕ ਰਾਜਨੀਤਕ ਆਗੂਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਵੀ ਕੀਤਾ ਗਿਆ ਇਸ ਮੌਕੇ ਸਾਬਕਾ ਉਪ ਚੇਅਰਮੈਨ ਪਛੜੀਆਂ ਸ਼੍ਰੇਣੀਆਂ ਕਮਿਸ਼ਨ ਨਿਰਮਲ ਸਿੰਘ ਐਸਐਸ,ਸਾਬਕਾ ਸੰਸਦੀ ਸਕੱਤਰ ਬਿਕਰਮਜੀਤ ਸਿੰਘ ਖਾਲਸਾ,ਨੰਬਰਦਾਰ ਮਨਜੀਤ ਸਿੰਘ ਚੇਅਰਮੈਨ ਸੈਣ ਸਮਾਜ ਪੰਜਾਬ, ਜਤਿੰਦਰ ਸਿੰਘ ਖਾਲਸਾ ਬੁਲਾਰਾ ਸ਼੍ਰੋਮਣੀ ਯੂਥ ਅਕਾਲੀ ਦਲ, ਕੌਂਸਲਰ ਰਾਜੇਸ ਮਿਸਰਾ, ਕੌਂਸਲਰ ਸਤਨਾਮ ਸਿੰਘ ਲੁਹਾਰਾ, ਕੌਂਸਲਰ ਪਤੀ ਕੁਲਵੰਤ ਸਿੰਘ ਕਾਂਤੀ, ਕੌਂਸਲਰ ਸੱਤਪਾਲ ਸਿੰਘ ਲੁਹਾਰਾ, ਆਪ ਆਗੂ ਮਹਿਤਾਬ ਸਿੰਘ ਬੰਟੀ, ਸਮਾਜ ਸੇਵੀ ਟੀਐਸ ਕਾਕਾ, ਪ੍ਰਧਾਨ ਜੋਗਿੰਦਰ ਸਿੰਘ ਚਾਨੇ, ਪਲਵਿੰਦਰ ਸਿੰਘ ਗੋਲਡਨ ਡੀਜਲ ਵਾਲੇ,ਅਮਰੀਕ ਸਿੰਘ ਕਲਸੀ, ਅਵਤਾਰ ਸਿੰਘ ਚੇਤ ਨਗਰ,ਜਗਤਾਰ ਸਿੰਘ, ਸੁਖਵਿੰਦਰ ਸਿੰਘ,ਹੈਡ ਗ੍ਰੰਥੀ ਮੇਹਰ ਸਿੰਘ,ਅੰਗਰੇਜ਼ ਸਿੰਘ, ਨਿਰਮਲ ਸਿੰਘ, ਸਰਬਜੀਤ ਸਿੰਘ, ਜਸਵੰਤ ਸਿੰਘ, ਕੁਲਦੀਪ ਸਿੰਘ ਲਲਤੋਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

## ਲੁਧਿਆਣਾ ਦੀਆਂ 6 ਨਗਰ ਕੌਂਸਲਾਂ ਲਈ ਅੱਜ 452 ਉਮੀਦਵਾਰਾਂ ਦੀ ਕਿਸਮਤ ਦਾ ਫ਼ੈਸਲਾ

### ਲੁਧਿਆਣਾ ਜ਼ਿਲ੍ਹੇ ਦੀਆਂ ਨਗਰ ਕੌਂਸਲ ਚੋਣਾਂ ਲਈ ਵੋਟਿੰਗ ਸਵੇਰੇ 8 ਤੋਂ ਸ਼ਾਮ 5 ਵਜੇ ਤੱਕ ਹੋਵੇਗੀ

ਲੁਧਿਆਣਾ, 25 ਮਈ -(ਝੱਜ ਉਮੀਦਪੁਰ)- ਮੰਗਲਵਾਰ ਨੂੰ ਖੰਨਾ, ਸਮਰਾਲਾ, ਪਾਇਲ, ਦੋਰਾਹਾ, ਰਾਏਕੋਟ ਅਤੇ ਜਗਰਾਉਂ ਵਿੱਚ ਨਗਰ ਕੌਂਸਲ ਚੋਣਾਂ ਲੜ ਰਹੇ 452 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ ਕਰਨ ਲਈ ਕੁੱਲ 2,09,561 ਵੋਟਰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ ਅਤੇ 108 ਵਾਰਡਾਂ ਵਿੱਚ ਸਥਾਪਤ 257 ਪੋਲਿੰਗ ਸਟੇਸ਼ਨਾਂ @ਤੇ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੋਲਿੰਗ ਹੋਵੇਗੀ। ਸਾਰੀਆਂ ਨਗਰ ਕੌਂਸਲਾਂ ਵਿੱਚ ਸੁਚਾਰੂ, ਸ਼ਾਂਤੀਪੂਰਨ ਅਤੇ ਪਾਰਦਰਸ਼ੀ ਪੋਲਿੰਗ ਨੂੰ ਯਕੀਨੀ ਬਣਾਉਣ ਲਈ ਵਿਸਤ੍ਰਿਤ ਪ੍ਰਬੰਧ ਕੀਤੇ ਗਏ ਹਨ। ਚੋਣ ਪ੍ਰਕਿਰਿਆ ਦੌਰਾਨ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਸਾਰੇ ਪੋਲਿੰਗ ਸਟੇਸ਼ਨਾਂ ਅਤੇ ਸੰਵੇਦਨਸ਼ੀਲ ਥਾਵਾਂ @ਤੇ ਢੁਕਵੇਂ ਸੁਰੱਖਿਆ ਕਰਮਚਾਰੀ ਵੀ ਤਾਇਨਾਤ ਕੀਤੇ ਗਏ ਹਨ। ਕੁੱਲ ਵੋਟਰਾਂ ਵਿੱਚ 1,09,244 ਪੁਰਸ਼ ਵੋਟਰ, 1,00,303 ਮਹਿਲਾ ਵੋਟਰ ਅਤੇ 14 ਵੋਟਰ ਤੀਜੇ ਲਿੰਗ ਵਰਗ ਨਾਲ ਸਬੰਧਤ ਹਨ। ਨਗਰ ਕੌਂਸਲ ਖੰਨਾ ਜਿਸ ਵਿੱਚ 32 ਵਾਰਡ ਹਨ। ਜ਼ਿਲ੍ਹਾ ਲੁਧਿਆਣਾ ਦੀਆਂ ਸਾਰੀਆਂ 6 ਨਗਰ ਕੌਂਸਲਾਂ ਵਿੱਚੋਂ ਸਭ ਤੋਂ ਵੱਧ ਵੋਟਰ ਹਨ। ਖੰਨਾ ਵਿੱਚ ਕੁੱਲ 99,391 ਵੋਟਰ, ਜਿਨ੍ਹਾਂ ਵਿੱਚ 51,680 ਪੁਰਸ਼ ਵੋਟਰ, 47,709 ਮਹਿਲਾ ਵੋਟਰ ਅਤੇ 2 ਹੋਰ ਵੋਟਰ ਸ਼ਾਮਲ ਹਨ, ਆਪਣੀ ਵੋਟ ਪਾਉਣ ਦੇ ਯੋਗ ਹਨ। ਨਗਰ ਕੌਂਸਲ, ਸਮਰਾਲਾ ਦੇ 12 ਵਾਰਡਾਂ ਵਿੱਚ ਵੋਟਿੰਗ ਹੋਵੇਗੀ ਜਿੱਥੇ ਕੁੱਲ 17,167 ਵੋਟਰ ਹਨ, ਜਿਨ੍ਹਾਂ ਵਿੱਚ 8,792 ਪੁਰਸ਼ ਵੋਟਰ, 8,372 ਮਹਿਲਾ ਵੋਟਰ ਅਤੇ



ਤਿੰਨ ਹੋਰ ਸ਼ਾਮਲ ਹਨ, ਚੋਣਾਂ ਵਿੱਚ ਹਿੱਸਾ ਲੈਣਗੇ। ਨਗਰ ਕੌਂਸਲ, ਪਾਇਲ ਦੇ 11 ਵਾਰਡਾਂ ਵਿੱਚ ਕੁੱਲ 6,371 ਵੋਟਰ ਹਨ, ਜਿਨ੍ਹਾਂ ਵਿੱਚ 3,376 ਪੁਰਸ਼ ਵੋਟਰ, 2,993 ਮਹਿਲਾ ਵੋਟਰ ਅਤੇ ਦੋ ਹੋਰ ਸ਼ਾਮਲ ਹਨ, ਜੋ ਚੋਣਾਂ ਵਿੱਚ ਹਿੱਸਾ ਲੈਣਗੇ। ਨਗਰ ਕੌਂਸਲ, ਦੋਰਾਹਾ ਵਿੱਚ ਕੁੱਲ 18,160 ਵੋਟਰ, ਜਿਨ੍ਹਾਂ ਵਿੱਚ 9,526 ਪੁਰਸ਼ ਵੋਟਰ ਅਤੇ 8,634 ਮਹਿਲਾ ਵੋਟਰ ਸ਼ਾਮਲ ਹਨ ਅਤੇ 15 ਵਾਰਡਾਂ ਵਿੱਚ ਵੋਟਾਂ ਪਾਉਣਗੇ। ਨਗਰ ਕੌਂਸਲ, ਰਾਏਕੋਟ ਵਿੱਚ 15 ਵਾਰਡਾਂ ਵਿੱਚ ਚੋਣਾਂ ਲਈ 20,596 ਯੋਗ ਵੋਟਰ ਹਨ, ਜਿਨ੍ਹਾਂ ਵਿੱਚ 10,712 ਪੁਰਸ਼ ਵੋਟਰ ਅਤੇ 9,884 ਮਹਿਲਾ ਵੋਟਰ ਸ਼ਾਮਲ ਹਨ। ਇਸੇ ਤਰ੍ਹਾਂ ਨਗਰ ਕੌਂਸਲ, ਜਗਰਾਉਂ ਵਿੱਚ 23 ਵਾਰਡਾਂ ਵਿੱਚ 47,876 ਵੋਟਰ ਹਨ, ਜਿਨ੍ਹਾਂ ਵਿੱਚ 25,158 ਪੁਰਸ਼ ਵੋਟਰ, 22,711 ਮਹਿਲਾ ਵੋਟਰ ਅਤੇ 7 ਹੋਰ ਵੋਟਰ ਸ਼ਾਮਲ ਹਨ। ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ ਨਗਰ ਕੌਂਸਲਾਂ ਵਿੱਚ ਅਸਲ ਵਿੱਚ 112 ਵਾਰਡ ਸਨ। ਹਾਲਾਂਕਿ, ਚਾਰ ਵਾਰਡ ਪਹਿਲਾਂ ਹੀ ਬਿਨਾਂ ਵਿਰੋਧ ਦੇ ਚੁਣੇ ਜਾ ਚੁੱਕੇ ਹਨ, ਜਿਨ੍ਹਾਂ ਵਿੱਚ ਸਮਰਾਲਾ ਦੇ ਤਿੰਨ ਵਾਰਡ ਅਤੇ ਖੰਨਾ ਦਾ ਇੱਕ ਵਾਰਡ ਸ਼ਾਮਲ ਹੈ, ਜਿਸ ਨਾਲ ਵੋਟਾਂ ਪੈਣ ਵਾਲੇ ਵਾਰਡਾਂ ਦੀ ਗਿਣਤੀ 108 ਹੋ ਗਈ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਵੋਟਰਾਂ ਨੂੰ ਲੋਕਤੰਤਰੀ ਪ੍ਰਕਿਰਿਆ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਅਤੇ ਸਾਰੇ ਪੋਲਿੰਗ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਨਿਡਰਤਾ ਨਾਲ ਆਪਣੀ ਵੋਟ ਪਾਉਣ ਦੀ ਅਪੀਲ ਕੀਤੀ ਹੈ। ਵੋਟਰਾਂ ਨੂੰ ਇਹ ਵੀ ਸਲਾਹ ਦਿੱਤੀ ਗਈ ਹੈ ਕਿ ਉਹ ਬਿਨਾਂ ਕਿਸੇ ਪਰੇਸ਼ਾਨੀ ਦੇ ਵੋਟ ਪਾਉਣ ਲਈ ਨਿਰਧਾਰਤ ਬੂਥਾਂ @ਤੇ ਵੈਧ ਪਛਾਣ ਪੱਤਰ ਲੈ ਕੇ ਜਾਣ। ਜਿਨ੍ਹਾਂ ਵੋਟਰਾਂ ਕੋਲ ਵੋਟਰ ਫੋਟੋ ਪਛਾਣ ਪੱਤਰ ਨਹੀਂ ਹੈ ਪਰ ਜਿਨ੍ਹਾਂ ਦੇ ਨਾਮ ਵਾਰਡ ਵਾਰ ਵੋਟਰ ਸੂਚੀ ਵਿੱਚ ਸ਼ਾਮਲ ਹਨ, ਉਹ ਕੋਈ ਵੀ ਵਿਕਲਪਿਕ ਦਸਤਾਵੇਜ਼ ਦਿਖਾ ਕੇ ਆਪਣੀ ਵੋਟ ਪਾ ਸਕਦੇ ਹਨ। ਇਨ੍ਹਾਂ ਦਸਤਾਵੇਜ਼ਾਂ ਵਿੱਚ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਨਰੇਗਾ ਜੌਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਵਾਲਾ ਅਸਲਾ ਲਾਇਸੈਂਸ, ਫੋਟੋ ਵਾਲਾ ਪੈਨਸ਼ਨ ਦਸਤਾਵੇਜ਼, ਫੋਟੋ ਵਾਲਾ ਆਜ਼ਾਦੀ ਘੁਲਾਟੀਏ ਪਛਾਣ ਪੱਤਰ, ਫੋਟੋ ਵਾਲਾ ਪਾਸ ਬੁੱਕ, ਕਿਸੇ ਵੀ ਬੈਂਕ/ਡਾਕਘਰ ਦੁਆਰਾ ਜਾਰੀ ਕੀਤਾ ਗਿਆ, ਕਿਰਤ ਮੰਤਰਾਲੇ ਦੁਆਰਾ ਜਾਰੀ ਕੀਤਾ ਗਿਆ ਸਿਹਤ ਬੀਮਾ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਕੀਤਾ ਗਿਆ ਅਧਿਕਾਰਤ ਪਛਾਣ ਪੱਤਰ, ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਦੁਆਰਾ ਜਾਰੀ ਕੀਤਾ ਗਿਆ ਯੂ.ਡੀ.ਆਈ.ਡੀ ਕਾਰਡ, ਕੇਂਦਰ/ਰਾਜ ਸਰਕਾਰ/ਪੀ.ਐੱਸ.ਯੂ/ਪਬਲਿਕ ਲਿਮਟਿਡ ਕੰਪਨੀਆਂ ਦੁਆਰਾ ਕਰਮਚਾਰੀਆਂ ਨੂੰ ਜਾਰੀ ਕੀਤੇ ਗਏ ਫੋਟੋ ਵਾਲੇ ਸੇਵਾ ਪਛਾਣ ਪੱਤਰ ਅਤੇ ਮਾਨਤਾ ਪ੍ਰਾਪਤ ਵਿਦਿਅਕ ਸੰਸਥਾਵਾਂ ਦੁਆਰਾ ਵਿਦਿਆਰਥੀਆਂ ਨੂੰ ਜਾਰੀ ਕੀਤੇ ਗਏ ਫੋਟੋ ਪਛਾਣ ਪੱਤਰ ਸ਼ਾਮਲ ਹਨ। ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਕਿਹਾ ਕਿ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣਾ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਰਾਜ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਸਮੁੱਚੀ ਚੋਣ ਪ੍ਰਕਿਰਿਆ ਨੂੰ ਸੁਚਾਰੂ ਅਤੇ ਮੁਸ਼ਕਲ ਰਹਿਤ ਕਰਵਾਉਣ ਲਈ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਗਏ ਹਨ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ ਵਿੱਚ ਅੱਗੇ ਆਉਣ ਅਤੇ ਬਿਨਾਂ ਕਿਸੇ ਡਰ, ਦਬਾਅ ਜਾਂ ਪ੍ਰੇਰਨਾ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਵੋਟਾਂ ਦੀ ਗਿਣਤੀ 29 ਮਈ, 2026 ਨੂੰ ਕੀਤੀ ਜਾਵੇਗੀ।

## ਪਾਵਰਕੌਮ ਮੈਨੇਜਮੈਂਟ ਖ਼ਿਲਾ.ਫ ਬਿਜਲੀ ਮੁਲਾਜ਼ਮਾਂ ਦੀ ਰੋਸ ਰੈਲੀ

### ਮੰਗਾਂ ਨਾ ਮੰਨਣ ਤੇ ਦੋ ਰੋਜ਼ਾ ਹੜਤਾਲ ਕਰਨ ਦਾ ਐਲਾਨ

ਨੂਰਪੁਰਬੇਦੀ, 25 ਮਈ ( ਮਨਦੀਪ ਬਾਲੀ) : ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜਮੈਂਟ ਦੀਆਂ ਨੀਤੀਆਂ ਦੇ ਵਿਰੋਧ ਵਿੱਚ ਸੋਮਵਾਰ ਨੂੰ ਨੂਰਪੁਰਬੇਦੀ ਸਬ ਡਵੀਜ਼ਨ ਵਿਖੇ ਬਿਜਲੀ ਮੁਲਾਜ਼ਮ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਰੋਸ ਰੈਲੀ ਕੀਤੀ ਗਈ। ਇਸ ਰੈਲੀ ਵਿੱਚ ਪੀਐਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ, ਟੈਕਨੀਕਲ ਸਰਵਿਸਜ਼ ਯੂਨੀਅਨ ਅਤੇ ਟੈਕਨੀਕਲ ਸਰਵਿਸਜ਼ ਯੂਨੀਅਨ ਭੰਗਲ ਗਰੁੱਪ ਦੇ ਆਗੂਆਂ ਅਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਜਥੇਬੰਦੀਆਂ ਦੇ ਆਗੂਆਂ ਨੇ ਦੱਸਿਆ ਕਿ 30 ਅਪ੍ਰੈਲ 2026 ਨੂੰ ਚੰਡੀਗੜ੍ਹ ਵਿਖੇ ਪਾਵਰਕੌਮ ਮੈਨੇਜਮੈਂਟ ਨਾਲ ਹੋਈ ਮੀਟਿੰਗ ਦੌਰਾਨ ਇਹ ਸਹਿਮਤੀ ਬਣੀ ਸੀ ਕਿ 5 ਮਈ ਤੱਕ ਮੀਟਿੰਗ ਦੇ ਮਿੰਟਸ ਜਾਰੀ ਕਰ ਦਿੱਤੇ ਜਾਣਗੇ, ਪਰੰਤੂ ਮੈਨੇਜਮੈਂਟ ਵੱਲੋਂ 20 ਮਈ ਨੂੰ ਇਕਤਰਫ਼ਾ ਅਤੇ ਮਨਮਰਜ਼ੀ ਵਾਲੇ ਮਿੰਟਸ ਜਾਰੀ ਕੀਤੇ ਗਏ, ਜਿਨ੍ਹਾਂ ਨੂੰ ਜਥੇਬੰਦੀਆਂ ਨੇ ਰੱਦ ਕਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਮੈਨੇਜਮੈਂਟ ਨੇ 28 ਮਈ ਨੂੰ ਦੁਬਾਰਾ ਮੀਟਿੰਗ ਲਈ ਸੱਦਾ ਦਿੱਤਾ ਹੈ, ਜਿਸ ਦੇ ਮੱਦੇਨਜ਼ਰ 24 ਮਈ ਨੂੰ ਮੁੱਖ ਮੰਤਰੀ ਦੀ ਰਿਹਾਇਸ਼ ਸੰਗਰੂਰ ਵਿਖੇ ਦਿੱਤਾ ਜਾਣ ਵਾਲਾ ਧਰਨਾ ਮੁਲਤਵੀ ਕਰਕੇ ਹੁਣ 7 ਜੂਨ ਨੂੰ ਕਰਨ ਦਾ ਫੈਸਲਾ ਕੀਤਾ ਗਿਆ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਹੱਲ ਨਾ ਕੀਤਾ ਗਿਆ ਤਾਂ 16 ਅਤੇ 17 ਜੂਨ 2026 ਨੂੰ ਸੂਬਾ ਪੱਧਰੀ ਦੋ ਰੋਜ਼ਾ ਹੜਤਾਲ ਕੀਤੀ ਜਾਵੇਗੀ।ਜਥੇਬੰਦੀਆਂ ਦੇ ਬੁਲਾਰਿਆਂ ਨੇ ਕਿਹਾ ਕਿ ਉਹ ਲੰਬੇ ਸਮੇਂ ਤੋਂ ਬਿਜਲੀ ਮੁਲਾਜ਼ਮਾਂ ਦੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ। ਉਨ੍ਹਾਂ ਮੰਗ ਕੀਤੀ ਕਿ



ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਬਰਾਬਰ ਕੰਮ-ਬਰਾਬਰ ਤਨਖ਼ਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ। ਨਵੇਂ ਭਰਤੀ ਹੋ ਰਹੇ ਸਹਾਇਕ ਲਾਈਨਮੈਨ ਅਤੇ ਐਲਡੀਸੀ ਕਰਮਚਾਰੀਆਂ ਨੂੰ 35,400 ਰੁਪਏ ਦਾ ਸਕੇਲ ਦਿੱਤਾ ਜਾਵੇ ਅਤੇ ਜੁਲਾਈ 2020 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ ਨੂੰ, ਜਿਨ੍ਹਾਂ ਦੀ ਤਰੱਕੀ ਬਾਅਦ ਵਿੱਚ ਹੋਈ, ਉਨ੍ਹਾਂ ਨੂੰ ਵੀ ਇਹੀ ਸਕੇਲ ਲਾਗੂ ਕੀਤਾ ਜਾਵੇ। ਇਸ ਤੋਂ ਇਲਾਵਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ, 18 ਫ਼ੀਸਦੀ ਬਕਾਇਆ ਡੀਏ ਤੁਰੰਤ ਜਾਰੀ ਕਰਨ, ਪਾਰਟ-ਟਾਈਮ ਸਵੀਪਰਾਂ ਨੂੰ ਪੱਕਾ ਕਰਨ, ਆਊਟਸੋਰਸ ਕਰਮਚਾਰੀਆਂ ਨੂੰ ਮਹਿਕਮੇ ਵਿੱਚ ਸ਼ਾਮਲ ਕਰਨ ਅਤੇ ਫੀਲਡ ਸਟਾਫ਼ ਨੂੰ ਹਰ ਮਹੀਨੇ ਘੱਟੋ-ਘੱਟ 30 ਲੀਟਰ ਪੈਟਰੋਲ ਭੱਤਾ ਦੇਣ ਦੀ ਮੰਗ ਵੀ ਉਠਾਈ ਗਈ। ਜਥੇਬੰਦੀਆਂ ਨੇ ਟੈਕਨੀਕਲ ਕਰਮਚਾਰੀਆਂ ਦਾ ਰਿਸਕ ਅਲਾਊਂਸ ਵਧਾਉਣ ਅਤੇ ਬਿਜਲੀ ਦਫ਼ਤਰਾਂ ਦੀਆਂ ਖਸਤਾਹਾਲ ਇਮਾਰਤਾਂ ਦੀ ਮੁਰੰਮਤ ਕਰਵਾਉਣ ਦੀ ਮੰਗ ਵੀ ਕੀਤੀ। ਰੈਲੀ ਦੌਰਾਨ ਆਗੂਆਂ ਨੇ ਨੂਰਪੁਰਬੇਦੀ ਸਬ ਡਵੀਜ਼ਨ ਵਿੱਚ 50 ਫ਼ੀਸਦੀ ਤੋਂ ਵੱਧ ਖਾਲੀ ਪਈਆਂ ਅਸਾਮੀਆਂ ਜਲਦੀ ਭਰਨ ਦੀ ਮੰਗ ਕਰਦਿਆਂ ਕਿਹਾ ਕਿ ਸਟਾਫ਼ ਦੀ ਘਾਟ ਕਾਰਨ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਪ੍ਰਭਾਵਿਤ ਹੋ ਰਹੀ ਹੈ। ਉਨ੍ਹਾਂ ਕਿਸਾਨਾਂ ਵੱਲੋਂ ਬਿਜਲੀ ਲਾਈਨਾਂ ਦੇ ਨੇੜੇ ਲਗਾਏ ਜਾ ਰਹੇ ਪਾਪੂਲਰ ਦੇ ਦਰੱਖਤਾਂ ਲਈ ਨਿਯਮਤ ਦੂਰੀ ਤੈਅ ਕਰਨ ਦੀ ਵੀ ਮੰਗ ਕੀਤੀ ਤਾਂ ਜੋ ਹਨੇਰੀ ਅਤੇ ਮੀਂਹ ਦੇ ਸਮੇਂ ਬਿਜਲੀ ਸਪਲਾਈ ਨੂੰ ਜਲਦੀ ਬਹਾਲ ਕੀਤਾ ਜਾ ਸਕੇ। ਇਸ ਮੌਕੇ ਟੈਕਨੀਕਲ ਸਰਵਿਸਜ਼ ਯੂਨੀਅਨ ਭੰਗਲ ਗਰੁੱਪ ਦੇ ਸਟੇਟ ਕੈਸ਼ੀਅਰ ਸੰਤੋਖ ਸਿੰਘ ਜੇਈ, ਗੁਰਮੁੱਖ ਸਿੰਘ ਸਰਕਲ ਸਕੱਤਰ, ਰਮੇਸ਼ ਚੰਦ ਸਬ ਡਵੀਜ਼ਨ ਪ੍ਰਧਾਨ, ਮਾਨ ਸਿੰਘ ਡਵੀਜ਼ਨ ਸਕੱਤਰ, ਬਲਦੇਵ ਸਿੰਘ ਲਾਲਪੁਰ, ਰਾਜਪਾਲ ਸਿੰਘ, ਕੁਲਵੀਰ ਕੁਮਾਰ, ਤਲਵਿੰਦਰ ਸਿੰਘ, ਗੁਰਬਖ਼ਸ਼ ਸਿੰਘ, ਕੁਲਵਿੰਦਰ ਸਿੰਘ, ਸੋਮ ਨਾਥ, ਦਲਵਿੰਦਰ ਸਿੰਘ, ਜਗਤਾਰ ਚੰਦ, ਗਗਨਦੀਪ ਸਿੰਘ, ਗੁਰਦੀਪ ਸਿੰਘ, ਸੁਰਜੀਤ ਸਿੰਘ, ਵਿਜੇ ਕੁਮਾਰ, ਨਵਦੀਪ ਸੈਣੀ, ਗੁਰਚਰਨ ਸਿੰਘ ਅਤੇ ਜਗਦੀਪ ਸਿੰਘ ਸਮੇਤ ਹੋਰ ਕਰਮਚਾਰੀ ਹਾਜ਼ਰ ਸਨ।

**ਸਮਾਰਟ ਫੋਨ ਪਹਿਲਾਂ ਨਹੀਂ, ਪਹਿਲਾਂ ਸੁਰੱਖਿਆ ਤੇ ਸਹੂਲਤਾਂ ਦਿਓ : ਬਿਜਲੀ ਕਰਮਚਾਰੀ**

ਬਿਜਲੀ ਮੁਲਾਜ਼ਮ ਜਥੇਬੰਦੀਆਂ ਨੇ ਫੀਲਡ ਕਰਮਚਾਰੀਆਂ ਨੂੰ ਦਿੱਤੇ ਜਾ ਰਹੇ ਸਮਾਰਟ ਮੋਬਾਈਲ ਫੋਨਾਂ ਦਾ ਵਿਰੋਧ ਕਰਦਿਆਂ ਕਿਹਾ ਕਿ ਮੈਦਾਨੀ ਸਟਾਫ਼ ਪਹਿਲਾਂ ਹੀ ਭਾਰੀ ਕੰਮ ਦੇ ਦਬਾਅ ਹੇਠ ਕੰਮ ਕਰ ਰਿਹਾ ਹੈ। ਆਗੂਆਂ ਅਨੁਸਾਰ ਨੂਰਪੁਰਬੇਦੀ ਸਬ ਡਵੀਜ਼ਨ ਵਿੱਚ 50 ਫ਼ੀਸਦੀ ਤੋਂ ਵੱਧ ਅਸਾਮੀਆਂ ਖਾਲੀ ਹੋਣ ਕਾਰਨ ਇੱਕ ਕਰਮਚਾਰੀ ਨੂੰ ਕਈ-ਕਈ ਫੀਡਰਾਂ ਅਤੇ ਇਲਾਕਿਆਂ ਦੀ ਜ਼ਿੰਮੇਵਾਰੀ ਨਿਭਾਉਣੀ ਪੈ ਰਹੀ ਹੈ। ਜਥੇਬੰਦੀਆਂ ਨੇ ਦਲੀਲ ਦਿੱਤੀ ਕਿ ਸਮਾਰਟ ਫੋਨ ਰਾਹੀਂ ਆਨਲਾਈਨ ਰਿਪੋਰਟਿੰਗ, ਲੋਕੇਸ਼ਨ ਟਰੈਕਿੰਗ, ਫੋਟੋ ਅਪਲੋਡਿੰਗ ਅਤੇ ਡਾਟਾ ਐਂਟਰੀ ਵਰਗੇ ਵਾਧੂ ਕੰਮ ਫੀਲਡ ਸਟਾਫ਼ 'ਤੇ ਤਕਨੀਕੀ ਬੋਝ ਵਧਾਉਣਗੇ। ਉਨ੍ਹਾਂ ਕਿਹਾ ਕਿ ਜਦੋਂ ਤੱਕ ਸਮਾਰਟ ਫੋਨਾਂ ਦੀ ਵਰਤੋਂ ਸਬੰਧੀ ਸਪਸ਼ਟ ਨੀਤੀ, ਡਾਟਾ ਸੁਰੱਖਿਆ, ਇੰਟਰਨੈੱਟ ਭੱਤਾ ਅਤੇ ਕਰਮਚਾਰੀਆਂ ਦੀ ਜ਼ਿੰਮੇਵਾਰੀ ਸਬੰਧੀ ਲਿਖਤੀ ਫੈਸਲਾ ਨਹੀਂ ਹੁੰਦਾ, ਤਦ ਤੱਕ ਕੋਈ ਵੀ ਕਰਮਚਾਰੀ ਇਹ ਫੋਨ ਨਹੀਂ ਲਵੇਗਾ। ਆਗੂਆਂ ਨੇ ਇਹ ਵੀ ਕਿਹਾ ਕਿ ਬਿਨਾਂ ਯੋਗ ਸੁਰੱਖਿਆ ਉਪਕਰਣਾਂ, ਵਾਹਨ ਭੱਤੇ ਅਤੇ ਡਿਜ਼ੀਟਲ ਮਾਨੀਟਰਿੰਗ ਵਧਾਉਣਾ ਮੈਦਾਨੀ ਕਰਮਚਾਰੀਆਂ ਲਈ ਹੱਲ ਨਹੀਂ ਹੈ ਅਤੇ ਜਦੋਂ ਤੱਕ ਸਾਡੀ ਸੁਰੱਖਿਆ ਤੈਅ ਨਹੀਂ ਹੁੰਦੀ ਅਸੀਂ ਸਮਾਰਟ ਫੋਨ ਨਹੀਂ ਲਵਾਂਗੇ।

## ਚੋਣ ਆਬਜ਼ਰਵਰ ਪਰਨੀਤ ਸ਼ੇਰਗਿੱਲ ਆਈ ਏ ਐੱਸ ਵਲੋਂ ਚੋਣ ਪ੍ਰਬੰਧਾਂ ਦਾ ਜਾਇਜ਼ਾ

### ਸਟਰਾਂਗ ਰੂਮਾਂ, ਪੋਲਿੰਗ ਬੂਥਾਂ, ਗਿਣਤੀ ਕੇਂਦਰਾਂ ਦਾ ਕੀਤਾ ਦੌਰਾ

ਬਰਨਾਲਾ, 25 ਮਈ( ਅਵਤਾਰ ਸਿੰਘ ਫਰਵਾਹੀ) ਨਗਰ ਨਿਗਮ/ ਨਗਰ ਕੌਂਸਲ ਚੋਣਾਂ 2026 ਦੇ ਮੱਦੇਨਜ਼ਰ ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਜ਼ਿਲ੍ਹਾ ਬਰਨਾਲਾ

**• ਸਬੰਧਤ ਰਿਟਰਨਿੰਗ ਅ.ਫਸਰਾਂ ਅਤੇ ਹੋਰ ਅਧਿਕਾਰੀਆਂ ਨਾਲ ਕੀਤੀ ਮੀਟਿੰਗ**

ਲਈ ਚੋਣ ਆਬਜ਼ਰਵਰ ਨਿਯੁਕਤ ਪਰਨੀਤ ਸ਼ੇਰਗਿੱਲ ਆਈ ਏ ਐੱਸ ਵਲੋਂ ਅੱਜ ਜ਼ਿਲ੍ਹਾ ਬਰਨਾਲਾ ਦਾ ਦੌਰਾ ਕਰਕੇ



ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਚੋਣ ਆਬਜ਼ਰਵਰ ਪਰਨੀਤ ਸ਼ੇਰਗਿੱਲ ਨੇ ਅੱਜ ਪਹਿਲਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਧਨੌਲਾ ਦਾ ਦੌਰਾ ਕੀਤਾ ਜਿੱਥੇ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਦਾ ਨਿਰੀਖਣ ਕੀਤਾ। ਇਸ ਮਗਰੋਂ ਚੋਣ ਆਬਜ਼ਰਵਰ ਨੇ ਐੱਸ ਡੀ ਐਮ ਕੰਪਲੈਕਸ ਤਪਾ ਦਾ ਦੌਰਾ ਕੀਤਾ ਅਤੇ ਸਟਰਾਂਗ ਰੂਮ ਤੇ ਗਿਣਤੀ ਕੇਂਦਰ ਦੇ ਨਿਰੀਖਣ ਤੋਂ ਇਲਾਵਾ ਵੱਖ ਵੱਖ ਚੋਣ ਬੂਥਾਂ ਦਾ ਦੌਰਾ ਕੀਤਾ ਅਤੇ ਚੋਣ ਪ੍ਰਬੰਧਾਂ @ਤੇ ਤ ਸ ੱ ਲ ੀ ਜਤਾਈ।ਓਹਨਾਂ ਨਗਰ ਨਿਗਮ ਬਰਨਾਲਾ, ਨਗਰ ਕੌਂਸਲ ਤਪਾ, ਧਨੌਲਾ ਤੇ ਭਦੌੜ ਦੀਆਂ ਭਲਕੇ ਹੋਣ ਵਾਲੀਆਂ ਚੋਣਾਂ ਬਾਰੇ ਸਬੰਧਤ ਰਿਟਰਨਿੰਗ ਅਫ਼ਸਰਾਂ ਨਾਲ ਮੀਟਿੰਗ ਵੀ ਕੀਤੀ ਅਤੇ ਅਹਿਮ ਦਿਸ਼ਾ ਨਿਰਦੇਸ਼ ਦਿੱਤੇ। ਇਸ ਮੌਕੇ ਕਿਹਾ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਇੰਨਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

## ਐੱਸਆਈਆਰ: ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਹੈਲਪ ਡੈਸਕ ਸਥਾਪਿਤ

### ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੀ ਪ੍ਰਕਿਰਿਆ ਬਾਰੇ ਹਾਸਲ ਕੀਤੀ ਜਾ ਸਕਦੀ ਹੈ ਜਾਣਕਾਰੀ




ਬਰਨਾਲਾ, 25 ਮਈ (ਅਵਤਾਰ ਸਿੰਘ ਫਰਵਾਹੀ) ਮਾਨਯੋਗ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਅਤੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣਕਾਰ ਅਫ਼ਸਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਦੀ ਅਗਵਾਈ ਹੇਠ ਜ਼ਿਲ੍ਹਾ ਬਰਨਾਲਾ ਵਿੱਚ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ (ਐਸ.ਆਈ.ਆਰ) ਸਬੰਧੀ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਇਸ ਸਮੁੱਚੀ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਅਤੇ ਨਿਰਪੱਖਤਾ ਨਾਲ ਨੇਪਰੇ ਚਾੜ੍ਹਿਆ ਜਾ ਸਕੇ। ਇਸ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਬਰਨਾਲਾ, ਜ਼ਮੀਨੀ ਮੰਜ਼ਿਲ @ਤੇ ਐਸ.ਆਈ.ਆਰ ਸਬੰਧੀ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਤਾਂ ਜੋ ਵੋਟਰ ਸੂਚੀਆਂ ਦੀ ਗਹਿਰੀ ਸੁਧਾਈ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਆਮ ਨਾਗਰਿਕਾਂ ਨੂੰ ਜਾਣਕਾਰੀ ਦਿੱਤੀ ਜਾ ਸਕੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਦਾ ਕੋਈ ਵੀ ਵਿਅਕਤੀ ਇਸ ਹੈਲਪ ਡੈਸਕ ਤੋਂ ਐਸ.ਆਈ.ਆਰ ਬਾਰੇ ਜਾਣਕਾਰੀ ਹਾਸਲ ਕਰ ਸਕਦਾ ਹੈ।ਓਹਨਾਂ ਦੱਸਿਆ ਕਿ 25 ਜੂਨ 2026 ਤੋਂ 24 ਜੁਲਾਈ 2026 ਤੱਕ ਬੀ.ਐਲ.ਓਜ਼ ਘਰੋ-ਘਰੀ ਜਾ ਕੇ ਵੋਟਰਾਂ ਦੇ ਫਾਰਮ ਭਰਵਾਉਣਗੇ। ਇਸ ਕਾਰਜ ਲਈ ਜ਼ਿਲ੍ਹੇ ਵਿੱਚ 558 ਬੀ.ਐਲ.ਓਜ਼ ਅਤੇ 58 ਸੁਪਰਵਾਈਜ਼ਰ, 3 ਈ.ਆਰ.ਓਜ਼ ਅਤੇ 03 ਏ.ਈ.ਆਰ.ਓਜ਼ ਸਮੇਤ ਹੋਰ ਸਹਾਇਕ ਚੋਣ ਅਮਲਾ ਲਗਾਇਆ ਗਿਆ ਹੈ। ਹਰੇਕ ਬੀ.ਐਲ.ਓ ਨੂੰ ਕਰੀਬ 300 ਘਰ ਅਤੇ ਕਰੀਬ 1200 ਵੋਟਰ ਹੀ ਐਸ.ਆਈ.ਆਰ ਲਈ ਦਿੱਤੇ ਗਏ ਹਨ। ਇਨ੍ਹਾਂ ਨੂੰ ਐਸ.ਆਈ.ਆਰ ਲਈ ਵਿਸ਼ੇਸ਼ ਸਿਖਲਾਈ ਵੀ ਦਿੱਤੀ ਜਾਵੇਗੀ ਤਾਂ ਜੋ ਰਿਵੀਜ਼ਨ ਦਾ ਕੰਮ ਸੁਚਾਰੂ ਢੰਗ ਨਾਲ ਮੁਕੰਮਲ ਹੋ ਸਕੇ। ਉਨ੍ਹਾਂ ਹੋਰ ਦੱਸਿਆ ਕਿ 24 ਜੁਲਾਈ 2026 ਤੱਕ ਜ਼ਿਲ੍ਹੇ ਦੇ ਪੋਲਿੰਗ ਸਟੇਸ਼ਨਾਂ ਦੀ ਰੈਸ਼ਨੇਲਾਈਜੇਸ਼ਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦਾ ਮੁੱਖ ਉਦੇਸ਼ ਹਰ ਯੋਗ ਨਾਗਰਿਕ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨ ਅਤੇ ਅਯੋਗ ਵਿਅਕਤੀਆਂ ਦੇ ਨਾਮ ਸੂਚੀ ਵਿੱਚੋਂ ਬਾਹਰ ਕਰਨਾ ਹੈ। ਉਨ੍ਹਾਂ ਦੱਸਿਆ ਕਿ ਵੋਟਰ ਸੂਚੀ ਦਾ ਖਰੜਾ 31 ਜੁਲਾਈ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ, ਜਦਕਿ ਦਾਅਵੇ ਅਤੇ ਇਤਰਾਜ਼ 31 ਜੁਲਾਈ ਤੋਂ 30 ਅਗਸਤ 2026 ਤੱਕ ਪੇਸ਼ ਕੀਤੇ ਜਾ ਸਕਣਗੇ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਜਾਰੀ ਕੀਤੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਮਹੱਤਵਪੂਰਨ ਪ੍ਰਕਿਰਿਆ ਦੌਰਾਨ ਚੋਣ ਅਮਲੇ ਨੂੰ ਪੂਰਾ ਸਹਿਯੋਗ ਦੇਣ ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਅਤੇ ਪਾਰਦਰਸ਼ੀ ਬਣਾਇਆ ਜਾ ਸਕੇ।

## ਮੇਰੀ ਰਸੋਈ ਸਕੀਮ ਨਾਲ ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਮਿਲ ਰਿਹਾ ਸਹਾਰਾ - ਵਿਧਾਇਕ ਦੇਵ ਮਾਨ

### ਵਿਧਾਇਕ ਦੇਵ ਮਾਨ ਨੇ ਨਾਭਾ 'ਚ ਰਾਸ਼ਨ ਕਿੱਟਾਂ ਵੰਡ ਕੇ ਕੀਤੀ ਮੇਰੀ ਰਸੋਈ ਦੀ ਸ਼ੁਰੂਆਤ



ਨਾਭਾ 25 ਮਈ: ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਲਈ ਚਲਾਈਆਂ ਜਾ ਰਹੀਆਂ ਯੋਜਨਾਵਾਂ ਤਹਿਤ ਅੱਜ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਨੇ ਪਟਿਆਲਾ ਦੇ ਦਸਮੇਸ਼ ਨਗਰ ਵਿਖੇ ਮੇਰੀ ਰਸੋਈ ਸਕੀਮ ਅਧੀਨ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ। ਇਸ ਮੌਕੇ ਕਰੀਬ 100 ਪਰਿਵਾਰਾਂ ਨੂੰ ਰੋਜ਼ਾਨਾ ਦੀ ਵਰਤੋਂ ਵਾਲੀਆਂ ਰਾਸ਼ਨ ਸਮੱਗਰੀ ਨਾਲ ਭਰੀਆਂ ਕਿੱਟਾਂ ਮੁਹੱਈਆ ਕਰਵਾਈਆਂ ਗਈਆਂ। ਇਸ ਮੌਕੇ ਸੰਬੋਧਨ ਕਰਦਿਆਂ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਪਰਿਵਾਰ ਆਪਣੇ ਆਪ ਨੂੰ ਇਕੱਲਾ, ਬੇਸਹਾਰਾ ਜਾਂ ਲਾਚਾਰ ਨਾ ਸਮਝੇ। ਪੰਜਾਬ ਸਰਕਾਰ ਸੂਬੇ ਦੇ ਹਰ ਨਾਗਰਿਕ ਦੀਆਂ ਮੁੱਢਲੀਆਂ ਲੋੜਾਂ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਮੇਰੀ ਰਸੋਈ ਸਕੀਮ ਦਾ ਮਕਸਦ ਆਰਥਿਕ ਤੌਰ 'ਤੇ ਕਮਜ਼ੋਰ ਅਤੇ ਲੋੜਵੰਦ ਪਰਿਵਾਰਾਂ ਦੀ ਮਦਦ ਕਰਨਾ ਹੈ ਤਾਂ ਜੋ ਉਹਨਾਂ ਨੂੰ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਨੂੰ ਧਿਆਨ ਵਿੱਚ ਰੱਖਦੇ ਹੋਏ ਅਜਿਹੀਆਂ ਹੋਰ ਵੀ ਕਈ ਸਕੀਮਾਂ ਸਫਲਤਾਪੂਰਵਕ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਦਾ ਸਿੱਧਾ ਲਾਭ ਆਮ ਲੋਕਾਂ ਤੱਕ ਪਹੁੰਚ ਰਿਹਾ ਹੈ। ਵਿਧਾਇਕ ਦੇਵ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਐਲਾਨਾਂ ਤੱਕ ਸੀਮਿਤ ਨਹੀਂ, ਸਗੋਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਸੇਵਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਮਕਸਦ ਹਰ ਘਰ ਤੱਕ ਸੁਵਿਧਾਵਾਂ ਪਹੁੰਚਾਉਣਾ ਅਤੇ ਸਮਾਜ ਦੇ ਹਰ ਵਰਗ ਨੂੰ ਨਾਲ ਲੈ ਕੇ ਤਰੱਕੀ ਦੇ ਰਾਹ 'ਤੇ ਅੱਗੇ ਵਧਣਾ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹਾਇਤਾ ਲਈ ਧੰਨਵਾਦ ਕਰਦਿਆਂ ਕਿਹਾ ਕਿ ਮੇਰੀ ਰਸੋਈ ਵਰਗੀਆਂ ਯੋਜਨਾਵਾਂ ਲੋੜਵੰਦ ਲੋਕਾਂ ਲਈ ਵੱਡਾ ਸਹਾਰਾ ਸਾਬਤ ਹੋ ਰਹੀਆਂ ਹਨ। ਲੋਕਾਂ ਨੇ ਕਿਹਾ ਕਿ ਸਰਕਾਰ ਵੱਲੋਂ ਕੀਤੇ ਜਾ ਰਹੇ ਇਹ ਉਪਰਾਲੇ ਸਮਾਜ ਵਿੱਚ ਸਾਂਝ ਅਤੇ ਭਰੋਸੇ ਨੂੰ ਹੋਰ ਮਜ਼ਬੂਤ ਕਰ ਰਹੇ ਹਨ। ਇਸ ਮੌਕੇ ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ , ਪੰਕਜ ਠਾਕੁਰ ਏ ਐਫ ਐਸ ਉ , ਫੂਡ ਸਪਲਾਈ ਵਿਭਾਗ , ਕਪਿਲ ਮਾਨ , ਸਿਮਰਨਜੀਤ ਸਿੰਘ ਅੜਕ ਚੋਹਾਨ , ਜਸਵੀਰ ਸਿੰਘ ਵਜੀਦਪੁਰ , ਹਰਪ੍ਰੀਤ ਸਿੰਘ ਥੂਹੀ , ਕੁਲਦੀਪ ਸਿੰਘ , ਸੁਖਜੀਤ ਸਿੰਘ ਸਰਪੰਚ , ਭੀਮ ਸਿੰਘ , ਗੱਗੀ ਥੂਹੀ , ਸੁੱਖਾ ਥੂਹੀ , ਅਮਰੀਕ ਸਿੰਘ ਥੂਹੀ ਅਤੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਮੌਜੂਦ ਸਨ।

## ਨਗਰ ਕੌਂਸਲ ਮਾਲੇਰਕੋਟਲਾ, ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਚੋਣਾਂ ਲਈ ਵੋਟਾਂ ਭਲਕੇ; ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੀਆਂ ਤਿਆਰੀਆਂ ਮੁਕੰਮਲ



ਮਾਲੇਰਕੋਟਲਾ, 25 ਮਈ ( ਮੁਨਸ਼ੀ ਫ਼ਾਰੂਕ ) ਨਗਰ ਕੌਂਸਲ ਮਾਲੇਰਕੋਟਲਾ, ਅਹਿਮਦਗੜ੍ਹ ਅਤੇ ਨਗਰ ਪੰਚਾਇਤ ਅਮਰਗੜ੍ਹ ਦੀਆਂ ਚੋਣਾਂ ਲਈ ਵੋਟਾਂ 26 ਮਈ 2026 ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਚੋਣ ਪ੍ਰਕਿਰਿਆ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਸੰਪੰਨ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਾਰੀਆਂ ਲੋੜੀਂਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਜ਼ਿਲ੍ਹੇ ਦੇ 61 ਵਾਰਡਾਂ ਲਈ ਸਥਾਪਿਤ 141 ਪੋਲਿੰਗ ਬੂਥਾਂ 'ਤੇ ਵੋਟਿੰਗ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਅੰਜ਼ਾਮ ਦੇਣ ਲਈ ਰਿਟਰਨਿੰਗ ਅਫਸਰ-ਕਮ-ਐਸ.ਡੀ.ਐਮ ਮਾਲੇਰਕੋਟਲਾ ਕਨੂ ਗਰਗ, ਰਿਟਰਨਿੰਗ ਅਫਸਰ-ਕਮ-ਐਸ.ਡੀ.ਐਮ ਅਮਰਗੜ੍ਹ ਹਰਬੰਸ ਸਿੰਘ, ਰਿਟਰਨਿੰਗ ਅਫਸਰ-ਕਮ-ਕਾਰਜਕਾਰੀ ਇੰਜੀਨੀਅਰ ਪੰਜਾਬ ਸਟੇਟ ਟਿਊਵੈਲ ਕਾਰਪੋਰੇਸ਼ਨ ਇੰਜ. ਹਰਮਿੰਦਰ ਸਿੰਘ ਦੀ ਦੇਖ-ਰੇਖ 'ਚ ਪੋਲਿੰਗ ਪਾਰਟੀਆਂ ਨੂੰ ਚੋਣ ਸਮੱਗਰੀ ਸਮੇਤ ਰਵਾਨਾ ਕਰ ਦਿੱਤਾ ਗਿਆ ਹੈ, ਜੋ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਪੁੱਜ ਚੁੱਕੀਆਂ ਹਨ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਿਰਾਜ ਐਸ. ਤਿੜਕੇ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਲੋਕਤੰਤਰ ਦੇ ਇਸ ਮਹੱਤਵਪੂਰਨ ਤਿਉਹਾਰ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਅਤੇ ਬਿਨਾਂ ਕਿਸੇ ਡਰ, ਭੈਅ ਜਾਂ ਲਾਲਚ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ। ਉਨ੍ਹਾਂ ਕਿਹਾ ਕਿ ਚੋਣਾਂ ਦੌਰਾਨ ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣਾਈ ਰੱਖਣ ਲਈ ਲੋਕ ਪ੍ਰਸ਼ਾਸਨ ਦਾ ਸਹਿਯੋਗ ਕਰਨ। ਉਨ੍ਹਾਂ ਚੋਣ ਅਮਲੇ ਨੂੰ ਹਦਾਇਤ ਕੀਤੀ ਕਿ ਡਿਊਟੀ ਨੂੰ ਪੂਰੀ ਨਿਰਪੱਖਤਾ, ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਇਆ ਜਾਵੇ। ਉਨ੍ਹਾਂ ਕਿਹਾ ਕਿ ਚੋਣ ਡਿਊਟੀ ਦੌਰਾਨ ਕਿਸੇ ਵੀ ਕਿਸਮ ਦੀ ਲਾਪਰਵਾਹੀ ਜਾਂ ਕੁਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਦੋਸ਼ੀ ਅਧਿਕਾਰੀਆਂ ਜਾਂ ਕਰਮਚਾਰੀਆਂ ਵਿਰੁੱਧ ਅਨੁਸ਼ਾਸਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੋਟਰ ਆਪਣੀ ਪਛਾਣ ਲਈ ਐਪਿਕ ਵੋਟਰ ਆਈ.ਡੀ. ਕਾਰਡ ਤੋਂ ਇਲਾਵਾ ਚੋਣ ਕਮਿਸ਼ਨ ਵੱਲੋਂ ਮਨਜ਼ੂਰਸ਼ੁਦਾ ਹੋਰ ਦਸਤਾਵੇਜ਼ ਜਿਵੇਂ ਆਧਾਰ ਕਾਰਡ, ਭਾਰਤੀ ਪਾਸਪੋਰਟ, ਡਰਾਈਵਿੰਗ ਲਾਇਸੈਂਸ, ਫੋਟੋ ਵਾਲਾ ਪੈਨ ਕਾਰਡ, ਮਗਨਰੇਗਾ ਜਾਬ ਕਾਰਡ, ਰਾਸ਼ਨ ਕਾਰਡ/ਨੀਲਾ ਕਾਰਡ, ਫੋਟੋ ਸਮੇਤ ਆਰਮਜ਼ ਲਾਇਸੈਂਸ, ਪੈਨਸ਼ਨ ਦਸਤਾਵੇਜ਼, ਆਜ਼ਾਦੀ ਘੁਲਾਟੀਏ ਪਛਾਣ ਪੱਤਰ, ਬੈਂਕ ਜਾਂ ਡਾਕਖਾਨੇ ਦੀ ਫੋਟੋ ਵਾਲੀ ਪਾਸਬੁੱਕ, ਮਜ਼ਦੂਰੀ ਮੰਤਰਾਲੇ ਵੱਲੋਂ ਜਾਰੀ ਹੈਲਥ ਇੰਸ਼ੋਰੈਂਸ ਸਮਾਰਟ ਕਾਰਡ, ਸੰਸਦ ਮੈਂਬਰਾਂ ਅਤੇ ਵਿਧਾਇਕਾਂ ਨੂੰ ਜਾਰੀ ਸਰਕਾਰੀ ਪਛਾਣ ਪੱਤਰ, ਯੂਨੀਕ ਡਿਸਏਬਿਲਟੀ ਆਈਡੀ ਕਾਰਡ (UDID) ਅਤੇ ਹੋਰ ਪ੍ਰਵਾਨਿਤ ਪਛਾਣ ਪੱਤਰਾਂ ਰਾਹੀਂ ਵੀ ਵੋਟ ਪਾ ਸਕਦੇ ਹਨ। ਇਸ ਮੌਕੇ ਐਸ.ਐਸ.ਪੀ. ਗੁਰਮੀਤ ਸਿੰਘ ਨੇ ਦੱਸਿਆ ਕਿ ਚੋਣਾਂ ਨੂੰ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਜ਼ਿਲ੍ਹਾ ਪੁਲਿਸ ਵੱਲੋਂ ਪੁਖ਼ਤਾ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਅਤੇ ਲੋੜੀਂਦੀ ਪੁਲਿਸ ਫੋਰਸ ਦੀ ਤਾਇਨਾਤੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਪੋਲਿੰਗ ਬੂਥਾਂ 'ਤੇ ਵਿਸ਼ੇਸ਼ ਨਿਗਰਾਨੀ ਰੱਖੀ ਜਾਵੇਗੀ। ਕਿਸੇ ਵੀ ਸ਼ਰਾਰਤੀ ਜਾਂ ਗੈਰ-ਸਮਾਜਿਕ ਅਨਸਰ ਨੂੰ ਕਾਨੂੰਨ ਵਿਵਸਥਾ ਭੰਗ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਅਜਿਹੇ ਤੱਤਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਚੋਣ ਅਬਜ਼ਰਵਰ ਪ੍ਰਮੋਦ ਸਿੰਗਲਾ ਨੇ ਵੀ ਪੋਲਿੰਗ ਬੂਥਾਂ ਦਾ ਦੌਰਾ ਕਰਕੇ ਚੋਣ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਚੋਣ ਅਮਲੇ ਨੂੰ ਰਾਜ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਵੋਟਿੰਗ ਪ੍ਰਕਿਰਿਆ ਸੁਚਾਰੂ ਢੰਗ ਨਾਲ ਸੰਪੰਨ ਕਰਵਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਮੂਹ ਵੋਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਅਮਨ ਅਤੇ ਭਾਈਚਾਰੇ ਦੀ ਭਾਵਨਾ ਨਾਲ ਚੋਣ ਪ੍ਰਕਿਰਿਆ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।